ਸੋਮਵਾਰ, 21 ਜੁਲਾਈ, 2025
6 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 50

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 21 JULY, 2025
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

**ਸਟਾਫ ਦੀ ਲੋੜ**
**ਭੰਡਾਰੀ ਕਾਰ ਬਾਜ਼ਾਰ ਭੋਗਪੁਰ**
ਵਿਖੇ ਦਫਤਰੀ ਕੰਮਾਂ ਲਈ ਸਟਾਫ ਅਤੇ ਕਾਰ ਵਾਸ਼ਿੰਗ ਲਈ ਲੜਕਿਆਂ ਦੀ ਜ਼ਰੂਰਤ ਹੈ।
ਤਨਖਾਹ 10,000 ਤੋਂ 20,000 ਰੁਪਏ।
ਚਾਹਵਾਨ 62800-30861 'ਤੇ ਸੰਪਰਕ ਕਰਨ।
ਮਿਲਣ ਦਾ ਸਮਾਂ : ਸਵੇਰੇ 8 ਤੋਂ 10 ਵਜੇ ਤੱਕ

# ਈ ਡੀ ਡਰੋਨ ਵਾਂਗ ਨਾ ਉੱਡਦੀ ਫਿਰੇ : ਹਾਈ ਕੋਰਟ

## ਸੁਪਰ ਕੌਪ ਸਮਝ ਕੇ ਹਰ ਕੇਸ ਦੀ ਜਾਂਚ ਨਾ ਕਰਨ ਲੱਗ ਪਵੇ

**ਚੇਨਈ** : ਮਦਰਾਸ ਹਾਈ ਕੋਰਟ ਨੇ ਕਿਹਾ ਹੈ ਕਿ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਡਰੋਨ ਨਹੀਂ ਕਿ ਮਰਜ਼ੀ ਨਾਲ ਹਮਲਾ ਕਰ ਦੇਵੇ ਅਤੇ ਨਾ ਹੀ ਸੁਪਰ ਕੌਪ (ਸ਼ਕਤੀਸ਼ਾਲੀ ਪੁਲਸ ਵਾਲਾ) ਕਿ ਕਿਸੇ ਜਾਂ ਹਰ ਚੀਜ਼ ਦੀ ਜਾਂਚ ਕਰਨ ਲੱਗ ਪਏ, ਜਿਹੜੀ ਉਸ ਦੇ ਨੋਟਿਸ ਵਿੱਚ ਆਉਂਦੀ ਹੈ।

ਜਸਟਿਸ ਐੱਮ ਐੱਸ ਰਮੇਸ਼ ਤੇ ਜਸਟਿਸ ਵੀ ਲਕਸ਼ਮੀਨਾਰਾਇਣਨ ਦੀ ਡਵੀਜ਼ਨ ਬੈਂਚ ਨੇ ਇਹ ਸਖਤ ਟਿੱਪਣੀ ਸ਼ਹਿਰ ਦੀ ਕੰਪਨੀ ਆਰ ਕੇ ਐੱਮ ਪਾਵਰਜੈੱਨ ਪ੍ਰਾਈਵੇਟ ਲਿਮਟਿਡ ਦੀ ਅਪੀਲ 'ਤੇ ਸੁਣਵਾਈ ਕਰਦਿਆਂ ਕੀਤੀ, ਜਿਸ ਵਿੱਚ ਮਨੀ ਲਾਂਡਰਿੰਗ ਐਕਟ ਦੇ ਸੰਬੰਧ 'ਚ ਉਸ ਦੇ 901 ਕਰੋੜ ਦੇ ਫਿਕਸਡ ਡਿਪਾਜ਼ਿਟ ਨੂੰ ਜ਼ਬਤ ਕਰਨ ਨੂੰ ਚੈਲੰਜ ਕੀਤਾ ਗਿਆ ਹੈ। ਈ ਡੀ ਨੇ ਇਹ ਕਾਰਵਾਈ ਛੱਤੀਸਗੜ੍ਹ ਵਿੱਚ ਪਾਵਰ ਪਲਾਂਟ ਲਈ ਕੋਲੇ ਦੇ ਬਲਾਕ ਕੰਪਨੀ ਨੂੰ ਅਲਾਟ ਕਰਨ ਦੇ ਮਾਮਲੇ ਵਿੱਚ 2014 'ਚ ਸੀ ਬੀ ਆਈ ਵੱਲੋਂ ਐੱਫ ਆਈ ਆਰ ਦਰਜ ਕਰਨ ਦੇ ਆਧਾਰ 'ਤੇ ਕੀਤੀ ਸੀ। ਸੀ ਬੀ ਆਈ ਨੇ 2017 ਵਿੱਚ ਇਹ



ਕਹਿੰਦਿਆਂ ਕੇਸ ਖਤਮ ਕਰਨ ਦੀ ਰਿਪੋਰਟ ਦੇ ਦਿੱਤੀ ਕਿ ਉਸ ਨੂੰ ਕੋਲੇ ਦੇ ਬਲਾਕ ਅਲਾਟ ਕਰਨ 'ਚ ਕੋਈ ਬੇਨੇਮੀਆਂ ਨਹੀਂ ਲੱਭੀਆਂ। ਸੀ ਬੀ ਆਈ ਕੋਰਟ ਨੇ ਕਲੋਜ਼ਰ ਰਿਪੋਰਟ ਨਹੀਂ ਮੰਨੀ ਤੇ ਕੁਝ ਪੱਖਾਂ ਦੀ ਹੋਰ ਜਾਂਚ ਕਰਨ ਦਾ ਹੁਕਮ ਦਿੱਤਾ। ਸੀ ਬੀ ਆਈ ਨੇ 2023 ਵਿੱਚ ਪੂਰਕ ਅੰਤਮ ਰਿਪੋਰਟ ਦਾਖਲ ਕਰਦਿਆਂ ਕਿਹਾ ਕਿ ਚੋਖਾ ਮੁਵਾਦ ਮਿਲਿਆ ਹੈ ਅਤੇ ਤਾਜ਼ੀਰਾਤੇ ਹਿੰਦ ਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਚਲਾਇਆ ਸਕਦਾ ਹੈ। ਇਸ ਤੋਂ ਬਾਅਦ ਈ ਡੀ ਨੇ ਆਰ ਕੇ ਐੱਮ ਪੀ ਤੇ ਉਸ ਨਾਲ ਸੰਬੰਧਤ ਕੰਪਨੀਆਂ ਦੇ ਡਾਇਰੈਕਟਰਾਂ ਦੇ ਟਿਕਾਣਿਆਂ 'ਤੇ ਛਾਪੇ ਮਾਰ ਦਿੱਤੇ। 31 ਜਨਵਰੀ 2025 ਨੂੰ ਫਿਕਸਡ ਡਿਪਾਜ਼ਿਟ ਜ਼ਬਤ ਕਰਨ ਦਾ ਹੁਕਮ ਪਾਸ ਹੋਇਆ ਤੇ 901 ਕਰੋੜ ਰੁਪਏ ਜ਼ਬਤ ਕਰ ਲਏ ਗਏ। ਇਸ ਨੂੰ ਕੰਪਨੀ ਨੇ ਚੈਲੰਜ ਕਰ ਦਿੱਤਾ ਅਤੇ ਕੋਰਟ ਨੇ ਜ਼ਬਤੀ ਦਾ ਹੁਕਮ ਰੱਦ ਕਰ ਦਿੱਤਾ। ਬੈਂਚ ਨੇ ਕਿਹਾ ਕਿ ਮਨੀ ਲਾਂਡਰਿੰਗ ਰੋਕਣ ਦੇ ਕਾਨੂੰਨ (ਪੀ ਐੱਮ ਐੱਲ ਏ) ਦਾ ਸੈਕਸ਼ਨ 66 (2) ਕਹਿੰਦਾ ਹੈ ਕਿ ਜਾਂਚ ਦੌਰਾਨ ਜੇ ਈ ਡੀ ਨੂੰ ਕਾਨੂੰਨ ਦੀਆਂ ਹੋਰਨਾਂ ਮੱਦਾਂ ਦੀ ਉਲੰਘਣਾ ਦਾ ਪਤਾ ਲੱਗਦਾ ਹੈ ਤਾਂ ਉਹ ਮਰਜ਼ੀ ਨਾਲ ਹੋਰਨਾਂ ਉਲੰਘਣਾਵਾਂ ਦੀ ਵੀ ਜਾਂਚ ਨਹੀਂ ਕਰ ਸਕਦੀ।

# 'ਇੰਡੀਆ' ਗੱਠਜੋੜ ਨੂੰ ਮਜ਼ਬੂਤ ਕਰਨਾ ਸਮੇਂ ਦੀ ਵੱਡੀ ਲੋੜ : ਬੰਤ ਬਰਾੜ

### ਜ਼ਿਲ੍ਹਾ ਕੌਂਸਲ ਵੱਲੋਂ ਪਾਰਟੀ ਕਾਂਗਰਸ ਲਈ 60 ਹਜ਼ਾਰ ਰੁਪਏ ਭੇਟ



**ਜਲੰਧਰ (ਗਿਆਨ ਸੈਦਪੁਰੀ)**

ਪੂਰੇ ਦੇਸ਼ ਵਿੱਚ ਵੱਖ-ਵੱਖ ਪਾਰਟੀਆਂ ਦੇ ਆਧਾਰ 'ਤੇ ਬਣੇ 'ਇੰਡੀਆ' ਗੱਠਜੋੜ ਨੂੰ ਮਜ਼ਬੂਤ ਕਰਨਾ ਸਮੇਂ ਦੀ ਵੱਡੀ ਲੋੜ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕੀਤਾ। ਉਹ ਇੱਥੇ ਪਾਰਟੀ ਦਫਤਰ ਵਿਖੇ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਹਨਾ ਦੇਸ਼ ਦੇ ਸਿਆਸੀ ਹਾਲਾਤ ਬਾਰੇ ਬੋਲਦਿਆਂ ਕਿਹਾ ਕਿ ਇਸ ਵੇਲੇ ਆਰ ਐੱਸ ਐੱਸ ਦੁਆਰਾ ਨਿਰਦੇਸ਼ਤ ਭਾਜਪਾ ਇੱਕ ਹੀ 'ਧਰਮ' ਨਿਭਾਉਣ ਦੇ ਰਾਹ ਪਈ ਹੋਈ ਹੈ ਕਿ ਅਡਾਨੀਆਂ, ਅੰਬਾਨੀਆ ਦੀਆਂ ਤਜੌਰੀਆਂ ਭਰ ਕੇ ਉਹਨਾਂ ਨੂੰ ਤਕੜੇ ਕੀਤਾ ਜਾਵੇ। ਅਜਿਹੀ ਸਥਿਤੀ ਵਿੱਚ ਖੱਬੀਆਂ ਤੇ ਧਰਮ ਨਿਰਪੱਖ ਤਾਕਤਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ। ਕਾਮਰੇਡ ਬਰਾੜ ਨੇ ਕਿਹਾ ਕਿ ਭਾਜਪਾ ਵੱਖ-ਵੱਖ ਧਰਮਾਂ ਅੰਦਰ ਫਿਰਕੂ ਜ਼ਹਿਰ ਘੋਲ ਕੇ ਦੇਸ਼ ਨੂੰ ਖਾਨਾਜੰਗੀ ਵੱਲ ਤੋਰ ਸਕਦੀ ਹੈ।

ਬਿਹਾਰ ਵਿੱਚ ਨੇੜ ਭਵਿੱਖ ਵਿੱਚ ਹੋਣ ਵਾਲੀਆਂ ਚੋਣਾਂ ਵਿੱਚ ਜਿੱਤਣ ਲਈ ਭਾਜਪਾ ਹਰ ਹਰਬਾ ਵਰਤ ਰਹੀ ਹੈ। ਇਸ ਸਿਲਸਿਲੇ ਵਿੱਚ ਨਵੀਂ ਨੀਤੀ ਤਹਿਤ ਕਰੋੜਾਂ ਬਿਹਾਰੀਆਂ ਨੂੰ ਵੋਟ ਪਾਉਣ ਤੋਂ ਵੰਚਿਤ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।

ਕਮਿਊਨਿਸਟ ਆਗੂ ਨੇ ਕਿਹਾ ਕਿ ਮੁਲਕ ਵਿੱਚ ਕਾਂਗਰਸ ਪਾਰਟੀ ਦਾ ਖੇਤਰ ਵਿਸ਼ਾਲ ਹੈ, ਪਰ ਉਸ ਦੇ ਅੰਦਰ ਵੀ ਸਭ ਅੱਛਾ ਨਹੀਂ। ਕਾਂਗਰਸ ਪਾਰਟੀ ਦੇ ਆਗੂ ਰਾਹੁਲ ਗਾਂਧੀ ਖੁਦ ਇਹ ਗੱਲ ਮੰਨ ਚੁੱਕੇ ਹਨ ਕਿ ਕਾਂਗਰਸ ਪਾਰਟੀ ਅੰਦਰ ਇੱਕ 'ਭਾਜਪਾਈ ਕਾਂਗਰਸ' ਵੀ ਹੈ। ਸਮਾਂ ਮੰਗ ਕਰਦਾ ਹੈ ਕਿ ਕਾਂਗਰਸ ਆਪਣੇ ਅੰਦਰ ਦੇ ਨੁਕਸ ਦੂਰ ਕਰੇ ਤੇ 'ਇੰਡੀਆ' ਗੱਠਜੋੜ ਦੀ ਮਜ਼ਬੂਤੀ ਲਈ ਸੰਜੀਦਗੀ ਨਾਲ ਜ਼ਿੰਮੇਵਾਰੀ ਨਿਭਾਵੇ।ਉਹਨਾ ਸਿਆਸੀ ਜਿੱਤ ਵੱਲ ਵਧਣ ਲਈ ਦਿੱਲੀ ਦੀਆਂ ਬਰੂਹਾਂ 'ਤੇ ਲੜੇ ਤੇ ਜਿੱਤੇ ਗਏ ਕਿਸਾਨੀ ਅੰਦੋਲਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੱਤਾ ਵਿਰੋਧੀ ਸਾਰੀਆਂ ਪਾਰਟੀਆਂ ਨੇ ਆਪਸੀ ਕਰੰਗੜੀਆਂ ਪਾ ਕੇ ਇਤਿਹਾਸ ਸਿਰਜਿਆ ਗਿਆ ਸੀ।

ਕਾਮਰੇਡ ਬਰਾੜ ਨੇ ਅਰਵਿੰਦ ਕੇਜਰੀਵਾਲ ਨੂੰ ਕੁਰੱਪਟ ਆਗੂ ਦੱਸਦਿਆਂ ਕਿਹਾ ਕਿ ਦਿੱਲੀ ਦੇ ਲੋਕਾਂ ਨੇ ਉਸ ਨੂੰ ਰੱਦ ਕਰ ਦਿੱਤਾ ਹੈ। ਉਹ ਹੁਣ ਸੱਤਾ ਦੀ ਭੁੱਖ ਪੰਜਾਬ ਵਿੱਚੋਂ ਪੂਰੀ ਕਰਨ ਦੇ ਰਾਹ ਪਿਆ ਹੋਇਆ ਹੈ। ਦਿੱਲੀ ਵਾਲਿਆਂ ਨੂੰ ਪੰਜਾਬ ਦੀਆਂ ਵੱਡੀਆਂ ਪਦਵੀਆਂ ਸੌਂਪ ਕੇ ਪੰਜਾਬੀਆਂ ਨੂੰ ਅਣਡਿੱਠ ਕੀਤਾ ਜਾ ਰਿਹਾ ਹੈ।

21 ਸਤੰਬਰ ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿੱਚ ਹੋ ਰਹੀ ਪਾਰਟੀ ਕਾਂਗਰਸ ਦੀ ਗੱਲ ਕਰਦਿਆਂ ਸੂਬਾ ਸਕੱਤਰ ਨੇ ਕਿਹਾ ਕਿ ਇਸ ਮੌਕੇ ਮੋਹਾਲੀ ਵਿੱਚ ਹੋਣ ਵਾਲੀ ਰੈਲੀ ਨੂੰ ਇਤਿਹਾਸਕ ਬਣਾਉਣਾ ਕਮਿਊਨਿਸਟ ਕਾਰਕੁਨਾਂ ਦੇ ਜ਼ਿਹਨ ਦਾ ਹਿੱਸਾ ਹੋਣਾ ਚਾਹੀਦਾ ਹੈ। ਉਹਨਾ ਕਿਹਾ ਕਿ ਮਹਾਂਸੰਮੇਲਨ ਦੀ ਤਿਆਰੀ ਦੇ ਹਿੱਸੇ ਵਜੋਂ ਪੰਜਾਬ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਪੰਜ ਸੈਮੀਨਾਰ ਕਰਵਾਏ ਜਾ ਰਹੇ ਹਨ। ਉਹਨਾ ਜਥਾ ਮਾਰਚਾਂ ਦੀ ਵਿਉਂਤਬੰਦੀ ਬਾਰੇ ਵੀ ਜ਼ਿਲ੍ਹਾ ਕੌਂਸਲ ਨਾਲ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਸੂਬਾ ਸਕੱਤਰ ਨੂੰ ਜ਼ਿਲ੍ਹਾ ਕੌਂਸਲ ਵੱਲੋਂ 60 ਹਜ਼ਾਰ ਰੁਪਏ ਫੰਡ ਭੇਟ ਕੀਤਾ ਗਿਆ। ਮੀਟਿੰਗ ਨੂੰ ਜ਼ਿਲ੍ਹਾ ਸਕੱਤਰ ਰਸ਼ਪਾਲ ਕੈਲੇ, ਸਹਾਇਕ ਜ਼ਿਲਾ ਸਕੱਤਰ ਹਰਜਿੰਦਰ ਸਿੰਘ ਮੌਜੀ, ਸੰਤੋਸ਼ ਬਰਾੜ ਤੇ ਤਰਸੇਮ ਜੰਡਿਆਲਾ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਮਹਿੰਦਰਪਾਲ ਮੁਹਾਲੀ, ਵੀਰ ਕੁਮਾਰ, ਸਿਕੰਦਰ ਸੰਧੂ, ਪਰਵਿੰਦਰ ਫਲਪੋਤਾ, ਜਸਵਿੰਦਰ ਜੰਡਿਆਲਾ ਆਦਿ ਸ਼ਾਮਲ ਸਨ। ਪ੍ਰਧਾਨਗੀ ਮਹਿੰਦਰ ਘੋੜਾਬਾਹੀ ਨੇ ਕੀਤੀ।

# ਪਾਰਟੀ ਨੇ ਅਨਮੋਲ ਗਗਨ ਮਾਨ ਨੂੰ ਮਨਾ ਲਿਆ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਪੰਜਾਬ ਨੇ ਵਿਧਾਨ ਸਭਾ ਹਲਕਾ ਖਰੜ ਤੋਂ 'ਆਪ' ਵਿਧਾਇਕ ਅਨਮੋਲ ਗਗਨ ਮਾਨ ਦੇ ਵਿਧਾਇਕ ਵਜੋਂ ਅਸਤੀਫੇ ਨੂੰ ਨਾਮਨਜ਼ੂਰ ਕਰ ਦਿੱਤਾ ਹੈ। ਇਹ ਪ੍ਰਗਟਾਵਾ ਪਾਰਟੀ ਪ੍ਰਧਾਨ ਅਮਨ ਅਰੋੜਾ ਨੇ ਅਨਮੋਲ ਗਗਨ ਮਾਨ ਨਾਲ ਮੁਲਾਕਾਤ ਕਰਨ ਉਪਰੰਤ ਕੀਤਾ। ਅਰੋੜਾ ਨੇ ਮੁਲਾਕਾਤ ਤੋਂ ਬਾਅਦ ਆਪਣੇ 'ਐਕਸ' ਅਕਾਊਂਟ 'ਤੇ ਲਿਖਿਆ, 'ਅੱਜ ਅਨਮੋਲ ਗਗਨ ਮਾਨ ਨਾਲ ਪਰਵਾਰਕ ਮਾਹੌਲ ਵਿੱਚ ਮੁਲਾਕਾਤ ਹੋਈ। ਵਿਧਾਇਕ ਵਜੋਂ ਉਨ੍ਹਾ ਦੇ ਅਸਤੀਫੇ ਨੂੰ ਪਾਰਟੀ ਵੱਲੋਂ ਨਾਮਨਜ਼ੂਰ ਕਰਨ ਦਾ ਫੈਸਲਾ ਸੁਣਾਇਆ ਗਿਆ, ਜਿਸ ਨੂੰ ਉਨ੍ਹਾ ਸਵੀਕਾਰ ਕਰ ਲਿਆ ਹੈ। ਉਹ ਪਾਰਟੀ ਤੇ ਹਲਕੇ ਦੀ ਚੜ੍ਹਦੀ ਕਲਾ ਲਈ ਕੰਮ ਕਰਦੇ ਰਹਿਣਗੇ।' ਅਰੋੜਾ ਨੇ ਕਿਹਾ ਕਿ ਅਨਮੋਲ



ਗਗਨ ਮਾਨ ਅਰਵਿੰਦ ਕੇਜਰੀਵਾਲ ਤੇ 'ਆਪ' ਦੇ ਪਰਵਾਰ ਦਾ ਹਿੱਸਾ ਹਨ ਅਤੇ ਭਵਿੱਖ ਵਿੱਚ ਵੀ ਪਰਵਾਰ ਨਾਲ ਬਣੇ ਰਹਿਣਗੇ। ਅਨਮੋਲ ਗਗਨ ਮਾਨ ਨੇ ਸਨਿੱਚਰਵਾਰ ਰਾਜਨੀਤੀ ਛੱਡਣ ਦਾ ਐਲਾਨ ਕੀਤਾ ਸੀ। ਹਾਲਾਂਕਿ ਅਨਮੋਲ ਗਗਨ ਮਾਨ ਨੇ ਆਪਣਾ ਅਸਤੀਫਾ ਦੇਣ ਬਾਰੇ ਕਾਰਨ ਕੁਝ ਵੀ ਨਹੀਂ ਦੱਸਿਆ ਸੀ।

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, 'ਕਈ ਵਾਰ ਕੋਈ ਜਜ਼ਬਾਤੀ ਹੋ ਕੇ ਫੈਸਲਾ ਲੈ ਲੈਂਦਾ ਹੈ! ਅਨਮੋਲ ਇੱਕ ਜੋਸ਼ੀਲੀ ਨੇਤਾ ਹੈ ਅਤੇ ਅਜਿਹੇ ਪਲ ਆਉਂਦੇ ਰਹਿੰਦੇ ਹਨ। ਪਾਰਟੀ ਨੌਜਵਾਨਾਂ ਵਿੱਚ ਸੰਭਾਵਨਾ ਦੇਖਦੀ ਹੈ ਅਤੇ ਉਨ੍ਹਾਂ ਨੂੰ ਸਿਆਸਤ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ। ਅਨਮੋਲ ਗਗਨ ਮਾਨ ਕੈਬਨਿਟ ਦਾ ਇੱਕ ਮਹੱਤਵਪੂਰਨ ਹਿੱਸਾ ਰਹੇ ਹਨ ਅਤੇ ਪਾਰਟੀ ਨਾਲ ਕੰਮ ਕਰਦੇ ਰਹਿਣਗੇ। ਆਮ ਆਦਮੀ ਪਾਰਟੀ ਇੱਕਜੁੱਟ ਹੈ ਅਤੇ ਪੰਜਾਬ ਦੇ ਵਿਕਾਸ ਲਈ ਵਚਨਬੱਧ ਹੈ।'

ਉਧਰ, ਅਨਮੋਲ ਗਗਨ ਮਾਨ ਨੇ ਅਸਤੀਫਾ ਵਾਪਸ ਲੈਣ ਦੀ ਪੁਸ਼ਟੀ ਕਰਦਿਆਂ ਫੇਸਬੁਕ 'ਤੇ ਪੋਸਟ ਪਾ ਕੇ ਕਿਹਾ ਕਿ ਉਨ੍ਹਾ ਨੂੰ ਪਾਰਟੀ ਦਾ ਫੈਸਲਾ ਸਿਰ-ਮੱਥੇ ਕਬੂਲ ਹੈ।

## ਪੂਰਬੀ ਰੂਸ 'ਚ ਤਕੜਾ ਭੁਚਾਲ

**ਮਾਸਕੋ** : ਰੂਸ ਦੇ ਪੂਰਬੀ ਹਿੱਸੇ ਵਿੱਚ ਲਗਾਤਾਰ ਤਿੰਨ ਵਾਰ ਭੁਚਾਲ ਦੇ ਝਟਕੇ ਲੱਗਣ ਨਾਲ ਲੋਕਾਂ ਵਿੱਚ ਦਹਿਸ਼ਤ ਫੈਲ ਗਈ। ਭੁਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ 6.6 ਮਾਪੀ ਗਈ ਹੈ। ਭੁਚਾਲ ਕਾਮਚਟਕਾ ਖੇਤਰ ਦੇ ਪੂਰਬੀ ਤੱਟ ਦੇ ਨੇੜੇ ਆਇਆ। ਭੁਚਾਲ ਦਾ ਕੇਂਦਰ ਜ਼ਮੀਨ ਤੋਂ 10 ਕਿੱਲੋਮੀਟਰ ਹੇਠਾਂ ਸੀ। ਭੁਚਾਲ ਦੇ ਝਟਕਿਆਂ ਕਾਰਨ ਸਮੁੰਦਰ ਵਿੱਚ ਸੁਨਾਮੀ ਉੱਠਣ ਦਾ ਖਤਰਾ ਹੈ। ਅਮਰੀਕਾ ਦੇ ਹਵਾਈ ਟਾਪੂ 'ਤੇ ਸੁਨਾਮੀ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ।


## ਸੰਸਦ ਦਾ ਮੌਨਸੂਨ ਸੈਸ਼ਨ ਅੱਜ ਤੋਂ

**ਨਵੀਂ ਦਿੱਲੀ** : ਸੰਸਦ ਦੇ ਸੋਮਵਾਰ ਸ਼ੁਰੂ ਹੋ ਰਹੇ ਮੌਨਸੂਨ ਸੈਸ਼ਨ ਤੋਂ ਪਹਿਲਾਂ ਸਰਕਾਰ ਨੇ ਆਲ ਪਾਰਟੀ ਮੀਟਿੰਗ ਸੱਦੀ, ਜਿਸ ਵਿੱਚ ਵਿਰੋਧੀ ਪਾਰਟੀਆਂ ਨੇ ਕਈ ਮੁੱਦਿਆਂ 'ਤੇ ਕੇਂਦਰ ਸਰਕਾਰ ਨੂੰ ਘੇਰਿਆ। ਦੂਜੇ ਪਾਸੇ ਸਰਕਾਰ ਨੇ ਸਦਨ ਦੀ ਕਾਰਵਾਈ ਨਿਰਵਿਘਨ ਚਲਾਉਣ ਲਈ ਵਿਰੋਧੀ ਪਾਰਟੀਆਂ ਦਾ ਸਹਿਯੋਗ ਮੰਗਿਆ। ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਕਿਹਾ ਕਿ ਉਹ ਜੰਮੂ-ਕਸ਼ਮੀਰ 'ਚ ਪੂਰਨ ਰਾਜ ਦਾ ਦਰਜਾ ਬਹਾਲ ਕਰਨ ਦੀ ਮੰਗ ਕਰਨਗੇ।

## ਮੋਦੀ 23 ਤੋਂ ਯੂ ਕੇ ਦੌਰੇ 'ਤੇ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ 23 ਤੋਂ 24 ਜੁਲਾਈ ਤੱਕ ਬਰਤਾਨੀਆ ਦਾ ਦੌਰਾ ਕਰਨਗੇ। ਉਹ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਗੱਲਬਾਤ ਕਰਨਗੇ। ਮੋਦੀ ਇਸ ਤੋਂ ਬਾਅਦ ਮਾਲਦੀਵ ਦਾ ਦੌਰਾ ਕਰਨਗੇ। ਇਹ ਪ੍ਰਧਾਨ ਮੰਤਰੀ ਦਾ ਮਾਲਦੀਵ ਦਾ ਤੀਜਾ ਦੌਰਾ ਹੋਵੇਗਾ। ਮੋਦੀ 26 ਜੁਲਾਈ ਨੂੰ ਮਾਲਦੀਵ ਦੀ ਆਜ਼ਾਦੀ ਦੀ 60ਵੀਂ ਵਰ੍ਹੇਗੰਢ ਦੇ ਜਸ਼ਨਾਂ ਵਿੱਚ 'ਗੈੱਸਟ ਆਫ ਆਨਰ' ਹੋਣਗੇ।

## ਸਲੀਪਿੰਗ ਪ੍ਰਿੰਸ ਦਾ ਦੇਹਾਂਤ



**ਨਵੀਂ ਦਿੱਲੀ** : ਸਾਊਦੀ ਅਰਬ ਦੇ ਸਲੀਪਿੰਗ ਪ੍ਰਿੰਸ ਦੇ ਨਾਂਅ ਨਾਲ ਮਸ਼ਹੂਰ ਅਲ ਵਲੀਦ ਬਿਨ ਖਾਲਿਦ ਦਾ ਦੇਹਾਂਤ ਹੋ ਗਿਆ ਹੈ। 2005 ਵਿੱਚ ਲੰਡਨ 'ਚ ਕਾਰ ਹਾਦਸੇ ਤੋਂ ਬਾਅਦ ਉਹ ਪਿਛਲੇ 20 ਸਾਲ ਤੋਂ ਕੋਮਾ 'ਚ ਸੀ। ਪ੍ਰਿੰਸ ਅਲ ਵਲੀਦ ਸਾਊਦੀ ਅਰਬ ਦੇ ਸ਼ਾਹੀ ਪਰਵਾਰ ਦੇ ਮੈਂਬਰ ਪ੍ਰਿੰਸ ਖਾਲਿਦ ਬਿਨ ਤਲਾਲ ਅਲ ਸਊਦ ਦਾ ਸਭ ਤੋਂ ਵੱਡਾ ਪੁੱਤਰ ਤੇ ਅਰਬਪਤੀ ਪ੍ਰਿੰਸ ਅਲ ਵਲੀਦ ਬਿਨ ਤਲਾਲ ਦਾ ਭਤੀਜਾ ਸੀ। 15 ਸਾਲ ਦੀ ਉਮਰ 'ਚ ਬ੍ਰਿਟੇਨ ਦੇ ਇਕ ਮਿਲਟਰੀ ਕਾਲਜ 'ਚ ਪੜ੍ਹਾਈ ਦੌਰਾਨ ਉਹ ਸੜਕ ਹਾਦਸੇ ਦਾ ਸ਼ਿਕਾਰ ਹੋ ਗਿਆ ਸੀ।

**ਜੈ ਮਾਤਾ ਦੀ ਜੈ ਮਾਤਾ ਦੀ**

ਚਿੰਤਪੁਰਨੀ ਮਾਤਾ ਦੇ ਮੇਲੇ 'ਤੇ ਮੰਗੂਵਾਲ ਬੈਰੀਅਰ 'ਤੇ ਭੋਗਪੁਰ ਵਾਸੀਆਂ ਦੀ ਸਰਾਂ ਹੈ, ਜਿਸ ਦਾ ਪੱਕਾ ਲੈਂਟਰ ਵਾਲਾ ਹਾਲ ਹੈ, ਜਿਸ ਦਾ ਵਾਇਆ ਦਸ ਹਜ਼ਾਰ ਸਕੇਅਰ ਫੁੱਟ ਹੈ। ਜੇਕਰ ਕਿਸੇ ਵੀ ਸੇਵਾਦਾਰ ਨੇ ਮੇਲੇ 'ਤੇ ਲੰਗਰ ਲਗਾਉਣਾ ਹੈ ਤਾਂ ਹੇਠ ਲਿਖੇ ਨੰਬਰ 'ਤੇ ਸੰਪਰਕ ਕਰ ਸਕਦਾ ਹੈ।

**ਪੱਪੂ ਸੇਵਾਦਾਰ : 98143-75023**

# ਜਨਤਕ ਲਾਇਬ੍ਰੇਰੀਆਂ ਗਿਆਨ ਦੇ ਕੇਂਦਰ : ਮਾਨ

**ਧੂਰੀ (ਸੰਗਰੂਰ), (ਮੋਹਿਤ ਗਰਗ/ ਬਿੰਨੀ ਗਰਗ)**

ਨੌਜਵਾਨਾਂ ਵਿੱਚ ਪੜ੍ਹਨ ਦੀਆਂ ਰੁਚੀਆਂ ਪੈਦਾ ਕਰਨ ਲਈ ਮਿਸ਼ਨ ਗਿਆਨ ਜਾਰੀ ਰੱਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਥੇ ਨਵੀਂ ਬਣੀ ਜਨਤਕ ਲਾਇਬ੍ਰੇਰੀ ਸ਼ਹਿਰ ਵਾਸੀਆਂ ਨੂੰ ਸਮਰਪਿਤ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਉਹ 1.59 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇਸ ਨਵੀਂ ਜਨਤਕ ਲਾਇਬ੍ਰੇਰੀ ਦਾ ਉਦਘਾਟਨ ਕਰਨ ਲਈ ਆ ਕੇ ਬਹੁਤ ਮਾਣ ਮਹਿਸੂਸ ਕਰ ਰਹੇ ਹਨ। ਉਨ੍ਹਾ ਕਿਹਾ ਕਿ ਇਸ ਦੋ ਮੰਜ਼ਲਾ ਇਮਾਰਤ ਦਾ ਖੇਤਰ 3,710 ਵਰਗ ਫੁੱਟ ਹੈ ਅਤੇ ਇਹ ਵਾਈ-ਫਾਈ, ਸੂਰਜੀ ਊਰਜਾ, ਡਿਜੀਟਲ ਐਨਾਲਾਗ ਅਤੇ ਹੋਰ ਉੱਚ ਪੱਧਰੀ ਸਹੂਲਤਾਂ ਨਾਲ ਲੈਸ ਹੈ। ਉਨ੍ਹਾ ਕਿਹਾ ਕਿ ਇਹ ਪਹਿਲਕਦਮੀ ਪੇਂਡੂ ਖੇਤਰਾਂ ਵਿੱਚ ਸਿੱਖਿਆ, ਸਾਖਰਤਾ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਤ ਕਰਨ ਵੱਲ ਵੱਡਾ ਕਦਮ ਹੈ।ਉਨ੍ਹਾ ਕਿਹਾ ਕਿ ਇਹ ਲਾਇਬ੍ਰੇਰੀਆਂ



ਕਮਿਊਨਿਟੀ ਹੱਬ ਵਜੋਂ ਕੰਮ ਕਰਦੀਆਂ ਹਨ, ਜਿੱਥੇ ਸਿੱਖਣ, ਸੰਵਾਦ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਲਈ ਅਨੁਕੂਲ ਵਾਤਾਵਰਣ ਮੁਹੱਈਆ ਕੀਤਾ ਜਾਂਦਾ ਹੈ। ਮਾਨ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਇਹ ਲਾਇਬ੍ਰੇਰੀਆਂ, ਵਿਦਿਅਕ ਸਰੋਤਾਂ ਤੱਕ ਪਹੁੰਚ ਵਿਚਲੇ ਪਾੜੇ ਨੂੰ ਦੂਰ ਕਰਦੀਆਂ ਹਨ ਅਤੇ ਇਹ ਯਕੀਨੀ ਬਣਾਉਂਦੀਆਂ ਹਨ ਕਿ ਹਰ ਕਿਸੇ ਨੂੰ ਸਿੱਖਣ ਤੇ ਅੱਗੇ ਵਧਣ ਦਾ ਮੌਕਾ ਮਿਲੇ।

## 25 ਸਕੂਲਾਂ ਦੇ ਨਾਂਅ ਸੁਤੰਤਰਤਾ ਸੰਗਰਾਮੀਆਂ ਦੇ ਨਾਂਅ ਹੋਣਗੇ

**ਚੰਡੀਗੜ੍ਹ** : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੁਤੰਤਰਤਾ ਸੰਗਰਾਮੀਆਂ ਦੀ ਯਾਦ ਨੂੰ ਸਮਰਪਤ 25 ਸਕੂਲਾਂ ਦੇ ਨਾਂਅ ਬਦਲਣ ਦੀ ਪ੍ਰਕਿਰਿਆ ਨੂੰ ਮਨਜ਼ੂਰੀ ਦਿੱਤੀ ਗਈ ਹੈ। ਸਕੱਤਰ ਸਕੂਲ ਸਿੱਖਿਆ ਵਿਭਾਗ ਵਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਕ ਇਨ੍ਹਾਂ ਵਿੱਚ ਪਟਿਆਲਾ, ਸ੍ਰੀ ਮੁਕਤਸਰ ਸਾਹਿਬ , ਪਠਾਨਕੋਟ, ਮਾਨਸਾ, ਫਤਿਹਗੜ੍ਹ ਸਾਹਿਬ, ਹੁਸ਼ਿਆਰਪੁਰ, ਫਰੀਦਕੋਟ, ਅੰਮ੍ਰਿਤਸਰ, ਮਲੇਰਕੋਟਲਾ, ਫਾਜ਼ਿਲਕਾ, ਬਰਨਾਲਾ, ਬਠਿੰਡਾ ਜ਼ਿਲ੍ਹੇ ਦੇ ਸਰਕਾਰੀ ਐਲੀਮੈਂਟਰੀ ਤੇ ਸਰਕਾਰੀ ਹਾਈ ਸਕੂਲ ਸ਼ਾਮਲ ਹਨ।

## ਭਾਰੀ ਮੀਂਹ ਦੀ ਭਵਿੱਖਬਾਣੀ

**ਚੰਡੀਗੜ੍ਹ** : ਮੌਸਮ ਵਿਭਾਗ ਨੇ ਐਤਵਾਰ ਪੰਜਾਬ ਵਿੱਚ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਹੈ। ਮੌਸਮ ਵਿਭਾਗ ਮੁਤਾਬਕ 21 ਜੁਲਾਈ ਨੂੰ ਚੰਡੀਗੜ੍ਹ, ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਫਤਿਹਗੜ੍ਹ ਸਾਹਿਬ, ਮੁਹਾਲੀ ਤੇ ਰੂਪਨਗਰ ਜ਼ਿਲ੍ਹਿਆਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਇੱਕ ਜਾਂ ਦੋ ਥਾਵਾਂ 'ਤੇ ਬਹੁਤ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ।



ਰਾਜਸਥਾਨ ਦੇ ਨਾਗੌਰ ਜ਼ਿਲ੍ਹੇ ਦੇ ਰਿਆਂਬੀ ਵਿੱਚ ਭਾਰੀ ਮੀਂਹ ਨਾਲ ਤਾਲਾਬ ਓਵਰਫਲੋਅ ਹੋਣ ਕਰਕੇ ਮੱਛੀਆਂ ਉੱਛਲ ਕੇ ਸੜਕਾਂ 'ਤੇ ਆ ਗਈਆਂ।

# ਸੁਖਬੀਰ ਨੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਤਰਨ ਤਾਰਨ ਤੋਂ ਉਮੀਦਵਾਰ ਐਲਾਨਿਆ



**ਝਬਾਲ (ਮੱਖਣ ਮਨੋਜ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਤਵਾਰ ਝਬਾਲ ਦੀ ਅਨਾਜ ਮੰਡੀ 'ਚ ਆਜ਼ਾਦ ਧੜੇ ਦੀ ਅਗਵਾਈ 'ਚ ਹੋਈ ਰੈਲੀ 'ਚ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਤਰਨ ਤਾਰਨ ਜ਼ਿਮਨੀ ਚੋਣ ਲਈ ਉਮੀਦਵਾਰ ਐਲਾਨਿਆ। ਇਸ ਤੋਂ ਇਲਾਵਾ ਉਨ੍ਹਾ ਨੂੰ ਹਲਕਾ ਇੰਚਾਰਜ ਵ ੀ

• ਬਾਕੀ ਸਫਾ 2 'ਤੇ

# ਚੰਡੀਗੜ੍ਹ ਦੀ ਪੁਰਾਣੀ ਫਰਨੀਚਰ ਮਾਰਕੀਟ ਕਰ'ਤੀ ਪੱਧਰੀ

**ਚੰਡੀਗੜ੍ਹ** : ਇੱਥੇ ਸੈਕਟਰ 53 ਅਤੇ 54 ਵਾਲੀ ਸੜਕ 'ਤੇ ਸਥਿਤ ਪੁਰਾਣੀ ਫਰਨੀਚਰ ਮਾਰਕੀਟ ਨੂੰ ਪ੍ਰਸ਼ਾਸਨ ਨੇ ਐਤਵਾਰ ਸਵੇਰੇ ਢਾਹ ਦਿੱਤਾ। ਪ੍ਰਸ਼ਾਸਨ ਨੇ 15 ਏਕੜ 'ਤੇ ਬਣੀਆਂ 116 ਦੁਕਾਨਾਂ ਨੂੰ ਢਾਹਿਆ। ਕੁਝ ਦੁਕਾਨਦਾਰਾਂ ਨੇ ਵਿਰੋਧ ਕਰਨ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਨੇ ਉਨ੍ਹਾਂ ਨੂੰ ਪਾਸੇ ਕਰਕੇ ਬੁਲਡੋਜ਼ਰ ਚਲਾ ਦਿੱਤਾ। ਦੁਕਾਨਾਂ ਦੇ ਮਾਲਕਾਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੀਆਂ ਅੱਖਾਂ ਭਰ ਆਈਆਂ।



ਯੂ ਟੀ ਪ੍ਰਸ਼ਾਸਨ ਨੇ ਸੈਕਟਰ 52, 53, 54 ਨੂੰ ਵਿਕਸਤ ਕਰਨ ਲਈ ਸਾਲ 2002 ਵਿੱਚ 227 ਏਕੜ ਜ਼ਮੀਨ ਐਕੁਆਇਰ ਕੀਤੀ ਸੀ। ਇਸ ਦੌਰਾਨ ਜ਼ਮੀਨ ਦੇ ਅਸਲ ਮਾਲਕਾਂ ਨੂੰ ਬਣਦਾ ਮੁਆਵਜ਼ਾ ਦੇ ਦਿੱਤਾ ਗਿਆ ਸੀ। ਇਸ ਦੇ ਬਾਵਜੂਦ 15 ਏਕੜ ਜ਼ਮੀਨ ਉੱਤੇ ਇਹ ਦੁਕਾਨਾਂ ਹਟਾਈਆਂ ਨਹੀਂ ਗਈਆਂ ਸਨ, ਜਿਨ੍ਹਾਂ ਨੂੰ ਯੂ ਟੀ ਪ੍ਰਸ਼ਾਸਨ ਨੇ ਨੋਟਿਸ ਜਾਰੀ ਕੀਤੇ ਸਨ। ਇਸ ਤੋਂ ਬਾਅਦ ਪਿਛਲੇ ਸਾਲ 30 ਜੂਨ ਨੂੰ 29 ਦੁਕਾਨਾਂ ਨੂੰ ਢਾਹ ਦਿੱਤਾ ਸੀ ਅਤੇ ਬਾਕੀ ਰਹਿੰਦੀਆਂ 116 ਦੁਕਾਨਾਂ ਉੱਤੇ ਹੁਣ ਬੁਲਡੋਜ਼ਰ ਚਲਾ ਦਿੱਤਾ ਗਿਆ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਇਹ ਫਰਨੀਚਰ ਮਾਰਕੀਟ ਚੰਡੀਗੜ੍ਹ ਅਤੇ ਮੁਹਾਲੀ ਨੂੰ ਜੋੜਨ ਵਾਲੀ ਇੱਕ ਮੁੱਖ ਸੜਕ 'ਤੇ ਸਥਿਤ ਸੀ ਤੇ ਇਸ ਮਾਰਕੀਟ ਵਿੱਚ ਕਾਰਾਂ ਦੀ ਪਾਰਕਿੰਗ ਅਤੇ ਕਬਜ਼ਿਆਂ ਕਾਰਨ ਆਵਾਜਾਈ ਦੀ ਸਮੱਸਿਆ ਆ ਰਹੀ ਸੀ।

## ਈਰਾਨ ਦੀ ਸਭ ਤੋਂ ਵੱਡੀ ਰਿਫਾਇਨਰੀ 'ਚ ਅੱਗ

**ਤਹਿਰਾਨ** : ਈਰਾਨ ਦੇ ਦੱਖਣ-ਪੱਛਮ ਵਿੱਚ ਸਥਿਤ ਸਭ ਤੋਂ ਪੁਰਾਣੀ ਅਤੇ ਸਭ ਤੋਂ ਵੱਡੀ ਰਿਫਾਇਨਰੀ ਵਿੱਚ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਈਰਾਨ ਦੇ ਸਰਕਾਰੀ ਮੀਡੀਆ ਨੇ ਦੱਸਿਆ ਕਿ ਸ਼ਨੀਵਾਰ ਨੂੰ ਅਬਾਦਾਨ ਰਿਫਾਇਨਰੀ ਦੀ ਇੱਕ ਅੰਡਰ-ਰਿਪੇਅਰ ਯੂਨਿਟ ਵਿੱਚ ਲੀਕੇਜ ਕਾਰਨ ਅੱਗ ਲੱਗੀ।

ਤਹਿਰਾਨ ਤੋਂ ਲੱਗਭੱਗ 670 ਕਿੱਲੋਮੀਟਰ ਦੂਰ ਅਬਾਦਾਨ ਤੇਲ ਰਿਫਾਇਨਰੀ ਨੇ 1912 ਵਿੱਚ ਕੰਮ ਸ਼ੁਰੂ ਕੀਤਾ ਸੀ। ਇਹ ਦੇਸ਼ ਦੇ ਲਗਪਗ 25 ਪ੍ਰਤੀਸ਼ਤ ਈਂਧਣ ਦਾ ਉਤਪਾਦਨ ਕਰਦੀ ਹੈ ਅਤੇ ਪ੍ਰਤੀ ਦਿਨ 5,200,000 ਬੈਰਲ ਤੋਂ ਵੱਧ ਤੇਲ ਨੂੰ ਸੋਧਦੀ ਹੈ।

## ਅੱਜ-ਨਾਮਾ

ਬਦਲੀ ਰਾਜ ਦੀ ਰਾਜਸੀ ਫਿਜ਼ਾ ਦਿੱਸਦੀ,
ਲੀਡਰ ਲੱਗੇ ਛੜੱਪੇ ਫਿਰ ਲਾਉਣ ਬੇਲੀ।
ਛੱਡਦਾ ਇੱਕ ਜੇ ਨੇਤਾ ਕੋਈ ਪਾਰਟੀ ਦਾ,
ਉਸ ਦੀ ਥਾਂ ਕਈ ਲੱਗਦੇ ਆਉਣ ਬੇਲੀ।
ਪਤਾ ਨਹੀਂ ਸੋਚਦਾ ਕਿਵੇਂ ਹੈ ਜਾਣ ਵਾਲਾ,
ਪਿੱਛੇ ਬਹੁਤੇ ਨਹੀਂ ਜਾਣ ਮਨਾਉਣ ਬੇਲੀ।
ਆਦਮੀ ਆਮ ਇਹ ਸਮਝਦਾ ਖੇਡ ਸਾਰੀ,
ਜੀਹਨੂੰ ਜਾਂਦੇ ਆ ਮੂਰਖ ਬਣਾਉਣ ਬੇਲੀ।
ਆਗੂ ਸਮਝ ਰਹੇ ਲੋਕਾਂ ਨੂੰ ਮੂੜ੍ਹ-ਸਿੱਧੜ,
ਬਣਦੇ ਬਾਹਲੇ ਸਿਆਣੇ ਹਨ ਆਪ ਬੇਲੀ।
ਅੰਨ੍ਹੇ ਅਕਲ ਦੇ ਲੋਕਾਂ ਨੂੰ ਸਮਝਿਆ ਈ,
ਇਨ੍ਹਾਂ ਦੇ ਬਾਪ ਦੇ ਲੋਕ ਹਨ ਬਾਪ ਬੇਲੀ।

-ਤੀਸ ਮਾਰ ਖਾਂ

# ਫੌਜਾ ਸਿੰਘ ਦੇ ਪਿੰਡ ਤੇ ਸਪੋਰਟਸ ਕਾਲਜ 'ਚ ਬੁੱਤ ਲੱਗਣਗੇ

**ਕਿਸ਼ਨਗੜ੍ਹ/ਜਲੰਧਰ (ਸੁਖਜੀਤ ਕੁਮਾਰ/ਸ਼ੈਲੀ ਐਲਬਰਟ/ਸੁਰਿੰਦਰ ਕੁਮਾਰ)**

ਫੌਜਾ ਸਿੰਘ ਦਾ ਐਤਵਾਰ ਪਿੰਡ ਬਿਆਸ ਵਿੱਚ ਸਰਕਾਰੀ ਸਨਮਾਨ ਨਾਲ ਅੰਤਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ, ਰਾਜਪਾਲ ਗੁਲਾਬ ਚੰਦ ਕਟਾਰੀਆ ਤੇ ਹੋਰ ਆਗੂ ਵੀ ਮੌਜੂਦ ਸਨ। ਪੁਲਸ ਦੀ ਟੁਕੜੀ ਨੇ ਬਜ਼ੁਰਗ ਦੌੜਾਕ ਨੂੰ ਗਾਰਡ ਆਫ ਆਨਰ ਦਿੱਤਾ। ਫੌਜਾ ਸਿੰਘ ਦੀ 14 ਜੁਲਾਈ ਨੂੰ ਆਪਣੇ ਘਰ ਦੇ ਬਾਹਰ ਸੈਰ ਕਰਦੇ ਸਮੇਂ ਕਿਸੇ ਵਾਹਨ ਵੱਲੋਂ ਟੱਕਰ ਮਾਰਨ ਕਾਰਨ ਮੌਤ ਹੋ ਗਈ ਸੀ। ਮੁੱਖ ਮੰਤਰੀ ਨੇ ਕਿਹਾ ਕਿ ਪਿੰਡ ਦੇ ਸਕੂਲ ਦਾ ਨਾਂਅ ਫੌਜਾ ਸਿੰਘ ਦੇ ਨਾਂਅ 'ਤੇ ਰੱਖਿਆ ਜਾਵੇਗਾ ਅਤੇ ਪਿੰਡ ਦੇ ਸਟੇਡੀਅਮ ਅਤੇ ਸਪੋਰਟਸ ਕਾਲਜ ਜਲੰਧਰ ਵਿੱਚ ਉਨ੍ਹਾ ਦੇ ਬੁੱਤ ਲਾਏ ਜਾਣਗੇ। ਸਵੇਰੇ ਲਗਭਗ 7:30 ਵਜੇ ਦੇ ਕਰੀਬ ਫੌਜਾ ਸਿੰਘ ਦੀ ਦੇਹ ਨੂੰ ਸਿਵਲ ਹਸਪਤਾਲ ਤੋਂ ਲਿਆਂਦਾ ਗਿਆ।



ਉਨ੍ਹਾਂ ਦੇ ਮ੍ਰਿਤਕ ਸਰੀਰ ਨੂੰ ਅਗਨੀ ਭੇਟ ਉਹਨਾਂ ਦੇ ਵੱਡੇ ਪੁੱਤਰ ਸੁਖਵਿੰਦਰ ਸਿੰਘ ਯੂ ਕੇ ਅਤੇ ਛੋਟੇ ਪੁੱਤਰ ਹਰਵਿੰਦਰ ਸਿੰਘ ਵੱਲੋਂ ਕੀਤਾ ਗਿਆ। ਇਹਨਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਬਕਾ ਕੈਬਨਿਟ ਮੰਤਰੀ ਦਲਜੀਤ ਸਿੰਘ ਚੀਮਾ, ਕੁਲਵੰਤ ਸਿੰਘ ਮੰਨਣ, ਪਰਮਜੀਤ ਰਾਏਪੁਰ, ਪ੍ਰਧਾਨ ਡਾ. ਰਜਿੰਦਰ ਗਿੱਲ (ਡੈਮੋਕਰੇਟਿਕ ਪਾਰਟੀ), ਚੇਅਰਮੈਨ ਜੀਤ ਲਾਲ ਭੱਟੀ, ਚੇਅਰਮੈਨ ਗੁਰਪਾਲ ਸਿੰਘ ਪਾਲਾ, ਪ੍ਰਧਾਨ ਦੁਆਬਾ ਕਿਸਾਨ ਵੈੱਲਫੇਅਰ ਸੋਸਾਇਟੀ ਕਿਸ਼ਨਗੜ੍ਹ, ਹਰਸੁਲਿੰਦਰ ਸਿੰਘ ਢਿੱਲੋਂ, ਕੋਆਰਡੀਨੇਟਰ (ਆਪ) ਬੀਰ ਚੰਦ ਸਰੀਲਾ, ਇਕਬਾਲ ਸਿੰਘ ਢੀਂਡਸਾ, ਨੰਬਰਦਾਰ ਭਾਗ ਰਾਮ, ਪ੍ਰਦੀਪ ਕੁਮਾਰ ਬੱਲਾਂ, ਪਰਮਜੀਤ ਸਿੰਘ ਰੇਰੂ, ਬਚਿੱਤਰ ਸਿੰਘ ਕੋਹਾੜ, ਗੁਰਦਿਆਲ ਸਿੰਘ ਨਿੱਜਰ, ਗੁਰਮਿੰਦਰ ਸਿੰਘ ਕਿਸ਼ਨਪੁਰ, ਧਰਮਪਾਲ ਲੇਸੜੀਵਾਲ (ਅਕਾਲੀ ਦਲ), ਨੰਬਰਦਾਰ ਮੁਕੇਸ਼ ਚੰਦਰ, ਹਰ ਬਲਿੰਦਰ ਸਿੰਘ ਬੋਲੀਨਾ, ਅਜੀਤ ਸਿੰਘ, ਚੈਂਚਲ ਸਿੰਘ, ਮੱਖਣ ਸਿੰਘ ਰਹੀਮਪੁਰ, ਨੰਬਰਦਾਰ ਰਣਜੀਤ ਸਿੰਘ, ਬਲਰਾਜ ਮਡਾਰ, ਸੰਸਾਰ ਚੰਦ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਗ੍ਰਾਮ ਪੰਚਾਇਤ ਬਿਆਸ ਪਿੰਡ ਦੀ ਸਰਪੰਚ ਊਸ਼ਾ ਰਾਣੀ ਅਤੇ ਪੰਚਾਇਤ ਮੈਂਬਰਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਫੌਜਾ ਸਿੰਘ ਦੀ ਯਾਦ ਵਿੱਚ ਕਾਲਜ ਬਣਾਉਣ ਦੀ ਮੰਗ ਰੱਖੀ ਅਤੇ ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਉਹਨਾਂ ਦੀ ਮੰਗ ਜਲਦ ਹੀ ਪੂਰੀ ਕੀਤੀ ਜਾਵੇਗੀ।

**ਪਾਠ ਦਾ ਭੋਗ**

ਆਪ ਜੀ ਨੂੰ ਸੂਚਿਤ ਕਰਦੇ ਹਾਂ ਕਿ ਸਾਰਿਆਂ ਦੇ ਪਿਆਰੇ-ਸਤਿਕਾਰੇ 'ਆਪ' ਆਗੂ
**ਦਰਸ਼ਨ ਸਿੰਘ ਹੈਰੀ ਪੰਡੋਰੀ**
ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਹਨ।ਉਨ੍ਹਾ ਨਮਿੱਤ
**ਪਾਠ ਦਾ ਭੋਗ ਤੇ ਅੰਤਿਮ ਅਰਦਾਸ**
ਮਿਤੀ 22 ਜੁਲਾਈ, (ਮੰਗਲਵਾਰ) ਨੂੰ ਇੱਕ ਵਜੇ ਵੱਡਾ ਗੁਰਦੁਆਰਾ ਸਾਹਿਬ ਪਿੰਡ ਪੰਡੋਰੀ (ਬਰਨਾਲਾ) ਵਿਖੇ ਹੋਵੇਗੀ।ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।



ਭਾਣੇ ਵਿੱਚ : **ਸ: ਕੁਲਵੰਤ ਸਿੰਘ ਪੰਡੋਰੀ** ਐੱਮ ਐੱਲ ਏ ਹਲਕਾ ਮਹਿਲ ਕਲਾਂ (ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ) ਸੂਬਾ ਪ੍ਰਧਾਨ ਐੱਸ ਸੀ ਵਿੰਗ 'ਆਪ' ਪੰਜਾਬ।

**ਸਮੂਹ ਵਲੰਟੀਅਰ ਆਮ ਆਦਮੀ ਪਾਰਟੀ ਹਲਕਾ ਮਹਿਲ ਕਲਾਂ ਅਤੇ ਸਮੂਹ ਹੈਰੀ ਪਰਵਾਰ ਪਿੰਡ ਪੰਡੋਰੀ (ਬਰਨਾਲਾ)**

## ਬੀ ਕੇ ਯੂ ਕਾਦੀਆਂ ਬਲਾਕ ਬੁਢਲਾਡਾ ਦੀ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਬੁਢਲਾਡਾ ਦੀ ਇੱਕ ਜ਼ਰੂਰੀ ਇਕੱਤਰਤਾ ਗੁਰਦੁਆਰਾ ਸਾਹਿਬ ਬਾਰ੍ਹਾ ਨੇੜੇ ਰੇਲਵੇ ਸਟੇਸ਼ਨ ਬੁਢਲਾਡਾ ਵਿਖੇ ਬਲਾਕ ਪ੍ਰਧਾਨ ਮਹਿੰਦਰ ਸਿੰਘ ਗੁੜੱਦੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਸਮੇਂ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਗਾਗੋਵਾਲ ਤੇ ਚੇਅਰਮੈਨ ਅਨੁਸ਼ਾਸਨੀ ਕਮੇਟੀ ਪੰਜਾਬ ਕੁਲਦੀਪ ਸਿੰਘ ਚੱਕ ਭਾਈਕੇ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਬਲਾਕ ਸਕੱਤਰ ਜਨਰਲ ਹਰਦੀਪ ਸਿੰਘ ਚੱਕ ਭਾਈਕੇ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਦਿਸ਼ਾ ਨਿਰਦੇਸ਼ਾਂ ਤੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੀ ਹਦਾਇਤ ਅਨੁਸਾਰ 30 ਜੁਲਾਈ ਨੂੰ ਜ਼ਿਲ੍ਹਾ ਮਾਨਸਾ ਦੇ ਪਿੰਡ ਠੂਠਿਆਂਵਾਲੀ ਵਿਖੇ ਕੀਤੇ ਜਾਣ ਵਾਲੇ ਝੰਡਾ ਮਾਰਚ ਦੌਰਾਨ ਬਲਾਕ ਬੁਢਲਾਡਾ ਦੀ ਕਾਦੀਆਂ ਜਥੇਬੰਦੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਇਸ ਤੋਂ ਇਲਾਵਾ 24 ਅਗਸਤ ਨੂੰ ਅਨਾਜ ਮੰਡੀ ਮੁੱਲਾਂਪੁਰ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤੀ ਜਾ ਰਹੀ ਕਿਸਾਨ ਮਹਾਂ ਪੰਚਾਇਤ ਸਮੇਂ ਵੀ ਬਲਾਕ ਬੁਢਲਾਡਾ ਤੋਂ ਜਥੇਬੰਦੀ ਵੱਲੋਂ ਵੱਡੇ ਕਾਫਲੇ ਦੇ ਰੂਪ ਵਿੱਚ ਹਾਜ਼ਰੀ ਲਵਾਈ ਜਾਵੇਗੀ।ਮੀਟਿੰਗ ਦੌਰਾਨ ਗੁਰਜੰਟ ਸਿੰਘ ਤੇ ਮਹਿੰਦਰ ਸਿੰਘ ਸਤੀਕੇ, ਸੰਤ ਰਾਮ ਸਿੰਘ ਤੇ ਗੁਰਅੰਗਦ ਸਿੰਘ ਦੋਦੜਾ, ਨਛੱਤਰ ਸਿੰਘ ਗੁੜੱਦੀ, ਜਗਜੀਤ ਸਿੰਘ ਤੇ ਗੁਰਜੰਟ ਸਿੰਘ ਚੱਕ ਭਾਈਕੇ ਤੋਂ ਇਲਾਵਾ ਗੁਰਮੇਲ ਸਿੰਘ, ਗੁਰਜੰਟ ਸਿੰਘ ਕਾਲਾ, ਗਗਨਦੀਪ ਸਿੰਘ ਤੇ ਬੀਬੀ ਅਮਰਜੀਤ ਕੌਰ ਸਤੀਕੇ ਆਦਿ ਨੇ ਸ਼ਮੂਲੀਅਤ ਕੀਤੀ।

## ਸੱਪ ਦੇ ਡੱਸਣ ਨਾਲ 2 ਭੈਣਾਂ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਬਲਾਕ ਅਧੀਨ ਪੈਂਦੇ ਪਿੰਡ ਪਵਾਤ ਵਿਖੇ ਸੱਪ ਦੇ ਡੱਸਣ ਨਾਲ 2 ਸਕੀਆਂ ਭੈਣਾਂ ਅਨੁਪਮ (11) ਤੇ ਸੁਰਭੀ (8) ਦੀ ਮੌਤ ਹੋ ਗਈ, ਜੋ ਕਿ ਦੂਜੀ ਤੇ ਪਹਿਲੀ ਜਮਾਤ ਵਿੱਚ ਪੜ੍ਹਦੀਆਂ ਸਨ। ਮ੍ਰਿਤਕਾਂ ਦੀ ਮਾਤਾ ਆਸ਼ਾ ਦੇਵੀ ਨੇ ਦੱਸਿਆ ਕਿ ਉਸ ਦੇ 6 ਬੱਚੇ ਹਨ ਤੇ ਉਹ ਪਿਛਲੇ 4-5 ਸਾਲਾਂ ਤੋਂ ਪਿੰਡ ਪਵਾਤ ਵਿਖੇ ਖੇਤਾਂ ਵਿੱਚ ਬਣੀ ਇੱਕ ਮੋਟਰ ਨੇੜੇ ਆਪਣੀ ਝੁੱਗੀਆਂ ਬਣਾ ਕੇ ਰਹਿ ਰਹੇ ਹਨ। ਉਸ ਨੇ ਦੱਸਿਆ ਕਿ ਕੱਲ੍ਹ ਰਾਤ ਖਾਣਾ ਖਾਣ ਤੋਂ ਬਾਅਦ ਉਨ੍ਹਾਂ ਦੀਆਂ ਦੋਵੇਂ ਲੜਕੀਆਂ ਮੋਟਰ ਵਾਲੇ ਕਮਰੇ ਦੀ ਛੱਤ 'ਤੇ ਜਾ ਕੇ ਸੌਂ ਗਈਆਂ, ਜੋ ਰਾਤ ਕਰੀਬ 1 ਵਜੇ ਉਹ ਲਾਈਟ ਆਉਣ ਤੋਂ ਬਾਅਦ ਹੇਠਾਂ ਉੱਤਰ ਆਈਆਂ ਤੇ ਆ ਕੇ ਝੁੱਗੀ ਵਿੱਚ ਸੌਂ ਗਈਆਂ। ਲਾਈਟ ਜਾਣ ਤੋਂ ਬਾਅਦ ਇਹ ਮੁੜ ਛੱਤ 'ਤੇ ਚਲੀਆਂ ਗਈਆਂ, ਜਿੱਥੇ ਉਕਤ ਦੋਵੇਂ ਲੜਕੀਆਂ ਨੇ ਉਲਟੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਇਸ ਤੋਂ ਬਾਅਦ ਅਸੀਂ ਸਾਰੇ ਜਾਗ ਪਏ ਤੇ ਦੇਖਿਆ ਕਿ ਇੱਕ ਸੱਪ ਹੇਠਾਂ ਵਿਹੜੇ ਵਿੱਚ ਫਿਰ ਰਿਹਾ ਹੈ, ਜਿਸ ਨੂੰ ਸਾਡੇ ਵੱਲੋਂ ਮਾਰ ਦਿੱਤਾ ਗਿਆ। ਕਰੀਬ 2 ਵਜੇ ਲੜਕੀ ਅਨੁਪਮ ਦੇ ਮੂੰਹ 'ਚੋਂ ਝੱਗ ਆਉਣੀ ਸ਼ੁਰੂ ਹੋ ਗਈ ਤੇ 5 ਮਿੰਟ ਬਾਅਦ ਦੂਸਰੀ ਲੜਕੀ ਸੁਰਭੀ ਦੇ ਮੂੰਹ 'ਚੋਂ ਵੀ ਝੱਗ ਨਿਕਲਣ ਲੱਗ ਪਈ, ਜਿਨ੍ਹਾਂ 'ਚੋਂ ਇੱਕ ਲੜਕੀ ਦੇ ਗਲੇ ਤੇ ਦੂਜੀ ਲੜਕੀ ਦੇ ਹੱਥ 'ਤੇ ਸੱਪ ਵੱਲੋਂ ਡੱਸਣ ਦੇ ਨਿਸ਼ਾਨ ਬਣੇ ਹੋਏ ਸਨ। ਇਸ ਤੋਂ ਬਾਅਦ ਦੋਵੇਂ ਲੜਕੀਆਂ ਨੂੰ ਮਾਛੀਵਾੜਾ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੋਵੇਂ ਲੜਕੀਆਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਆਸ਼ਾ ਦੇਵੀ ਨੇ ਦੱਸਿਆ ਕਿ ਉਸ ਦੀਆਂ ਦੋਵੇਂ ਲੜਕੀਆਂ ਦੀ ਮੌਤ ਸੱਪ ਦੇ ਡੱਸਣ ਕਾਰਨ ਹੋਈ ਹੈ।

## ਰਣਬੀਰ ਢਿੱਲੋਂ ਦੀਆਂ ਪ੍ਰਾਪਤੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ : ਪ੍ਰੇਮ ਚਾਵਲਾ

### ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਨੇ ਮਨਾਇਆ ਪਹਿਲਾ ਬਰਸੀ ਸਮਾਗਮ



**ਕੋਟਕਪੂਰਾ (ਰਛਪਾਲ ਭੁੱਲਰ)**-ਲਗਭਗ ਛੇ ਦਹਾਕੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ਸ਼ੀਲ ਰਹੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿੱਲੋਂ ਦਾ ਪਹਿਲਾ ਬਰਸੀ ਸਮਾਗਮ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਇਕਾਈ ਜ਼ਿਲ੍ਹਾ ਫਰੀਦਕੋਟ ਵੱਲੋਂ ਮਨਾਇਆ ਗਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਸਾਥੀ ਰਣਬੀਰ ਸਿੰਘ ਢਿੱਲੋਂ ਨੇ ਆਪਣੇ ਜੀਵਨ ਕਾਲ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਹੁਕਮਰਾਨ ਸਰਕਾਰਾਂ ਵੱਲੋਂ ਵੱਖ ਵੱਖ ਤਰ੍ਹਾਂ ਦੀਆਂ ਕੀਤੀਆਂ ਗਈਆਂ ਵਿਕਟੇਮਾਈਜ਼ੇਸ਼ਨਾਂ ਦਾ ਵੀ ਸਾਹਮਣਾ ਕਰਨਾ ਪਿਆ।ਉਨ੍ਹਾ ਕਈ ਪੇਅ ਕਮਿਸ਼ਨਾਂ ਤੋਂ ਮੁਲਾਜ਼ਮਾਂ ਲਈ ਚੰਗੇਰੇ ਤਨਖਾਹ ਸਕੇਲ ਤੇ ਵੱਖ-ਵੱਖ ਤਰ੍ਹਾਂ ਦੇ ਭੱਤੇ ਹਾਸਲ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਕਰਕੇ ਇਨ੍ਹਾਂ ਪ੍ਰਾਪਤੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਸਮਾਗਮ ਦੌਰਾਨ ਪੈਨਸ਼ਨਰ ਆਗੂ ਅਸ਼ੋਕ ਕੌਸ਼ਲ, ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਮੁਖਤਿਆਰ ਸਿੰਘ ਮੱਤਾ, ਤਰਸੇਮ ਨਰੂਲਾ, ਮਦਨ ਲਾਲ ਸ਼ਰਮਾ ਸੰਧਵਾਂ, ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ, ਰਮੇਸ਼ ਢੈਪਈ, ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਸਬੰਧਤ ਏਟਕ ਦੇ ਆਗੂ ਗੁਰਦੀਪ ਭੋਲਾ ਤੇ ਲੋਕ ਗਾਇਕ ਨਾਹਰ ਸਿੰਘ ਗਿੱਲ ਨੇ ਸੰਬੋਧਨ ਕਰਦਿਆਂ ਹੱਕ ਸੱਚ ਤੇ ਇਨਸਾਫ਼ ਲਈ ਲਾਮਬੰਦ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਬਿੱਕਰ ਸਿੰਘ ਗੋਂਦਾਰਾ, ਅਸ਼ੋਕ ਚਾਵਲਾ ਸੁਪਰਡੈਂਟ, ਪਰਮਜੀਤ ਸਿੰਘ ਪੰਮਾ, ਸਿਕੰਦਰ ਸਿੰਘ ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ, ਹਰਵਿੰਦਰ ਸ਼ਰਮਾ, ਹਰਦੀਪ ਸਿੰਘ ਫਿੱਡੂ ਭਲਵਾਨ, ਗੇਜ ਰਾਮ ਭੌਰਾ, ਹਰਦੇਵ ਸਿੰਘ ਗਿੱਲ, ਜਸਪਾਲ ਸਿੰਘ, ਮੇਜਰ ਸਿੰਘ ਡੀ ਪੀ ਈ, ਗੁਰਮੀਤ ਸਿੰਘ ਢਿੱਲੋਂ ਬਰਗਾੜੀ, ਜੋਗਿੰਦਰ ਸਿੰਘ ਛਾਬੜਾ, ਸੁਖਵਿੰਦਰ ਸਿੰਘ ਸੰਧੂ ਤੇ ਪ੍ਰਿੰ. ਹਰੀ ਚੰਦ ਧਿੰਗੜਾ ਆਦਿ ਹਾਜ਼ਰ ਸਨ।

## 26.10 ਗ੍ਰਾਮ ਹੈਰੋਇਨ ਸਣੇ 3 ਵਿਅਕਤੀ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਤੇ ਥਾਣਾ ਅਮੀਰ ਖਾਸ ਦੀ ਪੁਲਸ ਨੇ ਦੋ ਵੱਖ ਵੱਖ ਥਾਵਾਂ ਤੋਂ 26.10 ਗ੍ਰਾਮ ਹੈਰੋਇਨ ਸਮੇਤ 3 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ-ਕਮ-ਐੱਸ. ਆਈ. ਅਮਨਦੀਪ ਕੌਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਥਾਣਾ ਏਰੀਏ ਨੇੜੇ ਰੇਲਵੇ ਸਟੇਸ਼ਨ ਟੀ-ਪੁਆਇੰਟ ਪਿਸਾਨਾਵਾਲਾ ਰੋਡ ਜਲਾਲਾਬਾਦ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਵਿੰਦਰ ਸਿੰਘ ਪੁੱਤਰ ਭਜਨ ਸਿੰਘ ਵਾਸੀ ਜੱਮੂ ਬਸਤੀ ਜਲਾਲਾਬਾਦ ਤੇ ਸੰਦੀਪ ਸਿੰਘ ਉਰਫ ਸਿਪੀ ਪੁੱਤਰ ਜਗਦੀਸ਼ ਸਿੰਘ ਵਾਸੀ ਅਰਨੀਵਾਲਾ ਰੋਡ ਕਲੋਨੀ ਜਲਾਲਾਬਾਦ ਹੈਰੋਇਨ ਪੀਣ ਤੇ ਵੇਚਣ ਦੇ ਆਦੀ ਹਨ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ 5 ਗ੍ਰਾਮ ਹੈਰੋਇਨ ਸਮੇਤ ਗੁਰਵਿੰਦਰ ਸਿੰਘ ਤੇ ਸੰਦੀਪ ਸਿੰਘ ਉਰਫ ਸਿੱਪੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਧਰ, ਥਾਣਾ ਅਮੀਰ ਖਾਸ ਵਿਖੇ ਦਰਜ ਮੁਕੱਦਮੇ ਦੇ ਤਫਤੀਸ਼ੀ ਅਧਿਕਾਰੀ ਐੱਸ.ਆਈ. ਗੁਰਮੇਲ ਕੌਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਪਿੰਡ ਪੀਰ ਮੁਹੰਮਦ ਕੋਲ ਮੌਜੂਦ ਸੀ ਤਾਂ ਇਕ ਨੌਜਵਾਨ ਵਿਅਕਤੀ ਜੋ ਪੁਲਸ ਪਾਰਟੀ ਦੀ ਗੱਡੀ ਵੇਖ ਕੇ ਆਪਣੇ ਹੱਥ ਵਿੱਚ ਫੜਿਆ ਮੋਮੀ ਲਿਫਾਫਾ ਘਾਹ-ਫੂਸ ਵਿੱਚ ਸੁੱਟ ਦਿੱਤਾ, ਜਿਸ 'ਤੇ ਪੁਲਸ ਪਾਰਟੀ ਵੱਲੋਂ ਇਸ ਵਿਅਕਤੀ ਨੂੰ ਕਾਬੂ ਕਰਕੇ ਚੈਕਿੰਗ ਕੀਤੀ ਗਈ ਤਾਂ ਉਸ ਕੋਲੋਂ 21.10 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਵਿਅਕਤੀ ਦੀ ਪਹਿਚਾਣ ਅਮਰਜੀਤ ਸਿੰਘ ਉਰਫ ਢਿੱਲੋਂ ਪੁੱਤਰ ਸੋਹਨ ਸਿੰਘ ਵਾਸੀ ਰੁਕਨਾ ਕਾਸਮ ਕੇ ਵਜੋਂ ਹੋਈ ਹੈ। ਥਾਣਾ ਸਿਟੀ ਜਲਾਲਾਬਾਦ ਤੇ ਥਾਣਾ ਅਮੀਰ ਖਾਸ ਵਿਖੇ ਹੈਰੋਇਨ ਸਮੇਤ ਕਾਬੂ ਕੀਤੇ ਗਏ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ।

## ਲੋਕ ਸਭਾ ਇੰਚਾਰਜ ਬਲਜਿੰਦਰ ਢਿੱਲੋਂ ਵੱਲੋਂ ਨਵਨਿਯੁਕਤ ਅਹੁਦੇਦਾਰਾਂ ਦਾ ਸਨਮਾਨ



**ਪਟਿਆਲਾ ( ਰਜਿੰਦਰ ਸਿੰਘ ਥਿੰਦ)**-ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਆਪਣੇ ਦਫਤਰ ਵਿਖੇ ਵਖ-ਵਖ ਵਿੰਗਾ ਦੇ ਨਵਨਿਯੁਕਤ ਅਹੁਦੇਦਾਰਾਂ ਦਾ ਸਨਮਾਨ ਕੀਤਾ ਤੇ ਵਧਾਈ ਦਿੱਤੀ। ਇਨ੍ਹਾਂ ਵਿੱਚ ਹਰਪਾਲ ਜੁਨੇਜਾ ਮੀਡੀਆ ਇੰਚਾਰਜ ਮਾਲਵਾ ਈਸਟ ਜ਼ੋਨ, ਵੀਰਪਾਲ ਕੌਰ ਇੰਚਾਰਜ ਮਾਲਵਾ ਜ਼ੋਨ ਮਹਿਲਾ ਵਿੰਗ ਪੰਜਾਬ, ਮੋਹਿੰਦਰ ਮੋਹਨ ਮਾਲਵਾ ਜ਼ੋਨ ਸੇਕਟਰੀ, ਗ਼ਜਨ ਸਿੰਘ ਜ਼ਿਲ੍ਹਾ ਮੀਡਿਆ ਸੇਕਟਰੀ ਪਟਿਆਲਾ, ਪ੍ਰਿੰਸ ਲਾਂਬਾ ਜ਼ਿਲ੍ਹਾ ਮੀਡੀਆ ਇੰਚਾਰਜ ਪਟਿਆਲਾ, ਮੋਹਿਤ ਕੁਕਰੇਜਾ ਜ਼ਿਲ੍ਹਾ ਸੋਸਸ਼ ਮੀਡਿਆ ਇੰਚਾਰਜ ਪਟਿਆਲਾ, ਸੁਮਿਤ ਤਾਕੇਜਾ ਸੋਸ਼ਲ ਮੀਡੀਆ ਇੰਚਾਰਜ ਪਟਿਆਲਾ, ਸਵੇਤਾ ਜਿੰਦਲ ਜ਼ਿਲ੍ਹਾ ਮਹਿਲਾ ਵਿੰਗ ਇੰਚਾਰਜ ਪਟਿਆਲਾ ਰੂਰਲ, ਮੋਨਿਕਾ ਸ਼ਰਮਾ ਜ਼ਿਲ੍ਹਾ ਮਹਿਲਾ ਵਿੰਗ ਇੰਚਾਰਜ ਪਟਿਆਲਾ ਸ਼ਹਿਰੀ, ਕੁਲਮੀਤ ਸਿੰਘ ਕੋਹਲੀ ਜ਼ਿਲ੍ਹਾ ਸੋਸ਼ਲ ਮੀਡੀਆ ਸੈਕਟਰੀ ਪਟਿਆਲਾ, ਪ੍ਰਿੰਸ ਤਿਆਗੀ ਨਸ਼ਾ ਮੁਕਤੀ ਉਪ ਕੋਆਰਡੀਨੇਟਰ ਪਟਿਆਲਾ, ਜਗਦੀਪ ਸਿੰਘ ਹਲਕਾ ਉਪ ਕੋਆਰਡੀਨੇਟਰ ਪਟਿਆਲਾ ਸ਼ਾਮਲ ਸਨ। ਇਸ ਮੌਕੇ ਢਿੱਲੋਂ ਨੇ ਆਮ ਆਦਮੀ ਪਾਰਟੀ ਦੇ ਸੁਪ੍ਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਮੁਨੀਸ਼ ਸਿਸੋਦੀਆ ਪੰਜਾਬ ਪ੍ਰਭਾਰੀ, ਅਮਨ ਅਰੋੜਾ ਪੰਜਾਬ ਪ੍ਰਧਾਨ, ਵਿਨੋਦ ਟਾਂਡਾ ਕੌਮੀ ਮੀਡਿਆ ਇੰਚਾਰਜ, ਬਲਤੇਜ ਪੰਨੂ ਇੰਚਾਰਜ ਨਸ਼ਾ ਮੁਕਤੀ ਮੋਰਚਾ ਪੰਜਾਬ ਵੱਲੋਂ ਤਜਰਬੇਕਾਰ ਤੇ ਮਹਿਨਤੀ ਅਹੁਦੇਦਾਰਾਂ ਦੀ ਚੋਣ ਕਰਨ 'ਤੇ ਧੰਨਵਾਦ ਕੀਤਾ। ਉਨ੍ਹ ਕਿਹਾ ਕਿ ਇਸ ਨਾਲ ਸੰਗਠਨ ਤੇ ਪਾਰਟੀ ਦੀ ਮਜ਼ਬੂਤੀ ਹੋਵੇਗੀ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾਵੇਗਾ, ਜਿਸ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤ ਕੇ ਦੁਬਾਰਾ ਸਰਕਾਰ ਬਣੇਗੀ। ਇਸ ਮੌਕੇ ਅੰਗਰੇਜ ਸਿੰਘ ਰਾਮਗੜ੍ਹ ਮੈਂਬਰ ਸਿਹਤ ਵਿਭਾਗ, ਰਾਜ ਕੁਮਾਰ ਮਿਠਾਰੀਆ ਲੋਕ ਸਭਾ ਆਫਿਸ ਇੰਚਾਰਜ ਪਟਿਆਲਾ, ਕ੍ਰਿਸ਼ਨ ਕੁਮਾਰ ਬਲਾਕ ਪ੍ਰਧਾਨ, ਮਨਦੀਪ ਜੌਹਲਾਂ, ਗੁਰਮੀਤ ਸਿੰਘ, ਪ੍ਰਦੀਪ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਅਹੁਦੇਦਾਰ ਤੇ ਵਲੰਟੀਅਰ ਹਾਜ਼ਰ ਸਨ।

## ਤੀਜ ਦੇ ਤਿਉਹਾਰ ਮੌਕੇ ਇਲੀਟ ਕਲੱਬ ਵੱਲੋਂ ਹਰਿਆਲੀ ਪ੍ਰੋਗਰਾਮ ਦਾ ਆਯੋਜਨ

### ਔਰਤਾਂ ਨੂੰ ਇਕੱਠਿਆਂ ਖੁਸ਼ੀ ਮਨਾਉਣ ਦਾ ਮੌਕਾ ਦਿੰਦੀ ਹੈ ਤੀਜ : ਗੁਨਪ੍ਰੀਤ, ਸੁਨੀਤਾ



**ਪਟਿਆਲਾ (ਰਾਜਿੰਦਰਸਿੰਘ ਥਿੰਦ)**-ਤੀਆਂ ਦੇ ਤਿਉਹਾਰ ਮੌਕੇ ਸ਼ਹਿਰ ਦੇ ਮਸ਼ਹੂਰ 'ਇਲੀਟ ਕਲੱਬ ਇੰਟਰਨੈਸ਼ਨਲ' ਵੱਲੋਂ ਇਕ ਰੰਗਾਰੰਗ ਸਮਾਰੋਹ ਹਰਿਆਲੀ ਤੀਜ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਲੱਬ ਮੈਂਬਰ ਔਰਤਾਂ ਨੇ ਭਾਗ ਲੈ ਕੇ ਤਿਉਹਾਰ ਦੀ ਖ਼ੁਸ਼ੀ ਨੂੰ ਦੋਗੁਣਾ ਕਰ ਦਿੱਤਾ।ਇਹ ਪ੍ਰੋਗਰਾਮ ਸਥਾਨਕ ਕਲੇਰੀਅਨ ਹੋਟਲ ਸਰਹਿੰਦ ਰੋਡ ਵਿਖੇ ਮਿਲੀ ਜੈਸਵਾਲ ਤੇ ਗਗਨ ਬਰਾੜ ਵੱਲੋਂ ਆਰਗੇਨਾਈਜ਼ ਕਰਵਾਇਆ ਗਿਆ, ਜਿਸ ਨੂੰ ਫੁੱਲਾਂ, ਰੰਗੀਨ ਰੌਸ਼ਨੀਆਂ ਤੇ ਰਵਾਇਤੀ ਸਜਾਵਟ ਨਾਲ ਸੁਸ਼ੋਭਤ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਆਪਣੀ ਜਾਣ ਪਹਿਚਾਣ ਦੱਸਣ ਮਗਰੋਂ ਹੋਈ, ਜਿਸ ਤੋਂ ਬਾਅਦ ਕਲੱਬ ਦੀ ਪ੍ਰਧਾਨ ਸ੍ਰੀਮਤੀ ਗੁਨਪ੍ਰੀਤ ਕਾਹਲੋਂ ਕੋਹਲੀ ਤੇ ਮਸ਼ਹੂਰ ਐਕਟ੍ਰਸ ਸੁਨੀਤਾ ਧੀਰ ਨੇ ਤੀਆਂ ਦੀ ਮਹੱਤਾ ਬਾਰੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਤੀਆਂ ਕੇਵਲ ਇੱਕ ਰਿਵਾਇਤੀ ਤਿਉਹਾਰ ਨਹੀਂ, ਸਗੋਂ ਇਹ ਔਰਤਾਂ ਦੇ ਆਪਸੀ ਮਿਲਣ-ਜੁਲਣ, ਪਿਆਰ, ਭਾਈਚਾਰੇ ਤੇ ਲੋਕ ਸੰਸਕ੍ਰਿਤੀ ਨੂੰ ਜੀਵੰਤ ਰੱਖਣ ਦਾ ਸਾਧਨ ਹੈ।ਅਗਲੇ ਸਾਲ ਇਹ ਪ੍ਰੋਗਰਾਮ ਹੋਰ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ, ਜਿਸ ਵਿੱਚ ਨੌਜਵਾਨ ਲੜਕੀਆਂ ਲਈ ਖਾਸ ਵਰਕਸ਼ਾਪਾਂ ਤੇ ਸਾਹਿਤ ਸੰਬੰਧੀ ਸੈਮੀਨਾਰ ਵੀ ਸ਼ਾਮਲ ਕੀਤੇ ਜਾਣਗੇ।ਇਸ ਮੌਕੇ ਰਵਾਇਤੀ ਪੰਜਾਬੀ ਗਿੱਧਾ, ਭੰਗੜਾ ਤੇ ਲੋਕ ਗੀਤਾਂ ਦੀ ਪੇਸ਼ਕਸ਼ ਨੇ ਸਭ ਦਾ ਮਨ ਮੋਹ ਲਿਆ।

ਪ੍ਰੋਗਰਾਮ ਦੌਰਾਨ ਲੇਡੀਜ਼ ਕਲੱਬ ਵੱਲੋਂ ਵੱਖ-ਵੱਖ ਮੁਕਾਬਲਿਆਂ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਜੱਜ ਜਸਲੀਨ ਸੇਠੀ ਤੇ ਰੁਚੀ ਨਰੂਲਾ ਦਾ ਵਿਸ਼ੇਸ਼ ਯੋਗਦਾਨ ਰਿਹਾ।ਮਨਮੋਹਨ ਖੇਡਾਂ ਦੇ ਵੱਖ ਵੱਖ ਮੁਕਾਬਲਿਆਂ ਦੌਰਾਨ ਜਿੱਤਣ ਵਾਲੇ ਮੈਂਬਰਾਂ ਵਿੱਚ ਗਿੱਧਿਆਂ ਦੀ ਰਾਣੀ ਮਿਸ ਅਨੀਤਾ, ਮਜਾਜਣ ਪੱਟੀ ਇਰੀਨ ਵਾਲੀਆ, ਤੀਜ ਟਰੈਂਡਸੈਟਰ ਮਿਸ ਨਵਦੀਪ, ਮਿਸ ਤੀਜ 2025 ਪਹਿਲਾ ਡਾ. ਅਲਕਾ ਗਰਗ, ਮਿਸ ਤੀਜ 2025 ਦੂਜਾ ਹਰਮਿੰਦਰ ਕੌਰ, ਮਿਸ ਤੀਜ 2025 ਤੀਸਰਾ ਅਮਨ ਧਰ ਦੇ ਨਾਮ ਰਿਹਾ। ਇਸ ਦੇ ਨਾਲ ਹੀ ਹੋਰ ਮਨਮੋਹਕ ਖੇਡਾਂ ਦਾ ਵੀ ਆਯੋਜਨ ਕੀਤਾ ਗਿਆ।ਇਨ੍ਹਾਂ ਮੁਕਾਬਲਿਆਂ ਵਿੱਚ ਜੇਤੂ ਰਹੀਆਂ ਔਰਤਾਂ ਨੂੰ ਟੈਗ ਤੇ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।

## ਕਿਸਾਨ ਆਗੂਆਂ ਵੱਲੋਂ ਜਬਰ ਵਿਰੁੱਧ ਸੰਗਰੂਰ ਰੈਲੀ 'ਚ ਹੁੰਮ-ਹੁਮਾ ਕੇ ਪੁੱਜਣ ਦਾ ਸੱਦਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਬਲਾਕ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ।ਅੱਜ ਦੀਆਂ ਮੀਟਿੰਗਾਂ ਵਿੱਚ 25 ਜੁਲਾਈ ਨੂੰ ਸੰਗਰੂਰ ਵਿਖੇ ਪੰਜਾਬ ਦੀਆਂ ਕਿਸਾਨ, ਮਜ਼ਦੂਰ ਤੇ ਵਿਦਿਆਰਥੀਆਂ ਦੀਆਂ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਜਬਰ ਵਿਰੋਧੀ ਰੈਲੀ ਵਿੱਚ ਪਹੁੰਚਣ ਲਈ ਪਿੰਡਾਂ ਦੀਆਂ ਤਿਆਰੀਆਂ ਦੀ ਵਿਉਂਤਬੰਦੀ ਕੀਤੀ ਗਈ।ਪਿੰਡ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ ਤੋਂ ਜ਼ਮੀਨਾਂ ਤੇ ਰੁਜ਼ਗਾਰ ਖੋਹ ਕੇ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।ਇਨ੍ਹਾਂ ਲੋਕ ਵਿਰੋਧੀ ਨੀਤੀਆਂ ਨੂੰ ਧੱਕੇ ਨਾਲ ਲਾਗੂ ਕਰਨ ਲਈ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਮੁਲਾਜ਼ਮਾਂ, ਔਰਤਾਂ, ਬੱਚਿਆਂ ਤੇ ਜਬਰ ਢਾਹ ਕੇ ਹੱਕ ਸੱਚ ਦੀ ਆਵਾਜ਼ ਨੂੰ ਬੰਦ ਕਰਵਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਆਪਣੇ ਹੱਕਾਂ ਲਈ ਤੇ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰ ਰਹੇ ਕਿਸਾਨਾਂ, ਮਜ਼ਦੂਰਾਂ, ਔਰਤਾਂ, ਅਧਿਆਪਕਾਂ ਨੂੰ ਸਰਕਾਰ ਵੱਲੋਂ ਝੂਠੇ ਪੁਲਸ ਕੇਸਾਂ ਤਹਿਤ ਲੰਮੇ ਸਮੇਂ ਲਈ ਜੇਲ੍ਹਾਂ ਵਿੱਚ ਬੰਦ ਰੱਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤੇ ਪੁਲਸ ਵੱਲੋਂ ਅੰਨ੍ਹਾ ਜਬਰ ਢਾਹਿਆ ਜਾ ਰਿਹਾ ਹੈ।ਕਿਸਾਨ ਆਗੂਆਂ ਨੇ ਸਮੂਹ ਇਨਸਾਫ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੇ ਇਸ ਜਬਰ ਵਿਰੁੱਧ ਸੰਗਰੂਰ ਵਿਖੇ 25 ਜੁਲਾਈ ਨੂੰ ਕੀਤੀ ਜਾ ਰਹੀ ਜ਼ਬਰ ਵਿਰੋਧੀ ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ।ਮੀਟਿੰਗ ਵਿੱਚ ਕਿਸਾਨ ਆਗੂ ਜਗਸੀਰ ਦੇ ਬੇਟੇ ਰਾਜਦੀਪ ਦੇ 24 ਜੁਲਾਈ ਨੂੰ ਝੁੰਬਾ ਵਿਖੇ ਭੋਗ ਸਮਾਗਮ ਤੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ।ਅੱਜ ਪਿੰਡ ਮਾਹੀ ਨੰਗਲ, ਲਾਲੇਆਣਾ, ਸੁਖਲੱਧੀ, ਜੀਵਨ ਸਿੰਘ ਵਾਲਾ, ਚੱਠੇਵਾਲਾ, ਲੇਲੇ ਵਾਲਾਤੇ ਤਲਵੰਡੀ ਸਾਬੋ ਵਿਖੇ ਪਿੰਡ ਪੱਧਰੀ ਮੀਟਿੰਗ ਕੀਤੀਆਂ।

ਇਨ੍ਹਾਂ ਮੀਟਿੰਗਾਂ ਵਿਚ ਸੰਗਤ ਬਲਾਕ ਦੇ ਪ੍ਰਧਾਨ ਰਾਮ ਸਿੰਘ ਕੋਟਗੁਰੂ, ਤਲਵੰਡੀ ਸਾਬੋ ਬਲਾਕ ਦੇ ਆਗੂ ਕੁਲਵਿੰਦਰ ਸਿੰਘ ਗਿਆਨਾ ਤੇ ਬਲਾਕ ਆਗੂ ਰਣਜੋਧ ਸਿੰਘ ਮਾਹੀ ਨੰਗਲ ਤੇ ਜੀਤ ਸਿੰਘ ਮਾਹੀ ਨੰਗਲ ਆਦਿ ਆਗੂ ਸ਼ਾਮਲ ਸਨ।

## ਨੈਸ਼ਨਲ ਹਾਈਵੇ 'ਤੇ ਭੇਦਭਰੇ ਹਾਲਾਤ 'ਚ 6 ਗਊ ਵੰਸ਼ਾਂ ਦੀ ਮੌਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬਠਿੰਡਾ ਬਰਨਾਲਾ ਨੈਸ਼ਨਲ ਹਾਈਵੇ ਮਾਰਗ 'ਤੇ ਸਥਿਤ ਰਿਲਾਇੰਸ ਪੈਟਰੋਲ ਪੰਪ ਤੋਂ ਲੈ ਕੇ ਮੌੜ ਚੌਕ ਤੱਕ ਭੇਦ ਭਰੇ ਹਾਲਾਤ ਵਿੱਚ 6 ਗਊ ਵੰਸ਼ਾਂ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਅਨੁਸਾਰ ਗਊ ਸੁਰੱਖਿਆ ਸੇਵਾ ਦਲ ਪੰਜਾਬ ਦੇ ਪ੍ਰਧਾਨ ਸੰਦੀਪ ਕੁਮਾਰ ਵਰਮਾ ਨੇ ਦੱਸਿਆ ਕਿ ਅੱਜ ਸੁਭਾ ਸਾਨੂੰ ਪਤਾ ਲੱਗਿਆ ਕਿ ਸੜਕ 'ਤੇ ਕਈ ਗਊ ਵੰਸ਼ਾਂ ਦੀਆਂ ਮ੍ਰਿਤਕ ਦੇਹਾਂ ਪਈਆਂ ਨੇ ਤਾਂ ਅਸੀਂ ਘਟਨਾ ਸਥਾਨ 'ਤੇ ਜਾ ਕੇ ਦੇਖਿਆ ਤਾਂ ਇੰਝ ਜਾਪ ਰਿਹਾ ਸੀ ਕਿ ਇਨ੍ਹਾਂ ਗਊ ਵੰਸ਼ਾਂ ਨੂੰ ਕਿਸੇ ਨਾਮਲੂਮ ਵਿਅਕਤੀਆਂ ਵੱਲੋਂ ਗੱਡੀ ਵਿੱਚ ਬੇਰਹਿਮੀ ਨਾਲ ਲੋਡ ਕਰਕੇ ਸੁੱਟਿਆ ਗਿਆ ਹੈ ਤਾਂ ਇਸ ਦੀ ਇਤਲਾਹ ਥਾਣਾ ਸਿਟੀ ਦੇ ਮੁਖੀ ਬੂਟਾ ਸਿੰਘ ਨੂੰ ਦਿੱਤੀ ਤਾਂ ਮੌਕੇ 'ਤੇ ਪਹੁੰਚੀ ਪੁਲਸ ਵੱਲੋਂ ਅਣਪਛਾਤੇ ਵਾਹਨ ਤੇ ਨਾਮਲੂਮ ਵਿਅਕਤੀਆਂ ਖਿਲਾਫ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਕੇ ਗੱਡੀ ਤੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਦੀ ਮੌਜੂਦਗੀ ਵਿੱਚ ਅਨਾਥ ਗਊ ਆਸ਼ਰਮ ਤੇ ਨੰਦੀ ਗਊਸ਼ਾਲਾ ਦੇ ਸਹਿਯੋਗ ਨਾਲ ਵੱਖ ਵੱਖ ਜਗ੍ਹਾ ਤੋਂ 6 ਗਊ ਵੰਸ਼ਾਂ ਦੀਆਂ ਮ੍ਰਿਤਕ ਦੇਹਾਂ ਨੂੰ ਚੁੱਕ ਕੇ ਫੂਲ ਰੋਡ 'ਤੇ ਬੀੜ ਵਿੱਚ ਪੋਸਟਮਾਰਟਮ ਕਰਵਾਇਆ ਗਿਆ। ਉਸ ਤੋਂ ਬਾਅਦ ਸਾਰੇ ਹੀ ਗਊ ਭਗਤਾਂ ਵੱਲੋਂ ਸਨਾਤਨ ਧਰਮ ਦੇ ਅਨੁਸਾਰ ਗਊ ਮਾਤਾ ਦਾ ਧਾਰਮਿਕ ਰੀਤੀ ਰਿਵਾਜਾਂ ਨਾਲ ਅੰਤਿਮ ਕਿਰਿਆ-ਕਰਮ ਕੀਤਾ ਗਿਆ।ਇਸ ਮੌਕੇ ਹਾਜ਼ਰ ਪੰਜਾਬ ਪ੍ਰਧਾਨ ਸ੍ਰੀ ਗਊ ਰਕਸ਼ਾ ਬਜਰੰਗ ਦਲ ਸਚਿਨ ਸ਼ਰਮਾ, ਸਾਹਿਲ ਕੁਮਾਰ, ਗੁਰਪ੍ਰੀਤ ਸਿੰਘ ਗੋਰਾ ਬੀਜੇਪੀ, ਸਹਾਰਾ ਸਮਾਜ਼ ਸੇਵਾ ਕੇਵਲ ਸਿੰਘ, ਹਰਜੀਵਨ ਸਿੰਘ, ਭੋਜ ਰਾਜ ਅਦਿ ਹਾਜ਼ਰ ਸਨ।

## ਵੱਖ-ਵੱਖ ਪਿੰਡਾਂ 'ਚੋਂ ਖੇਤੀ ਮੋਟਰਾਂ ਦੀਆਂ ਕੇਬਲ ਤਾਰਾਂ ਚੋਰੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਮਹਿਲ ਖੁਰਦ, ਖਿਆਲੀ ਤੇ ਮਹਿਲ ਕਲਾਂ ਵਿਖੇ ਚੋਰ ਗਰੋਹ ਵੱਲੋਂ ਬੀਤੀ ਰਾਤ ਕਿਸਾਨਾਂ ਦੀਆਂ ਦਰਜਨ ਦੇ ਕਰੀਬ ਮੋਟਰਾਂ ਦੀਆਂ ਕੇਬਲ ਤਾਰਾਂ ਚੋਰੀ ਕਰਕੇ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਪਹੁੰਚਾਇਆ ਹੈ।ਇਸ ਮੌਕੇ ਪੀੜਤ ਕਿਸਾਨਾਂ ਨੇ ਦੱਸਿਆ ਕਿ ਚੋਰ ਗਰੋਹ ਨੇ ਮਹਿਲ ਖੁਰਦ ਤੋਂ ਖਿਆਲੀ ਨੂੰ ਜਾਂਦੀ ਲਿੰਕ ਸੜਕ ਦੇ ਨਾਲ ਲੱਗਦੇ ਖੇਤਾਂ ਵਿੱਚ ਖੇਤੀ ਮੋਟਰਾਂ ਦੀਆਂ ਕੇਬਲਾਂ ਵੱਢ ਕੇ ਫਰਾਰ ਹੋ ਗਏ।ਕਿਸਾਨ ਭਗਵੰਤ ਸਿੰਘ ਮਹਿਲ ਖੁਰਦ, ਭਰਪੂਰ ਸਿੰਘਰ ਅਵਤਾਰ ਸਿੰਘ ਖਾਲਸਾ, ਪ੍ਰਗਟ ਸਿੰਘ, ਸਰਬਜੀਤ ਸਿੰਘ ਮਹਿਲ ਖੁਰਦ, ਗੁਰਜੰਟ ਸਿੰਘ ਮਹਿਲ ਕਲਾਂ ਦੇ ਖੇਤਾਂ 'ਚੋਂ ਮੋਟਰਾਂ ਦੀਆਂ ਕੇਬਲਾਂ ਵੱਢ ਲਈਆਂ ਗਈਆਂ।ਇਸੇ ਤਰ੍ਹਾਂ ਪਿੰਡ ਖਿਆਲੀ ਤੋਂ ਕੁਰੜ ਨੂੰ ਜਾਂਦੀ ਲਿੰਕ ਸੜਕ ਦੇ ਨੇੜਲੇ ਖੇਤਾਂ 'ਚ ਵੀ ਕੇਬਲ ਚੋਰੀ ਦੀਆਂ ਘਟਨਾਵਾਂ ਵਾਪਰੀਆਂ ਹਨ।ਜਿਵੇਂ ਕਿ ਕਿਸਾਨ ਸੁਖਵਿੰਦਰ ਸਿੰਘ ਵਾਸੀ ਖਿਆਲੀ, ਕੁਲਵੰਤ ਸਿੰਘ, ਰਾਜਵਿੰਦਰ ਸਿੰਘ ਦੀਆਂ ਮੋਟਰਾਂ ਦੀਆਂ ਕੇਬਲਾਂ ਚੋਰੀ ਹੋਣ ਦੀ ਖਬਰ ਹੈ।ਕਿਸਾਨਾਂ ਨੇ ਦੱਸਿਆ ਕਿ ਚੋਰੀ ਦੀ ਘਟਨਾ ਬਾਰੇ ਉਨ੍ਹਾਂ ਨੂੰ ਉਸ ਵੇਲੇ ਪਤਾ ਲੱਗਿਆ ਕਿ ਜਦੋਂ ਉਹ ਸਵੇਰ ਵੇਲੇ ਖੇਤ ਗੇੜਾ ਮਾਰਨ ਲਈ ਗਏ।ਆਏ ਦਿਨ ਵਾਪਰ ਰਹੀਆਂ ਚੋਰੀ ਦੀਆਂ ਘਟਨਾਵਾਂ ਤੋਂ ਦੁਖੀ ਕਿਸਾਨਾਂ ਨੇ ਐੱਸ ਐੱਸ ਪੀ ਬਰਨਾਲਾ ਪਾਸੋਂ ਇਨਸਾਫ ਦੀ ਮੰਗ ਕੀਤੀ ਹੈ।

## ਬਰਿੰਦਰ ਸ਼ਰਮਾ ਦੀ ਅਗਵਾਈ 'ਚ ਮੋਗਾ ਜ਼ਿਲ੍ਹਾ ਤਰੱਕੀ ਦੇ ਨਵੇਂ ਮੀਲ ਪੱਥਰ ਸਥਾਪਤ ਕਰੇਗਾ : ਰਾਜਾ ਮੱਲਕੇ

### ਸ਼ਰਮਾ ਦੀ ਜ਼ਿਲ੍ਹਾ ਪ੍ਰਧਾਨ ਵਜੋਂ ਨਿਯੁਕਤੀ ਸਾਡੇ ਖੇਤਰ ਲਈ ਮਾਣ ਵਾਲੀ ਗੱਲ




**ਸਮਾਲਸਰ (ਮਨੀ ਸਿੰਗਲਾ)**-ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੇ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ 'ਤੇ ਨਿਯੁਕਤ ਹੋਣ 'ਤੇ ਬਰਿੰਦਰ ਸ਼ਰਮਾ ਨੂੰ ਦਿਲੋਂ ਵਧਾਈ ਦਿੱਤੀ ਤੇ ਨਾਲ ਹੀ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਸਮਾਜਿਕ ਤੇ ਵਿਕਾਸ ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ। ਸਰਪੰਚ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਬਰਿੰਦਰ ਸ਼ਰਮਾ ਦੀ ਜ਼ਿਲ੍ਹਾ ਪ੍ਰਧਾਨ ਵਜੋਂ ਨਿਯੁਕਤੀ ਸਾਡੇ ਖੇਤਰ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਦੀ ਸਮਰਪਤ ਸੇਵਾ, ਸੂਝ-ਬੂਝ ਤੇ ਸਮਾਜ ਪ੍ਰਤੀ ਵਚਨਬੱਧਤਾ ਨੇ ਉਨ੍ਹਾਂ ਨੂੰ ਇਸ ਅਹੁਦੇ ਲਈ ਸਭ ਤੋਂ ਯੋਗ ਉਮੀਦਵਾਰ ਬਣਾਇਆ ਹੈ।ਮੈਨੂੰ ਪੂਰਨ ਵਿਸ਼ਵਾਸ ਹੈ ਕਿ ਉਹ ਆਪਣੀ ਲੀਡਰਸ਼ਿਪ ਨਾਲ ਜ਼ਿਲ੍ਹੇ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ 'ਤੇ ਲੈ ਜਾਣਗੇ ਤੇ ਸਥਾਨਕ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰਨਗੇ।ਆਪ ਸਰਕਾਰ ਦੀ ਪ੍ਰਸੰਸਾ ਕਰਦਿਆਂ ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਪ ਸਰਕਾਰ ਨੇ ਪੰਜਾਬ ਦੇ ਗ੍ਰਾਮੀਣ ਵਿਕਾਸ, ਸਿੱਖਿਆ, ਸਿਹਤ ਤੇ ਖੇਡਾਂ ਦੇ ਖੇਤਰ ਵਿੱਚ ਅਣਮਿੱਥੇ ਯਤਨ ਕੀਤੇ ਹਨ।ਬਾਘਾ ਪੁਰਾਣਾ ਹਲਕੇ ਵਿੱਚ ਪਿੰਡਾਂ ਲਈ ਕਰੋੜਾਂ ਰੁਪਏ ਦੀ ਰਾਸ਼ੀ ਨਾਲ ਮਾਡਲ ਖੇਡ ਮੈਦਾਨਾਂ ਦੀ ਸਥਾਪਨਾ ਵਰਗੀਆਂ ਪਹਿਲਕਦਮੀਆਂ ਸਰਕਾਰ ਦੀ ਦੂਰਅੰਦੇਸ਼ੀ ਤੇ ਨੌਜਵਾਨਾਂ ਪ੍ਰਤੀ ਵਚਨਬੱਧਤਾ ਦਾ ਸਬੂਤ ਹਨ।ਇਹ ਪ੍ਰਜੈਕਟ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਤੇ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਉਨ੍ਹਾਂ ਕਿਹਾ ਕਿ ਆਪ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੇ ਪੰਜਾਬ ਦੇ ਪਿੰਡਾਂ ਦੀ ਤਸਵੀਰ ਬਦਲਣ ਦਾ ਕੰਮ ਕੀਤਾ ਹੈ।ਸੀਵਰੇਜ ਸੁਧਾਰ, ਸੜਕਾਂ ਦੀ ਮੁਰੰਮਤ ਤੇ ਹੋਰ ਵਿਕਾਸ ਕਾਰਜਾਂ ਨੇ ਸਥਾਨਕ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਹੈ।ਬਰਿੰਦਰ ਸ਼ਰਮਾ ਦੀ ਅਗਵਾਈ ਤੇ ਸਰਕਾਰ ਦੇ ਸਹਿਯੋਗ ਨਾਲ ਸਾਡਾ ਜ਼ਿਲ੍ਹਾ ਸਮਾਜਿਕ ਤੇ ਆਰਥਿਕ ਤਰੱਕੀ ਦੇ ਨਵੇਂ ਮੀਲ ਪੱਥਰ ਸਥਾਪਤ ਕਰੇਗਾ।

ਸਰਪੰਚ ਨੇ ਸਥਾਨਕ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਬਰਿੰਦਰ ਸ਼ਰਮਾ ਦੀ ਲੀਡਰਸ਼ਿਪ ਤੇ ਆਪ ਸਰਕਾਰ ਦੀਆਂ ਵਿਕਾਸ ਪਹਿਲਕਦਮੀਆਂ ਦਾ ਸਮਰਥਨ ਕਰਨ ਲਈ ਇਕਜੁੱਟ ਹੋਣ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਂਝੇ ਯਤਨਾਂ ਨਾਲ ਜ਼ਿਲ੍ਹਾ ਖੁਸ਼ਹਾਲੀ ਤੇ ਸਮਰਪਣ ਦੀ ਮਿਸਾਲ ਬਣੇਗਾ।ਸਰਪੰਚ ਮੱਲਕੇ ਨੇ ਆਖਿਆ ਕਿ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਾਂਗ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਜ਼ਿਲ੍ਹਾ ਪ੍ਰਧਾਨ ਬਰਿੰਦਰ ਸ਼ਰਮਾ ਦੀ ਅਗਵਾਈ ਵਿੱਚ ਜ਼ਿਲ੍ਹੇ ਦੀਆਂ ਚਾਰੇ ਵਿਧਾਨ ਸਭਾ ਸੀਟਾਂ ਉੱਤੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਜਾਵੇਗੀ।

## ਉੱਭਾਵਾਲ ਦੇ ਸਰਕਾਰੀ ਸਕੂਲ ਵਿਖੇ ਤਰਕਸ਼ੀਲ ਪ੍ਰੋਗਰਾਮ

### *ਸੱਤਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਦਿੱਤੀ ਜਾਣਕਾਰੀ*



**ਸੰਗਰੂਰ (ਪ੍ਰਵੀਨ ਸਿੰਘ)**-ਲੋਕਾਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਲਈ ਯਤਨਸ਼ੀਲ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੇ ਆਗੂਆਂ ਸੁਰਿੰਦਰ ਪਾਲ ਉੱਪਲੀ, ਗੁਰਦੀਪ ਸਿੰਘ ਲਹਿਰਾ, ਮਾਸਟਰ ਗੁਰਜੰਟ ਸਿੰਘ ਤੇ ਮਨਧੀਰ ਸਿੰਘ ਅਧਾਰਤ ਤਰਕਸ਼ੀਲ ਟੀਮ ਵੱਲੋਂ ਵਿਦਿਆਰਥੀਆਂ ਅੰਦਰ ਵਿਗਿਆਨਕ ਚੇਤਨਾ ਵਿਕਸਤ ਕਰਨ ਹਿੱਤ ਚਲਾਈ ਮੁਹਿੰਮ ਦੀ ਲੜੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉੱਭਾਵਾਲ ਵਿਖੇ ਇਕ ਸਿੱਖਿਆਦਾਇਕ, ਭਾਵਪੂਰਤ ਤਰਕਸ਼ੀਲ ਪ੍ਰੋਗਰਾਮ ਦਿੱਤਾ।ਲੈਕਚਰਾਰ ਸੁਪਿੰਦਰਜੀਤ ਕੌਰ ਨੇ ਤਰਕਸ਼ੀਲ ਟੀਮ ਦਾ ਸਵਾਗਤ ਕਰਦਿਆਂ ਤਰਕਸ਼ੀਲਤਾ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਤਰਕਸ਼ੀਲ ਆਗੂ ਮਾਸਟਰ ਗੁਰਜੰਟ ਸਿੰਘ ਤੇ ਮਨਧੀਰ ਸਿੰਘ ਨੇ ਹਾਜ਼ਰੀਨ ਨੂੰ ਅੰਧਵਿਸ਼ਵਾਸ਼ਾਂ, ਵਹਿਮਾਂ ਭਰਮਾਂ, ਲਾਈਲਗਤਾ ਤੇ ਰੂੜੀਵਾਦੀ ਵਿਚਾਰਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੀ ਰੋਸ਼ਨੀ ਵਿੱਚ ਆਉਣ ਦਾ ਸੁਨੇਹਾ ਦਿੱਤਾ।ਇਸ ਮੌਕੇ ਆਗੂਆਂ ਨੇ ਸੱਤਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਜਾਣਕਾਰੀ ਦਿੰਦਿਆਂ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ।ਆਗੂਆਂ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ 6ਵੀਂ ਤੋਂ 12ਵੀਂ ਤੱਕ ਦੇ ਵਿਦਿਆਰਥੀ ਪ੍ਰੀਖਿਆ ਵਿੱਚ ਸ਼ਾਮਲ ਹੋ ਸਕਦੇ ਹਨ। ਐਂਟਰੀ ਫ਼ਾਰਮ ਪ੍ਰਾਪਤ ਕਰਨ ਦੀ ਅੰਤਿਮ ਮਿਤੀ 31 ਜੁਲਾਈ ਹੈ ਤੇ ਪ੍ਰੀਖਿਆ 29 ਤੇ 31 ਅਗਸਤ ਨੂੰ ਵੱਖ ਵੱਖ ਪ੍ਰੀਖਿਆ ਕੇਂਦਰਾਂ ਵਿੱਚ ਲਈ ਜਾਵੇਗੀ।ਸਕੂਲ ਆਪਣੀ ਮਰਜ਼ੀ ਮੁਤਾਬਿਕ ਕੋਈ ਇੱਕ ਮਿਤੀ ਚੁਣ ਸਕਦਾ ਹੈ।ਸਕੂਲ ਇੰਚਾਰਜ ਸ੍ਰੀਮਤੀ ਸੀਮਾ ਗੋਇਲ ਨੇ ਤਰਕਸ਼ੀਲ ਸੁਸਾਇਟੀ ਦੇ ਆਗੂਆਂ ਦਾ ਵਿਗਿਆਨਕ ਵਿਚਾਰਾਂ ਦਾ ਸੱਦਾ ਲੈ ਕੇ ਵਿਦਿਆਰਥੀਆਂ ਦੇ ਰੂਬਰੂ ਹੋਣ ਲਈ ਧੰਨਵਾਦ ਕਰਦਿਆਂ ਇਸ ਪ੍ਰੀਖਿਆ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਆ।ਇਸ ਤਰਕਸ਼ੀਲ ਪ੍ਰੋਗਰਾਮ ਵਿੱਚ ਸਮੂਹ ਸਟਾਫ ਨੇ ਸ਼ਮੂਲੀਅਤ ਕੀਤੀ।

## ਪ੍ਰਾਇਮਰੀ ਸਕੂਲ ਛੀਨੀਵਾਲ ਕਲਾਂ ਮੈਨੇਜਮੈਂਟ ਕਮੇਟੀ ਦੀ ਚੋਣ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਰਕਾਰੀ ਪ੍ਰਾਇਮਰੀ ਸਕੂਲ ਛੀਨੀਵਾਲ ਕਲਾਂ ਵਿਖੇ ਸਕੂਲ ਮੈਨੇਜਮੈਂਟ ਕਮੇਟੀ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ।ਇਸ ਸਬੰਧੀ ਹੈੱਡਮਾਸਟਰ ਲਖਵੀਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਸਰਬ ਸੰਮਤੀ ਨਾਲ ਚੇਅਰਮੈਨ ਸੁਖਵਿੰਦਰ ਸਿੰਘ ਛੀਨੀਵਾਲ, ਉੱਪ-ਚੇਅਰਮੈਨ ਰਮਨਦੀਪ ਕੌਰ ਚੁਣੇ ਗਏ।ਕਮੇਟੀ ਮੈਂਬਰ ਗੁਰਜੀਤ ਸਿੰਘ, ਵਿਸ਼ੇਸ਼ ਸੱਦਾ ਪੱਤਰ ਮੈਂਬਰ ਜਗਮੇਲ ਸਿੰਘ, ਲਖਵੀਰ ਸਿੰਘ, ਨਿਰਭੈ ਸਿੰਘ, ਜਰਨੈਲ ਸਿੰਘ, ਗੁਰਦਾਸ ਸਿੰਘ, ਹਰਮੇਲ ਸਿੰਘ, ਅਮਨਦੀਪ ਕੌਰ, ਜਸਪਾਲ ਕੌਰ, ਮਨਦੀਪ ਕੌਰ, ਭੋਲੀ ਕੌਰ, ਹਰਜਿੰਦਰ ਕੌਰ, ਅਧਿਆਪਕ ਮੈਂਬਰ ਮੈਡਮ ਅਮਨਦੀਪ ਕੌਰ, ਸਕੱਤਰ ਲਖਵੀਰ ਸਿੰਘ, ਸੇਵਾ ਮੁਕਤ ਅਧਿਆਪਕ ਭੋਲਾ ਸਿੰਘ ਚੁਣੇ ਗਏ।ਸਟਾਫ ਮੈਂਬਰ ਮੈਡਮ ਕੁਲਵਿੰਦਰ ਕੌਰ, ਮੈਡਮ ਸਰਬਜੀਤ ਕੌਰ ਹਾਜ਼ਰ ਸਨ।ਨਵੇਂ ਚੁਣੇ ਅਹੁਦੇਦਾਰਾਂ ਨੂੰ ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਸ਼ੀਰਾ ਛੀਨੀਵਾਲ, ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਦੇ ਪ੍ਰਧਾਨ ਸੁਖਮੰਦਰ ਸਿੰਘ, ਗੁਰਦੁਆਰਾ ਜੰਡਸਰ ਸਾਹਿਬ ਦੇ ਪ੍ਰਧਾਨ ਬਲਵੰਤ ਸਿੰਘ ਤੇ ਸਮੂਹ ਸਟਾਫ ਦੀ ਅਗਵਾਈ ਹੇਠ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆਂ ਆਪਣੇ ਵੱਲੋਂ ਇਸ ਵਿੱਦਿਅਕ ਅਦਾਰੇ ਦੇ ਸਰਬਪੱਖੀ ਵਿਕਾਸ ਲਈ ਹਰ ਸੰਭਵ ਸਹਿਯੋਗ ਦੇਣ ਦਾ ਵਿਸ਼ਵਾਸ ਦੁਆਇਆ।

## ਭਾਜਪਾ ਵੱਲੋਂ ਕੇਂਦਰ ਦੀਆਂ ਲਾਭਕਾਰੀ ਸਕੀਮਾਂ ਬਾਰੇ ਰਾਹਤ ਕੈਂਪ



**ਬੋਹਾ (ਨਿਰੰਜਣ ਬੋਹਾ)**-ਭਾਰਤੀ ਜਨਤਾ ਪਾਰਟੀ ਬਲਾਕ ਬੋਹਾ ਵੱਲੋਂ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਆਮ ਲੋਕਾਂ ਤੱਕ ਪਹੁੰਚਾਉਣ ਲਈ ਇੱਕ ਕੈਂਪ ਪੰਜਾਬ ਮਹਾਵੀਰ ਦਲ ਧਰਮਸ਼ਾਲਾ ਬੋਹਾ ਵਿਖੇ ਕੀਤਾ ਗਿਆ।ਲਵਇੰਦਰ ਸਿੰਘ ਲਾਡੀ ਤੇ ਰਾਣਾ ਰਣਵੀਰ ਸਿੰਘ ਦੀ ਅਗਵਾਈ ਹੇਠ ਲੱਗੇ ਇਸ ਕੈਂਪ ਨੂੰ ਸੰਬੋਧਨ ਕਰਦਿਆਂ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਮਾਨਸਾ ਦੇ ਸੀਨੀਅਰ ਮੀਤ ਪ੍ਰਧਾਨ ਕਾਕਾ ਅਮਰਿੰਦਰ ਸਿੰਘ ਦਾਤੇਵਾਸ ਨੇ ਕਿਹਾ ਕਿ ਭਾਜਪਾ ਵੱਲੋਂ ਮੋਦੀ ਸਰਕਾਰ ਦੀਆਂ ਸਕੀਮਾਂ ਹਰ ਲੋੜਵੰਦ ਤੱਕ ਪਹੁੰਚਾਉਣ ਲਈ ਇਹ ਕੈਂਪਾਂ ਵਾਰਡ ਤੇ ਪਿੰਡਾਂ ਪੱਧਰ ਤੇ ਲਗਾਤਾਰ ਲਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਕੋਸ਼ਿਸ਼ ਹੈ ਕਿ ਜੋ ਕੋਈ ਵੀ ਲੋੜਵੰਦ ਕੇਂਦਰੀ ਸਕੀਮਾਂ ਤੋਂ ਵਾਂਝਾ ਨਾ ਰਹੇ।ਇਸ ਸਮੇਂ ਬੁਢਾਪਾ ਪੈਨਸ਼ਨ, ਪ੍ਰਧਾਨ ਮੰਤਰੀ ਅਵਾਸ ਯੋਜਨਾ ਤੇ ਸਿਹਤ ਬੀਮਾ ਸਕੀਮ ਦੇ ਫਾਰਮ ਵੀ ਭਰੇ ਗਏ।ਇਸ ਕੈਂਪ ਵਿੱਚ ਹੋਰਨਾਂ ਤੋਂ ਇਲਾਵਾ ਲਖਵਿੰਦਰ ਸਿੰਘ, ਸੋਨੀ ਸਿੰਘ, ਹੈਪੀ ਬੋਹਾ, ਭੀਮ ਸੈਨ, ਦਰਸ਼ਨ ਗੰਢੂਆ, ਰਣਵੀਰ ਸਿੰਘ, ਭਾਜਪਾ ਆਗੂ ਅਮਨਦੀਪ ਗੁਰੂ ਆਦਿ ਮੌਜੂਦ ਰਹੇ।

## ਹਲਕੇ ਦੇ ਵਿਕਾਸ ਕਾਰਜਾਂ ਲਈ ਸਦਾ ਯਤਨਸ਼ੀਲ ਹਾਂ : ਬੁੱਧ ਰਾਮ

### *ਅੱਕਾਂਵਾਲੀ ਵਿਖੇ ਕੀਤਾ ਵਾਟਰ ਵਰਕਸ ਦਾ ਉਦਘਾਟਨ*



**ਬੁਢਲਾਡਾ/ਬੋਹਾ (ਅਸ਼ੋਕ ਲਾਕੜਾ/ਨਿਰੰਜਣ ਬੋਹਾ)**-ਪਿੰਡ ਅੱਕਾਂਵਾਲੀ ਦੇ ਨਿਵਾਸੀਆਂ ਦੀ ਲੰਬੇ ਸਮੇਂ ਦੀ ਮੰਗ ਨੂੰ ਪੂਰੀ ਕਰਦਿਆਂ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪ੍ਰਾਪਤ 2 ਕਰੋੜ 60 ਲੱਖ ਰੁਪਏ ਦੀ ਗਰਾਂਟ ਨਾਲ ਬਣਨ ਵਾਲੇ ਨਵੇਂ ਵਾਟਰ ਵਰਕਸ ਦਾ ਨੀਂਹ ਪੱਥਰ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਰੱਖਿਆ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚਰਨਜੀਤ ਸਿੰਘ ਅੱਕਾਂਵਾਲੀ ਹਾਜ਼ਰ ਸਨ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਉਹ ਹਲਕੇ ਦੇ ਵਿਕਾਸ ਲਈ ਸਦਾ ਯਤਨਸ਼ੀਲ ਰਹਿੰਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਕੋਲ ਫੰਡਾਂ ਦੀ ਕਮੀ ਨਹੀਂ ਹੈ। ਲੋਕਾਂ ਦੇ ਸਹਿਯੋਗ ਤੇ ਸਾਡੇ ਸਾਂਝੇ ਉਪਰਾਲਿਆਂ ਸਦਕਾ ਪਿੰਡਾਂ ਦੇ ਵਿਕਾਸ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ।ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਨੇ ਕਿਹਾ ਕਿ ਨਵੇਂ ਵਾਟਰ ਵਰਕਸ ਦੇ ਨੀਂਹ ਪੱਥਰ ਰੱਖੇ ਜਾਣ ਨਾਲ ਪਿੰਡ ਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਉਨ੍ਹਾਂ ਸਮੂਹ ਨਗਰ ਵਾਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਇਕ ਬੁੱਧ ਰਾਮ ਦਾ ਧੰਨਵਾਦ ਕੀਤਾ।ਇਸ ਮੌਕੇ ਚੇਅਰਮੈਨ ਰਣਜੀਤ ਸਿੰਘ ਫਰੀਦਕੇ, ਐੱਸ ਡੀ ਓ ਕਰਮਜੀਤ ਸਿੰਘ, ਜੇ ਈ ਕਰਮਜੀਤ ਸਿੰਘ, ਪਿੰਡ ਦੇ ਸਰਪੰਚ ਸਾਹਿਬ, ਪੰਚ ਸਾਹਿਬਾਨ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ...ਸਫ਼ਾ 1 ਦੇ ਬਾਕੀ

### ਸੁਖਬੀਰ ਨੇ ਪ੍ਰਿੰਸੀਪਲ ਸੁਖਵਿੰਦਰ...

ਬਣਾਇਆ। ਇਸ ਤੋਂ ਪਹਿਲਾਂ ਆਜ਼ਾਦ ਧੜੇ ਨੇ ਬਿਨਾਂ ਕਿਸੇ ਸ਼ਰਤ ਦੇ ਅਕਾਲੀ ਦਲ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ। ਸੁਖਬੀਰ ਬਾਦਲ ਨੇ ਕਿਹਾ ਕਿ ਪੰਜਾਬ ਦੀ ਅਸਲੀ ਸਿਆਸੀ ਲੜਾਈ ਮਾਝੇ ਦੀ ਧਰਤੀ ਤੋਂ ਅੱਜ ਤੋਂ ਸ਼ੁਰੂ ਹੋ ਰਹੀ ਹੈ। ਝਬਾਲ ਉਹੀ ਧਰਤੀ ਹੈ, ਜਿੱਥੇ ਦੀ ਮਾਈ ਭਾਗੋ ਨੇ ਜਬਰ ਖਿਲਾਫ ਲੜਾਈ ਸ਼ੁਰੂ ਕੀਤੀ ਸੀ। ਸੁਖਬੀਰ ਨੇ ਕਿਹਾ ਕਿ ਇਤਿਹਾਸ ਜਾਣਦਾ ਹੈ ਕਿ ਗਿੱਦੜਬਾਹਾ ਤੇ ਅਜਨਾਲਾ ਦੀਆਂ ਜ਼ਿਮਨੀ ਚੋਣਾਂ 'ਚ ਅਕਾਲੀ ਦਲ ਦੇ ਹੱਕ 'ਚ ਜਿਵੇਂ ਦਾ ਮਾਹੌਲ ਬਣਿਆ ਸੀ, ਉਸੇ ਦੇ ਨਤੀਜੇ ਵਜੋਂ ਪੰਜਾਬ 'ਚ ਅਕਾਲੀ ਦਲ ਦੀਆਂ ਸਰਕਾਰਾਂ ਬਣੀਆਂ ਸਨ। ਹੁਣ ਤਰਨ ਤਾਰਨ ਵਿਧਾਨ ਸਭਾ ਹਲਕੇ 'ਚ ਵੀ ਉਹੀ ਮਾਹੌਲ ਹੈ। 2027 ਦੀਆਂ ਚੋਣਾਂ 'ਚ ਅਕਾਲੀ ਦਲ ਦੀ ਸਰਕਾਰ ਬਣੇਗੀ, ਕਿਉਂਕਿ ਪੰਜਾਬੀਆਂ ਦੀ ਪਾਰਟੀ ਸਿਰਫ ਅਕਾਲੀ ਦਲ ਹੀ ਹੈ। ਨਗਰ ਕੌਂਸਲ ਤਰਨ ਤਾਰਨ ਦੀਆਂ ਚੋਣਾਂ 'ਚ ਅੱਠ ਸੀਟਾਂ 'ਤੇ ਜਿੱਤ ਦਰਜ ਕਰਨ ਤੋਂ ਬਾਅਦ ਆਜ਼ਾਦ ਧੜੇ ਦਾ ਸਿਆਸੀ ਗ੍ਰਾਫ ਪੂਰੀ ਤਰ੍ਹਾਂ ਨਿਖਰ ਕੇ ਸਾਹਮਣੇ ਆਇਆ, ਜਿਸ ਦੇ ਬਲਬੂਤੇ ਆਜ਼ਾਦ ਧੜੇ ਵੱਲੋਂ ਝਬਾਲ 'ਚ ਰੱਖੀ ਰੈਲੀ 'ਚ ਸੁਖਬੀਰ ਸਿੰਘ ਬਾਦਲ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੀ ਅਗਵਾਈ 'ਚ 43 ਸਰਪੰਚਾਂ, 8 ਕੌਂਸਲਰਾਂ ਅਤੇ 4 ਸਾਬਕਾ ਚੇਅਰਮੈਨਾਂ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਰੈਲੀ ਵਿਚ ਪੁੱਜਣ ਵਾਲਿਆਂ 'ਚ ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਸੰਧੂ, ਅਲਵਿੰਦਰਪਾਲ ਸਿੰਘ ਪੱਖੋਕੇ, ਕੋਰ ਕਮੇਟੀ ਮੈਂਬਰ ਗੌਰਵਦੀਪ ਸਿੰਘ ਵਲਟੋਹਾ, ਗੁਰਸੇਵਕ ਸਿੰਘ ਸੇਖ, ਸਰਪੰਚ ਬੀਬੀ ਮਨਜੀਤ ਕੌਰ ਬਾਠ, ਸੀਨੀਅਰ ਆਗੂ ਤੇ ਸਾਬਕਾ ਸਰਪੰਚ ਪਰਮਜੀਤ ਸਿੰਘ ਗੱਗੋਬੂਹਾ, ਪੂਰਨ ਸਿੰਘ ਅੱਡਾ ਝਬਾਲ, ਸਰਪੰਚ ਸੋਨੂੰ ਦੋਦੇ, ਰਾਮ ਸਿੰਘ ਨਾਮਧਾਰੀ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾ, ਸਾਬਕਾ ਚੇਅਰਮੈਨ ਤੇਗਾ ਸਿੰਘ ਸੋਹਲ, ਸਤਨਾਮ ਸਿੰਘ ਮੀਆਂਪੁਰ, ਦਲਜੀਤ ਸਿੰਘ ਐਮਾਂ, ਸਾਬਕਾ ਚੇਅਰਮੈਨ ਸੁਖਰਾਜ ਸਿੰਘ ਸੋਹਲ, ਸ਼੍ਰੋਮਣੀ ਕਮੇਟੀ ਮੈਂਬਰ ਖੁਸ਼ਵਿੰਦਰ ਸਿੰਘ ਖਾਪੜਖੇੜੀ, ਸ਼੍ਰੋਮਣੀ ਕਮੇਟੀ ਮੈਂਬਰ ਗੁਰਬਚਨ ਸਿੰਘ ਕਰਮੂੰਵਾਲ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਸੁਖਜਿੰਦਰ ਸਿੰਘ ਕਸੇਲ, ਸਾਬਕਾ ਸਰਪੰਚ ਜੱਗਾ ਸਵਰਗਾਪੁਰੀ, ਅਮਰਿੰਦਰ ਸਿੰਘ ਮਾਣਕ, ਗੁਰਸਾਹਿਬ ਸਿੰਘ ਮਾਣਕਪੁਰਾ, ਸਰਪੰਚ ਮਾਹਬੀਰ ਸਿੰਘ ਚੀਮਾ, ਸਾਬਕਾ ਸਰਪੰਚ ਮੰਗਲ ਸਿੰਘ ਖੈਰਦੀ, ਸਾਬਕਾ ਸਰਪੰਚ ਬੱਬਾ ਮੱਝੂਪੁਰ, ਸਾਬਕਾ ਸਰਪੰਚ ਪਰਮਜੀਤ ਸਿੰਘ ਬਘਿਆੜੀ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ, ਨਛੱਤਰ ਸਿੰਘ ਆਈ ਟੀਮ ਵਿੰਗ ਦੇ ਪ੍ਰਧਾਨ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਸਾਬਕਾ ਚੇਅਰਮੈਨ ਪ੍ਰਭਜੋਤ ਸਿੰਘ ਕੋਟ, ਸਾਬਕਾ ਸਰਪੰਚ ਗੁਰਿੰਦਰ ਸਿੰਘ ਬਾਬਾ ਲੰਗਾਹ, ਸੁਖਜਿੰਦਰ ਸਿੰਘ ਵਿੱਕੀ ਪੰਜਵੜ, ਸੂਬੇਦਾਰ ਜਗਰੂਪ ਸਿੰਘ ਕਸੇਲ, ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ, ਪ੍ਰਦੀਪ ਸਿੰਘ ਕਸੇਲ, ਗੁਰਬਿੰਦਰ ਸਿੰਘ ਚੀਮਾ, ਹੀਰਾ ਸਿੰਘ ਚੀਮਾ, ਸਾਬਕਾ ਸਰਪੰਚ ਪ੍ਰੀਤਇੰਦਰ ਸਿੰਘ, ਮਨਜੀਤ ਸਿੰਘ ਭੂਰੀਵਾਲੇ ਹਾਜ਼ਰ ਸਨ।

## ਸੁਸ਼ਾਂਤ ਸਿਟੀ-2 ਨੂੰ ਹਰਿਆ-ਭਰਿਆ ਬਣਾਉਣ ਲਈ ਮੁਹਿੰਮ ਚਲਾਈ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਸੁਰੱਖਿਅਤ ਰੱਖਣ ਲਈ ਲਈ ਅੱਜ ਸੁਸ਼ਾਂਤ ਸਿਟੀ-2 ਵਿਖੇ ਵੱਡੀ ਪੱਧਰ 'ਤੇ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ।ਮੁਹਿੰਮ ਦੀ ਸ਼ੁਰੂਆਤ ਸੁਪਰ ਸੀਨੀਅਰ ਸਿਟੀਜਨਜ਼ ਵੱਲੋਂ ਕੀਤੀ ਗਈ।ਇਸ ਸਮੇਂ ਮੌਰਸਲੀ, ਚੱਕਰੇਸੀਆ, ਸੁਖਚੈਨ ਆਦਿ ਪੌਦੇ ਲਗਾਏ ਗਏ।ਰੈਜ਼ੀਡੈਂਟਸ ਸੁਸ਼ਾਂਤ ਸਿਟੀ ਟੂ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸਰਦਾਰ ਨਿਰਮਲ ਸਿੰਘ ਨੇ ਦੱਸਿਆ ਕਿ 'ਮਿਸ਼ਨ ਹਰਿਅਵਲ ਸੁਸ਼ਾਂਤ-2' ਦੇ ਬੈਨਰ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਕਲੌਨੀ ਵਾਸੀਆਂ ਵੱਲੋਂ ਪੂਰੇ ਡਰੈੱਸ ਕੋਡ ਵਿੱਚ ਹਰਿਆਵਲ ਮਿਸ਼ਨ ਦੀਆਂ ਸ਼ਰਟਾਂ ਪਹਿਨ ਕੇ ਲਗਭਗ 1100 ਪੌਦੇ ਕਲੌਨੀ ਵਿੱਚ ਲਗਾਏ ਜਾਣਗੇ ਤੇ ਇਨ੍ਹਾਂ ਦੀ ਦੇਖਭਾਲ ਲਈ ਕਲੌਨੀ ਵਾਸੀਆਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ। ਇਸ ਮੌਕੇ ਸਭ ਤੋਂ ਛੋਟੀ ਉਮਰ ਦੇ ਬੱਚੇ ਜੈਪਰਾਜ ਸੰਧੂ ਦੇ ਮਾਪਿਆਂ ਵੱਲੋਂ ਆਪਣੇ ਬੱਚੇ ਦੇ ਜਨਮ ਦੀ ਖੁਸ਼ੀ ਵਿੱਚ ਵੀ ਪੌਦੇ ਲਗਾਏ ਗਏ।ਕਲੌਨੀ ਵਸਨੀਕ ਬਲਦੇਵ ਸਿੰਘ ਸਰਾਂ ਸਾਬਕਾ ਚੇਅਰਮੈਨ ਪੀਐਸਪੀਸੀਐਲ ਨੇ ਸਮੂਹ ਕਲੌਨੀ ਵਾਸੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਉਨ੍ਹਾਂ ਦੀ ਦੇਖ-ਭਾਲ ਕਰਨ ਲਈ ਅਪੀਲ ਕੀਤੀ।ਇਸ ਮੁਹਿੰਮ ਨੂੰ ਸਫਲ ਬਣਾਉਣ ਮੈਨੇਜਮੈਂਟ ਸੁਸ਼ਾਂਤ ਸਿਟੀ-2, ਸੁਸ਼ਾਂਤ ਸਿਟੀ ਇਨਕਲੇਵ ਦੇ ਸ੍ਰੀ ਸੁਰੇਸ਼, ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਤੇ ਵੱਡੀ ਗਿਣਤੀ ਵਿੱਚ ਕਲੌਨੀ ਵਾਸੀਆਂ ਦਾ ਸਹਿਯੋਗ ਰਿਹਾ।ਇਸ ਮੌਕੇ ਸਾਉਣ ਮਹੀਨੇ ਨੂੰ ਸਮਰਪਤ ਸਾਡੇ ਸੱਭਿਆਚਾਰ ਦਾ ਪ੍ਰਤੀਕ ਗੁਲਗਲਿਆਂ ਦਾ ਲੰਗਰ ਲਗਾਇਆ ਗਿਆ।

## ਕੰਪਿਊਟਰ ਅਧਿਆਪਕਾਂ ਨਾਲ ਕੀਤੇ ਵਾਅਦੇ ਤੁਰੰਤ ਪੂਰੇ ਕਰੇ ਸਰਕਾਰ : ਸੱਤ ਪ੍ਰਤਾਪ ਸਿੰਘ

### *ਹਲਕਾ ਵਿਧਾਇਕ ਨੂੰ ਵਫ਼ਦ ਦੇ ਰੂਪ 'ਚ ਸੌਂਪਿਆ ਮੰਗ ਪੱਤਰ*



**ਮਾਨਸਾ (ਆਤਮਾ ਸਿੰਘ ਪਮਾਰ)**-ਕੰਪਿਊਟਰ ਅਧਿਆਪਕ ਯੂਨੀਅਨ ਮਾਨਸਾ ਨੇ ਜ਼ਿਲ੍ਹਾ ਪ੍ਰਧਾਨ ਸੱਤ ਪ੍ਰਤਾਪ ਸਿੰਘ ਭੀਖੀ ਦੀ ਅਗਵਾਈ 'ਚ ਸੂਬਾ ਪੱਧਰੀ ਬੈਠਕ ਦੌਰਾਨ ਉਲੀਕੇ ਗਏ ਪ੍ਰੋਗਰਾਮ ਤਹਿਤ ਹਲਕਾ ਵਿਧਾਇਕ ਮਾਨਸਾ ਡਾ. ਵਿਜੇ ਸਿੰਗਲਾ ਨੂੰ ਉਨ੍ਹਾਂ ਦੀ ਰਿਹਾਇਸ਼ 'ਤੇ ਮਿਲ ਕੇ ਆਪਣੀਆਂ ਮੁੱਖ ਮੰਗਾਂ ਤੋਂ ਜਾਣੂ ਕਰਵਾਉਂਦਿਆਂ ਸਰਕਾਰ ਪਾਸੋਂ ਮੰਗਾਂ ਮਸਲਿਆਂ ਨੂੰ ਪੂਰਾ ਕਰਨ ਲਈ ਇੱਕ ਮੰਗ ਪੱਤਰ ਵੀ ਸੌਂਪਿਆ।ਮੰਗ ਪੱਤਰ ਦਿੰਦੇ ਸਮੇਂ ਕੰਪਿਊਟਰ ਅਧਿਆਪਕਾਂ ਨੇ ਵਿਧਾਇਕ ਨੂੰ ਦੱਸਿਆ ਕਿ ਉਨ੍ਹਾਂ ਦੀ ਮੁੱਖ ਮੰਗ ਸਿੱਖਿਆ ਵਿਭਾਗ ਵਿੱਚ ਰਲੇਵਾਂ, ਪੰਜਾਬ ਸਿਵਲ ਸਰਵਿਸਜ਼ ਨਿਯਮ ਤੇ ਛੇਵਾਂ ਤਨਖਾਹ ਕਮਿਸ਼ਨ ਲਾਗੂ ਕਰਵਾਉਣਾ ਆਦਿ ਹਨ।ਹਲਕਾ ਵਿਧਾਇਕ ਨੇ ਵਿਸ਼ਵਾਸ ਦਿਵਾਇਆ ਕਿ ਤੁਹਾਡਾ ਮੰਗ ਪੱਤਰ ਸਰਕਾਰ ਤੱਕ ਪੁੱਜਦਾ ਕਰਕੇ ਮੰਗਾਂ ਪੂਰੀਆਂ ਕਰਨ ਦੀ ਸਿਫਾਰਸ਼ ਵੀ ਸਰਕਾਰ ਨੂੰ ਕਰਨਗੇ।ਇਸ ਸਮੇਂ ਗੁਰਪ੍ਰੀਤ ਸਿੰਘ, ਜਗਰਾਜ ਸਿੰਘ, ਗੁਰਸ਼ਰਨ ਕੌਰ, ਰਾਜਦੀਪ ਮੌਂਦਗਿਲ, ਰਾਜਦੀਪ ਸਿੰਘ ਹੀਰੋਂ, ਰਾਜ਼ੀਵ ਕੁਮਾਰ, ਯੋਗਰਾਜ, ਨਰਿੰਦਰ ਕੁਮਾਰ, ਰਣਜੀਤ ਕੁਮਾਰ, ਕੁਲਵਿੰਦਰ ਸਿੰਘ, ਮੈਡਮ ਰਕਸ਼ਾ ਤੇ ਮੰਜੂ ਬੱਤਰਾ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਆਮ ਆਦਮੀ ਪਾਰਟੀ ਦੀ ਸਰਕਾਰ ਬੁਰੀ ਤਰ੍ਹਾਂ ਫੇਲ੍ਹ : ਡਾ. ਲੱਖਾ/ਸੀਰਾ



**ਹਠੂਰ (ਨਛੱਤਰ ਸੰਧੂ)**-ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋ ਚੁੱਕੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਜਗਰਾਉਂ ਦੇ ਸੀਨੀਅਰ ਕਾਂਗਰਸੀ ਆਗੂ ਡਾ. ਬਲਜਿੰਦਰ ਸਿੰਘ ਲੱਖਾ ਤੇ ਸਾਬਕਾ ਸਰਪੰਚ ਜਗਸੀਰ ਸਿੰਘ ਸੀਰਾ ਲੱਖਾ ਨੇ ਇਥੇ ਇਕ ਪ੍ਰੈੱਸ ਮਿਲਣੀ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਹਰ ਪਾਸੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਹੋਣ ਕਾਰਨ ਲੋਕਾਂ 'ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਲੋਕ ਸਰਕਾਰੇ-ਦਰਬਾਰੇ ਇਨਸਾਫ਼ ਲੈਣ ਲਈ ਦਫ਼ਤਰਾਂ ਦੇ ਚੱਕਰ ਲਗਾ ਰਹੇ ਹਨ।ਪੰਜਾਬ ਵਿੱਚ ਵਿਕਾਸ ਨਾਮ ਦੀ ਕੋਈ ਚੀਜ਼ ਨਹੀਂ ਹੈ।ਪਿੰਡਾਂ ਤੇ ਸ਼ਹਿਰਾਂ ਦੇ ਲੋਕ ਬੁਨਿਆਦੀ ਸਹੂਲਤਾਂ ਨੂੰ ਤਰਸ ਰਹੇ ਹਨ।ਨਸ਼ਿਆਂ ਦਾ ਢਿੰਡੋਰਾ ਪਿੱਟਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਵਿੱਚ ਪਹਿਲਾਂ ਨਾਲੋਂ ਵੀ ਨਸ਼ਿਆਂ ਦੇ ਦਰਿਆ ਵਧ ਰਹੇ ਹਨ।ਪਿੰਡਾਂ ਦੀਆਂ ਪੰਚਾਇਤਾਂ ਨੂੰ ਹਾਲੇ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਪੈਸਾ ਵੀ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਖਰੜ ਤੋਂ ਆਪ ਦੀ ਵਿਧਾਇਕਾ ਅਨਮੋਲ ਗਗਨ ਮਾਨ ਪਹਿਲਾਂ ਮੰਤਰੀ ਹੁੰਦਿਆਂ ਕਿਸਾਨਾਂ ਨੂੰ ਇੱਕ ਚੁਟਕੀ ਵਿੱਚ ਐੱਮ.ਐੱਸ.ਪੀ. ਦੇਣ ਦੀਆਂ ਗੱਲਾਂ ਕਰਦੀ ਸੀ, ਪਰ ਹੁਣ ਤਾਂ ਭਗਵੰਤ ਮਾਨ ਦੀ ਸਰਕਾਰ ਤੋਂ ਅਸਤੀਫਾ ਦੇ ਕੇ ਇਹ ਸਾਬਿਤ ਕਰ ਰਹੀ ਆ ਕਿ ਇਸ ਸਰਕਾਰ ਦੇ ਵਿਧਾਇਕ ਪੰਜਾਬ ਦੇ ਲੋਕਾਂ ਨਾਲ ਧੋਖੇ ਕਰਨ 'ਤੇ ਹੋ ਚੁੱਕੇ ਹਨ ਅਤੇ ਵੋਟਾਂ ਪ੍ਰਾਪਤ ਕਰਨ ਤੋਂ ਬਾਅਦ ਲੋਕਾਂ ਦੀ ਸਾਰ ਤੱਕ ਨਹੀਂ ਲੈਂਦੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮਜ਼ਦੂਰ ਮੁਕਤੀ ਮੋਰਚਾ ਵੱਲੋਂ ਪੁਲਸ ਚੌਕੀ ਨੌਸ਼ਹਿਰਾ ਮੱਝਾ ਸਿੰਘ ਅੱਗੇ ਰੋਸ ਧਰਨਾ

## ● ਜਿੰਦਾ ਮਸੀਹ ਨਾਲ ਧੱਕੇਸ਼ਾਹੀ ਤੇ ਕੁੱਟਮਾਰ ਕਰਨ ਵਾਲਿਆਂ ਖਿਲਾਫ ਮੁਕੱਦਮਾ ਦਰਜ ਕਰਨ ਦੀ ਮੰਗ ਦੁਹਰਾਈ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਮਜ਼ਦੂਰ ਮੁਕਤੀ ਮੋਰਚਾ ਵੱਲੋਂ ਪੁਲਸ ਜ਼ਿਲ੍ਹਾ ਬਟਾਲਾ ਅਧੀਨ ਪੈਂਦੇ ਥਾਣਾ ਸੇਖਵਾਂ ਦੀ ਪੁਲਸ ਚੌਕੀ ਨੌਸ਼ਹਿਰਾ ਮੱਝਾ ਸਿੰਘ ਦੇ ਮੂਹਰੇ ਰੋਸ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਮੋਰਚੇ ਦੇ ਸੂਬਾ ਜਾਇੰਟ ਸਕੱਤਰ ਵਿਜੇ ਕੁਮਾਰ ਸੋਹਲ, ਜ਼ਿਲ੍ਹਾ ਪ੍ਰਧਾਨ ਬਲਬੀਰ ਭੋਲਾ ਅਤੇ ਏਕਟੂ ਦੇ ਜ਼ਿਲ੍ਹਾ ਆਗੂ ਪ੍ਰੇਮ ਮਸੀਹ ਸੋਨਾ ਨੇ ਕਿਹਾ ਕਿ 10 ਜੁਲਾਈ ਨੂੰ ਪਿੰਡ ਰੇਲ ਵਾਲੇ ਛੀਨਾ ਵਿੱਚ ਮਜ਼ਦੂਰ ਆਗੂ ਜਿੰਦਾ ਮਸੀਹ ਅਤੇ ਉਸ ਦੇ ਪਰਿਵਾਰ ਦੇ ਤਿੰਨ ਮੈਂਬਰਾਂ ਨੂੰ ਪਿੰਡ ਦੇ ਉੱਚ ਜਾਤੀ ਪਰਿਵਾਰ ਦੇ ਵਿਅਕਤੀਆ ਵੱਲੋਂ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ ਗਿਆ ਸੀ ਅਤੇ ਇਸ ਮਜ਼ਦੂਰ ਪਰਿਵਾਰ ਦੇ ਤੂੜੀ ਦੇ ਮੂਸਲ ਅਤੇ ਡੰਗਰਾਂ ਵਾਲੇ ਢਾਰ੍ਹੇ ਨੂੰ ਅੱਗ ਲਾ ਕੇ ਫੂਕ ਦਿੱਤਾ ਸੀ। ਉਚ ਜਾਤੀ ਦੇ ਪਰਿਵਾਰ ਵੱਲੋਂ ਇਸ ਗਰੀਬ ਪਰਿਵਾਰ ਦੇ ਕਰੀਬ ਚਾਰ ਮਰਲੇ ਪਲਾਟ ਉੱਪਰ ਜਬਰੀ ਕਬਜ਼ਾ ਕਰਨ ਲਈ ਇਹ ਧੱਕੇਸ਼ਾਹੀ ਕੀਤੀ ਗਈ। ਜਦੋਂ ਇਸ ਮਜ਼ਦੂਰ ਪਰਿਵਾਰ ਦੇ ਚਾਰ ਜ਼ਖਮੀ ਮੈਂਬਰ ਸਰਕਾਰੀ ਹਸਪਤਾਲ ਨੌਸ਼ਹਿਰਾ ਮੱਝਾ ਸਿੰਘ ਵਿੱਚ ਇਲਾਜ ਲਈ ਪਹੁੰਚੇ ਤਾਂ ਭੂਤਰੇ ਹੋਏ ਉੱਚ ਜਾਤੀ ਦੇ ਲੋਕਾਂ ਵੱਲੋਂ ਨੌਸ਼ਹਿਰਾ ਮੱਝਾ ਸਿੰਘ ਦੇ ਬਾਜ਼ਾਰ ਵਿੱਚ ਮਜ਼ਦੂਰ ਆਗੂ ਜਿੰਦਾ ਮਸੀਹ ਉਪਰ ਫਿਰ ਜਾਨਲੇਵਾ ਹਮਲਾ ਕਰ ਦਿੱਤਾ ਅਤੇ ਹਮਲਾਵਰਾਂ ਨੇ ਜਿੰਦਾ ਮਸੀਹ ਦੀ ਬੇਤਹਾਸ਼ਾ ਕੁੱਟਮਾਰ ਕੀਤੀ ਅਤੇ ਉਸਦਾ ਮੋਬਾਈਲ ਅਤੇ 20 ਹਜਾਰ ਰੁਪਿਆ ਖੋਹ ਲਿਆ। ਇਸ ਮਜ਼ਦੂਰ ਪਰਿਵਾਰ ਉਪਰ ਇਕ ਹਮਲਾ ਥਾਣਾ ਘੁੰਮਣ ਕਲਾਂ ਦੀ ਹਦੂਦ ਵਿੱਚ ਅਤੇ ਦੂਸਰਾ ਹਮਲਾ ਥਾਣਾ ਸੇਖਵਾਂ ਦੀ ਚੌਂਕੀ ਨੌਸ਼ਹਿਰਾ ਮੱਝਾ ਸਿੰਘ ਦੀ ਹਦੂਦ ਵਿੱਚ ਹੋਇਆ ਹੈ। ਪਰ ਦੋਵਾਂ ਥਾਣਿਆਂ ਦੀ ਪੁਲਸ ਵੱਲੋਂ ਸਿਆਸੀ ਦਬਾਅ ਹੇਠ ਨੌਂ ਦਿਨ ਬੀਤ ਜਾਣ ਦੇ ਬਾਵਜੂਦ ਵੀ ਹਮਲਾਵਰਾਂ ਵਿਰੁੱਧ ਕੋਈ ਕਨੂੰਨੀ ਕਾਰਵਾਈ ਨਹੀ ਕੀਤੀ ਗਈ। ਇਸ ਕਾਰਨ ਇਨਸਾਫ ਲੈਣ ਲਈ ਮਜ਼ਦੂਰ ਮੁਕਤੀ ਮੋਰਚੇ ਨੂੰ ਪੁਲੀਸ ਚੌਕੀ ਅੱਗੇ ਧਰਨਾ ਦੇਣ ਲਈ ਮਜਬੂਰ ਹੋਣਾ ਪਿਆ। ਆਗੂਆਂ ਕਿਹਾ ਕਿ ਹਮਲਾਵਰ ਪਰਿਵਾਰ ਸਿਆਸੀ ਅਸਰ ਰਸੂਖ ਰੱਖਣ ਵਾਲਾ ਪਰਿਵਾਰ ਹੈ, ਜਿਸ ਕਾਰਨ ਪੁਲੀਸ ਗਰੀਬ ਪਰਿਵਾਰ ਨੂੰ ਇਨਸਾਫ ਦੇਣ ਤੋਂ ਭੱਜ ਰਹੀ ਹੈ। ਪਰ ਮਜ਼ਦੂਰ ਮੁਕਤੀ ਮੋਰਚਾ ਹਰ ਹਾਲਤ ਵਿੱਚ ਇਨਸਾਫ ਲੈ ਕੇ ਰਹੇਗਾ। ਜੇਕਰ ਇਸ ਧਰਨੇ ਤੋਂ ਬਾਅਦ ਵੀ ਦੋਨੋਂ ਥਾਣਿਆਂ ਦੀ ਪੁਲੀਸ ਨੇ ਦੋਸ਼ੀਆਂ ਵਿਰੁੱਧ ਕੇਸ ਦਰਜ ਨਾ ਕੀਤਾ ਤਾਂ ਇਹ ਮਸਲਾ ਹੋਰ ਮਜ਼ਦੂਰ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਵਿੱਚ ਲਿਜਾ ਕੇ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕੀ ਜਾਵੇਗੀ। ਭਾਵੇਂ ਕਿ ਪੁਲੀਸ ਚੌਕੀ ਇੰਚਾਰਜ ਨੇ ਬਿਆਨ ਦਰਜ ਕਰ ਲਏ ਹਨ। ਪਰ ਫਿਰ ਵੀ ਮਜ਼ਦੂਰ ਆਗੂਆਂ ਨੇ ਐਸਐਸ ਪੀ ਬਟਾਲਾ ਅਤੇ ਐੱਸ ਐੱਸ ਪੀ ਗੁਰਦਾਸਪੁਰ ਤੋਂ ਇਸ ਸਬੰਧੀ ਦਖਲ ਦੀ ਮੰਗ ਕੀਤੀ ਹੈ। ਇਸ ਧਰਨੇ ਵਿੱਚ ਬਚਨ ਸਿੰਘ ਬੋਪਾਰਾਏ, ਬਿੱਟਾ ਅਠਵਾਲ, ਪਿੰਟਾ ਭਰਥ, ਸਾਬੀ ਗੁਰਦਾਸਨੰਗਲ, ਫੂਲ ਚੰਦ, ਹਰਜਿੰਦਰ ਸਿਰਕੀਆ, ਭੋਲਾ ਭਲਵਾਨ ਦੂਲਨੰਗਲ, ਹੀਰਾ ਧਰਮਕੋਟ ਅਤੇ ਵੀਨਾ ਡੰਡਵ ਆਦਿ ਹਾਜ਼ਰ ਸਨ।

# ਸ਼ੁੱਧ ਵਾਤਾਵਰਣ ਤੇ ਮਨੁੱਖੀ ਸਿਹਤ ਦੀ ਬੇਹਤਰੀ ਲਈ ਵੱਧ ਤੋਂ ਵੱਧ ਰੁੱਖ ਲਾਏ ਜਾਣ : ਮੋਹਣ ਭੰਡਾਰੀਆਂ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)-** ਜੰਗਲਾਂ ਦਾ ਸਾਡੇ ਜੀਵਨ ਵਿੱਚ ਮਹੱਤਵਪੂਰਨ ਰੋਲ ਹੈ।ਮਨੁੱਖ ਵੱਲੋਂ ਅਰਾਮ ਅਤੇ ਸੁੱਖ ਸਹੂਲਤਾਂ ਲਈ ਜੰਗਲਾਂ ਨੂੰ ਕੱਟਕੇ ਆਲੀਸ਼ਾਨ ਕੋਠੀਆਂ ਅਤੇ ਮਕਾਨ ਬਣਾਉਣ ਸਮੇ ਜੰਗਲਾਂ ਨੂੰ ਕੱਟਿਆ ਗਿਆ, ਜਿਸ ਕਾਰਨ ਵਾਤਾਵਰਣ ਦਾ ਸੰਤੁਲਨ ਵਿਗੜ ਗਿਆ।ਇਸ ਤੋਂ ਇਲਾਵਾ ਵੱਡੇ-ਵੱਡੇ ਮਾਰਗ ਬਣਾਉਣ ਸਮੇਂ ਵੀ ਸੜਕਾਂ ਦੇ ਕਿਨਾਰਿਆਂ ਤੋਂ ਦਰੱਖਤਾਂ ਨੂੰ ਕੱਟਿਆ ਗਿਆ ਪਰ ਬਾਅਦ ਵਿੱਚ ਨਵੇਂ ਰੁੱਖ ਨਹੀਂ ਲਾਏ ਗਏ।ਇਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਆਮ ਆਦਮੀ ਪਾਰਟੀ ਦੇ ਆਗੂ ਗੁਰਮੁਖ ਸਿੰਘ ਮੋਹਣ ਭੰਡਾਰੀਆਂ ਵੱਲੋਂ ਆਪਣੇ ਪਿੰਡ ਵਿੱਚ ਬਰਸਾਤ ਦੇ ਮੌਸਮ ਵਿੱਚ ਲਗਾਏ ਜਾਣ ਵਾਲੇ ਰੁੱਖਾਂ ਸਬੰਧੀ ਉਲੀਕੀ ਗਈ ਯੋਜਨਾ ਉਪਰੰਤ ਕਹੇ।ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਇਸ ਸਬੰਧੀ ਪਿੰਡ ਵਿੱਚ ਇੱਕ ਕਮੇਟੀ ਬਣਾਈ ਗਈ ਹੈ, ਜੋ 15 ਅਗਸਤ ਤੋਂ ਪਹਿਲਾਂ ਆਪਣੇ ਪਿੰਡ ਦੀਆਂ ਸੜਕਾਂ ਅਤੇ ਹੋਰ ਢੁੱਕਵੀਂਆਂ ਥਾਵਾਂ ਫਲਦਾਰ, ਛਾਂਅਦਾਰ ਅਤੇ ਸਜਾਵਟੀ ਬੂਟੇ ਲਗਾਵੇਗੀ।ਉਨ੍ਹਾਂ ਕਿਹਾ ਕਿ ਕਮੇਟੀ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਵੱਡ ਅਕਾਰੀ ਦਰੱਖਤ ਜਿਵੇਂ ਪਿੱਪਲ, ਬੋਹੜ, ਕਿੱਕਰ ਅਤੇ ਟਾਹਲੀ ਆਦਿ ਜੋ ਆਕਸੀਜਨ ਦੇ ਸਰੋਤ ਹਨ, ਨੂੰ ਪਹਿਲ ਦਿੱਤੀ ਜਾਵੇਗੀ।ਉਨ੍ਹਾਂ ਜੀਵਨ ਵਿੱਚ ਰੁੱਖਾਂ ਦੀ ਮਹੱਤਤਾ ਨੂੰ ਦਰਸਾਉਂਦਿਆਂ ਕਿਹਾ ਕਿ ਰੁੱਖਾਂ ਨੂੰ ਕੱਟ ਕੇ ਅਸੀਂ ਆਪਣੀ ਸਿਹਤ ਨਾਲ ਨੁਕਸਾਨ ਕਰਨ ਤੋਂ ਇਲਾਵਾ ਕੁੱਦਰਤ ਨਾਲ ਵੀ ਖਿਲਵਾੜ ਕੀਤਾ ਹੈ।ਰੁੱਖ ਕੱਟੇ ਜਾਣ ਕਾਰਨ ਕੁਝ ਪੰਛੀ ਜਿਵੇਂ ਉਲੂ, ਬਾਜ, ਇੱਲਾਂ, ਸ਼ਿਕਰੇ ਜੋ ਦਰੱਖਤਾਂ ਤੇ ਘਰ ਬਣਾ ਕੇ ਰਹਿੰਦੇ ਸਨ ਵੀ ਅਲੋਪ ਹੋ ਗਏ ਹਨ। ਹਵਾ, ਪਾਣੀ ਅਤੇ ਆਵਾਜ਼ ਪ੍ਰਦੂਸ਼ਣ ਤੋਂ ਇਲਾਵਾ ਇਲੈਕਟਰੋਮੈਗਨੈਟਿਕ ਪ੍ਰਦੂਸ਼ਣ, ਰੇਡੀਓ ਐਕਟਿਵ ਗੰਦਗੀ, ਧਰਤੀ ਅਤੇ ਮਿੱਟੀ ਪ੍ਰਦੂਸ਼ਣ, ਵਿਜੂਅਲ ਗੰਦਗੀ ਅਤੇ ਭੋਜਨ ਦੀ ਗੰਦਗੀ ਆਦਿ ਦੇ ਪ੍ਰਦੂਸ਼ਣ ਵਿੱਚ ਵਾਧਾ ਹੋ ਜਾਣ ਕਾਰਨ ਸਾਡੀ ਸਿਹਤ ਵਿੱਚ ਵਿਗਾੜ ਪੈਣਾਂ ਸੁਭਾਵਿਕ ਸੀ।ਪਿੰਡਾਂ ਦੀਆਂ ਪੰਚਾਇਤਾਂ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ ਅਤੇ ਪੰਚਾਇਤਾਂ ਵੱਲੋਂ ਕਿਸਾਨਾਂ ਨੂੰ ਇਸ ਤੋਂ ਜਾਗਰੂਕ ਕਰਨਾ ਚਾਹੀਦਾ ਹੈ ਅਤੇ ਆਉਂਦੇ ਦਿਨਾਂ ਵਿੱਚ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ ਕਿਉਂਕਿ ਇਸ ਸਮੇਂ ਰੁੱਖ ਲਾਉਣ ਲਈ ਮੌਸਮ ਬਹੁਤ ਢੁੱਕਵਾਂ ਹੈ।



# ਜਵਾਹਰ ਨਵੋਦਿਆ ਵਿਦਿਆਲਿਆ ਵਿਖੇ ਤਿੰਨ ਰੋਜ਼ਾ ਬੈਡਮਿੰਟਨ ਮੀਟ ਸ਼ੁਰੂ

**ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-** ਸਥਾਨਕ ਪੀਐੱਮ ਜਵਾਹਰ ਨਵੋਦਿਆ ਵਿਦਿਆਲਿਆ ਵਿਖੇ ਤਿੰਨ ਰੋਜ਼ਾ ਬੈਡਮਿੰਟਨ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵਿਦਿਆਲਿਆ ਦੇ ਪ੍ਰਿੰਸੀਪਲ ਰਵਿੰਦਰ ਕੁਮਾਰ ਅਤੇ ਵਾਇਸ ਪ੍ਰਿੰਸੀਪਲ ਹੇਮੰਤ ਸ਼ਰਮਾ ਨੇ ਦੱਸਿਆ ਕਿ ਇਸ ਤਿੰਨ ਰੋਜ਼ਾ ਬੈਡਮਿੰਟਨ ਮੀਟ ਵਿੱਚ ਪੰਜਾਬ ਭਰ ਦੇ 9 ਜ਼ਿਲ੍ਹਿਆ ਤੋਂ ਆਏ ਲੜਕੇ ਅਤੇ ਲੜਕੀਆਂ ਦੀਆਂ 18 ਟੀਮਾਂ ਭਾਗ ਲੈ ਰਹੀਆ ਹਨ, ਜਿਸ ਵਿੱਚ ਵੱਖ-ਵੱਖ ਜ਼ਿਲ੍ਹਿਆਂ ਨਾਲ ਸਬੰਧਤ ਸਕੂਲਾਂ ਦੇ ਖਿਡਾਰੀ ਹਿੱਸਾ ਲੈਣਗੇ।ਇਸ ਬੈਡਮਿੰਟਨ ਟੂਰਨਾਮੈਂਟ ਨੂੰ ਤਿੰਨ ਭਾਗਾਂ 'ਚ ਵੰਡਿਆ ਗਿਆ ਹੈ ਜਿਸ ਵਿੱਚ ਅੰਡਰ-14, ਅੰਡਰ -17 ਅਤੇ ਅੰਡਰ -19 ਵਰਗ ਦੇ ਖਿਡਾਰੀ ਮੈਚ ਖੇਡਣਗੇ।ਅੱਜ ਦੇ ਸ਼ੁਰੂਆਤੀ ਮੈਚਾਂ ਦੌਰਾਨ ਹੋਏ ਟਰਾਇਲ ਵਿੱਚ ਆਪਣੀ ਜਗ੍ਹਾ ਬਣਾਉਣ ਵਾਲੀਆ ਟੀਮਾਂ ਦੇ ਸੈਮੀਫਾਈਨਲ ਅਤੇ ਫਾਇਨਲ ਮੁਕਾਬਲੇ ਦੂਜੇ ਅਤੇ ਅਖ਼ੀਰਲੇ ਦਿਨ ਹੋਣਗੇ।ਇਸ ਮੌਕੇ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਸਪੋਰਟਸ ਟੀਚਰ ਬਲਜੀਤ ਕੌਰ, ਹਰਜੀਤ ਕੌਰ, ਰਾਮ ਪ੍ਰਕਾਸ਼, ਭੁਪਿੰਦਰ ਸਿੰਘ, ਮਨਜੀਤ ਸਿੰਘ ਤੇ ਹੋਰ ਸਟਾਫ ਮੌਜੂਦ ਸੀ।

# ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ 'ਚ ਮਨਾਇਆ ਮਾਨਸੂਨ ਦਿਹਾੜਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਮਾਨਸੂਨ ਦਿਵਸ ਮਨਾਇਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਦੇ




ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਡਾ. ਕ੍ਰਿਤਇੰਦਰ ਕੌਰ ਦੀ ਅਗਵਾਈ ਹੇਠ ਮਾਨਸੂਨ ਦਿਵਸ ਸਬੰਧੀ ਸ਼ਾਨਦਾਰ ਪ੍ਰੋਗਰਾਮ ਕਰਵਾਇਆ। ਪ੍ਰੋਗਰਾਮ ਵਿੱਚ ਰੰਗੀਨ ਬਰਸਾਤੀ ਕੋਟ ਪਹਿਨੇ ਅਤੇ ਛੱਤਰੀਆਂ ਨਾਲ ਨਰਸਰੀ ਦੇ ਨੰਨ੍ਹੇ ਮੁੰਨ੍ਹੇ ਬੱਚਿਆਂ ਨੇ ਖਾਸ ਤੌਰ 'ਤੇ ਹਿੱਸਾ ਲਿਆ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਡਾ. ਕ੍ਰਿਤਇੰਦਰ ਕੌਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਪ੍ਰੋਗਰਾਮ ਨੇ ਇੱਕ ਖੁਸ਼ਗਵਾਰ ਅਤੇ ਵਿਦਿਅਕ ਅਨੁਭਵ ਪ੍ਰਦਾਨ ਕੀਤਾ, ਜਿਸ ਨਾਲ ਛੋਟੇ ਸਿੱਖਿਆਰਥੀਆਂ ਵਿੱਚ ਕੁਦਰਤ ਪ੍ਰਤੀ ਸ਼ੁਰੂਆਤੀ ਪ੍ਰਸ਼ੰਸਾ ਪੈਦਾ ਹੋਈ। ਉਨ੍ਹਾਂ ਦੱਸਿਆ ਮਾਨਸੂਨ ਦਿਵਸ ਮਨਾਉਣ ਦਾ ਉਦੇਸ਼ ਬੱਚਿਆਂ ਨੂੰ ਮਜ਼ੇਦਾਰ ਗਤੀਵਿਧੀਆਂ ਰਾਹੀਂ ਬਰਸਾਤੀ ਮੌਸਮ ਤੋਂ ਜਾਣੂ ਕਰਵਾਉਣਾ ਸੀ ਤਾਂ ਕਿ ਉਹ ਕੁਦਰਤ ਨਾਲ ਜੁੜ ਸਕਣ ਅਤੇ ਇੱਕ ਖੇਡ ਭਰੇ ਮਾਹੌਲ ਵਿੱਚ ਮੀਂਹ ਦੀ ਮਹੱਤਤਾ ਨੂੰ ਸਮਝ ਸਕਣ। ਨਰਸਰੀ ਦੇ ਵਿਦਿਆਰਥੀਆਂ ਦੀਆਂ ਖੁਸ਼ਹਾਲ ਆਵਾਜ਼ਾਂ ਅਤੇ ਮੁਸਕਾਨਾਂ ਨੇ ਸੱਚਮੁੱਚ ਇਸਨੂੰ ਇੱਕ ਯਾਦਗਾਰੀ ਦਿਨ ਬਣਾ ਦਿੱਤਾ। ਇਸ ਪ੍ਰੋਗਰਾਮ ਦੀ ਤਿਆਰੀ ਕਰਵਾਉਣ 'ਚ ਅਧਿਆਪਕਾ ਸਪਨਾ ਮੈਂਗੀ, ਰਣਜੀਤ ਕੌਰ, ਨਿਰਮਲ ਕੌਰ, ਨਵਜੋਤ ਅਤੇ ਸ਼ਿਵਾਨੀ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਰੱਖੜੀ ਮੁਕਾਬਲਾ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਨੂੰ ਦਰਸਾਉਂਦੇ ਰੱਖੜੀ ਤਿਉਹਾਰ ਦੇ ਸਬੰਧ 'ਚ ਰੱਖੜੀ ਮੁਕਾਬਲਾ ਕਰਵਾਇਆ ਗਿਆ।ਸਕੂਲ ਪ੍ਰਿੰ. ਪੁਨੀਤ



ਕੌਰ ਨਾਗਪਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਮੁਕਾਬਲੇ ਦੌਰਾਨ ਵੱਖ-ਵੱਖ ਕਲਾਸਾਂ ਦੀਆਂ ਵਿਦਿਆਰਥਣਾਂ ਵੱਲੋਂ ਭਰਾ ਦੇ ਗੁੱਟ 'ਤੇ ਸਜਾਉਣ ਲਈ ਰੱਖੜੀਆਂ ਤਿਆਰ ਕੀਤੀਆਂ ਗਈਆਂ।ਇਸ ਮੌਕੇ ਪ੍ਰਿੰ: ਨਾਗਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੱਖੜੀ, ਰਕਸ਼ਾ ਬੰਧਨ ਜਾਂ ਰਾਖੀ ਦਾ ਮਤਲਬ ਹੈ ਭਰਾ ਭੈਣਾਂ ਦੀ ਜ਼ਰੂਰਤ ਸਮੇਂ ਸਹਾਇਤਾ ਅਤੇ ਰੱਖਿਆ ਕਰਨ ਲਈ ਵਚਨਬੱਧ ਹੁੰਦੇ ਹਨ ਅਤੇ ਇਹ ਤਿਉਹਾਰ ਸਾਵਣ ਮਹੀਨੇ ਦੇ ਅਖ਼ੀਰਲੇ ਦਿਨ ਆਮ ਤੌਰ 'ਤੇ ਅਗਸਤ 'ਚ ਆਉਂਦਾ ਹੈ।ਉਨ੍ਹਾਂ ਕਿਹਾ ਕਿ ਭੈਣਾਂ ਆਪਣੇ ਭਰਾਵਾਂ ਦੇ ਗੁੱਟ 'ਤੇ ਰੱਖੜੀ ਵਜੋਂ ਇਕ ਧਾਗਾ, ਤਵੀਤ ਜਾਂ ਤਾਜ਼ੀ ਬੰਨ੍ਹਦੀਆਂ ਹਨ ਅਤੇ ਭਰਾਵਾਂ ਦੀ ਸੁੱਖ ਮੰਗਦੀਆਂ ਵੱਡੀ ਉਮਰ ਦੀ ਕਾਮਨਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਇਸ ਤਿਉਹਾਰ ਨਾਲ ਭੈਣ-ਭਰਾਵਾਂ ਨੂੰ ਇਕ-ਦੂਜੇ ਨਾਲ ਮਿਲਣ ਦਾ ਮੌਕਾ ਮਿਲ ਜਾਂਦਾ ਹੈ ਕਿਉਂਕਿ ਅਜੋਕੇ ਸਮੇਂ 'ਚ ਇਨਸਾਨ ਦੇ ਰੁਝੇਵੇਂ ਇਸ ਕਦਰ ਵੱਧ ਚੁੱਕੇ ਹਨ ਕਿ ਰਿਸ਼ਤੇਦਾਰੀਆਂ ਲਈ ਸਮਾਂ ਕੱਢਣਾ ਕਠਿਨ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਮੋਹ ਪਿਆਰ ਦੇ ਤੰਦ 'ਚ ਇੰਨੀ ਸ਼ਕਤੀ ਹੁੰਦੀ ਹੈ ਕਿ ਉਹ ਉਮਰ ਭਰ ਰੂਹ ਨਾਲ ਲਿਪਟੀ ਰਹਿੰਦੀ ਹੈ।ਇਸ ਮੌਕੇ ਪ੍ਰਿੰ: ਡਾ. ਨਾਗਪਾਲ ਨੇ ਕਿਹਾ ਕਿ ਰੱਖੜੀ ਨੂੰ ਸਮਰਪਿਤ ਉਲੀਕੇ ਗਏ ਉਕਤ ਪ੍ਰੋਗਰਾਮ ਦਾ ਮਕਸਦ ਵਿਦਿਆਰਥਣਾਂ ਦੇ ਹੁਨਰ ਨੂੰ ਉਭਾਰਨਾ ਸੀ, ਜਿਸ ਤਹਿਤ ਅਲੱਗ-ਅਲੱਗ ਜਮਾਤਾਂ ਦੀਆਂ ਵਿਦਿਆਰਥਣਾਂ ਨੇ ਹੱਥੀਂ ਖ਼ੂਬਸੂਰਤ ਰੱਖੜੀਆਂ ਤਿਆਰ ਕੀਤੀਆਂ।ਇਸ ਮੌਕੇ ਸਕੂਲ ਅਧਿਆਪਕਾਵਾਂ ਅਤੇ ਵਿਦਿਆਰਥਣਾਂ ਹਾਜ਼ਰ ਸਨ।

# ਸੰਤ ਬਾਬਾ ਸੁੱਖਾ ਸਿੰਘ ਨੇ ਪਿੰਡ ਨੱਥੂਪੁਰ ਨੈਸ਼ਨਲ ਹਾਈਵੇ 'ਤੇ 500 ਫਲਦਾਰ ਤੇ ਛਾਂਦਾਰ ਪੌਦੇ ਲਗਾਏ

**ਤਰਨਤਾਰਨ (ਪ੍ਰਿਤਪਾਲ ਸਿੰਘ)-** ਪ੍ਰਕਿਰਤੀ ਅਤੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਵੱਲ ਧਿਆਨ ਦਿੰਦੇ ਹੋਏ ਕਾਰ ਸੇਵਾ ਸਰਹਾਲੀ ਸਾਹਿਬ ਦੇ ਸੰਪਰਦਾਇ ਮੁੱਖੀ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਨੈਸ਼ਨਲ ਹਾਈਵੇ 54 ਉਤੇ ਪੈਂਦੇ ਪਿੰਡ ਨੱਥੂਪੁਰ ਵਿਚ ਸਥਾਨਕ ਇਲਾਕਾ ਸੰਗਤ ਦੇ ਸਹਿਯੋਗ ਨਾਲ 500 ਤੋਂ ਵੱਧ ਫਲਦਾਰ ਅਤੇ ਛਾਂਦਾਰ ਪੌਦੇ ਆਪਣੇ ਪਵਿੱਤਰ ਹੱਥੀਂ ਲਗਾ ਕੇ ਇੱਕ ਮਿਸਾਲ ਕਾਇਮ ਕੀਤੀ।ਇਸ ਮੌਕੇ ਉਨ੍ਹਾਂ ਨੇ ਆਪਣੀ ਵਿਚਾਰਧਾਰਾ ਸਾਂਝੀ ਕਰਦਿਆਂ ਕਿਹਾ ਕਿ ਵਾਤਾਵਰਨ ਦੇ ਖ਼ਰਾਬ ਹੋਣ ਨਾਲ ਨਾਂ ਸਿਰਫ਼ ਮਨੁੱਖੀ ਸਿਹਤ ਪ੍ਰਭਾਵਿਤ ਹੋ ਰਹੀ ਹੈ, ਸਗੋਂ ਪਾਣੀ, ਹਵਾ ਅਤੇ ਮਿੱਟੀ ਵਿੱਚ ਵੀ ਜ਼ਹਿਰੀਲੇ ਤੱਤ ਵੱਧ ਰਹੇ ਹਨ।ਇਸ ਲਈ ਸਾਨੂੰ ਹਰ ਸਾਲ ਵੱਧ ਤੋਂ ਵੱਧ ਪੌਦੇ ਲਗਾ ਕੇ ਇਸ ਧਰਤੀ ਨੂੰ ਹਰਾ-ਭਰਾ ਬਣਾਉਣ ਲਈ ਯਤਨ ਕਰਨੇ ਚਾਹੀਦੇ ਹਨ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਟੀਚਾ ਸਿਰਫ਼ ਪੌਦੇ ਲਗਾਉਣਾ ਹੀ ਨਹੀਂ ਹੈ, ਬਲਕਿ ਉਨ੍ਹਾਂ ਦੀ ਸੰਭਾਲ ਵੀ ਕਰਨੀ ਹੈ ਤਾਂ ਜੋ ਇਹ ਪੌਦੇ ਵੱਡੇ ਦਰਖ਼ਤ ਬਣ ਸਕਣ ਅਤੇ ਲੋਕਾਂ ਲਈ ਫਲ ਅਤੇ ਛਾਂ ਦੇ ਸਕਣ। ਇਸ ਲਈ ਇਲਾਕਾ ਵਾਸੀਆਂ ਨੂੰ



ਅਪੀਲ ਕੀਤੀ ਗਈ ਕਿ ਜਿਹੜੇ ਪੌਦੇ ਇੱਥੇ ਲਗਾਏ ਗਏ ਹਨ ਉਨ੍ਹਾਂ ਨੂੰ ਆਪਣੇ ਆਪਣੀ ਜ਼ਿੰਮੇਵਾਰੀ ਸਮਝ ਕੇ ਪਾਣੀ ਪਾਉਣ ਅਤੇ ਰੱਖ-ਰਖਾਅ ਕਰਨ।ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਗੁਰਸਿੱਖ ਸੰਗਤ, ਨੌਜਵਾਨਾਂ ਅਤੇ ਬਜ਼ੁਰਗਾਂ ਨੇ ਭਾਗ ਲਿਆ ਅਤੇ ਸੰਤ ਬਾਬਾ ਜੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨ ਨਾਲ ਨਿਸ਼ਚਤ ਤੌਰ ਤੇ ਪਿੰਡ ਅਤੇ ਆਲੇ-ਦੁਆਲੇ ਦੇ ਇਲਾਕੇ ਦੀ ਰੌਣਕ ਵਧੇਗੀ ਅਤੇ ਲੋਕਾਂ ਨੂੰ ਸੁਚੱਜਾ ਵਾਤਾਵਰਨ ਮਿਲੇਗਾ।ਖ਼ਾਸ ਗੱਲ ਇਹ ਵੀ ਹੈ ਕਿ ਇਸ ਮੁਹਿੰਮ ਵਿਚ ਫਲਦਾਰ ਜਿਵੇਂ ਅੰਬ, ਜਾਮਣ, ਨਿੰਬੂ ਅਤੇ ਛਾਂਦਾਰ ਜਿਵੇਂ ਬੋਹੜ, ਪਿੱਪਲ ਆਦਿ ਦੇ ਪੌਦੇ ਲਗਾਏ ਗਏ। ਇਹ ਪੌਦੇ ਨਾ ਕੇਵਲ ਪ੍ਰਦੂਸ਼ਣ ਘਟਾਉਣ ਵਿਚ ਮਦਦਗਾਰ ਸਾਬਤ ਹੋਣਗੇ ਸਗੋਂ ਇਲਾਕੇ ਦੇ ਪੰਛੀਆਂ ਲਈ ਵੀ ਇੱਕ ਨਵਾਂ ਆਸਰਾ ਬਣਨਗੇ।ਇਸ ਮੌਕੇ ਸੰਗਤ ਵੱਲੋਂ ਸੰਤ ਬਾਬਾ ਸੁੱਖਾ ਸਿੰਘ ਜੀ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੇ ਕਿਹਾ ਕਿ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਸਮਾਜਿਕ ਕੰਮਾਂ ਵਿਚ ਪੂਰੀ ਸ਼ਮੂਲੀਅਤ ਨਿਭਾਈ ਜਾਵੇਗੀ। ਬਾਬਾ ਸੁੱਖਾ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜੋ ਵਾਤਾਵਰਣ, ਨਸ਼ਾ ਮੁਕਤੀ, ਗੁਰਮਤਿ ਪ੍ਰਚਾਰ ਅਤੇ ਭਾਈਚਾਰੇ ਲਈ ਕੰਮ ਹੋਏ ਉਹ ਭਾਰਤ ਦੇ ਹਰ ਖੇਤਰ ਵਿੱਚ ਕਾਰ ਸੇਵਾ ਪ੍ਰਤੀ ਸੁਰਖੀਆਂ ਬਣੇ ਹਨ।

# ਐੱਮ ਐੱਸ ਐੱਮ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ 'ਚ ਲੱਗਾ ਮੁਫ਼ਤ ਮੈਡੀਕਲ ਕੈਂਪ

**ਚੋਹਲਾ ਸਾਹਿਬ (ਰਮਨ ਚੱਢਾ)-** ਐੱਮ. ਐੱਸ. ਐੱਮ. ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਚੋਹਲਾ ਸਾਹਿਬ ਦੇ ਮੈਨੇਜਿੰਗ ਡਾਇਰੈਕਟਰ ਚੇਅਰਮੈਨ ਉਪਕਾਰ ਸਿੰਘ ਸੰਧੂ ਨੇ ਦੱਸਿਆ ਕਿ ਬੀਤੇ ਦਿਨੀਂ ਸਕੂਲ ਵਿਖੇ ਡਾ.




ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਮੈਡੀਕਲ ਟੀਮ ਅਪਥਾਲਮਿਕ ਅਫਸਰ ਜਸਵਿੰਦਰ ਸਿੰਘ, ਡਾਕਟਰ ਵਿਵੇਕ ਸ਼ਰਮਾ, ਸਟਾਫ ਨਰਸ ਕਵਲਪ੍ਰੀਤ ਕੌਰ, ਸਟਾਫ ਨਰਸ ਅਮਨਦੀਪ ਕੌਰ ਵੱਲੋਂ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਸਮੇਂ ਅਪਥਾਲਮਿਕ ਅਫਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਦੀਆਂ ਅੱਖਾਂ ਦਾ ਚੈੱਕਅੱਪ ਕੀਤਾ ਗਿਆ ਅਤੇ ਜ਼ਰੂਰਤਮੰਦ ਵਿਦਿਆਰਥੀਆਂ ਨੂੰ ਮੁਫ਼ਤ ਦਾਰੂ ਵੰਡੇ ਗਏ। ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਉਹ ਅੱਖਾਂ ਨੂੰ ਘੱਟੇ ਮਿੱਟੀ ਤੋਂ ਬਚਾਅ ਕੇ ਰੱਖਣ ਅਤੇ ਜ਼ਰੂਰਤ ਸਮੇਂ ਐਨਕਾਂ ਦੀ ਵਰਤੋਂ ਕਰਨ। ਇਸ ਸਮੇਂ ਡਾ. ਵਿਵੇਕ ਸ਼ਰਮਾ ਨੇ ਦੱਸਿਆ ਕਿ ਇਸ ਸਮੇਂ ਵਿਦਿਆਰਥੀਆਂ ਦੇ ਦਿਲ ਦੀ ਧੜਕਣ ਅਤੇ ਹੋਰ ਜ਼ਰੂਰਤ ਅਨੁਸਾਰ ਚੈੱਕਅੱਪ ਕੀਤੇ ਅਤੇ ਵਿਦਿਆਰਥੀਆਂ ਨੂੰ ਦੱਸਿਆ ਕਿ ਉਹ ਸੰਤੁਲਿਤ ਭੋਜਨ ਖਾਣ ਅਤੇ ਬਾਜ਼ਾਰੂ ਚੀਜ਼ਾਂ ਦੀ ਵਰਤੋਂ ਨਾ ਕਰਨ .ਕਿਉਂਕਿ ਫਾਸਟਫੂਡ ਸਾਨੂੰ ਬਿਮਾਰੀਆਂ ਹੀ ਲਗਾਉਂਦੇ ਹਨ। ਇਸ ਲਈ ਘਰ ਦੀਆਂ ਬਣੀਆਂ ਚੀਜ਼ਾਂ ਹੀ ਖਾਣੀਆਂ ਚਾਹੀਦੀਆਂ ਹਨ। ਇਸ ਸਮੇਂ ਸਕੂਲ ਦੇ ਡਾਇਰੈਕਟਰ ਡਾ. ਉਪਕਾਰ ਸਿੰਘ ਸੰਧੂ ਨੇ ਮੈਡੀਕਲ ਟੀਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮੈਡੀਕਲ ਟੀਮ ਵੱਲੋਂ ਸਕੂਲ ਦੇ ਲਗਭਗ 800 ਵਿਦਿਆਰਥੀਆਂ ਦਾ ਚੈੱਕਅਪ ਕੀਤਾ ਗਿਆ। ਇਸ ਸਮੇਂ ਸਕੂਲ ਪ੍ਰਿੰਸੀਪਲ ਰਾਕੇਸ਼ ਕੁਮਾਰ, ਵਾਈਸ ਪ੍ਰਿੰਸੀਪਲ ਕੁਲਬੀਰ ਕੌਰ ਅਤੇ ਸਕੂਲ ਦਾ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਹਾਜ਼ਰ ਸੀ।

# ਕਸਬਾ ਬਹਿਰਾਮਪੁਰ ਨੂੰ ਜਾਂਦੀ ਸੜਕ ਦੀ ਮੁਰੰਮਤ ਨਾ ਹੋਣ ਕਾਰਨ ਰਾਹਗੀਰ ਡਾਢੇ ਪ੍ਰੇਸ਼ਾਨ



**ਗੁਰਦਾਸਪੁਰ (ਜਨਕ ਮਹਾਜਨ)-** ਕਸਬਾ ਬਹਿਰਾਮਪੁਰ ਵਿਖੇ ਪੰਜਾਬ ਨੈਸ਼ਨਲ ਬੈਂਕ ਨਜ਼ਦੀਕ ਸੜਕ ਦੀ ਖਸਤਾ ਹਾਲਤ ਕਾਰਨ ਰਾਹਗੀਰਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬਹਿਰਾਮਪੁਰ ਵਿਖੇ ਪੰਜਾਬ ਨੈਸ਼ਨਲ ਬੈਂਕ ਨੇੜੇ ਸੜਕ ਵਿਚਕਾਰ ਕਾਫੀ ਟੋਏ ਪੈ ਚੁੱਕੇ ਹਨ ਜਿਨ੍ਹਾਂ ਵਿਚ ਵਰਖਾ ਦਾ ਪਾਣੀ ਖੜਾ ਹੋਣ ਕਾਰਨ ਲੋਕਾਂ ਦਾ ਇਥੋਂ ਲੰਘਣਾ ਮੁਸ਼ਕਿਲ ਹੋ ਜਾਂਦਾ ਹੈ। ਇਸ ਸੜਕ ਰਾਹੀਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕ ਆਉਂਦੇ-ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਸ ਸੜਕ ਦੀ ਮੁਰੰਮਤ ਵੱਲ ਸੰਬੰਧਿਤ ਵਿਭਾਗ ਵਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਜਿਸ ਕਰਕੇ ਲੋਕਾਂ ਦਾ ਸਬੰਧਿਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਸੜਕ ਵਿਚਕਾਰ ਬੱਜਰੀ ਉੱਖੜ ਚੁੱਕੀ ਹੈ ਜਿਸ ਵਿੱਚੋਂ ਜਦੋਂ ਕੋਈ ਭਾਰੀ ਵਾਹਨ ਲੰਘਦੇ ਹਨ ਤਾਂ ਇਹ ਬਜਰੀ ਨਜ਼ਦੀਕੀ ਦੁਕਾਨਾਂ ਵਿਚ ਜਾ ਵਜਦੀ ਹੈ ਜਿਸ ਕਰਕੇ ਹਾਦਸੇ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਖਾਸ ਕਰਕੇ ਸਕੂਲੀ ਬੱਚਿਆਂ ਨੂੰ ਇਥੋਂ ਲੰਘਣ ਸਮੇਂ ਕਈ ਮੁਸ਼ਕਲਾਂ ਪੇਸ਼ ਆਉਂਦੀਆਂ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਕਸਬਾ ਬਹਿਰਾਮਪੁਰ ਦੀ ਖਸਤਾ ਹਾਲਤ ਸੜਕ ਨੂੰ ਸੁਧਾਰਨ ਵਾਸਤੇ ਸੰਬੰਧਿਤ ਵਿਭਾਗ ਨੂੰ ਆਦੇਸ਼ ਜਾਰੀ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਆ ਰਹੀ ਇਸ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

# ਅਕਾਲ ਅਕੈਡਮੀ ਤਿੱਬੜ ਵਿਖੇ ਵਾਤਾਵਰਨ ਸੰਭਾਲ ਸਬੰਧੀ ਪ੍ਰੋਗਰਾਮ ਕਰਵਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਅਕਾਲ ਅਕੈਡਮੀ ਤਿੱਬੜ ਦੀ ਪ੍ਰਿੰਸੀਪਲ ਗੁਰਵਿੰਦਰ ਕੌਰ, ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਮਿਲ ਕੇ ਅਕੈਡਮੀ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ ਗਏ।



ਇਸ ਮੌਕੇ ਪ੍ਰਿੰਸੀਪਲ ਗੁਰਵਿੰਦਰ ਕੌਰ ਦੇ ਪ੍ਰਬੰਧਾਂ ਹੇਠ ਵਾਤਾਵਰਨ 'ਤੇ ਅਧਾਰਿਤ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਜਿਸ ਵਿੱਚ ਜਮਾਤ ਨਰਸਰੀ ਤੋਂ ਦੂਜੀ ਦੇ ਵਿਦਿਆਰਥੀਆਂ ਨੇ ਵਾਤਾਵਰਨ ਦੀ ਸੰਭਾਲ ਨਾਟਕ ਪੇਸ਼ ਕੀਤਾ। ਤੀਜੀ ਜਮਾਤ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵਾਤਾਵਰਨ ਸੰਭਾਲ ਸਬੰਧੀ ਕਵਿਤਾਵਾਂ ਪੇਸ਼ ਕੀਤੀਆਂ ਅਤੇ ਛੇਵੀਂ ਜਮਾਤ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਵਾਤਾਵਰਨ ਸਬੰਧੀ ਪੋਸਟਰ ਤਿਆਰ ਕਰਕੇ ਉਸ ਉੱਤੇ ਵਾਤਾਵਰਨ ਦੀ ਸੰਭਾਲ ਸਬੰਧੀ ਸਲੋਗਨ ਲਿਖੇ। ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਵਾਤਾਵਰਨ ਸਬੰਧੀ ਭਾਸ਼ਣ ਪੇਸ਼ ਕੀਤੇ। ਅਕੈਡਮੀ ਦੀ ਪ੍ਰਿੰਸੀਪਲ ਪ੍ਰਿੰ. ਗੁਰਵਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਕੁਦਰਤੀ ਸਰੋਤਾਂ ਦੀ ਸੰਭਾਲ ਕਰਨੀ ਚਾਹੀਦੀ ਹੈ ਅਤੇ ਹਰਿਆ ਭਰਿਆ ਤੇ ਸ਼ੁੱਧ ਵਾਤਾਵਰਨ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਹੀਦੇ ਹਨ ਅਤੇ ਆਪਣਾ ਆਲਾ-ਦੁਆਲਾ ਸਾਫ ਸੁਥਰਾ ਰੱਖਣਾ ਚਾਹੀਦਾ ਹੈ। ਉਪਰੰਤ ਅਕੈਡਮੀ ਦੇ ਖੁੱਲ੍ਹੇ ਵਿਹੜੇ ਅਤੇ ਮੈਦਾਨਾਂ ਵਿੱਚ ਪੌਦੇ ਲਗਾਏ ਗਏ।

# 31 ਪਿੰਡਾਂ ਦੇ 43 ਪੰਚਾਂ ਦੀ ਸਰਬਸੰਮਤੀ ਨਾਲ ਚੋਣ

## ● ਚੇਅਰਮੈਨ ਰਮਨ ਬਹਿਲ ਨੇ ਚੁਣੇ ਪੰਚਾਂ ਨੂੰ ਦਿੱਤੀ ਵਧਾਈ

**ਗੁਰਦਾਸਪੁਰ (ਦਿਨੇਸ਼ ਕੁਮਾਰ)-** ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ 31 ਪਿੰਡਾਂ ਵਿੱਚ ਪੰਚਾਇਤ ਮੈਂਬਰਾਂ ਦੀ ਉਪ ਚੋਣ ਦੌਰਾਨ 43 ਪੰਚਾਇਤ ਮੈਂਬਰ ਸਰਬਸੰਮਤੀ ਨਾਲ ਚੁਣੇ ਗਏ ਹਨ। ਸਰਬਸੰਮਤੀ



ਨਾਲ ਚੁਣੇ ਗਏ ਇਨਾਂ ਸਾਰੇ ਪੰਚਾਇਤ ਮੈਂਬਰਾਂ ਨੂੰ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਵਧਾਈ ਦਿੱਤੀ ਹੈ।ਉਨ੍ਹਾਂ ਕਿਹਾ ਕਿ ਇਹ ਸਾਰੇ ਚੁਣੇ ਗਏ ਮੈਂਬਰ ਪੂਰੀ ਮਿਹਨਤ, ਇਮਾਨਦਾਰੀ ਅਤੇ ਲਗਨ ਨਾਲ ਆਪਣੇ ਪਿੰਡਾਂ ਦਾ ਵਿਕਾਸ ਕਰਕੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਦੌਰਾਨ ਇਹ ਦੇਖਣ ਵਿੱਚ ਆਇਆ ਸੀ ਕਿ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਜੋ ਗ੍ਰਾਂਟਾਂ ਜਾਰੀ ਕੀਤੀਆਂ ਜਾਂਦੀਆਂ ਸਨ ਉਹ ਪੂਰੀ ਤਰ੍ਹਾਂ ਨਹੀਂ ਲੱਗ ਪਾਉਂਦੀਆਂ ਸਨ ਅਤੇ ਪਿੰਡਾਂ ਦੇ ਵਸਨੀਕਾਂ ਨੂੰ ਵਿਕਾਸ ਦਾ ਪੂਰਾ ਲਾਭ ਨਹੀਂ ਸੀ ਮਿਲ ਪਾਉਂਦਾ।ਉਨ੍ਹਾਂ ਕਿਹਾ ਕਿ ਹੁਣ ਨਵੀਆਂ ਪੰਚਾਇਤਾਂ ਬਣਨ ਨਾਲ ਅਤੇ ਇਮਾਨਦਾਰ ਸਰਕਾਰ ਦੀ ਅਗਵਾਈ ਹੇਠ ਪਿੰਡਾਂ ਦਾ ਸਰਬਪੱਖੀ ਵਿਕਾਸ ਸ਼ੁਰੂ ਹੋਇਆ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ 31 ਪਿੰਡਾਂ ਵਿੱਚ ਪੰਚਾਂ ਦੀਆਂ ਉਪ ਚੋਣਾਂ ਬਕਾਇਆ ਸਨ ਅਤੇ ਰਾਜ ਚੋਣ ਕਮਿਸ਼ਨ ਵੱਲੋਂ ਜੋ ਪੰਚਾਂ ਤੇ ਸਰਪੰਚਾਂ ਦੀਆਂ ਉਪ ਚੋਣਾਂ ਕਰਵਾਈਆਂ ਜਾ ਰਹੀਆਂ ਹਨ ਉਸ ਤਹਿਤ ਵਿਧਾਨ ਸਭਾ ਹਲਕਾ ਵਿੱਚ 31 ਪਿੰਡਾਂ ਦੇ 43 ਪੰਚਾਇਤ ਮੈਂਬਰ ਸਰਬਸੰਮਤੀ ਨਾਲ ਚੁਣੇ ਗਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਹਲਕੇ ਦੀਆਂ ਸਾਰੀਆਂ ਪੰਚਾਇਤਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ।

# ਪਰਤਾਪ ਵਰਲਡ ਸਕੂਲ ਦੀ ਅੰਡਰ-19 ਗਰਲਜ਼ ਵਾਲੀਬਾਲ ਟੀਮ ਨੇ ਕਾਂਸੀ ਦਾ ਤਮਗਾ ਜਿੱਤਿਆ




**ਪਠਾਨਕੋਟ (ਦਵਿੰਦਰ ਸਿੰਘ)-** ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੀ ਅੰਡਰ-19 ਗਰਲਜ਼ ਵਾਲੀਬਾਲ ਟੀਮ ਨੇ ਪੰਜਾਬ ਦੇ ਕਪੂਰਥਲਾ ਵਿਖੇ ਹੋਏ ਸੀਬੀਐੱਸਈ ਕਲਸਟਰ ਵਾਲੀਬਾਲ ਟੂਰਨਾਮੈਂਟ ਵਿੱਚ ਕਾਂਸੀ ਦਾ ਤਮਗਾ (ਤੀਜਾ ਸਥਾਨ) ਹਾਸਿਲ ਕੀਤਾ ਹੈ।ਸਖ਼ਤ ਮੁਕਾਬਲੇ ਅਤੇ ਚੁਣੌਤੀਪੂਰਨ ਮਾਹੌਲ ਵਿੱਚ, ਪੀਡਬਲਯੂਐੱਸ ਦੀਆਂ ਬੇਟੀਆਂ ਨੇ ਸ਼ਾਨਦਾਰ ਖੇਡ ਅਤੇ ਟੀਮਵਰਕ ਦਾ ਪ੍ਰਦਰਸ਼ਨ ਕਰਦੇ ਹੋਏ ਤਮਗਾ ਜਿੱਤਣ ਵਿੱਚ ਸਫਲਤਾ ਪ੍ਰਾਪਤ ਕੀਤੀ।ਸੰਨੀ ਮਹਾਜਨ ਨਿਰਦੇਸ਼ਕ ਨੇ ਕਿਹਾ ਕਿ ਇਹ ਜਿੱਤ ਪੀਡਬਲਯੂਐੱਸ ਵਿੱਚ ਗਰਲ ਪਾਵਰ ਦੀ ਭਾਵਨਾ ਨੂੰ ਦਰਸਾਉਂਦੀ ਹੈ।ਅਸੀਂ ਉਨ੍ਹਾਂ ਨੂੰ ਅੱਗੇ ਵਧਣ ਲਈ ਹਰ ਸੰਭਵ ਮੌਕਾ ਦੇਣ ਲਈ ਪ੍ਰਤੀਬੱਧ ਹਾਂ।ਓਸ਼ਿਨ ਮਹਾਜਨ ਨੇ ਕਿਹਾ ਕਿ ਇਹ ਜਿੱਤ ਮਿਹਨਤ ਅਤੇ ਮੌਕਿਆਂ ਦਾ ਜਸ਼ਨ ਹੈ।ਸਾਨੂੰ ਮਾਣ ਹੈ ਕਿ ਅਸੀਂ ਇੱਕ ਅਜਿਹੀ ਜਗ੍ਹਾ ਪ੍ਰਦਾਨ ਕਰ ਰਹੇ ਹਾਂ ਜਿੱਥੇ ਬੇਟੀਆਂ ਸੀਮਾਵਾਂ ਨੂੰ ਪਾਰ ਕਰਦਿਆਂ ਸਨਮਾਨ ਹਾਸਲ ਕਰ ਰਹੀਆਂ ਹਨ। ਸ਼ੁਭਰਾ ਰਾਣੀ ਪ੍ਰਿੰਸੀਪਲ ਨੇ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਦਾ ਪਲ ਹੈ।ਮੈਂ ਵਿਦਿਆਰਥੀਆਂ, ਕੋਚਾਂ ਅਤੇ ਪੂਰੇ ਖੇਡ ਵਿਭਾਗ ਦੀ ਮਿਹਨਤ ਦੀ ਸ਼ਲਾਘਾ ਕਰਦੀ ਹਾਂ।

# ਚੀਫ਼ ਖ਼ਾਲਸਾ ਦੀਵਾਨ ਦੇ ਅਹੁਦੇਦਾਰਾਂ ਤੇ ਮੈਂਬਰ ਸਾਹਿਬਾਨ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨਾਂ ਵੱਲੋਂ ਦੀਵਾਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਗੁਰੂ ਸਾਹਿਬ ਦੇ ਸਨਮੁੱਖ ਦੀਵਾਨ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭੱਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸਮੂਹ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਦੀ ਕਿਰਪਾ ਪ੍ਰਾਪਤ ਕਰਨ ਹਿੱਤ ਉਹਨਾਂ ਦੇ ਦਰਸਾਏ ਨਿਮਰਤਾ, ਦਇਆ, ਪਿਆਰ ਅਤੇ ਨਿਸ਼ਕਾਮ ਸੇਵਾ ਵਾਲੇ ਮਾਰਗ ਤੇ ਚੱਲਦਿਆਂ ਜੀਵਨ ਨੂੰ ਉਚ ਆਦਰਸ਼ਾਂ ਵੱਲ ਲਿਜਾ ਕੇ ਜਿਊਣ ਦੀ ਪ੍ਰੇਰਣਾ ਦਿੱਤੀ।ਉਨ੍ਹਾਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਪਵਿੱਤਰ ਜੀਵਨ ਅੱਜ ਵੀ ਸਾਡੀ ਆਤਮਿਕ, ਧਾਰਮਿਕ ਅਤੇ ਸਮਾਜਿਕ ਜ਼ਿੰਦਗੀ ਲਈ ਪ੍ਰੇਰਨਾ ਸਰੋਤ ਹੈ।ਉਪਰੰਤ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ



ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿਚ 20 ਜੁਲਾਈ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਸੈ ਸਕੂਲ ਜੀਟੀਰੋਡ ਵਿਖੇ ਸ਼ਾਮ 4:30 ਤੋਂ ਰਾਤ 9:30 ਵਜੇ ਤੱਕ ਵੱਡੇ ਪੱਧਰ ਤੇ ਕਰਵਾਏ ਜਾ ਰਹੇ ਅਲੌਕਿਕ ਕੀਰਤਨ ਦਰਬਾਰ ਦੀਆਂ ਤਿਆਰੀਆਂ ਸਟੇਜ ਦੀ ਸਜਾਵਟ, ਸਫ਼ਾਈ, ਫਸਟ ਏਡ ਪ੍ਰਬੰਧਾਂ, ਅਨੁਸ਼ਾਸਨ, ਲੰਗਰ ਵਿਵਸਥਾ ਅਤੇ ਟਰੈਫਿਕ ਪ੍ਰਬੰਧਾਂ ਸਮੇਤ ਹੋਰਨਾਂ ਪ੍ਰਬੰਧਾਂ ਦਾ ਫਾਈਨਲ ਜਾਇਜ਼ਾ ਲਿਆ ਗਿਆ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਆਨਰੇਰੀ ਸਕੱਤਰ ਰਮਨੀਕ ਸਿੰਘ ਫਰੀਡਮ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਡਾ. ਆਤਮਜੀਤ ਸਿੰਘ ਬਸਰਾ, ਸ੍ਰ. ਏ. ਪੀ. ਐੱਸ. ਮਾਨ, ਸਰਜੋਤ ਸਿੰਘ ਸਾਹਨੀ, ਅਵਤਾਰ ਸਿੰਘ ਘੁੱਲਾ, ਰਵਿੰਦਰ ਸਿੰਘ, ਨਵਜੋਤ ਸਿੰਘ (ਤਰਨਤਾਰਨ), ਡਾਇਰੈਕਟਰ ਐਜੂਕੇਸ਼ਨ ਡਾ. ਏ. ਪੀ. ਐੱਸ. ਚਾਵਲਾ, ਪ੍ਰਿੰ. ਮੈਡਮ ਕਵਲਪ੍ਰੀਤ ਕੌਰ, ਡਾ. ਜਸਵਿੰਦਰ ਕੌਰ ਮਾਹਲ, ਅੰਡਰ ਸੈਕਟਰੀ ਕੰਵਰ ਸੁਖਜਿੰਦਰ ਸਿੰਘ ਛੱਤਵਾਲ, ਮਨਜੀਤ ਕੌਰ ਪੀ. ਆਰ. ਓ. ਅਤੇ ਸਮੂਹ ਸਟਾਫ ਹਾਜ਼ਰ ਸੀ।

# ਨੌਜਵਾਨ ਨਸ਼ਿਆਂ ਤੋਂ ਦੂਰ ਰਹਿਣ ਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ 'ਚ ਅਹਿਮ ਭੂਮਿਕਾ ਨਿਭਾਉਣ : ਰੰਧਾਵਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਪੰਜਾਬ ਨੂੰ ਨਸ਼ਾ ਮੁਕਤ ਕਰਕੇ ਸਿਹਤਮੰਦ ਤੇ ਰੰਗਲਾ ਪੰਜਾਬ ਬਣਾਉਣ ਲਈ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਸਫਲ ਬਣਾਉਣ ਲਈ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਮੁਕਤੀ ਯਾਤਰਾਵਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਅਤੇ ਇਸ ਮੁਹਿੰਮ ਨੂੰ ਲੋਕਾਂ ਦੇ ਸਹਿਯੋਗ ਨਾਲ ਭਰਪੂਰ ਸਫਲਤਾ ਮਿਲ ਰਹੀ ਹੈ।ਨਸ਼ਾ ਮੁਕਤੀ ਯਾਤਰਾ ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਿਆਂ ਦੀ ਆਦਤ ਤੋਂ ਪੀੜਤ ਮਰੀਜ਼ਾਂ ਦਾ ਸਹੀ ਇਲਾਜ ਵੀ ਯਕੀਨੀ ਬਣਾਇਆ ਜਾ ਰਿਹਾ ਹੈ।ਇਹ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਨਸ਼ਾ ਮੁਕਤੀ ਯਾਤਰਾ ਮੌਕੇ ਹਲਕੇ ਦੇ ਪਿੰਡ ਉਦੋਵਾਲੀ ਕਲਾਂ ਵਿਖੇ ਕਰਵਾਏ ਗਏ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਅਤੇ ਇਸ ਬੁਰਾਈ ਦੇ ਖਾਤਮੇ ਲਈ ਸਮਾਜ ਦੇ ਹਰ ਵਰਗ



ਨੂੰ ਆਪਣਾ ਸਹਿਯੋਗ ਦੇਣ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਤਾਂ ਜੋ ਇਸ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ।ਉਨ੍ਹਾਂ ਨੇ ਅਵਾਮ ਨੂੰ ਇਹ ਵੀ ਅਪੀਲ ਕੀਤੀ ਕਿ ਕਿਸੇ ਵੀ ਨਸ਼ਾ ਤਸਕਰ ਦਾ ਸਾਥ ਨਾ ਦਿੱਤਾ ਜਾਵੇ ਅਤੇ ਜੇਕਰ ਇਸ ਤਰ੍ਹਾਂ ਦਾ ਕੋਈ ਵੀ ਅਜਿਹਾ ਕੇਸ ਸਾਹਮਣੇ ਆਉਂਦਾ ਹੈ ਤਾਂ, ਉਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ।ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾਵੇ।ਇਸ ਮੌਕੇ ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਵਾਈ। ਇਸ ਮੌਕੇ ਉਨ੍ਹਾਂ ਨਾਲ ਡੀਐੱਸਪੀ ਡੇਰਾ ਬਾਬਾ ਨਾਨਕ ਜੋਗਾ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਇਲਾਕੇ ਦੇ ਪੰਚ-ਸਰਪੰਚ ਤੇ ਮੁਹਤਬਰ ਵੀ ਹਾਜ਼ਰ ਸਨ।

# ਡੀਓਏ ਤੇ ਸੀਐੱਨਆਈ ਵੱਲੋਂ ਮਹਿਲਾ ਸਸ਼ਕਤੀਕਰਨ ਲਈ ਹੋਰ ਯਤਨ ਵਿੱਢਣ ਦਾ ਅਹਿਦ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਪਿਛਲੀਆਂ ਸਫਲਤਾਵਾਂ ਦੇ ਆਧਾਰ ਤੇ ਡਾਇਓਸਿਸ ਆਫ਼ ਅੰਮ੍ਰਿਤਸਰ (ਡੀਓਏ), ਚਰਚ ਆਫ਼ ਨੌਰਥ ਇੰਡੀਆ (ਸੀਐੱਨਆਈ) ਦੀ ਮਹਿਲਾ ਵਿੰਗ, ਡਾਇਓਸੀਸਨ ਵੂਮੈਨਜ਼ ਫੈਲੋਸ਼ਿਪ ਫਾਰ ਕ੍ਰਿਸ਼ਚੀਅਨ ਸਰਵਿਸ (ਡੀਡਬਲਯੂਐੱਫਸੀਐੱਸ) ਨੇ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ ਹਾਸ਼ੀਏ 'ਤੇ ਧੱਕੀਆਂ ਹੋਈਆਂ ਔਰਤਾਂ ਦੇ ਸਸ਼ਕਤੀਕਰਨ ਲਈ ਆਪਣੇ ਯਤਨਾਂ ਨੂੰ



ਮਜ਼ਬੂਤ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ ਹੈ।ਇਹ ਸੰਕਲਪ ਜਸਟੀਨਾ ਦਿਵਸ, ਜੋਕਿ ਡੀਡਬਲਯੂਐੱਫਸੀਐੱਸ ਦੀ ਸਾਬਕਾ ਸਕੱਤਰ ਜਸਟੀਨਾ ਵਾਲਟਰ, ਜੋ ਕਿ ਗਰੀਬ ਕੁੜੀਆਂ ਅਤੇ ਔਰਤਾਂ ਲਈ ਆਪਣੀ ਸਮਰਪਿਤ ਸੇਵਾ ਲਈ ਜਾਣੇ ਜਾਂਦੇ ਹਨ, ਦੀ ਯਾਦ ਵਿਚ ਹਰ ਸਾਲ ਡੀਓਏ, ਸੀਐੱਨਆਈ, ਦੇ ਸਾਰੇ ਚਰਚਾਂ ਵਿਚ ਮਨਾਇਆ ਜਾਂਦਾ ਹੈ, ਲਿਆ ਗਿਆ। ਇਸ ਦਾ ਉਦੇਸ਼ ਸ਼੍ਰੀਮਤੀ ਵਾਲਟਰ, ਜਿਨ੍ਹਾਂ ਦਾ ਕੈਂਸਰ ਕਾਰਨ ਦੇਹਾਂਤ ਹੋ ਗਿਆ ਸੀ, ਦੇ ਦਰਸ਼ਨ ਦੇ ਅਨੁਸਾਰ ਗਰੀਬ ਔਰਤਾਂ ਅਤੇ ਕੁੜੀਆਂ ਦੀ ਭਲਾਈ ਲਈ ਫੰਡ ਇਕੱਠਾ ਕਰਨਾ ਹੈ। ਵੇਰਵੇ ਦਿੰਦੇ ਹੋਏ ਡੋਰਥੀ ਹਾਵੇਲ ਜੌਨ, ਵਾਈਸ ਚੇਅਰਮੈਨ, ਡੀਡਬਲਯੂਐੱਫਸੀਐੱਸ ਨੇ ਕਿਹਾ ਕਿ ਡੀਡਬਲਯੂਐੱਫਸੀਐੱਸ ਆਪਣੀਆਂ ਪਿਛਲੀਆਂ ਸਸ਼ਕਤੀਕਰਨ ਪਹਿਲਕਦਮੀਆਂ ਦੇ ਲਾਭਪਾਤਰੀਆਂ ਦੇ ਸੰਪਰਕ ਵਿੱਚ ਹੈ। ਮੈਨੂੰ ਇਹ ਕਹਿੰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਉਹ ਸਾਰੀਆਂ ਆਪਣੀ ਜ਼ਿੰਦਗੀ ਵਿੱਚ ਸਫਲ ਅਤੇ ਖੁਸ਼ਹਾਲ ਹਨ।ਇਸ ਤੋਂ ਇਲਾਵਾ ਜ਼ਿਆਦਾਤਰ ਕੁੜੀਆਂ ਜਿਨ੍ਹਾਂ ਦੀ ਸਿੱਖਿਆ ਡੀਡਬਲਯੂਐੱਫਸੀਐੱਸ ਦੁਆਰਾ ਫੰਡ ਕੀਤੀ ਗਈ ਸੀ, ਅਗਲੇ ਪੱਧਰ 'ਤੇ ਜਾਣ ਲਈ ਤਿਆਰ ਹਨ। ਇਸ ਮੌਕੇ ਸੇਂਟ ਲੂਕ ਚਰਚ, ਸ਼ਾਹਪੁਰ ਜਾਜਨ ਦੇ ਪ੍ਰੈਸਬੀਟਰ-ਇਨ-ਚਾਰਜ ਰੇਵ ਪਵਨ ਪਾਲ, ਈਵੈਂਜਲਿਸਟ ਵਿੱਕੀ, ਦਾਨੀ ਸਿੰਘ, ਖਜ਼ਾਨਚੀ, ਡੀਡਬਲਯੂਐੱਫਸੀਐੱਸ, ਰੋਹਿਨੀ ਸੰਨੀ, ਕਨਵੀਨਰ, ਕ੍ਰਿਸ਼ਚੀਅਨ ਐਜੂਕੇਸ਼ਨ, ਪੰਜਾਬ ਵਰਕ ਪ੍ਰਮੋਟਰ ਰੇਖਾ, ਪਰਵੇਸ਼, ਸਾਬਕਾ ਕਨਵੀਨਰ, ਸੋਸ਼ਲ ਜਸਟਿਸ, ਸਾਬਕਾ ਡੀਡਬਲਯੂਐੱਫਸੀਐੱਸ ਪ੍ਰਧਾਨ, ਸ਼ਿਵਾਨੀ ਬਿਹਾਰਾ, ਸਰਲਾ ਐਗਬਰਟ, ਕਨਵੀਨਰ, ਜਸਟੀਨਾ ਡੇ ਸੈਲੀਬ੍ਰੇਸ਼ਨ, ਮਨਜੀਤ, ਕਨਵੀਨਰ, ਕ੍ਰਿਸ਼ਚੀਅਨ ਹੋਮ ਵੀਕ ਵੀ ਇਸ ਮੌਕੇ 'ਤੇ ਮੌਜੂਦ ਸਨ।

# ਬੀ ਐੱਡ ਕਾਲਜ ਖਡੂਰ ਸਾਹਿਬ ਦਾ ਸਰਬਉੱਤਮ ਪ੍ਰਿੰ. ਐਵਾਰਡ ਤੇ ਜ਼ਿਲ੍ਹਾ ਗ੍ਰੀਨ ਚੈਂਪੀਅਨ ਐਵਾਰਡ ਨਾਲ ਸਨਮਾਨ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-** ਸ੍ਰੀ ਗੁਰੂ ਅੰਗਦ ਦੇਵ ਕਾਲਜ ਆਫ਼ ਐਜੂਕੇਸ਼ਨ, ਖਡੂਰ ਸਾਹਿਬ ਵਿਖੇ ਵਿਦਿਆਰਥੀਆਂ ਅਤੇ ਸਮਾਜ ਵਿੱਚ ਵਾਤਾਵਰਣ ਪ੍ਰਤੀ ਸੰਵੇਦਨਸ਼ੀਲਤਾ ਪੈਦਾ ਕਰਨ ਹਿੱਤ ਸਮੇਂ-ਸਮੇਂ ਤੇ ਕਈ ਉਪਰਾਲੇ ਕੀਤੇ ਜਾਂਦੇ ਹਨ।ਇਸੇ ਮੁਹਿੰਮ ਤਹਿਤ ਸੰਸਥਾ ਨੇ ਭਾਰਤ ਸਰਕਾਰ ਦੇ ਮਾਈਕਰੋ, ਸਮਾਲ ਇੰਡੀਆ ਮੀਡੀਅਮ ਐਂਟਰਪ੍ਰਾਈਜ਼ਿਜ਼ ਮੰਤਰਾਲੇ ਅਧੀਨ ਰਜਿਸਟਰਡ ਨੈਸ਼ਨਲ ਐਜੂ ਟਰੱਸਟ ਆਫ਼



ਇੰਡੀਆ ਦੁਆਰਾ ਆਯੋਜਿਤ ਵਾਤਾਵਰਣ ਸੰਭਾਲ ਸਬੰਧੀ ਸਸਟੇਨੇਬਿਲਿਟੀ ਐਕਸੀਲੈਂਸ ਐਵਾਰਡ-2025 ਅਧੀਨ ਪ੍ਰਤੀਯੋਗਤਾ ਵਿੱਚ ਸ਼ਮੂਲੀਅਤ ਕੀਤੀ।ਇਸ ਪ੍ਰਤੀਯੋਗਤਾ ਦੇ ਅੰਤਰਗਤ ਵਾਤਾਵਰਣ ਸੰਭਾਲ ਉਪਰਾਲਿਆਂ, ਸਮਾਜਿਕ ਚੇਤਨਾ, ਨਵੀਨਤਮ ਅਤੇ ਉਸਾਰੂ ਸੋਚ ਆਧਾਰਿਤ ਕਾਰਜ ਪ੍ਰਣਾਲੀ, ਵਧੀਆ ਪ੍ਰਦਰਸ਼ਨ ਅਤੇ ਉਤਮ ਰਿਪੋਰਟ ਦੀ ਗੁਣਵੱਤਾ ਦੇ ਮਾਪਦੰਡਾਂ ਦੇ ਆਧਾਰ 'ਤੇ ਸੰਸਥਾ ਨੇ ਜ਼ਿਲ੍ਹਾ ਗਰੀਨ ਚੈਂਪੀਅਨਸ਼ਿਪ ਐਵਾਰਡ-2025 ਅਤੇ ਸੰਸਥਾ ਦੇ ਡਾ. ਸਿਮਰਪ੍ਰੀਤ ਕੌਰ ਨੇ ਸਰਬਉਤਮ ਪ੍ਰਿੰਸੀਪਲ ਦਾ ਐਵਾਰਡ ਪ੍ਰਾਪਤ ਕੀਤਾ ਹੈ।ਸਸਟਨੇਬਿਲਟੀ ਐਕਸੀਲੈਂਸ ਐਵਾਰਡ ਦਾ ਆਯੋਜਨ 15 ਜੁਲਾਈ ਨੂੰ ਨੈਸ਼ਨਲ ਐਜੂ ਟਰੱਸਟ ਆਫ਼ ਇੰਡੀਆ ਦੇ ਸਹਿਯੋਗ ਸਦਕਾ ਅਤੇ ਸੀਈਓ ਸਮਰੱਥ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚਿਤਕਾਰਾ ਯੂਨੀਵਰਸਿਟੀ, ਪੰਜਾਬ ਵਿਖੇ ਕੀਤਾ ਗਿਆ।ਇਸ ਮੌਕੇ ਨਾਮਵਰ ਆਰਕੀਟੈਕਟ ਜੀਤ ਕੁਮਾਰ ਗੁਪਤਾ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ।ਪ੍ਰਿੰਸੀਪਲ ਡਾ. ਸਿਮਰਪ੍ਰੀਤ ਕੌਰ ਨੂੰ ਗੁਣਵੱਤਾ ਭਰਪੂਰ ਕਾਰਜ ਸ਼ੈਲੀ, ਸਮਾਜਿਕ ਚੇਤਨਾ ਅਤੇ ਉਸਾਰੂ ਸੋਚ ਦੇ ਅਧਾਰ ਤੇ ਸਰਬਉਤਮ ਪ੍ਰਿੰਸੀਪਲ ਦੇ ਐਵਾਰਡ ਨਾਲ ਨਿਵਾਜਿਆ ਗਿਆ।ਪ੍ਰਿੰਸੀਪਲ ਡਾ. ਸਿਮਰਪ੍ਰੀਤ ਕੌਰ ਨੇ ਸਮੂਹ ਪ੍ਰਬੰਧਕੀ ਕਮੇਟੀ, ਇਲਾਕਾ ਨਿਵਾਸੀ, ਵਿਦਿਆਰਥੀਆਂ ਦੇ ਮਾਪਿਆਂ, ਅਲੂਮਨੀ ਮੈਂਬਰਾਂ ਅਤੇ ਸਾਥੀ ਵਿੱਦਿਅਕ ਸੰਸਥਾਵਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਯਤਨ ਅਤੇ ਉਪਰਾਲੇ ਕੀਤੇ ਜਾਣਗੇ।

# ਕਟਾਰੂਚੱਕ ਵੱਲੋਂ ਪਿੰਡ ਹੈਬਤਪਿੰਡੀ ਦੇ ਲੋਕਾਂ ਨੂੰ ਨਵਾਂ ਵਾਟਰ ਸਪਲਾਈ ਪ੍ਰੋਜੈਕਟ ਸਮਰਪਿਤ

**ਪਠਾਨਕੋਟ (ਦਵਿੰਦਰ ਸਿੰਘ)-** ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਹੈਬਤਪਿੰਡੀ ਵਿਖੇ ਕਰੀਬ 70 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਵਾਟਰ ਸਪਲਾਈ ਦਾ ਉਦਘਾਟਨ ਕਰਨ ਮਗਰੋਂ ਲੋਕਾਂ ਨੂੰ ਇਹ ਵਾਟਰ ਸਪਲਾਈ ਸਮਰਪਿਤ ਕਰ



ਦਿੱਤੀ ਗਈ।ਉਦਘਾਟਨ ਸਮਾਰੋਹ ਵਿੱਚ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਸਰਪੰਚ ਰਾਜ ਕੁਮਾਰੀ, ਜਗਨਨਾਥ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਪਿੰਡ ਹੈਬਤਪਿੰਡੀ ਦੇ ਲੋਕਾਂ ਦੀ ਬਹੁਤ ਪੁਰਾਣੀ ਮੰਗ ਸੀ ਕਿ ਪਿੰਡ ਅੰਦਰ ਵਾਟਰ ਸਪਲਾਈ ਲਗਾਈ ਜਾਵੇ। ਹੁਣ ਹੈਬਤਪਿੰਡੀ ਦੇ ਕਰੀਬ 233 ਘਰਾਂ ਨੂੰ ਇਸ ਵਾਟਰ ਸਪਲਾਈ ਤੋਂ ਪੀਣ ਵਾਲਾ ਸਾਫ ਪਾਣੀ ਮਿਲ ਸਕੇਗਾ। ਵਾਟਰ ਸਪਲਾਈ ਵਿੱਚ 107 ਮੀਟਰ ਡੂੰਘਾ ਡੀਪ ਬੋਰ ਕੀਤਾ ਗਿਆ ਹੈ, ਇੱਕ 50,000 ਲੀਟਰ ਦੀ ਸਮਰੱਥਾ ਵਾਲੀ ਪਾਣੀ ਦੀ ਟੈਂਕੀ ਵੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਭਵਿੱਖ ਅੰਦਰ ਹੋਰ ਵੀ ਵੱਡੇ ਪ੍ਰੋਜੈਕਟ ਖੇਤਰ ਅੰਦਰ ਲਿਆਂਦੇ ਜਾਣਗੇ ਤਾਂ ਜੋ ਉਹ ਵਿਕਾਸ ਕਾਰਜ ਜੋ ਬਹੁਤ ਸਮਾਂ ਪਹਿਲਾਂ ਹੋ ਜਾਣੇ ਚਾਹੀਦੇ ਸੀ ਪਰ ਪਿਛਲੀਆਂ ਸਰਕਾਰਾਂ ਵੱਲੋਂ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਪ੍ਰੋਜੈਕਟਾਂ ਨੂੰ ਪਹਿਲ ਦੇ ਆਧਾਰ ਤੇ ਅਮਲੀ ਰੂਪ ਦਿੱਤਾ ਜਾਵੇਗਾ। ਉਨ੍ਹਾਂ ਨਵੀਂ ਵਾਟਰ ਸਪਲਾਈ ਦੇ ਸ਼ੁਰੂ ਹੋਣ 'ਤੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ।

21-July-PAGE-4.qxd 7/20/2025 9:48 PM Page 1

ਨਵਾਂ ਜ਼ਮਾਨਾ

ਸੋਮਵਾਰ, 21 ਜੁਲਾਈ 2025

# ਬਿਹਾਰ ਦੇ ਦਲਿਤ ਵੋਟਰਾਂ ਦੀ ਸੋਚ

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮੁੱਖ ਮੰਤਰੀ ਨਿਤਿਸ਼ ਕੁਮਾਰ ਦੀਆਂ ਰੈਲੀਆਂ ਤੇ ਰੋਡ ਸ਼ੋਅ ਦਰਮਿਆਨ ਸਿਆਲਾਂ ਵਿੱਚ ਹੋਣ ਜਾ ਰਹੀਆਂ ਬਿਹਾਰ ਅਸੈਂਬਲੀ ਚੋਣਾਂ ਤੋਂ ਪਹਿਲਾਂ ਦਲਿਤਾਂ ਦੀ ਕੀ ਸੋਚ ਹੈ, ਇਸ ਦੀ ਝਲਕ ਨੈਸ਼ਨਲ ਕਨਫੈਡਰੇਸ਼ਨ ਆਫ ਦਲਿਤ ਐਂਡ ਆਦਿਵਾਸੀ ਆਰਗੇਨਾਈਜ਼ੇਸ਼ਨਜ਼ ਅਤੇ ਦਿ ਕਨਵਰਜੈਂਟ ਮੀਡੀਆ ਨੇ ਮਿਲ ਕੇ ਦਲਿਤ ਵੋਟਰਾਂ ਵਿੱਚ ਕੀਤੇ ਸਰਵੇ ਤੋਂ ਮਿਲਦੀ ਹੈ। ਦਲਿਤ ਵੋਟਰਾਂ ਨੇ ਪਹਿਲੀ ਪਸੰਦ ਆਪੋਜ਼ੀਸ਼ਨ ਪਾਰਟੀਆਂ ਦੇ ਮਹਾਂਗੱਠਬੰਧਨ ਨੂੰ ਦੱਸਿਆ ਹੈ। 46.13 ਫੀਸਦੀ ਦਲਿਤ ਵੋਟਰ ਮਹਾਂਗੱਠਬੰਧਨ ਦੀ ਸਰਕਾਰ ਦੇਖਣੀ ਚਾਹੁੰਦੇ ਹਨ ਅਤੇ 31.93 ਫੀਸਦੀ ਦੀ ਪਸੰਦ ਹੁਕਮਰਾਨ ਐੱਨ ਡੀ ਏ ਹੈ। 21.94 ਫੀਸਦੀ ਦਲਿਤ ਵੋਟਰਾਂ ਦੀ ਪਸੰਦ ਦੂਜੀਆਂ ਪਾਰਟੀਆਂ ਹਨ। 45.46 ਫੀਸਦੀ ਦਲਿਤਾਂ ਨੇ ਨਿਤਿਸ਼ ਸਰਕਾਰ ਦੇ ਕੰਮਕਾਜ ਨੂੰ ਚੰਗਾ ਦੱਸਿਆ, ਪਰ ਖਰਾਬ ਦੱਸਣ ਵਾਲੇ 48.44 ਫੀਸਦੀ ਸਨ। ਕੋਈ ਰਾਇ ਨਾ ਦੇਣ ਵਾਲੇ 6.1 ਫੀਸਦੀ ਸਨ।*

*ਬਹੁਤੇ ਦਲਿਤ ਬੇਰੁਜ਼ਗਾਰੀ ਨੂੰ ਸੂਬੇ ਦਾ ਸਭ ਤੋਂ ਵੱਡਾ ਮੁੱਦਾ ਸਮਝਦੇ ਹਨ। 58.85 ਫੀਸਦੀ ਲਈ ਸਭ ਤੋਂ ਵੱਡਾ ਮੁੱਦਾ ਬੇਰੁਜ਼ਗਾਰੀ ਹੈ, ਜਦਕਿ 14.68 ਫੀਸਦੀ ਲੋਕਾਂ ਨੇ ਸਿੱਖਿਆ ਤੇ ਸਿਹਤ, 11.21 ਫੀਸਦੀ ਨੇ ਭ੍ਰਿਸ਼ਟਾਚਾਰ, 9.45 ਫੀਸਦੀ ਨੇ ਅਮਨ-ਕਾਨੂੰਨ ਅਤੇ 5.81 ਫੀਸਦੀ ਨੇ ਹਿਜਰਤ ਨੂੰ ਵੱਡਾ ਮੁੱਦਾ ਦੱਸਿਆ। ਇਹ ਪੁੱਛਣ 'ਤੇ ਕਿ ਉਹ ਜਾਤੀ ਜਨਗਣਨਾ ਦਾ ਸਿਹਰਾ ਕਿਸ ਨੂੰ ਦਿੰਦੇ ਹਨ, ਸਭ ਤੋਂ ਵੱਧ 33.15 ਫੀਸਦੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, 30.81 ਫੀਸਦੀ ਨੇ ਰਾਹੁਲ ਗਾਂਧੀ, 27.57 ਫੀਸਦੀ ਨੇ ਤੇਜਸਵੀ ਯਾਦਵ ਅਤੇ 8.47 ਫੀਸਦੀ ਨੇ ਹੋਰਨਾਂ ਨੂੰ ਸਿਹਰਾ ਦਿੱਤਾ। 28.83 ਫੀਸਦੀ ਦਲਿਤ ਤੇਜਸਵੀ ਯਾਦਵ ਨੂੰ ਪਸੰਦੀਦਾ ਆਗੂ ਮੰਨਦੇ ਹਨ। ਨਿਤਿਸ਼ ਕੁਮਾਰ 25.88 ਫੀਸਦੀ, ਚਿਰਾਗ ਪਾਸਵਾਨ 22.80 ਫੀਸਦੀ, ਜੀਤਨ ਰਾਮ ਮਾਂਝੀ 9.05 ਫੀਸਦੀ, ਪ੍ਰਸ਼ਾਂਤ ਕਿਸ਼ੋਰ 7.44 ਫੀਸਦੀ ਦਲਿਤਾਂ ਦੀ ਪਸੰਦ ਹਨ, ਜਦਕਿ 6 ਫੀਸਦੀ ਦਲਿਤ ਹੋਰਨਾਂ ਆਗੂਆਂ ਨੂੰ ਪਸੰਦ ਕਰਦੇ ਹਨ।*

*ਬਿਹਾਰ ਵਿੱਚ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਕੀਤੀ ਜਾ ਰਹੀ ਵਿਆਪਕ ਪੜਤਾਲ ਦੇ ਸੰਦਰਭ ਵਿੱਚ ਦਲਿਤ ਵੋਟਰਾਂ ਦੀ ਸੋਚ ਦੰਗ ਕਰਨ ਵਾਲੀ ਹੈ। ਇਸ ਸੁਆਲ ਕਿ ਕੀ ਤੁਹਾਨੂੰ ਵੋਟ ਦਾ ਹੱਕ ਖੋਹ ਲਏ ਜਾਣ ਦਾ ਡਰ ਹੈ, 71.55 ਨੇ ਜੁਆਬ ਹਾਂ ਵਿੱਚ ਦਿੱਤਾ। 32.74 ਫੀਸਦੀ ਦਾ ਮੰਨਣਾ ਹੈ ਕਿ ਉਨ੍ਹਾਂ ਨੂੰ ਵੋਟ ਦਾ ਹੱਕ ਖੋਹ ਲਏ ਜਾਣ ਦਾ ਡਰ ਨਹੀਂ। 5.01 ਫੀਸਦੀ ਲੋਕਾਂ ਨੇ ਕੋਈ ਰਾਇ ਨਹੀਂ ਦਿੱਤੀ। ਚੋਣ ਕਮਿਸ਼ਨ 'ਤੇ ਭਰੋਸੇ ਬਾਰੇ ਪੁੱਛੇ ਜਾਣ 'ਤੇ 51.22 ਫੀਸਦੀ ਨੇ ਕਿਹਾ ਕਿ ਉਨ੍ਹਾਂ ਨੂੰ ਅਜੇ ਵੀ ਭਰੋਸਾ ਹੈ, ਪਰ 27.42 ਫੀਸਦੀ ਲੋਕਾਂ ਨੇ ਕਿਹਾ ਕਿ ਭਰੋਸਾ ਉਠ ਗਿਆ ਹੈ। 21.36 ਫੀਸਦੀ ਨੇ ਸਹੀ-ਸਹੀ ਕੁਝ ਨਹੀਂ ਦੱਸਿਆ। ਸਰਵੇ ਦੱਸਦਾ ਹੈ ਕਿ ਨਿਤਿਸ਼ ਦੀ ਹੁਣ ਪਹਿਲਾਂ ਵਾਲੀ ਗੱਲ ਨਹੀਂ ਰਹੀ ਅਤੇ ਮਹਾਂਗੱਠਬੰਧਨ ਆਪਣੀ ਸਥਿਤੀ ਆਏ ਦਿਨ ਮਜ਼ਬੂਤ ਕਰ ਰਿਹਾ ਹੈ।*

## ਪਾਠਕ-ਸੱਥ

### ਜ਼ੰਕ ਫੂਡ ਬਾਰੇ ਚੇਤਾਵਨੀ

ਜ਼ੰਕ ਫੂਡ ਦੀ ਦਿਨੋਂ-ਦਿਨ ਵਧ ਰਹੀ ਵਰਤੋਂ ਕਰਕੇ ਕੇਂਦਰ ਸਰਕਾਰ ਮੋਟਾਪਾ ਅਤੇ ਉਸ ਨਾਲ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਜੰਕ ਫੂਡ ਦੁਕਾਨਾਂ ਨੂੰ ਚਿਤਾਵਨੀ ਲਿਖਣ ਲਈ ਹਦਾਇਤਾਂ ਦੇਣ ਦੀ ਤਿਆਰੀ ਕਰ ਰਹੀ ਹੈ। ਅਜੋਕੇ ਸਮੇਂ ਵਿੱਚ ਖ਼ਾਸ ਕਰਕੇ ਨੌਜਵਾਨ ਜ਼ੰਕ ਫੂਡ ਦੇ ਚੁੰਗਲ ਵਿੱਚ ਬੁਰੀ ਤਰ੍ਹਾਂ ਫਸ ਚੁੱਕੇ ਹਨ। ਜ਼ਿਆਦੇ ਤੇਜ਼ ਮਸਾਲੇ, ਨਮਕ, ਘੀ, ਤੇਲ ਅਤੇ ਮਿੱਠੇ ਦੀ ਹੱਦੋਂ ਜ਼ਿਆਦਾ ਵਰਤੋਂ ਨੇ ਸਿਹਤਮੰਦ ਜੀਵਨ ਸ਼ੈਲੀ ਵਿੱਚ ਨਿਘਾਰ ਲਿਆ ਕੇ ਦਿਲ ਅਤੇ ਇਸ ਨਾਲ ਸੰਬੰਧਤ ਹੋਣ ਵਾਲੀਆਂ ਬਿਮਾਰੀਆਂ ਵਿੱਚ ਵਾਧਾ ਕੀਤਾ ਹੈ।ਜ਼ੰਕ ਫੂਡ ਦੁਕਾਨਾਂ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਲਿਖੀ ਜਾਣ ਵਾਲੀ ਚਿਤਾਵਨੀ ਸ਼ਲਾਘਾਯੋਗ ਕਦਮ ਹੈ ਪਰੰਤੂ ਅਮਲਾਂ ਤੋਂ ਬਿਨਾਂ ਗਿਆਨ ਭਾਰ ਹੈ । ਚਿਤਾਵਨੀ ਤਾਂ ਸ਼ਰਾਬ ਅਤੇ ਤੰਬਾਕੂ ਵਾਲੇ ਪਦਾਰਥਾਂ 'ਤੇ ਵੀ ਲਿਖੀ ਹੁੰਦੀ ਹੈ, ਪਰੰਤੂ ਉਸ 'ਤੇ ਅਮਲ ਕੋਈ ਨਹੀਂ ਕਰਦਾ, ਚਿਤਾਵਨੀ ਪੜ੍ਹ ਕੇ ਵੀ ਲੋਕ ਧੜਾਧੜ ਸ਼ਰਾਬ ਅਤੇ ਤੰਬਾਕੂ ਦਾ ਸੇਵਨ ਕਰ ਰਹੇ ਹਨ। ਚਿਤਾਵਨੀ ਕੋਈ ਵੀ ਹੋਵੇ, ਉਹ ਸਾਡੀ ਜ਼ਿੰਦਗੀ ਦੀ ਸੁਰੱਖਿਆ ਲਈ ਹੁੰਦੀ ਹੈ, ਕਿਉਂਕਿ ਕੇਵਲ ਚਿਤਾਵਨੀ ਪੜ੍ਹਨਾ ਅਤੇ ਪੜ੍ਹ ਕੇ ਛੱਡ ਦੇਣ ਨਾਲ ਕੁੱਝ ਨਹੀਂ ਹੋਣਾ, ਉਸ 'ਤੇ ਅਮਲ ਕਰਨਾ ਵੀ ਬਹੁਤ ਜ਼ਰੂਰੀ ਹੈ।

**-ਰਜਵਿੰਦਰ ਪਾਲ ਸ਼ਰਮਾ, 70873-67969**

### ਆਪਣੇ-ਆਪ ਨਾਲ ਕਰੀਏ ਵਾਅਦਾ

ਅੱਜ ਜਿਵੇਂ-ਜਿਵੇਂ ਤਕਨਾਲੋਜੀ ਦਾ ਵਿਕਾਸ ਹੁੰਦਾ ਜਾਂਦਾ ਹੈ, ਤਿਵੇਂ-ਤਿਵੇਂ ਖੋਜ ਤੇ ਅਧਿਐਨ ਦਾ ਰੂਪ ਵੀ ਬਦਲਦਾ ਜਾ ਰਿਹਾ ਹੈ। ਹਾਲ ਹੀ ਵਿੱਚ ਅਮਰੀਕਾ ਦੀ ਸਟੈਨਫੋਰਡ ਯੂਨੀਵਰਸਿਟੀ ਨੇ ਵਿਅਕਤੀ ਦੇ ਮਿਜ਼ਾਜ (ਮੂਡ) 'ਚ ਤਬਦੀਲੀ ਨੂੰ ਲੈ ਕੇ ਇੱਕ ਅਧਿਐਨ ਕੀਤਾ ਹੈ। ਯੂਨੀਵਰਸਿਟੀ ਦੇ ਅਧਿਐਨਕਰਤਾਵਾਂ ਨੇ ਮੋਬਾਇਲ ਫੋਨ ਦੇ ਜ਼ਿਆਦਾ ਪ੍ਰਯੋਗ ਰਾਹੀਂ ਆ ਰਹੀਆਂ ਸਰੀਰਕ ਤੇ ਮਾਨਸਿਕ ਪ੍ਰੇਸ਼ਾਨੀਆਂ ਨੂੰ ਦੇਖਦੇ ਹੋਏ ਤਕਰੀਬਨ ਪੈਂਤੀ ਹਜ਼ਾਰ ਵਿਅਕਤੀਆਂ ਦੇ ਇੱਕ ਸਮੂਹ ਨੂੰ ਅਧਿਐਨ ਲਈ ਚੁਣਿਆ। ਉਨ੍ਹਾਂ ਨੂੰ ਇੱਕ ਤੋਂ ਛੇ ਹਫਤੇ ਤੱਕ ਆਪਣੇ ਫੇਸਬੁੱਕ ਤੇ ਇੰਸਟਾਗ੍ਰਾਮ ਤੋਂ ਲਾੱਗ ਆਊਟ ਰਹਿਣ ਲਈ ਕਿਹਾ ਗਿਆ। ਨਤੀਜਾ ਇਹ ਨਿਕਲਿਆ ਕਿ ਇਨ੍ਹਾਂ ਵਿਅਕਤੀਆਂ ਦੇ ਮਿਜ਼ਾਜ ਵਿੱਚ ਚਾਰ ਤੋਂ ਛੇ ਪ੍ਰਤੀਸ਼ਤ ਸਾਕਾਰਾਤਮਕ ਵਾਧਾ ਦਰਜ ਕੀਤਾ ਗਿਆ। ਕਹਿਣ-ਸੁਣਨ ਨੂੰ ਤਾਂ ਇਹ ਗੱਲ ਆਮ ਜਿਹੀ ਲੱਗਦੀ ਹੈ ਪਰ ਅੱਜ ਸਾਨੂੰ ਇਹ ਮੋਬਾਇਲ ਰੂਪੀ ਨਸ਼ੇ ਦੀ ਅਜਿਹੀ ਲੱਤ ਲੱਗ ਚੁੱਕੀ ਹੈ ਕਿ ਅਸੀਂ ਚਾਹੁੰਦੇ ਹੋਏ ਵੀ ਇਸ ਤੋਂ ਛੁਟਕਾਰਾ ਨਹੀਂ ਪਾ ਸਕਦੇ। ਨਿਰਾਰਥਕ ਤੇ ਫਾਲਤੂ ਕੰਟੈਂਟ ਲਈ ਘੰਟਿਆਂਬੱਧੀ ਇਸ ਨਾਲ ਚਿੰਬੜੇ ਰਹਿਣ ਨਾਲ ਸਰੀਰਕ 'ਤੇ ਮਾਨਸਿਕ ਤੌਰ ਤੇ ਬਿਮਾਰ ਹੁੰਦੇ ਜਾ ਰਹੇ ਹਾਂ। ਸੋਚੋ ਜੇ ਸਾਡੀ ਇਹ ਹਾਲਤ ਹੈ ਤਾਂ ਆਉਣ ਵਾਲੇ ਸਮੇਂ ਵਿੱਚ ਸਾਡੇ ਬੱਚਿਆਂ ਦਾ ਬਚਾਅ ਕਿੱਦਾਂ ਹੋਵੇਗਾ। ਕੀਤੇ ਗਏ ਅਧਿਐਨ 'ਤੇ ਵਿਚਾਰ ਕਰਦੇ ਹੋਏ ਸਾਨੂੰ ਵੀ ਆਪ ਹੀ ਆਪਣੇ-ਆਪ ਨਾਲ ਇਹ ਵਾਅਦਾ ਕਰਨਾ ਹੋਵੇਗਾ ਕਿ ਹੌਲੀ-ਹੌਲੀ ਇਸ ਡੱਬੀਨੁਮਾ ਸਕਰੀਨ ਦਾ ਸਮਾਂ ਘਟਾਈਏ। ਇਹ ਹੀ ਸਾਡੇ ਤੇ ਸਾਡੇ ਬੱਚਿਆਂ ਦੇ ਹਿੱਤ ਵਿੱਚ ਹੋਵੇਗਾ।

**-ਲਾਭ ਸਿੰਘ ਸ਼ੇਰਗਿੱਲ (ਸੰਗਰੂਰ)**

### ਸੜਕ 'ਤੇ ਗਲਤ ਪਾਸੇ ਨਾ ਚੱਲੋ

ਆਮ ਹੀ ਵੇਖਣ ਵਿੱਚ ਆਉਂਦਾ ਹੈ ਕਿ ਨਿੱਤ ਦਿਨ ਕੋਈ ਨਾ ਕੋਈ ਸੜਕ ਹਾਦਸਾ ਹੋਣ ਕਰਕੇ ਕਈ ਮਨੁੱਖੀ ਜਾਨਾਂ ਮੌਤ ਦੇ ਮੂੰਹ ਵਿੱਚ ਚਲੀਆਂ ਜਾਂਦੀਆਂ ਹਨ। ਜ਼ਿਆਦਤਰ ਸੜਕ ਹਾਦਸੇ ਅਣਗਹਿਲੀ/ਲਾਪਰਵਾਹੀ ਕਾਰਨ ਹੀ ਵਾਪਰਦੇ ਹਨ । ਅੱਜ-ਕੱਲ੍ਹ ਵੱਡੀਆਂ-ਵੱਡੀਆਂ ਸੜਕਾਂ ਬਣਨ ਕਰਕੇ ਹਰ ਕੋਈ ਬਹੁਤ ਜ਼ਿਆਦਾ ਸਪੀਡ ਨਾਲ ਆਪਣੇ ਵਹੀਕਲ ਚਲਾਉਂਦੇ ਹਨ, ਜਿਸ ਕਰਕੇ ਵਹੀਕਲ ਨੂੰ ਕਾਬੂ ਕਰਨਾ ਮੁਸ਼ਕਿਲ ਹੋ ਜਾਂਦਾ ਹੈ ਤੇ ਸਿੱਟੇ ਵਜੋਂ ਦੁਰਘਟਨਾ ਵਾਪਰ ਜਾਂਦੀ ਹੈ। ਇਸ ਤੋਂ ਇਲਾਵਾ ਇਹਨਾਂ ਵੱਡੀਆਂ ਸੜਕਾਂ 'ਤੇ ਲੋਕ ਨੇੜੇ ਦਾ ਲਾਲਚ ਕਰਕੇ ਅਕਸਰ ਹੀ ਸੜਕ ਦੇ ਉਲਟ ਪਾਸੇ ਆਪਣੇ ਵਹੀਕਲ ਚਲਾਉਣ ਲੱਗ ਜਾਂਦੇ ਹਨ । ਗਲਤ ਪਾਸੇ ਵਹੀਕਲ ਚਲਾਉਣ ਕਰਕੇ ਤਾਂ ਸੜਕ ਹਾਦਸੇ ਹੋਣਾ ਸੁਭਾਵਿਕ ਹੀ ਹੈ। ਆਪਣੀ ਅਤੇ ਦੂਜਿਆਂ ਦੀ ਜ਼ਿੰਦਗੀ ਬਚਾਉਣ ਲਈ ਸਾਨੂੰ ਹਮੇਸ਼ਾ ਸੜਕੀ ਨਿਯਮਾਂ ਦੀ ਨੈਤਿਕ ਆਧਾਰ 'ਤੇ ਹੀ ਪਾਲਣਾ ਕਰਨੀ ਚਾਹੀਦੀ ਹੈ, ਤਾਂ ਜੋ ਕਿਸੇ ਅਣਹੋਣੀ ਤੋਂ ਬਚਿਆ ਜਾ ਸਕੇ।

**-ਅੰਗਰੇਜ਼ ਸਿੰਘ ਵਿੱਕੀ, ਪਿੰਡ ਤੇ ਡਾਕ. ਕੋਟਗੁਰੂ (ਬਠਿੰਡਾ)**

# ਮਨੁੱਖ ਦੇ ਲਾਲਚ ਤੇ ਖੁਦਗਰਜ਼ੀਆਂ ਦਾ ਸੰਸਾਰ



ਗੁਰਚਰਨ ਸਿੰਘ ਨੂਰਪੁਰ

ਲਿਓ ਟਾਲਸਟਾਏ ਦੀ ਇੱਕ ਬੜੀ ਮਸ਼ਹੂਰ ਕਹਾਣੀ ਹੈ। ਕਹਾਣੀ ਦਾ ਮੁੱਖ ਪਾਤਰ ਆਪਣੀ ਥੋੜ੍ਹੀ ਜਿਹੀ ਜ਼ਮੀਨ ਵੇਚ ਕੇ ਸਾਇਬੇਰੀਆ ਜਾਂਦਾ ਹੈ। ਉਸ ਨੂੰ ਉਸ ਦੇ ਦੋਸਤ ਨੇ ਕਿਹਾ ਸੀ ਕਿ ਸਾਇਬੇਰੀਆ ਜ਼ਮੀਨ ਬੜੀ ਸਸਤੀ ਹੈ। ਉੱਥੋ ਦੇ ਲੋਕਾਂ ਨੂੰ ਜ਼ਮੀਨ ਦੇ ਮੁੱਲ ਦਾ ਕੁਝ ਵੀ ਪਤਾ ਨਹੀਂ, ਏਵੇਂ ਹੀ ਜ਼ਮੀਨ ਦੇ ਦਿੰਦੇ ਹਨ। ਲਾਲਚ ਵਸ ਹੋ ਕੇ ਉਹ ਸਾਇਬੇਰੀਆ ਜ਼ਮੀਨ ਲੈਣ ਚਲਾ ਗਿਆ। ਇੱਕ ਪਿੰਡ ਵਿੱਚ ਗਿਆ, ਪਿੰਡ ਦੇ ਲੋਕਾਂ ਨੇ ਕਿਹਾ ਇੱਥੇ ਕੁਝ ਵੱਖਰਾ ਹਿਸਾਬ-ਕਿਤਾਬ ਹੈ, ਤੁਸੀਂ ਆਪਣੇ ਪੈਸੇ ਫਿਲਹਾਲ ਆਪਣੇ ਕੋਲ ਰੱਖੋ, ਹੁਣ ਰਾਤ ਹੋਣ ਵਾਲੀ ਹੈ ਆਰਾਮ ਕਰੋ। ਸਵੇਰੇ ਸੂਰਜ ਦੇ ਚੜ੍ਹਨ ਸਾਰ ਤੁਸੀਂ ਇਸ ਜਗ੍ਹਾ ਤੋਂ ਯਾਤਰਾ ਸ਼ੁਰੂ ਕਰਨੀ ਹੈ, ਸੂਰਜ ਦੇ ਛਿਪਣ ਤੋਂ ਪਹਿਲਾਂ ਇਸੇ ਜਗ੍ਹਾ 'ਤੇ ਆ ਜਾਣਾ ਹੈ। ਜਿੰਨੀ ਜ਼ਮੀਨ ਦਾ ਤੁਸੀਂ ਚੱਕਰ ਕੱਢ ਲਿਆ, ਓਨੀ ਜ਼ਮੀਨ ਤੁਹਾਡੀ ਹੋਵੇਗੀ। ਰਾਤ ਭਰ ਉਹ ਸੋਚਦਾ ਰਿਹਾ। ਲਾਲਚ ਸਿਰ 'ਤੇ ਸਵਾਰ ਹੋ ਗਿਆ। ਇੱਕ ਮਿੰਟ ਵੀ ਨੀਂਦ ਨਾ ਆਈ। ਉਸ ਨੇ ਸਵੇਰੇ ਉਠਦਿਆਂ ਸਾਰ ਆਪਣੀ ਪੈਸਿਆਂ ਵਾਲੀ ਪੋਟਲੀ, ਰੋਟੀ-ਪਾਣੀ ਨਾਲ ਲਿਆ ਤੇ ਸੂਰਜ ਨੂੰ ਦੇਖਦਿਆਂ ਸਾਰ ਭੱਜ ਉੱਠਿਆ। ਦਿਨ ਭਰ ਨਦੀਆਂ-ਨਾਲਿਆਂ, ਘੱਟੇ-ਮਿੱਟੀ ਨਾਲ ਭਰੇ ਤੇ ਪਥਰੀਲੇ ਰਸਤਿਆਂ, ਜੂਹਾਂ ਵਿੱਚ ਭੱਜਦਾ ਰਿਹਾ। ਰੋਟੀ ਵੀ ਭੱਜਦਿਆਂ-ਭੱਜਦਿਆਂ ਖਾਧੀ। ਪਾਣੀ ਵੀ ਜਦੋਂ ਪਿਆਸ ਲੱਗਦੀ ਤਾਂ ਭੱਜਦਾ-ਭੱਜਦਾ ਹੀ ਪੀ ਲੈਂਦਾ। ਸ਼ਾਮ ਹੋ ਰਹੀ ਸੀ। ਪਿੰਡ ਦੇ ਲੋਕ ਪਿੰਡ ਦੇ ਬਾਹਰਵਾਰ ਜਿੱਥੋਂ ਉਹ ਤੁਰਿਆ ਸੀ, ਉਸ ਨੂੰ ਉਡੀਕ ਰਹੇ ਸਨ, ਪਰ ਉਹ ਆਇਆ ਨਾ, ਉਸ ਦੀ ਕੋਸ਼ਿਸ਼ ਸੀ ਜ਼ਮੀਨ ਵੱਧ ਤੋਂ ਵੱਧ ਘੇਰ ਲਈ ਜਾਵੇ। ਇਸ ਲਈ ਘੇਰਾ ਵੱਡਾ ਵਲ ਲਿਆ। ਆਖਿਰ ਜਦੋਂ ਸੂਰਜ ਲਾਲ ਭਾਅ ਮਾਰਨ ਲੱਗਿਆ, ਡੁੱਬ ਹੀ ਚੱਲਿਆ ਸੀ ਤਾਂ ਉਹ ਬੜੀ ਨਾਜ਼ੁਕ ਹਾਲਤ ਦੂਰੋਂ ਲੋਕਾਂ ਨੂੰ ਆਉਂਦਾ ਦਿੱਸਿਆ। ਉਹ ਦਿਨ ਭਰ ਭੱਜਦਿਆਂ-ਭੱਜਦਿਆਂ ਏਨਾ ਬੇਹਾਲ ਹੋ ਗਿਆ ਸੀ ਕਿ ਮਿਥੀ ਥਾਂ 'ਤੇ ਪਹੁੰਚਣ ਤੋਂ ਪਹਿਲਾਂ ਹੀ ਡਿੱਗ ਪਿਆ ਤੇ ਡਿੱਗਦਿਆਂ ਸਾਰ ਉਹਦੀ ਜਾਨ ਨਿਕਲ ਗਈ, ਜਿਸ ਲਾਲਚ ਵੱਸ ਹੋ ਕੇ ਉਹ ਵੱਧ ਤੋਂ ਵੱਧ ਜ਼ਮੀਨ ਲੈਣ ਦੀ ਕੋਸ਼ਿਸ਼ ਵਿੱਚ ਸੀ, ਉਹ ਲਾਲਚ ਉਸ ਦੀ ਮੌਤ ਦਾ ਕਾਰਨ ਬਣ ਗਿਆ। ਸਾਡੀ ਸਭ ਦੀ ਹਾਲਤ ਵੀ ਕੁਝ-ਕੁਝ ਕਹਾਣੀ ਦੇ ਉਸ ਪਾਤਰ ਵਰਗੀ ਹੈ। ਪੂਰੀ ਜ਼ਿੰਦਗੀ ਮਨੁੱਖ ਆਪਣੀਆਂ ਚੌਧਰਾਂ, ਇਛਾਵਾਂ ਅਤੇ ਲਾਲਚਾਂ ਦੇ ਦਾਇਰੇ ਹੋਰ ਵਿਸ਼ਾਲ ਕਰਨ ਲਈ ਭੱਜਦਾ ਹੈ ਅਤੇ ਆਖਿਰ ਇੱਕ ਦਿਨ ਉਹਦੀ ਜ਼ਿੰਦਗੀ ਦਾ ਸੂਰਜ ਛਿਪ ਜਾਂਦਾ ਹੈ। ਉਹ ਇਸ ਧਰਤੀ ਤੋਂ ਇੰਜ ਵਿਦਾ ਹੋ ਜਾਂਦਾ ਹੈ, ਜਿਵੇਂ ਕਦੇ ਇੱਥੇ ਆਇਆ ਹੀ ਨਹੀਂ ਸੀ। ਉਹਦਾ ਅਸਤਿਤਵ ਸਮੇਂ ਦੀ ਗਰਦ ਵਿੱਚ ਗਵਾਚ ਜਾਂਦਾ ਹੈ। ਇਹੋ ਬਹੁਗਿਣਤੀ ਸਮਾਜ ਦੇ ਜੀਵਨ ਦਾ ਸੱਚ ਹੈ। ਧਰਤੀ 'ਤੇ ਵਿਚਰਦਿਆਂ ਮਨੁੱਖ ਦਾ ਵਿਹਾਰ ਇੰਜ ਹੈ, ਜਿਵੇਂ ਇਸ ਨੇ ਕਦੇ ਇੱਥੋਂ ਜਾਣਾ ਹੀ ਨਹੀਂ, ਉਹ ਈਰਖਾ, ਦੁਸ਼ਮਣੀਆਂ ਤੇ ਨਫਰਤਾਂ ਦੇ ਭਾਂਬੜ ਬਾਲ-ਬਾਲ ਕੇ ਸੇਕਦਾ ਹੈ। ਧਰਤੀ ਅਤੇ ਕੁਦਰਤ ਪ੍ਰਤੀ ਉਹਦੇ ਅੰਦਰ ਕੋਈ ਕ੍ਰਿਤੱਗਤਾ ਨਹੀਂ। ਕੋਈ ਧੰਨਵਾਦ ਦਾ ਭਾਵ ਨਹੀਂ, ਬਲਕਿ ਉਹਦਾ ਵਿਹਾਰ ਇਹ ਹੈ ਕਿ ਇਸ ਧਰਤੀ ਦੇ ਕੁਦਰਤੀ ਖਜ਼ਾਨਿਆਂ ਤੋਂ ਵੱਧ ਤੋਂ ਵੱਧ ਕਿਵੇਂ ਕੁਝ ਹਾਸਲ ਕਰਨਾ ਹੈ। ਇਸ ਲਈ ਉਸ ਨੂੰ ਆਪਣੀ ਜਾਨ ਦੀ ਕੀਮਤ ਵੀ ਭਾਵੇਂ ਕਿਉਂ ਨਾ ਚੁਕਾਉਣੀ ਪਵੇ, ਉਹ ਇਸ ਲਈ ਤਿਆਰ ਹੈ। ਅਸੀਂ ਇਸ ਧਰਤੀ ਨੂੰ ਨਰਕ ਬਣਾਉਣ ਲਈ ਜੀਅ ਜਾਨ ਨਾਲ ਕੋਸ਼ਿਸ਼ ਕਰ ਰਹੇ ਹਾਂ। ਮੁਨਾਫਿਆਂ, ਖੁਦਗਰਜ਼ੀਆਂ ਅਤੇ ਲਾਲਚਾਂ ਲਈ ਵਹਿੰਦੇ ਪਾਣੀਆਂ ਨੂੰ ਪਲੀਤ ਕਰ ਦਿੱਤਾ ਹੈ। ਦਰਿਆਵਾਂ, ਨਦੀਆਂ ਵਿੱਚ ਏਨੀ ਗੰਦਗੀ ਸੁੱਟੀ ਜਾ ਰਹੀ ਕਿ ਇਹਨਾਂ ਦੇ ਕਲ-ਕਲ ਵਗਦੇ ਪਾਣੀ ਸੁਪਨਾ ਬਣ ਗਏ ਹਨ।

ਪੰਜਾਬ ਦੇ ਬੁੱਢੇ ਦਰਿਆ ਦਾ ਕਾਲਾ ਜ਼ਹਿਰੀਲਾ ਪਾਣੀ ਲੱਖਾਂ ਲੋਕਾਂ ਦੀਆਂ ਜ਼ਿੰਦਗੀਆਂ ਬਰਬਾਦ ਕਰ ਰਿਹਾ ਹੈ, ਪਰ ਉਸ ਦੇ ਪਾਣੀ ਨੂੰ ਨਹੀਂ ਰੋਕਿਆ ਜਾ ਰਿਹਾ, ਕਿਉਂ ਕਿ ਉਸ ਪਿੱਛੇ ਮਨੁੱਖ ਦੇ ਲਾਲਚਾਂ, ਮੁਨਾਫਿਆਂ ਦੂਰ ਤੱਕ ਫੈਲਿਆ ਪਾਸਾਰ ਹੈ। ਦੂਜੇ ਪਾਸੇ ਲੱਖਾਂ ਲੋਕ ਗੰਦਾ ਪਾਣੀ ਪੀ ਕੇ ਮਰ ਰਹੇ ਹਨ ਬਿਮਾਰ ਹੋ ਰਹੇ ਹਨ, ਸਰਕਾਰਾਂ ਬੇਖਬਰ ਹਨ। ਇਹ ਕਿਸੇ ਇੱਕ ਦਰਿਆ ਦੀ ਗੱਲ ਨਹੀਂ, ਜਮਨਾ, ਗੰਗਾ ਤੇ ਭਾਰਤ ਦੀਆਂ ਹੋਰ ਬਹੁਤ ਸਾਰੀਆਂ ਨਦੀਆਂ ਹਨ, ਜਿਹਨਾਂ ਦਾ ਪਾਣੀ ਲੋਕ ਪੀਂਦੇ ਹਨ, ਬਿਮਾਰ ਹੁੰਦੇ ਹਨ, ਤਿਲ-ਤਿਲ ਮਰਦੇ ਹਨ, ਪਰ ਇਹਨਾਂ ਵਿੱਚ ਪਾਇਆ ਜਾਣ ਵਾਲਾ ਜ਼ਹਿਰੀਲਾ ਮਾਦਾ ਵੀ ਹਰ ਦਿਨ ਵਧ ਰਿਹਾ ਹੈ। ਧਰਮਾਂ-ਮਜ਼੍ਹਬਾਂ, ਜਾਤਾਂ-ਪਾਤਾਂ, ਰੰਗਾਂ-ਨਸਲਾਂ, ਫਿਰਕਿਆਂ ਅਤੇ ਦੇਸ਼ਾਂ ਦੀਆਂ ਹੱਦਾਂ-ਸਰਹੱਦਾਂ ਲਈ ਮਨੁੱਖਤਾ ਦਾ ਖ਼ੂਨ ਦੁਨੀਆਂ ਦੇ ਕਿਸੇ ਨਾ ਕਿਸੇ ਖਿੱਤੇ ਵਿੱਚ ਡੁੱਲ੍ਹ ਹੀ ਰਿਹਾ ਹੁੰਦਾ ਹੈ। ਮਨੁੱਖਤਾ ਦਾ ਘਾਣ ਹੁੰਦਾ ਹੈ, ਨਿੱਕੇ-ਨਿੱਕੇ ਮਾਸੂਮ ਬੱਚਿਆਂ ਨੂੰ ਬੰਬਾਂ, ਮਿਜ਼ਾਇਲਾਂ ਨਾਲ ਉਡਾਇਆ ਜਾਂਦਾ ਹੈ। ਹੁਣ ਤੱਕ ਦੁਨੀਆਂ ਦੀ ਸੱਭਿਅਤਾ ਦੌਰਾਨ ਕੋਈ ਚਾਰ ਹਜ਼ਾਰ ਜੰਗ-ਯੁੱਧ ਲੜੇ ਗਏ, ਹਰ ਜੰਗ ਯੁੱਧ ਦੇ ਬਾਅਦ ਮਨੁੱਖਤਾ ਨੂੰ ਇਹ ਅਹਿਸਾਸ ਹੁੰਦਾ ਹੈ ਕਿ ਇਸ ਤੋਂ ਬਗੈਰ ਵੀ ਸਰ ਸਕਦਾ ਸੀ। ਚੰਗੇਜ਼ ਖਾਨ, ਮੁਸੋਲਿਨੀ ਅਤੇ ਹਿਟਲਰ ਵਰਗੇ ਸ਼ਾਸਕਾਂ ਕਰਕੇ ਲੱਖਾਂ ਲੋਕ ਜੰਗ ਦੀ ਭੱਠੀ ਵਿੱਚ ਝੋਕ ਦਿੱਤੇ ਗਏ। ਜੇਕਰ ਇਹਨਾਂ ਲੱਖਾਂ ਲੋਕਾਂ ਨੂੰ ਧਰਮਾਂ, ਜਾਤਾਂ, ਨਸਲਾਂ ਦੇ ਨਾਂਅ 'ਤੇ ਨਾ ਵੀ ਲੜਾਇਆ, ਮਰਵਾਇਆ ਅਤੇ ਮਾਰਿਆ ਜਾਦਾ ਤਾਂ ਮਨੁੱਖ ਦਾ ਇਤਿਹਾਸ ਮਾਣ ਕਰਨ ਵਾਲਾ ਹੋਣਾ ਸੀ। ਅੱਜ ਵੀ ਫਲਸਤੀਨ, ਇਜ਼ਰਾਇਲ ਅਤੇ ਯੂਕਰੇਨ, ਰਸ਼ੀਆ ਦੇ ਯੁੱਧ ਵਿੱਚ ਮਾਸੂਮ ਬੇਦੋਸ਼ੇ ਲੋਕਾਂ ਨੂੰ ਮਾਰਿਆ ਜਾ ਰਿਹਾ ਹੈ। ਇਸ ਸਭ ਕੁਝ ਪਿੱਛੇ ਚੌਧਰਾਂ ਦੇ ਛਮਲੇ ਅਤੇ ਲਾਲਚਾਂ ਦੀ ਮਨੋਬਿਰਤੀ ਹੈ, ਜੋ ਹਜ਼ਾਰਾਂ ਲੋਕਾਂ ਦੇ ਕਤਲ ਤੇ ਉਜਾੜੇ ਦਾ ਕਾਰਨ ਬਣ ਰਹੀ ਹੈ। ਸਮੇਂ ਦੇ ਬੀਤਣ ਨਾਲ ਮਨੁੱਖ ਸਿਆਣਾ ਨਹੀਂ ਹੋਇਆ, ਬੇਸ਼ੱਕ ਉਹ ਅਕਲ ਦੇ ਬਲਬੂਤੇ ਗਿਆਨ-ਵਿਗਿਆਨ ਦੀ ਦੁਨੀਆਂ ਵਿੱਚ ਪ੍ਰਵੇਸ਼ ਕਰ ਗਿਆ ਹੈ। ਮਨੁੱਖ ਦੀਆਂ ਲਾਲਚੀ ਮਨੋਬਿਰਤੀਆਂ ਦਾ ਕੱਲ੍ਹ ਵੀ ਕੋਈ ਪਾਰਾਵਾਰ ਨਹੀਂ ਸੀ, ਅੱਜ ਵੀ ਨਹੀਂ ਹੈ। ਮਨੁੱਖ ਤਰੱਕੀ ਕਰੇ ਵਿਕਾਸ ਕਰੇ, ਪਰ ਇਹ ਵੀ ਠੀਕ ਨਹੀਂ ਕਿ ਉਹ ਆਪਣੀ ਅਕਲ ਨੂੰ ਜਿੰਦਰੇ ਮਾਰੀ ਰੱਖੇ। ਮਨੁੱਖ ਅੰਦਰੋਂ ਜੇਕਰ ਮਾਵਨਤਾ ਮਰ ਜਾਂਦੀ ਹੈ ਤਾਂ ਮਨੁੱਖ ਮਨੁੱਖ ਨਹੀਂ ਰਹਿੰਦਾ।

ਦੁਨੀਆਂ ਦੇ ਹਰ ਖਿੱਤੇ ਵਿੱਚ ਪ੍ਰਦੂਸ਼ਣ ਦਾ ਪ੍ਰਕੋਪ ਹਰ ਦਿਨ ਵਧ ਰਿਹਾ ਹੈ। ਪੂਰਾ ਨਵੰਬਰ ਮਹੀਨਾ ਪੰਜਾਬ ਅਤੇ ਇਸ ਦੇ ਆਸ-ਪਾਸ ਦੇ ਇਲਾਕੇ ਸੰਘਣੇ ਧੂੰਏਂ ਦੀ ਲਪੇਟ ਵਿੱਚ ਆ ਜਾਣਗੇ। ਇਸ ਵਿੱਚ ਪਸ਼ੂ-ਪੰਛੀਆਂ ਮਾਸੂਮ ਬੱਚਿਆਂ ਦਾ ਜੀਣਾ ਦੁੱਭਰ ਹੋ ਜਾਵੇਗਾ। ਸੰਘਣੇ ਧੂੰਏਂ ਵਿੱਚ ਸਾਹ ਲੈਣ ਨਾਲ ਸਾਡੀ ਸਭ ਦੀ ਉਮਰ ਘੱਟ ਹੋ ਰਹੀ ਹੈ। ਇਹਨਾਂ ਦਿਨਾਂ ਦੇ ਬੀਤਦਿਆਂ ਹੀ ਪੰਜਾਬ ਵਿੱਚ ਹਰ ਸਾਲ ਦਮੇਂ ਹਾਰਟ ਅਟੈਕ ਅਤੇ ਛਾਤੀ ਦੇ ਰੋਗਾਂ ਨਾਲ ਵੱਧ ਮੌਤਾਂ ਹੋਣ ਲੱਗ ਪੈਂਦੀਆਂ ਹਨ। ਵੱਖ-ਵੱਖ ਦਿਨਾਂ ਤਿਉਹਾਰਾਂ 'ਤੇ ਅਸੀਂ ਸਰਬੱਤ ਦਾ ਭਲਾ ਮੰਗਦੇ ਹਾਂ। ਸੜਕਾਂ, ਚੌਰਾਹਿਆਂ 'ਤੇ ਲੰਗਰ ਲਾਉਂਦੇ ਹਾਂ। ਇਹ ਸਭ ਚੰਗੀਆਂ ਸਰਗਰਮੀਆਂ ਹਨ। ਇਹਨਾਂ ਨਾਲ ਸਾਡੇ ਵਿੱਚ ਮਾਨਵਤਾ ਦੇ ਭਲੇ ਦਾ ਸੰਕਲਪ ਪੈਦਾ ਹੁੰਦਾ ਹੈ, ਪਰ ਜਿੱਥੇ ਜੀਵਨ ਦਾ ਮਸਲਾ ਹੋਵੇ, ਉੱਥੇ ਇਹ ਸੰਕਲਪ ਪਿੱਛੇ ਕਿਉਂ ਚਲਾ ਜਾਂਦਾ ਹੈ? ਕੀ ਪ੍ਰਦੂਸ਼ਣ ਦੇ ਸੰਤਾਪ ਤੋਂ ਨਿਜ਼ਾਤ ਨਹੀਂ ਪਾਈ ਜਾ ਸਕਦੀ? ਕੀ ਧਰਤੀ ਦੇ ਹਵਾ, ਮਿੱਟੀ, ਪਾਣੀ ਦੀ ਤੰਦਰੁਸਤੀ ਲਈ ਸਾਨੂੰ ਯਤਨਸ਼ੀਲ ਨਹੀਂ ਹੋਣਾ ਚਾਹੀਦਾ? ਸਗੋਂ ਜੀਵਨ ਨਾਲ ਜੁੜੇ ਮਸਲਿਆਂ ਪ੍ਰਤੀ ਤਾਂ ਸਾਨੂੰ ਵਧੇਰੇ ਚਿੰਤਤ ਹੋਣਾ ਚਾਹੀਦਾ ਹੈ। ਬੰਦੇ ਦੇ ਲਾਲਚਾਂ, ਖੁਦਗਰਜ਼ੀਆਂ ਅਤੇ ਇਛਾਵਾਂ ਦਾ ਕੋਈ ਪਾਰਾਵਾਰ ਨਹੀਂ। ਠੀਕ ਹੈ ਹਰ ਇਨਸਾਨ ਨੂੰ ਆਪਣਾ ਵਿਕਾਸ ਤੇ ਤਰੱਕੀ ਕਰਨ ਦਾ ਹੱਕ ਹੈ ਅਤੇ ਉਸ ਨੂੰ ਅਜਿਹਾ ਕਰਨਾ ਵੀ ਚਾਹੀਦਾ ਹੈ। ਜੀਵਨ ਨੂੰ ਚੰਗਾ ਬਣਾਉਣ ਲਈ ਨੱਠ-ਭੱਜ ਕਰਨੀ ਵੀ ਚਾਹੀਦੀ ਹੈ, ਪਰ ਇਹ ਨੱਠ-ਭੱਜ ਇਸ ਤਰ੍ਹਾਂ ਦੀ ਨਹੀਂ ਹੋਣੀ ਚਾਹੀਦੀ ਕਿ ਸੂਰਜ ਦੇ ਛਿਪਣ ਤੋਂ ਪਹਿਲਾਂ ਹੀ ਸਾਡੀ ਜ਼ਿੰਦਗੀ ਦਾ ਸੂਰਜ ਛਿਪ ਜਾਵੇ।

ਇਹ ਜ਼ਿੰਦਗੀ ਬੜੀ ਛੋਟੀ ਹੈ। ਸਾਨੂੰ ਇਹ ਛੋਟੀ ਜਿਹੀ ਜ਼ਿੰਦਗੀ ਮੁਨਾਫੇ ਨੂੰ ਹੀ ਸਮਰਪਿਤ ਨਹੀਂ ਕਰ ਦੇਣੀ ਚਾਹੀਦੀ। ਜੇ ਬੰਦਾ ਹੀ ਨਾ ਰਿਹਾ ਤਾਂ ਉਹਦਾ ਸੂਰਜ ਚੜ੍ਹਨ ਤੋਂ ਸੂਰਜ ਦੇ ਛਿਪਣ ਤੱਕ ਨੱਠ-ਭੱਜ ਕਰਨ ਦਾ ਕੀ ਫਾਇਦਾ? ਇਸ ਦੁਨੀਆ ਨੂੰ ਹੈਂਕੜਬਾਜ਼ ਅਤੇ ਕੁਟਲ ਨੀਤੀਆਂ ਵਾਲੇ ਸ਼ਾਸਕਾਂ ਦੀ ਲੋੜ ਨਹੀਂ, ਬਲਕਿ ਚੰਗੇ ਇਨਸਾਨਾਂ ਦੀ ਵੱਧ ਲੋੜ ਹੈ, ਜੋ ਇਸ ਨੂੰ ਮਨੁੱਖਾਂ ਦੇ ਰਹਿਣਯੋਗ ਬਣਾਉਣ ਲਈ ਯਤਨਸ਼ੀਲ ਹੋਣ। ਕਿਸੇ ਖਿੱਤੇ, ਕਿਸੇ ਦੇਸ਼ ਜਾਂ ਪੂਰੀ ਦੁਨੀਆਂ ਨੂੰ ਚਲਾਉਣ ਵਾਲੀਆਂ ਤਾਕਤਾਂ ਦਾ ਮਨੋਰਥ ਮਾਨਵਤਾ ਦਾ ਭਲਾ ਨਹੀਂ, ਬਲਕਿ ਵੱਧ ਤੋਂ ਵੱਧ ਤਾਕਤ ਹਾਸਲ ਕਰਨਾ ਬਣ ਗਿਆ ਹੈ। ਪੈਸਾ, ਸੱਤਾ ਅਤੇ ਹਥਿਆਰਾਂ ਦੀ ਅੰਨ੍ਹੀ ਤਾਕਤ ਦੁਨੀਆ ਦੇ ਲੱਖਾਂ ਮਨੁੱਖਾਂ ਲਈ ਖਤਰਨਾਕ ਹਾਲਾਤ ਪੈਦਾ ਕਰਦੀ ਹੈ। ਇਸ ਧਰਤੀ 'ਤੇ ਬੇਰੁਜਗਾਰੀ ਦਾ ਸੰਤਾਪ ਭੋਗਦੇ ਇਸ ਦੇ ਪੁੱਤਰ-ਧੀਆਂ ਹਨ, ਬੱਚਿਆਂ ਦੇ ਇਲਾਜ ਖੁਣੋਂ ਵਿਲ੍ਹਕਦੀਆਂ ਮਾਵਾਂ ਹਨ, ਗਰੀਬੀ ਦਾ ਸੰਤਾਪ ਭੋਗ ਦੇ ਰੋਟੀ ਦੀ ਬੁਰਕੀ-ਬੁਰਕੀ ਦੇ ਮੁਥਾਜ਼ ਬਦਕਿਸਮਤ ਲੋਕ ਹਨ, ਗੰਦਾ ਪਾਣੀ ਪੀਣ ਲਈ ਮਜਬੂਰ ਲੱਖਾਂ ਲੋਕ ਹਨ। ਇਸ ਸਭ ਕੁਝ ਦਾ ਕਾਰਨ ਕੇਵਲ ਮੁੱਠੀਭਰ ਲੋਕਾਂ ਦਾ ਲਾਲਚ ਹੈ। ਇਹ ਧਰਤੀ ਦੁਨੀਆਂ ਦੇ ਹਰ ਮਨੁੱਖ ਵਾਸਤੇ ਰੱਜਵੀਂ ਰੋਟੀ ਅਤੇ ਚੰਗਾ ਰਹਿਣ-ਸਹਿਣ ਪੈਦਾ ਕਰਨ ਵਿੱਚ ਸਮਰੱਥ ਹੈ, ਪਰ ਲਾਲਚਾਂ, ਖੁਦਗਰਜ਼ੀਆਂ ਅਤੇ ਹੈਂਕੜਾਂ ਨੇ ਇਸ ਧਰਤੀ ਦੇ ਕੁਝ ਖਿੱਤਿਆਂ ਨੂੰ ਨਰਕ ਬਣਾਇਆ ਹੋਇਆ ਹੈ। ਸਾਨੂੰ ਸਮਝਣ ਦੀ ਲੋੜ ਹੈ ਕਿ ਜੇਕਰ ਦੁਨੀਆ ਮਨੁੱਖਾਂ ਦੇ ਰਹਿਣਯੋਗ ਨਹੀਂ ਬਣ ਸਕੀ ਤਾਂ ਇਸ ਦਾ ਕਾਰਨਾਂ ਦੁਨੀਆਂ ਨੂੰ ਚਲਾਉਣ ਵਾਲੀਆਂ ਤਾਕਤਾਂ ਦੀਆਂ ਚੌਧਰਾਂ, ਹੈਂਕੜਾਂ, ਲਾਲਚ ਤੇ ਖੁਦਗਰਜ਼ੀਆਂ ਹਨ। ਮਨੁੱਖ ਨੂੰ ਉਸ ਸਿੱਖਿਆ ਦੀ ਸਭ ਤੋਂ ਵੱਧ ਲੋੜ ਹੈ, ਜਿਸ ਸਿੱਖਿਆ ਨਾਲ ਉਸ ਨੂੰ ਚੰਗਾ ਮਨੁੱਖ ਬਣਾਇਆ ਜਾ ਸਕੇ।

**# ਸੰਪਰਕ : 98550-51099**

# ਯੂਰਪ 'ਚ ਰਾਸ਼ਟਰਵਾਦ ਦਾ ਉਭਾਰ ਤੇ ਭਾਰਤ

**ਤਰਸੇਮ ਲਾਲ**

(ਇੰਡੀਅਨ ਐੱਕਸਪ੍ਰੈੱਸ 31 ਮਈ 2025 ) ਮਈ ਦੇ ਤੀਜੇ ਹਫ਼ਤੇ ਰਾਮ ਮਾਧਵ ਬੁਡਾਪੇਸਟ (ਪ੍ਰਧਾਨ ਇੰਡੀਆ ਫਾਊਂਡੇਸ਼ਨ) ਵਿਖੇ ਅਮਰੀਕਾ ਆਧਾਰਤ ਇਕ ਗਰੁੱਪ, ਜਿਸ ਦਾ ਨਾਮ 'ਕੰਜ਼ਰਵੇਟਿਵ ਪੁਲਿਟੀਕਲ ਐਕਸ਼ਨ ਕਾਨਫਰੰਸ (CPAC) ਹੈ, ਦੇ ਸਲਾਨਾ ਸਮਾਗਮ ਵਿਚ ਭਾਗ ਲੈਣ ਲਿਆ। ਇਸ ਦਾ ਅਮਰੀਕੀ ਸਿਆਸਤ ਵਿਚ ਚੰਗਾ ਪ੍ਰਭਾਵ ਹੈ ਅਤੇ ਇਸ ਦੇ ਡੋਨਾਲਡ ਟਰੰਪ ਅਤੇ ਹੋਰ ਰਿਪਬਲਿਕਨ ਮੈਂਬਰਾਂ ਨਾਲ ਚੰਗੇ ਸੰਬੰਧ ਹਨ। ਇਸ ਦੇ ਯੂਰਪ ਵਿਚ ਵੀ ਪੁਰਾਤਨਪੰਥੀ ਵਿਚਾਰਾਂ ਵਾਲੀਆਂ ਪਾਰਟੀਆਂ ਅਤੇ ਆਗੂਆਂ ਨਾਲ ਚੰਗੇ ਸਬੰਧ ਹਨ ਅਤੇ ਇਕਜੁਟ ਵਿਚਾਰ ਪੈਦਾ ਕਰਨ ਵਿਚ ਮਹੱਤਵਪੂਰਨ ਯੋਗਦਾਨ ਹੈ। ਇਸ ਵਾਰ ਦੀ ਕਾਨਫਰੰਸ ਵਿਚ ਯੂਰਪ ਅਤੇ ਲਾਤੀਨੀ ਅਮਰੀਕਾ ਦੇ ਬਹੁਤ ਸਾਰੇ ਦੇਸ਼ਾਂ ਦੇ ਸੱਜੇ-ਪੱਖੀ ਆਗੂ ਪਹੁੰਚੇ ਸਨ। ਮੇਜ਼ਬਾਨ ਦੇਸ਼ ਹੰਗਰੀ ਦੇ ਪ੍ਰਧਾਨ ਮੰਤਰੀ ਵਿਕਟਰ ਔਰਬਨ ਤੋਂ ਇਲਾਵਾ ਜਾਰਜੀਆ ਦੇ ਪ੍ਰਧਾਨ ਮੰਤਰੀ, ਕਈ ਦੇਸ਼ਾਂ ਦੇ ਸਾਬਕਾ ਪ੍ਰਧਾਨ ਮੰਤਰੀ, ਯੂ ਕੇ, ਚੈਕ ਰਿਪਬਲਿਕ ਆਦਿ ਦੇਸ਼ਾਂ ਦੇ ਮੰਤਰੀ ਅਤੇ ਪਾਰਲੀਮੈਂਟ ਦੇ ਮੈਂਬਰ ਅਤੇ ਸਾਬਕਾ ਆਗੂ ਪਹੁੰਚੇ ਸਨ। ਪ੍ਰੈਜ਼ੀਡੈਂਟ ਟਰੰਪ ਦਾ ਵੀਡੀਓ ਸੰਦੇਸ਼ ਸੁਣਾਇਆ ਗਿਆ। ਆਰਜੀਓਨਾ ਦੇ ਇਕ ਬੁਲਾਰੇ ਨੇ ਤਾਂ ਇਸ ਨੂੰ ਯੂਰਪੀਅਨ ਪੁਰਾਤਨ ਪੰਥੀਆਂ ਦਾ ਮੱਕਾ ਕਰਾਰ ਦਿੱਤਾ। ਦੋ ਦਿਨ ਚੱਲੀ ਕਾਨਫਰੰਸ ਵਿਚ ਬੁਲਾਰਿਆਂ ਦਾ ਮੁੱਖ ਮੁੱਦਾ ਰਵਾਇਤੀ ਸੱਜੇ-ਪੰਥੀ ਪਾਰਟੀਆਂ ਨੂੰ ਕੇਂਦਰਵਾਦੀ, ਲਿਬਰਲਾਂ, ਸਮਾਜਵਾਦੀ ਅਤੇ ਖੱਬੇ-ਪੱਖੀ ਲੋਕਾਂ ਦੇ ਮੌਕਾਪ੍ਰਸਤ 'ਸੱਤਰੰਗੀ ਗੱਠਜੋੜ' ਤੋਂ ਗੰਭੀਰ ਖਤਰੇ ਦੁਆਲੇ ਘੁੰਮਦਾ ਰਿਹਾ, ਜੋ ਇਸ ਖਿੱਤੇ ਅੰਦਰੀ ਸੱਜੇ-ਪੱਖੀ ਉਭਾਰ ਨੂੰ ਰੋਕਣ ਲਈ ਯਤਨਸ਼ੀਲ ਹੈ। ਪਿਛਲਾ ਦਹਾਕਾ ਸੱਜੇ-ਪੱਖੀ ਉਭਾਰ ਲਈ ਬੇਹੱਦ ਚੰਗਾ ਰਿਹਾ। ਬਹੁਤ ਸਾਰੇ ਯੂਰਪੀ ਦੇਸ਼ਾਂ, ਜਿਵੇਂ ਇਟਲੀ, ਫਰਾਂਸ, ਜਰਮਨੀ, ਨੀਦਰਲੈਂਡ, ਸਵੀਡਨ ਆਸਟਰੀਆ, ਸਲੋਵਾਕੀਆ, ਚੈਕ ਰਿਪਬਲਿਕ ਅਤੇ ਹੰਗਰੀ ਵਿੱਚ ਸੱਜੇ-ਪੱਖੀ ਪਾਰਟੀਆਂ ਦਾ ਉਭਾਰ ਦੇਖਿਆ ਗਿਆ। ਹੰਗਰੀ ਵਿਚ ਔਰਬਨ ਦੀ ਫਿਡਸਜ ਪਾਰਟੀ 15 ਸਾਲਾਂ ਤੋਂ ਰਾਜ ਕਰ ਰਹੀ ਹੈ। 2024 ਵਿਚ ਬਹੁਤ ਸਾਰੇ ਸਿਆਸੀ ਪ੍ਰੇਖਕਾਂ ਨੇ ਯੂਰਪੀ ਪਾਰਲੀਮੈਂਟ ਵਿਚ ਸੱਜੇ ਪੱਖੀਆਂ ਦੇ ਦਬਦਬੇ ਦੀ ਪੇਸ਼ੀਨਗੋਈ ਕੀਤੀ ਸੀ, ਪ੍ਰੰਤੂ 6 ਜੂਨ, 2024 ਨੂੰ ਆਏ ਚੋਣ ਨਤੀਜਿਆਂ ਨੇ ਸੱਜੇ-ਪੱਖੀ ਪਾਰਟੀਆਂ ਨੂੰ ਉਹ ਮੌਕਾ ਨਾ ਦਿੱਤਾ, ਭਾਵੇਂ ਉਨ੍ਹਾਂ ਦੀ ਹਾਲਤ ਕਾਫ਼ੀ ਮਜ਼ਬੂਤ ਹੋਈ, ਉਹ ਚੰਗੇ ਪ੍ਰਭਾਵੀ ਗਰੁੱਪ ਦੇ ਤੌਰ 'ਤੇ ਉਭਰੇ, ਪੈਟਰੀਆਟ ਫਾਰ ਯੂਰਪ (PFE) ਜਿਸ ਦੇ 100 ਮੈਂਬਰ ਹਨ, ਸਥਾਪਤ ਕੀਤਾ ਗਿਆ। ਸੱਜੇ-ਪੱਖੀਆਂ ਦੇ ਉਭਾਰ ਨੇ ਉਦਾਰਪੰਥੀਆਂ ਨੂੰ ਕਾਫ਼ੀ ਪ੍ਰੇਸ਼ਾਨ ਕੀਤਾ ਹੈ, ਜਿਨ੍ਹਾਂ ਦਾ ਯੂਰਪ ·:ਤੇ ਕਬਜ਼ਾ ਹੈ। ਔਰਬਨ ਵਰਗੇ ਆਗੂਆਂ ਦੀ ਗੰਭੀਰ ਆਲੋਚਨਾ ਕੀਤੀ ਗਈ ਅਤੇ ਉਸ ਦੀ ਅਵਾਸ ਨੀਤੀ ਤੇ ਸਖ਼ਤੀ ਨੂੰ ਮਨੁੱਖੀ ਅਧਿਕਾਰਾਂ 'ਤੇ ਹਮਲਾ ਅਤੇ ਜਮਹੂਰੀ ਕਦਰਾਂ-ਕੀਮਤਾਂ ਨੂੰ ਡੇਗਣ ਵਾਲੀ ਨੀਤੀ ਕਿਹਾ। ਉਸ ਦੀ ਆਰਥਿਕ ਮਦਦ ਬੰਦ ਕਰ ਦਿੱਤੀ ਗਈ ਅਤੇ ਉਸ ਉਪਰ 10 ਲੱਖ ਯੂਰੋ ਪ੍ਰਤੀ ਦਿਨ ਜੁਰਮਾਨਾ ਲਗਾ ਦਿੱਤਾ। ਬਡਾਪੇਸਟ ਕਾਨਫਰੰਸ ਵਿਚ ਇਸ ਬਾਰੇ ਪੂਰਾ ਜੋਸ਼ ਅਤੇ ਉਦਾਰਪੰਥੀ ਕਾਰਵਾਈਆਂ ਬਾਰੇ ਗੁੱਸਾ ਸੀ। ਉਨ੍ਹਾਂ ਪੂਰੀ ਦ੍ਰਿੜ੍ਹਤਾ ਨਾਲ ਗੈਰ-ਕਾਨੂੰਨੀ ਆਵਾਸ, ਕੱਟੜ ਇਸਲਾਮ, ਵਿਸ਼ਵੀਕਰਨ ਅਤੇ ਨਵੀਆਂ ਜਾਗੀਆਂ ਤਾਕਤਾਂ ਦਾ ਵਿਰੋਧ ਕਰਨ ਦਾ ਨਿਸਚਾ ਕੀਤਾ। ਕਾਨਫਰੰਸ ਦਾ ਮੁੱਖ ਥੀਮ ਹੀ (Age of Patriots) 'ਦੇਸ਼ ਭਗਤਾਂ ਦਾ ਯੁੱਗ' ਸੀ। ਉਨ੍ਹਾਂ 'ਉਦਾਰਵਾਦੀ ਫਾਸ਼ੀਵਾਦ' (Liberal fascism) ਦਾ ਸਖ਼ਤੀ ਨਾਲ ਮੁਕਾਬਲਾ ਕਰਨ ਦਾ ਟੀਚਾ ਮਿਥਿਆ।

ਉਸ ਕਾਨਫਰੰਸ ਵਿਚ ਰਾਮ ਮਾਧਵ ਇਕੱਲਾ ਗੈਰ-ਪੱਛਮੀ ਸਪੀਕਰ ਸੀ। ਇਸ ਦਾ ਅਰਥ ਹੈ ਕਿ ਪੱਛਮੀ ਉਦਾਰਪੰਥੀ ਵਿਉਂਤਬੰਦ ਢੰਗ ਨਾਲ ਦੁਨੀਆ ਦੇ ਹਰ ਕੋਨੇ 'ਤੇ ਪਹੁੰਚ ਗਏ ਹਨ। ਪੱਛਮੀ ਪੁਰਾਤਨ ਪੰਥੀਆਂ ਨੇ ਆਪਣਾ ਕਾਰਜ ਖੇਤਰ ਯੂਰਪ ਤੇ ਅਮਰੀਕਾ ਤੱਕ ਸੀਮਤ ਕਰ ਲਿਆ ਹੈ। ਰਾਮ ਮਾਧਵ ਨੇ ਕਿਹਾ, 'ਸਾਡੀ ਸਿਆਸਤ ਭਾਵੇਂ ਤੁਹਾਡੇ ਨਾਲ ਮੇਲ ਨਾ ਖਾਂਦੀ ਹੋਵੇ, ਪਰ ਸਾਡੇ ਵਿਚ ਵੀ ਕਈ ਪੁਰਾਤਨ ਪੰਥੀ ਕਦਰਾਂ-ਕੀਮਤਾਂ, ਜਿਵੇਂ ਪ੍ਰਮਾਤਮਾ, ਧਰਮ, ਪਰਵਾਰ, ਪ੍ਰਭੂਸੱਤਾ ਅਤੇ ਦੇਸ਼ ਭਗਤੀ ਸਾਂਝੀਆਂ ਹਨ। ਪੱਛਮੀ ਪੁਰਾਤਨ ਪੰਥੀਆਂ ਦੀ ਤਰ੍ਹਾਂ ਭਾਰਤ ਵੀ ਗੈਰ-ਕਾਨੂੰਨੀ ਪਰਵਾਸ ਨੂੰ ਦੇਸ਼ ਦੀ ਪ੍ਰਭੂਸੱਤਾ ਲਈ ਖਤਰਾ ਮੰਨਦਾ ਹੈ । ਨਵੀਂ ਪੈਦਾ ਹੋਈ ਜਾਗਰਤੀ ਨੂੰ ਪਰਿਵਾਰਕ ਕਦਰਾਂ-ਕੀਮਤਾਂ ਅਤੇ ਰਵਾਇਤਾਂ ਲਈ ਖਤਰਾ ਸਮਝਦਾ ਹੈ।' ਬਦਕਿਸਮਤੀ ਨਾਲ ਅਜ਼ਾਦੀ ਤੋਂ ਬਾਅਦ ਭਾਰਤ ਵਿਚ ਪੱਛਮੀ ਉਦਾਰਪੰਥੀ ਵਿਚਾਰਾਂ ਦਾ ਬੋਲਬਾਲਾ ਰਿਹਾ ਸੀ, ਜਿਸ ਵਿਚ ਸਮਾਜਵਾਦ ਅਤੇ ਵਿਸ਼ਵੀਕਰਨ ਦਾ ਜ਼ੋਰ ਸੀ। ਨਹਿਰੂ ਨੇ ਇਕ ਅਜਿਹੀ ਸਰਬਸੰਮਤੀ ਬਣਾਈ ਕਿ ਰਾਜਤੰਤਰ, ਮੀਡੀਆ ਅਤੇ ਬੁੱਧੀਜੀਵੀ ਸਾਰੇ ਇਹੀ ਭਾਸ਼ਾ ਬੋਲਦੇ ਸਨ। ਧਾਰਮਿਕਤਾ, ਸੱਭਿਆਚਾਰਕ, ਕਦਰਾਂ-ਕੀਮਤਾਂ ਅਤੇ ਰਾਸ਼ਟਰੀ ਪਹਿਚਾਣ ਨੂੰ ਗੰਭੀਰ ਨੁਕਸਾਨ ਪਹੁੰਚਿਆ। ਪਿਛਲੇ ਕਈ ਦਹਾਕਿਆਂ ਤੋਂ ਜ਼ਮੀਨੀ ਪੱਧਰ ਤੋਂ ਇਨ੍ਹਾਂ ਖੱਬੀਆਂ-ਉਦਾਰਵਾਦੀ ਤਾਕਤਾਂ ਖਿਲਾਫ਼ ਬੇਕਿਰਕ ਲੜਾਈ ਵਿੱਢੀ ਗਈ ਅਤੇ ਇਨ੍ਹਾਂ ਦੇ ਗਲਬੇ ਤੋਂ ਲੋਕਾਂ ਨੂੰ ਅਜ਼ਾਦ ਕਰਵਾਕੇ ਮਜ਼ਬੂਤ ਸੱਭਿਆਚਾਰਕ ਰਾਸ਼ਟਰਵਾਦੀ ਸਿਆਸਤ ਨੂੰ ਪੈਦਾ ਕੀਤਾ ਗਿਆ। ਇਸ ਦਾ ਨਤੀਜਾ 2014 ਵਿਚ ਨਰਿੰਦਰ ਮੋਦੀ ਦੀ ਚੋਣ ਸੀ। ਪਿਛਲੇ ਦਹਾਕੇ ਵਿਚ ਇਸ ਸੱਭਿਆਚਾਰਕ ਰਾਸ਼ਟਰਵਾਦ ਦੇ ਪ੍ਰੋਜੈਕਟ ਨੇ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ। ਅਯੁੱਧਿਆ ਵਿਚ ਰਾਮ ਮੰਦਰ ਦੀ ਵਿਲੱਖਣ ਉਸਾਰੀ ਨੇ ਦੇਸ਼ ਅੰਦਰ ਨਕਲੀ ਧਰਮ ਨਿਰਪੱਖਤਾ ਦੀ ਸਿਆਸਤ ਨੂੰ ਲੀਰੋ-ਲੀਰ ਕਰ ਦਿੱਤਾ। ਧਾਰਾ 370 ਦੇ ਖਾਤਮੇ ਨੇ ਵੱਖਵਾਦ ਕੱਟੜਵਾਦੀ ਇਸਲਾਮ ਅਤੇ ਉਦਾਰਪੰਥੀ ਵਿਸ਼ਵੀਕਰਨ ਦੀ ਨੀਤੀ ਦਾ ਪਰਦਾ ਫਾਸ਼ ਕਰ ਦਿੱਤਾ। ਮੋਦੀ ਦੀਆਂ ਮੰਡੀ ਮਿੱਤਰਤਾ ਵਾਲੀਆਂ ਨੀਤੀਆਂ ਨੇ 10 ਸਾਲਾਂ ਵਿਚ ਦੇਸ਼ ਨੂੰ ਵਿਸ਼ਵ ਦੀ 11ਵੀਂ ਤੋਂ ਚੌਥੀ ਵੱਡੀ ਅਰਥ ਵਿਵਸਥਾ ਦੇ ਰੂਪ ਵਿਚ ਸਥਾਪਤ ਕਰ ਦਿੱਤਾ। ਆਤੰਕਵਾਦ ਲਈ ਜ਼ੀਰੋ ਟਾਲਰੈਂਟ ਦੀ ਨੀਤੀ ਨੇ ਕੱਟੜਵਾਦੀ ਇਸਲਾਮੀ ਤਾਕਤਾਂ ਨੂੰ ਮਲੀਆਮੇਟ ਕਰ ਦਿੱਤਾ ਹੈ। ਸਰਕਾਰ ਨੇ ਗੈਰ-ਕਾਨੂੰਨੀ ਅਵਾਸ 'ਤੇ ਵੀ ਰੋਕ ਲਗਾਈ ਹੈ। ਭਾਰਤੀ ਮੀਡੀਆ ਅਤੇ ਬੁੱਧੀਜੀਵੀ ਵੀ ਰਾਸ਼ਟਰਵਾਦੀ ਦੇਸ਼ ਭਗਤ ਹੋ ਰਹੇ ਹਨ। ਭਾਵੇਂ ਅਜੇ ਸਾਰੇ ਨਹੀਂ ਹੋਏ, ਪ੍ਰੰਤੂ ਖੱਬੇ ਉਦਾਰਪੰਥੀ ਨੁਕਰੇ ਲਗਾ ਦਿੱਤੇ ਗਏ ਹਨ। ਹੁਣੇ-ਹੁਣੇ ਕਸ਼ਮੀਰ ਵਿਚ ਹੋਏ ਹਮਲੇ ਬਾਅਦ ਮੋਦੀ ਸਫ਼ਲਤਾ ਨਾਲ ਕਈ ਉਦਾਰਪੰਥੀਆਂ ਨੂੰ ਕੱਟੜ ਇਸਲਾਮ ਖਿਲਾਫ਼ ਭੁਗਤਨ ਲਈ ਤਿਆਰ ਕਰਨ ਵਿਚ ਸਫ਼ਲ ਹੋਇਆ ਹੈ। ਇਸ ਤਰ੍ਹਾਂ ਭਾਰਤ ਦਾ ਇਹ ਤਜਰਬਾ ਪੱਛਮੀ ਪੁਰਾਤਨਪੰਥੀਆਂ ਨੂੰ ਖੱਬੇ-ਪੱਖੀ ਉਦਾਰਵਾਦ ਖਿਲਾਫ਼ ਲੜਾਈ ਵਿਚ ਮਦਦ ਕਰ ਸਕਦਾ ਹੈ। ਭਾਵੇਂ ਸਾਡੀਆਂ ਸਾਰੀਆਂ ਗੱਲਾਂ ਪੱਛਮੀ ਪੁਰਾਤਨਪੰਥੀਆਂ ਦੇ ਫਿੱਟ ਨਾ ਆਉਣ, ਜਿਵੇਂ ਯੂਰਪੀ ਪੁਰਾਤਨਪੰਥੀ ਰੱਬ ਅਤੇ ਧਰਮ ਨੂੰ ਇਕ ਬਚਨ ਦੇ ਰੂਪ ਵਿਚ ਵਰਤਦੇ ਹਨ।

ਭਾਰਤੀ ਰਾਸ਼ਟਰਵਾਦੀ ਇਸ ਨੂੰ ਬਹੁ-ਬਚਨ ਦੇ ਰੂਪ ਵਿਚ ਵਰਤਦੇ ਹਨ। ਭਾਰਤੀ-ਰਾਸ਼ਟਰਵਾਦੀ ਬਹੁਵਾਦ, ਸਥਿਰਤਾ (ਅਚੱਲ) ਅਤੇ ਵਾਤਾਵਰਨਿਕ ਸਰਗਰਮੀਆਂ ਨੂੰ ਅਹਿਮ ਮੰਨਦੇ ਹਨ, ਜੋ ਪੱਛਮ ਦੇ ਸੱਜੇ ਪੱਖੀਆਂ ਨੂੰ ਉਦਾਰਵਾਦੀ ਏਜੰਡਾ ਲੱਗ ਸਕਦਾ ਹੈ, ਪ੍ਰੰਤੂ ਫਿਰ ਵੀ ਸਾਡੇ ਨਾਲ ਗੱਲਬਾਤ ਕਰਨ ਲਈ ਕਾਫ਼ੀ ਸਥਾਨ ਹੈ। ਜੇ ਸੱਜੇ ਪੱਖੀ ਪੱਛਮੀ ਦੇਸ਼ ਭਾਰਤ ਵਰਗੇ ਵੱਡੇ ਦੇਸ਼ ਦੀ ਹਮਾਇਤ ਹਾਸਲ ਕਰ ਲੈਂਦੇ ਹਨ ਤਾਂ ਉਨ੍ਹਾਂ ਦੀ ਤਾਕਤ ਕਈ ਗੁਣਾਂ ਵੱਧ ਜਾਵੇਗੀ। ਭਾਰਤ ਨੂੰ ਆਪਣੇ ਵੱਲ ਕਰਕੇ ਉਹ ਦੋ ਯੂਰਪ, ਚਾਰ ਅਮਰੀਕਾ ਅਤੇ 140 ਹੰਗਰੀ ਵਰਗੇ ਦੇਸ਼ਾਂ ਦੀ ਹਮਾਇਤ ਪ੍ਰਾਪਤ ਕਰ ਸਕਦੇ ਹਨ। ਕੀ ਇਸ ਲੇਖ ਤੋਂ ਖੱਬੇ-ਪੱਖੀ, ਸਮਾਜਵਾਦੀ, ਉਦਾਰਵਾਦੀ ਅਤੇ ਕੇਂਦਰਵਾਦੀ ਕਾਰਕੁਨਾਂ ਨੂੰ ਸਿੱਖਣ ਲਈ ਬਹੁਤ ਕੁਝ ਨਹੀਂ ਹੈ ਜਾਂ ਅਸੀਂ ਇਸੇ ਤਰ੍ਹਾਂ ਖੁੰਜੇ ਲਾਏ ਜਾਂਦੇ ਰਹਾਂਗੇ।

**# ਸੰਪਰਕ : 94632-18707**

# ਅੱਤਵਾਦ ਇੱਕ ਵਿਸ਼ਵ-ਵਿਆਪੀ ਸਮੱਸਿਆ



ਨਰਿੰਦਰ ਸਿੰਘ

21 ਵੀਂ ਸਦੀ ਵਿੱਚ ਅੱਤਵਾਦ ਸਭ ਤੋਂ ਵੱਧ ਦਬਾਅ ਪਾਉਣ ਵਾਲੇ ਵਿਸ਼ਵਵਿਆਪੀ ਖਤਰਿਆਂ ਵਿੱਚੋਂ ਇੱਕ ਹੈ। ਇਹ ਕਿਸੇ ਇੱਕ ਖੇਤਰ, ਧਰਮ ਜਾਂ ਵਿਚਾਰਧਾਰਾ ਤੱਕ ਸੀਮਤ ਨਹੀਂ ਅਤੇ ਇਸ ਵਿੱਚ ਰਾਸ਼ਟਰਾਂ ਨੂੰ ਅਸਥਿਰ ਕਰਨ, ਅਰਥ-ਵਿਵਸਥਾਵਾਂ ਨੂੰ ਵਿਗਾੜਨ ਅਤੇ ਸਮਾਜਾਂ ਨੂੰ ਮਨੋਵਿਗਿਆਨਕ ਸਦਮਾ ਪਹੁੰਚਾਉਣ ਦੀ ਸਮਰੱਥਾ ਹੈ। ਅੱਤਵਾਦ ਵਿੱਚ ਰਾਜਨੀਤਕ, ਧਾਰਮਿਕ ਜਾਂ ਵਿਚਾਰਧਾਰਕ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਹਿੰਸਾ ਦੀ ਵਰਤੋਂ ਜਾ ਹਿੰਸਾ ਦੀ ਧਮਕੀ ਸ਼ਾਮਲ ਹੈ ।ਇਹ ਅਕਸਰ ਡਰ ਫੈਲਾਉਣ ਅਤੇ ਧਿਆਨ ਖਿੱਚਣ ਲਈ ਨਾਗਰਿਕਾਂ ਅਤੇ ਜਨਤਕ ਸੰਸਥਾਵਾਂ ਨੂੰ ਨਿਸ਼ਾਨਾ ਬਣਾਉਂਦਾ ਹੈ ।

ਨਾਗਰਿਕਾਂ ਦੀ ਰੱਖਿਆ ਕਰਨ, ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਅੱਤਵਾਦ ਵਿਰੁੱਧ ਕਾਰਵਾਈ ਜ਼ਰੂਰੀ ਹੈ ।ਰਣਨੀਤੀਆਂ ਵਿੱਚ ਸਰਹੱਦੀ ਸੁਰੱਖਿਆ ਵਧਾਉਣ, ਕੱਟੜਪੰਥੀਆਂ ਵਿਰੋਧੀ ਪ੍ਰੋਗਰਾਮ ਅਤੇ ਕੱਟੜਪੰਥੀ ਵਿਚਾਰਧਾਰਾ ਦੀ ਪਛਾਣ ਕਰਨ ਅਤੇ ਫੈਲਣ ਤੋਂ ਰੋਕਣ ਲਈ ਭਾਈਚਾਰਕ ਸ਼ਮੂਲੀਅਤ ਵੀ ਸ਼ਾਮਲ ਹੈ ।ਸਰਕਾਰਾਂ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਦੁਆਰਾ ਅੱਤਵਾਦ ਦੀਆਂ ਕਾਰਵਾਈਆਂ ਨੂੰ ਰੋਕਣ, ਲੜਨ ਅਤੇ ਘਟਾਉਣ ਲਈ ਚੁੱਕੇ ਗਏ ਅੱਤਵਾਦ ਵਿਰੋਧੀ ਉਪਾਅ ਰਾਸ਼ਟਰੀ ਅਤੇ ਵਿਸ਼ਵਵਿਆਪੀ ਸੁਰੱਖਿਆ ਰਣਨੀਤੀਆਂ ਦਾ ਇਕ ਮਹੱਤਵਪੂਰਨ ਪਹਿਲੂ ਬਣ ਗਏ ਹਨ । ਸੰਯੁਕਤ ਰਾਸ਼ਟਰ, ਇੰਟਰਪੋਲ ਅਤੇ ਨਾਟੋ ਵਰਗੇ ਸੰਗਠਨਾਂ ਰਾਹੀਂ ਅੰਤਰ-ਰਾਸ਼ਟਰੀ ਸਹਿਯੋਗ ਨੇ ਵੀ ਅੱਤਵਾਦ ਵਿਰੁੱਧ ਵਿਸ਼ਵਵਿਆਪੀ ਲੜਾਈ ਨੂੰ ਮਜ਼ਬੂਤ ਕੀਤਾ ਹੈ । ਅੱਤਵਾਦ ਵਿਰੁੱਧ ਸ਼ਾਂਤੀ ਅਤੇ ਸੁਰੱਖਿਆ ਲਈ ਇਕ ਵਿਸ਼ਵ-ਵਿਆਪੀ ਲੋੜ ਹੈ ।

ਭਾਰਤ 'ਚ ਹਰ ਸਾਲ 21 ਮਈ ਨੂੰ ਅੱਤਵਾਦ ਵਿਰੋਧੀ ਦਿਵਸ ਮਨਾਇਆ ਜਾਂਦਾ ਹੈ ।ਅੱਜ ਦੇ ਦਿਨ ਦਾ ਭਾਰਤ ਦੇ ਸੱਤਵੇਂ ਪ੍ਰਧਾਨ ਮੰਤਰੀ ਮਰਹੂਮ ਰਾਜੀਵ ਗਾਂਧੀ ਨਾਲ ਸੰਬੰਧ ਹੈ ।ਅੱਜ ਦੇ ਦਿਨ ਭਾਵ 21 ਮਈ 1991 ਨੂੰ ਤਾਮਿਲਨਾਡੂ ਦੇ ਸ਼੍ਰੀ ਪੇਰੰਬਦੂਰ ਵਿਖੇ ਇਕ ਰੈਲੀ ਦੌਰਾਨ ਇਕ ਬੰਬਾਰ ਲੜਕੀ ਨੇ ਆਤਮਘਾਤੀ ਬੰਬ ਧਮਾਕਾ ਕਰਕੇ ਰਾਜੀਵ ਗਾਂਧੀ ਸਮੇਤ 25 ਹੋਰ ਲੋਕਾਂ ਦੀਆਂ ਜਾਨਾਂ ਲੈ ਲਈਆਂ ਸਨ ।ਭਾਰਤ ਦੇ ਤਤਕਾਲੀ ਪ੍ਰਧਾਨ ਮੰਤਰੀ ਚੰਦਰ ਸ਼ੇਖਰ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਰਾਜੀਵ ਗਾਂਧੀ ਦੀ ਹੱਤਿਆ ਵਾਲੇ ਦਿਨ ਨੂੰ 'ਅੱਤਵਾਦ ਵਿਰੋਧੀ ਦਿਵਸ' ਵਜੋਂ ਹਰ ਸਾਲ ਮਨਾਏ ਜਾਣ ਦਾ ਐਲਾਨ ਕੀਤਾ ਸੀ । ਹਾਲ ਹੀ ਵਿਚ ਕੇਂਦਰੀ ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ, ਕੇਂਦਰ ਸ਼ਾਸਤ ਪ੍ਰਦੇਸ਼ਾਂ, ਕੇਂਦਰ ਸਰਕਾਰ ਦੇ ਵਿਭਾਗਾਂ ਦੇ ਨਾਲ-ਨਾਲ ਮੰਤਰਾਲਿਆਂ ਨੂੰ ਵੀ 21 ਮਈ ਨੂੰ ਉਚਿਤ ਤਰੀਕੇ ਨਾਲ ਅੱਤਵਾਦ ਵਿਰੋਧੀ ਦਿਵਸ ਮਨਾਉਣ ਲਈ ਪੱਤਰ ਲਿਖਿਆ ਹੈ ।

ਅੱਤਵਾਦ ਵਿਰੋਧੀ ਦਿਵਸ ਤੇ ਉਨ੍ਹਾਂ ਸਾਰੇ ਲੋਕਾਂ ਨੂੰ ਯਾਦ ਕੀਤਾ ਜਾਂਦਾ ਹੈ, ਜਿਨ੍ਹਾਂ ਅੱਤਵਾਦ ਦੇ ਕਾਲੇ ਸਮੇਂ ਵਿੱਚ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ। ਸਭ ਤੋਂ ਮਾੜਾ ਦੌਰ ਪੰਜਾਬ ਪੁਲਸ ਨੇ ਦੇਖਿਆ ਹੈ । ਅੱਤਵਾਦੀਆਂ ਨੇ ਉਨ੍ਹਾਂ ਦੇ ਘਰਾਂ ਅਤੇ ਪਰਵਾਰਾਂ ਨੂੰ ਵੀ ਨਿਸ਼ਾਨਾ ਬਣਾਇਆ ਸੀ ।ਭਾਰਤ ਉਤੇ ਕਈ ਵਾਰ ਵੱਡੇ ਅੱਤਵਾਦੀ ਹਮਲੇ ਹੋਏ ਹਨ, ਜਿਸ ਵਿੱਚ ਕਈ ਮਾਸੂਮਾਂ ਨੇ ਆਪਣੀਆਂ ਜਾਨਾਂ ਗੁਆਈਆਂ ਹਨ ।ਭਾਰਤ ਵਿੱਚ ਪਿਛਲੇ ਦੋ ਦਹਾਕਿਆਂ ਦੌਰਾਨ ਜੋ ਵੱਡੇ ਹਮਲੇ ਹੋਏ, ਉਹ ਕੁਝ ਇਸ ਤਰ੍ਹਾਂ ਹਨ ।13 ਦਸੰਬਰ 2001 ਨੂੰ ਸੰਸਦ ਉਤੇ ਅੱਤਵਾਦੀਆਂ ਨੇ ਹਮਲਾ ਕੀਤਾ ਸੀ, ਜਦੋਂ ਸੰਸਦ ਭਵਨ ਵਿੱਚ ਸਰਦ ਰੁੱਤ ਸੈਸ਼ਨ ਚੱਲ ਰਿਹਾ ਸੀ ।ਇਹ ਹਮਲੇ ਵਿੱਚ ਸੰਸਦ ਭਵਨ ਦੇ ਗਾਰਡ ਸਮੇਤ ਦਿੱਲੀ ਪੁਲਸ ਦੇ ਜਵਾਨਾਂ ਸਮੇਤ ਕੁੱਲ 9 ਲੋਕ ਸ਼ਹੀਦ ਹੋ ਗਏ ਸਨ ਅਤੇ 15 ਜ਼ਖਮੀ ਹੋ ਗਏ ਸਨ ।

24 ਸਤੰਬਰ 2002 ਨੂੰ ਅਕਸ਼ਰਧਾਮ ਮੰਦਰ 'ਤੇ ਅੱਤਵਾਦੀਆਂ ਨੇ ਹਮਲਾ ਕੀਤਾ ਸੀ, ਜਿਸ ਵਿੱਚ 31 ਲੋਕਾਂ ਦੀ ਮੌਤ ਹੋ ਗਈ ਸੀ ਅਤੇ 80 ਲੋਕ ਜ਼ਖਮੀ ਹੋ ਗਏ ਸਨ । 29 ਅਕਤੂਬਰ 2005 ਨੂੰ ਦਿੱਲੀ ਵਿੱਚ ਤਿੰਨ ਲੜੀਵਾਰ ਧਮਾਕੇ ਅੱਤਵਾਦੀਆਂ ਨੇ ਕੀਤੇ ।ਇਸ ਹਮਲੇ ਵਿੱਚ 67 ਲੋਕ ਅੱਤਵਾਦੀਆਂ ਦੀ ਦਹਿਸ਼ਤ ਦਾ ਸ਼ਿਕਾਰ ਹੋ ਗਏ, ਜਦਕਿ 200 ਤੋਂ ਵੱਧ ਜ਼ਖਮੀ ਹੋ ਗਏ । 11 ਜੁਲਾਈ 2006 ਨੂੰ ਮੁੰਬਈ ਟਰੇਨ ਧਮਾਕਾ ਹੋਇਆ ।ਇਸ ਧਮਾਕੇ ਵਿੱਚ 200 ਤੋਂ ਵੱਧ ਲੋਕ ਮਾਰੇ ਗਏ ਸਨ ਅਤੇ 700 ਲੋਕ ਜ਼ਖਮੀ ਹੋਏ ਸਨ । 8 ਸਤੰਬਰ 2006 ਨੂੰ ਮਹਾਰਾਸ਼ਟਰ ਦੇ ਮਾਲੇਗਾਓਂ ਵਿੱਚ ਹੋਏ ਤਿੰਨ ਧਮਾਕਿਆ ਵਿੱਚ 32 ਲੋਕ ਮਾਰੇ ਗਏ ਸਨ ਅਤੇ 100 ਤੋਂ ਵੱਧ ਲੋਕ ਜ਼ਖਮੀ ਹੋਏ ਸਨ । 2008 ਵਿੱਚ ਪਾਕਿਸਤਾਨ ਤੋਂ ਆਏ ਅੱਤਵਾਦੀਆਂ ਨੇ ਮੁੰਬਈ ਵਿਚ ਭਿਆਨਕ ਕਤਲੇਆਮ ਕੀਤਾ ਸੀ ।2016 ਵਿੱਚ ਉੜੀਸਾ ਅੱਤਵਾਦੀ ਹਮਲਾ ਹੋਇਆ ਸੀ । 2019 ਵਿੱਚ ਪੁਲਵਾਮਾ ਵਿੱਚ ਭਿਆਨਕ ਅੱਤਵਾਦੀ ਹਮਲਾ ਹੋਇਆ।

ਇਸ ਸਾਲ 2025 ਦੀ 22 ਅਪ੍ਰੈਲ ਨੂੰ ਕਸ਼ਮੀਰ ਦੇ ਪਹਿਲਗਾਮ ਵਿਖੇ ਚਾਰ ਅੱਤਵਾਦੀਆਂ ਵੱਲੋਂ 28 ਨਿਰਦੋਸ਼ ਭਾਰਤੀਆਂ ਦੀ ਹੱਤਿਆ ਕਰ ਦਿੱਤੀ ਗਈ, ਜਦਕਿ ਭਾਰਤੀ ਫੌਜ ਵੱਲੋਂ ਸਰਹੱਦ ਪਾਰੋਂ ਸਮਰਥਨ ਪ੍ਰਾਪਤ ਅੱਤਵਾਦੀਆਂ ਦਾ ਲੱਕ ਤੋੜਨ ਲਈ 'ਅਪ੍ਰੇਸ਼ਨ ਸੰਧੂਰ' ਰਾਹੀਂ ਪਾਕਿਸਤਾਨ ਅੰਦਰ ਅੱਤਵਾਦੀ ਪਨਾਹਗਾਹਾਂ ਨੂੰ ਤਬਾਹ ਕਰਕੇ ਸੌ ਤੋਂ ਵੱਧ ਅੱਤਵਾਦੀ ਮਾਰਨ ਦਾ ਦਾਅਵਾ ਕੀਤਾ ਗਿਆ ਹੈ। ਹਾਲਾਂਕਿ ਇਸ ਘਟਨਾ ਨੇ ਭਾਰਤ-ਪਾਕਿਸਤਾਨ ਦਰਮਿਆਨ ਇਕ ਅਣਐਲਾਨੀ ਜੰਗ ਛੇੜ ਦਿੱਤੀ ਸੀ, ਜਿਸ ਵਿੱਚ ਦੋਹਾਂ ਪਾਸਿਆਂ ਦੇ ਕਈ ਆਮ ਨਾਗਰਿਕਾਂ ਤੇ ਸੈਨਿਕਾਂ ਨੂੰ ਆਪਣੀਆਂ ਜਾਨਾਂ ਗੁਆਉਣੀਆਂ ਪਈਆਂ ਹਨ। ਭਾਰਤ ਨੇ ਅੱਤਵਾਦ ਖਿਲਾਫ਼ ਲੜਾਈ ਵਿੱਚ ਅਪ੍ਰੇਸ਼ਨ ਸਿੰਧੂਰ ਰਾਹੀਂ ਇਕ ਨਵਾਂ ਮਾਪਦੰਡ ਸਥਾਪਤ ਕੀਤਾ ਹੈ ।

ਅੱਤਵਾਦ ਹਮੇਸ਼ਾ ਸਭ ਦਾ ਬੁਰਾ ਹੀ ਕਰਦਾ ਹੈ । ਅੱਤਵਾਦ ਤਾਂ ਅੱਗ ਲਗਾਉਣ ਵਾਲਿਆਂ ਦੇ ਹੱਥਾਂ ਨੂੰ ਵੀ ਸਾੜ ਦਿੰਦਾ ਹੈ ।ਪਾਕਿਸਤਾਨ ਤੇ ਅਫ਼ਗਾਨਿਸਤਾਨ ਇਸ ਦੀ ਪ੍ਰਤੱਖ ਮਿਸਾਲ ਹਨ ।ਅੱਤਵਾਦ ਨੂੰ ਪਾਲਣ ਵਾਲੇ ਜਾਂ ਅੱਤਵਾਦ ਤੋਂ ਪੀੜਤ ਦੇਸ਼ਾਂ ਵਿੱਚ ਕੋਈ ਵੀ ਦੇਸ਼ ਕਦੇ ਤਰੱਕੀ ਨਹੀ ਕਰ ਸਕਿਆ।

ਅੱਤਵਾਦ ਵਿਰੋਧੀ ਦਿਵਸ ਸ਼ਾਂਤੀ, ਸਦਭਾਵਨਾ ਅਤੇ ਅੱਤਵਾਦ ਵਰਗੇ ਵਿਸ਼ਵ-ਵਿਆਪੀ ਖ਼ਤਰੇ ਦੇ ਵਿਰੁੱਧ ਇਕਜੁੱਟ ਹੋਣ ਦੀ ਲੋੜ ਬਾਰੇ ਜਾਗਰੂਕਤਾ ਫੈਲਾਉਣ ਲਈ ਮਨਾਇਆ ਜਾਂਦਾ ਹੈ । ਇਸ ਦਿਵਸ ਦਾ ਮਕਸਦ ਲੋਕਾਂ ਅੰਦਰ ਅੱਤਵਾਦ ਪ੍ਰਤੀ ਨਫ਼ਰਤ ਤੇ ਵਿਰੋਧਤਾ ਪੈਦਾ ਕਰਕੇ ਲੋਕਾਂ ਨੂੰ ਆਪਸੀ ਪਿਆਰ ਤੇ ਭਾਈਚਾਰਾ ਕਾਇਮ ਕਰਦਿਆਂ ਮਾਨਵਤਾ ਦੇ ਭਲੇ ਲਈ ਕੰਮ ਕਰਨ ਹਿੱਤ ਪ੍ਰੇਰਿਤ ਕਰਨਾ ਹੈ । ਅਸੰਤੁਸ਼ਟ ਧਿਰਾਂ ਨੂੰ ਹਿੰਸਾ ਦਾ ਮਾਰਗ ਛੱਡ ਕੇ ਸ਼ਾਂਤੀ ਤੇ ਅਹਿੰਸਾ ਦੇ ਮਾਰਗ 'ਤੇ ਚੱਲ ਕੇ ਆਪਣੀਆਂ ਮੰਗਾਂ ਮੰਨਵਾਉਣ ਲਈ ਸੰਘਰਸ਼ ਕਰਨ ਲਈ ਪ੍ਰੇਰਿਤ ਕਰਨਾ ਹੈ ।ਨੌਜਵਾਨਾਂ ਨੂੰ ਅੱਤਵਾਦ ਅਤੇ ਹਿੰਸਾ ਤੋਂ ਦੂਰ ਰੱਖਣਾ ਹੈ। ਇਸ ਮਕਸਦ ਤਹਿਤ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਨੂੰ ਅੱਤਵਾਦ ਅਤੇ ਹਿੰਸਾ ਦੇ ਖ਼ਤਰਿਆਂ ਤੋਂ ਜਾਣੂ ਕਰਵਾਉਣਾ ਹੈ, ਤਾਂ ਜੋ ਉਨ੍ਹਾਂ ਨੂੰ ਪਤਾ ਲੱਗ ਸਕੇ ਕਿ ਅੱਤਵਾਦੀ ਕੌਣ ਹਨ ।

ਅੱਤਵਾਦ ਦਾ ਕੋਈ ਧਰਮ ਨਹੀਂ ਹੁੰਦਾ। ਹਰੇਕ ਅੱਤਵਾਦੀ ਚਾਹੇ ਉਹ ਕਿਸੇ ਵੀ ਮਜ਼ਹਬ ਜਾਂ ਭਾਈਚਾਰੇ ਦਾ ਕਿਉਂ ਨਾ ਹੋਵੇ, ਅਸਲ ਵਿੱਚ ਸਮੁੱਚੀ ਮਾਨਵਤਾ ਦਾ ਦੁਸ਼ਮਣ ਹੁੰਦਾ ਹੈ । ਸਭ ਨੂੰ ਅੱਤਵਾਦ ਨਾਲ ਨਜਿੱਠਣਾ ਚਾਹੀਦਾ ਹੈ ।

ਜੇਕਰ ਸਰਕਾਰਾਂ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਸਹਿਜ ਨਾਲ ਸਵੀਕਾਰ ਕਰ ਲੈਣ ਜਾਂ ਸੰਘਰਸ਼ਸ਼ੀਲ ਲੋਕਾਂ ਨੂੰ ਆਪਣੀ ਗੱਲ ਦਲੀਲ ਨਾਲ ਸਮਝਾ ਕੇ ਸਭ ਨਾਲ ਇਨਸਾਫ ਕਰਨ ਤਾਂ ਕਿਸੇ ਵੀ ਸੂਬੇ ਵਿੱਚ ਹਥਿਆਰਬੰਦ ਵਿਦਰੋਹ ਜਾਂ ਅੱਤਵਾਦ ਪੈਦਾ ਨਹੀਂ ਹੋਵੇਗਾ । ਅਨੈਤਿਕਤਾ ਤੇ ਅਸਮਾਜਿਕ ਮੰਗਾਂ ਪੂਰੀਆਂ ਕਰਵਾਉਣ ਲਈ ਹਥਿਆਰ ਚੁੱਕਣ ਵਾਲੇ ਸੰਗਠਨਾਂ ਤੇ ਵਿਅਕਤੀਆਂ ਨਾਲ ਤਾਂ ਸਖ਼ਤੀ ਨਾਲ ਹੀ ਨਿਪਟਿਆ ਜਾਣਾ ਚਾਹੀਦਾ ਹੈ, ਪਰ ਅੱਤਵਾਦ ਦੇ ਖ਼ਾਤਮੇ ਲਈ ਗੱਲਬਾਤ, ਸ਼ਾਂਤੀ ਤੇ ਅਹਿੰਸਾ ਹੀ ਸਰਵੋਤਮ ਮਾਰਗ ਹੈ ।

**# ਸੰਪਰਕ : 98146-62260**

21-JULY-PAGE-5.qxd 7/20/2025 9:31 PM Page 1



# 'ਆਪ' ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਸਿਰ ਚੜ੍ਹਿਆ 4 ਲੱਖ ਕਰੋੜ ਕਰਜ਼ਾ : ਵੜਿੰਗ

## ਕਾਂਗਰਸ ਸਰਕਾਰ ਆਉਣ 'ਤੇ ਗਲਤੀਆਂ ਕਰਨ ਵਾਲੇ ਸਿਆਸੀ ਆਗੂਆਂ ਨੂੰ ਮੋੜੀ ਜਾਵੇਗੀ ਭਾਜੀ : ਪ੍ਰਤਾਪ ਬਾਜਵਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਕਾਂਗਰਸ ਵੱਲੋਂ ਸੂਬੇ ਭਰ ਵਿੱਚ ਸ਼ੁਰੂ ਕੀਤੀਆਂ 'ਸੰਵਿਧਾਨ ਬਚਾਓ' ਰੈਲੀਆਂ ਦੀ ਲੜੀ ਤਹਿਤ ਇੱਥੇ ਜ਼ਿਲ੍ਹਾ ਕਾਂਗਰਸ ਕਮੇਟੀ ਮੋਗਾ ਵੱਲੋਂ ਪ੍ਰਧਾਨ ਤੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੀ ਅਗਵਾਈ ਹੇਠ ਰੈਲੀ ਕੀਤੀ ਗਈ, ਜਿਸ ਵਿੱਚ ਜ਼ਿਲ੍ਹੇ ਭਰ ਦੇ ਚਾਰੇ ਹਲਕਿਆਂ ਤੋਂ ਹਜ਼ਾਰਾਂ ਵਰਕਰਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਭਾਵੇਂ ਅਮਨ ਕਾਨੂੰਨ ਦੀ ਸਥਿਤੀ ਤਾਂ ਸਮੁੱਚੇ ਸੂਬੇ ਵਿੱਚ ਲੜਖੜਾ ਗਈ ਹੈ, ਜਿਸ ਦੀ ਸਿੱਧੇ ਤੌਰ 'ਤੇ ਜ਼ਿੰਮੇਵਾਰ ਸੂਬਾ ਸਰਕਾਰ ਹੈ, ਪ੍ਰੰਤੂ ਚਿੰਤਾਜਨਕ ਗੱਲ ਇਹ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਨੂੰ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ, ਜਿਸ ਮਾਮਲੇ 'ਤੇ ਫੌਰੀ ਤੌਰ 'ਤੇ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸ੍ਰੀ ਹਰਿਮੰਦਰ ਸਾਹਿਬ ਜਾਣਾ ਚਾਹੀਦਾ ਹੈ, ਉੱਥੇ ਇਸ ਮਾਮਲੇ 'ਤੇ ਸਰਬ ਪਾਰਟੀ ਮੀਟਿੰਗ ਬੁਲਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਮਾਲਵਾ ਖਿੱਤੇ ਦੀ ਧੁੰਨੀ ਮੋਗਾ ਤੋਂ ਹਰ ਮੁਹਿੰਮ ਤੇ ਸਿਆਸੀ ਪਾਰਟੀਆਂ ਚੋਣ ਅਗਾਜ਼ ਕਰਦੀਆਂ ਹਨ, ਇਸ ਲਈ ਕਾਂਗਰਸ ਵੀ ਅੱਜ ਇਸ ਧਰਤੀ ਤੋਂ ਮਿਸ਼ਨ 2027 ਦੀ ਜਿੱਤ ਲਈ ਸਰਗਰਮੀਆਂ ਤੇਜ਼ ਕਰਨ ਦਾ ਐਲਾਨ ਕਰਦੀ ਹੈ।ਉਨ੍ਹਾਂ ਇੱਕ ਸਵਾਲ ਦੇ ਜਵਾਬ ਵਿੱਚ ਕਾਂਗਰਸ ਸਰਕਾਰ ਆਉਣ 'ਤੇ ਗਲਤੀਆਂ ਕਰਨ ਵਾਲੇ ਸਿਆਸੀ ਆਗੂਆਂ ਨੂੰ ਭਾਜੀ ਮੋੜਨ ਦਾ ਐਲਾਨ ਵੀ ਕੀਤਾ।ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਕਾਂਗਰਸੀ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ, ਪ੍ਰੰਤੂ ਪਿਛਲੀ ਕਾਂਗਰਸ ਸਰਕਾਰ ਸਮੇਂ ਇਨ੍ਹਾਂ ਦਾ ਮੁੱਲ ਨਹੀਂ ਪਿਆ, ਜਿਸ ਕਰਕੇ ਪਾਰਟੀ ਨੂੰ ਇਸ ਦਾ ਖਮਿਆਜ਼ਾ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਿਆ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਆਪ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਪੰਜਾਬ ਸਿਰ ਕਰਜ਼ਾ 4 ਲੱਖ ਕਰੋੜ ਤੋਂ ਉੱਪਰ ਹੋ ਗਿਆ ਹੈ ਤੇ ਜੇਕਰ ਇਹ ਵਰਤਾਰਾ ਨਾ ਰੋਕਿਆਂ ਤਾਂ ਨਵੀਆਂ ਨੌਕਰੀਆਂ ਜਾਂ ਵਿਕਾਸ ਤਾਂ ਕੀ ਸਗੋਂ ਤਨਖਾਹਾਂ ਦੇਣ ਲਈ ਪੈਸੇ ਨਹੀਂ ਹੋਣਗੇ।ਉਨ੍ਹਾਂ ਮੰਗ ਕੀਤੀ ਕਿ ਕਾਂਗਰਸ ਸਰਕਾਰ ਆਉਣ ਵੇਲੇ ਇੱਕ ਕਾਨੂੰਨ ਬਣਾਇਆ ਜਾਵੇਗਾ, ਜਿਸ ਵਿੱਚ ਧੱਕੇਸ਼ਾਹੀ ਤੇ ਪੁਲਸ ਮੁਕੱਦਮੇ ਦਰਜ ਕਰਨ ਵਾਲੇ ਪੁਲਸ ਮੁਲਾਜ਼ਮਾਂ 'ਤੇ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।ਆਲ ਇੰਡੀਆ ਕਾਂਗਰਸ ਦੇ ਸਕੱਤਰ ਸੁਖਵਿੰਦਰ ਸਿੰਘ ਡੈਨੀ, ਵਿਧਾਇਕ ਸੁਖਪਾਲ ਸਿੰਘ ਖਹਿਰਾ, ਭੁਪਿੰਦਰ ਸਿੰਘ ਸਾਹੋਕੇ ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ, ਮਾਲਵਿਕਾ ਸੂਦ ਹਲਕਾ ਇੰਚਾਰਜ ਮੋਗਾ, ਜਗਸੀਰ ਸਿੰਘ ਕਾਲੇਕੇ ਹਲਕਾ ਬਾਘਾ ਪੁਰਾਣਾ, ਭੋਲਾ ਸਿੰਘ ਸਮਾਧ ਭਾਈ ਹਲਕਾ ਬਾਘਾਪੁਰਾਣਾ, ਪ੍ਰਧਾਨ ਹਰੀ ਸਿੰਘ ਖਾਈ, ਸਾਬਕਾ ਮੰਤਰੀ ਮਾਲਤੀ ਥਾਪਰ, ਐਡਵੋਕੇਟ ਪਰਮਪਾਲ ਸਿੰਘ ਤਖਤੂਪੁਰਾ, ਪ੍ਰਧਾਨ ਗੁਰਬੀਰ ਸਿੰਘ ਗੋਗਾ ਸੰਗਲਾ, ਜ਼ਿਲਾ ਯੂਥ ਪ੍ਰਧਾਨ ਸੋਹਨ ਸਿੰਘ ਖੇਲਾ, ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ, ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ, ਪ੍ਰਧਾਨ ਪ੍ਰਮਿੰਦਰ ਸਿੰਘ ਡਿੰਪਲ, ਮਨਜੀਤ ਸਿੰਘ ਮਾਨ ਮੈਂਬਰ ਪ੍ਰਦੇਸ਼ ਕਾਂਗਰਸ, ਸਾਬਕਾ ਵਿਧਾਇਕ ਵਿਜੈ ਸਾਥੀ, ਸਵਰਨ ਸਿੰਘ ਆਦੀਵਾਲ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਇਸ ਵੇਲੇ ਕਾਂਗਰਸ ਦੇ ਹੱਕ ਵਿੱਚ ਲਹਿਰ ਚੱਲ ਰਹੀ ਹੈ, ਜਿਸ ਨੂੰ ਏਕੇ ਨਾਲ ਹਨੇਰੀ ਬਣਾਇਆ ਜਾਵੇਗਾ, ਕਿਉਂਕਿ ਪੰਜਾਬ ਦਾ ਹਰ ਵਰਗ ਆਪ ਸਰਕਾਰ ਤੋਂ ਦੁਖੀ ਹੈ।ਇਸ ਮੌਕੇ ਜਗਰੂਪ ਸਿੰਘ ਤਖ਼ਤੂਪੁਰਾ, ਜਸਵਿੰਦਰ ਸਿੰਘ ਕੁੱਸਾ, ਜਸਪ੍ਰੀਤ ਸਿੰਘ ਵਿੱਕੀ, ਇੰਦਰਪ੍ਰੀਤ ਸਿੰਘ ਬੰਟੀ, ਸੰਦੀਪ ਸਿੰਘ ਸੰਧੂ, ਜਗਦੀਪ ਸਿੰਘ ਜੱਗਾ ਮੱਦੋਕੇ, ਵਿਕਰਮ ਪੱਤੋ, ਹਰਪ੍ਰੀਤ ਸਿੰਘ ਸ਼ੇਰੇਵਾਲਾ, ਜਸਵੰਤ ਸਿੰਘ ਮੱਤਾ ਕਿਸ਼ਨਪੁਰਾ, ਜਸਪਾਲ ਸਿੰਘ ਡਰੋਲੀ, ਮਿੱਕੀ ਹੁੰਦਲ, ਕਿੰਦੋ ਕੋਕਰੀ, ਸੁਰੇਸ਼ ਭੱਲਾ, ਜਗਸੀਰ ਸਿੰਘ ਮੰਗੇਵਾਲਾ, ਇੰਦਰਜੀਤ ਸਿੰਘ ਬੀੜ ਚੜਿੱਕ, ਗੁਲੂ ਆਹਲੂਵਾਲੀਆ ਦੇ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

# ਅੰਗਹੀਣਾਂ ਨੂੰ ਸਹੂਲਤਾਂ ਦੇਣ ਲਈ ਲੱਗਣਗੇ ਕੈਂਪ : ਅਭੈ ਢਿੱਲੋਂ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸਿਮਰਨ ਫਾਊਂਡੇਸ਼ਨ ਗਿੱਦੜਬਾਹਾ ਵੱਲੋਂ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੰਗਹੀਣਾਂ ਨੂੰ ਸਹੂਲਤ ਦੇਣ ਲਈ 21 ਤੋਂ 24 ਜੁਲਾਈ ਤੱਕ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵੱਖ ਵੱਖ ਥਾਵਾਂ 'ਤੇ ਕੈਂਪ ਲਗਾਏ ਜਾ ਰਹੇ ਹਨ।ਇਸ ਸਬੰਧੀ ਸਿਮਰਨ ਫਾਊਂਡੇਸ਼ਨ ਦੇ ਪ੍ਰਧਾਨ ਅਭੈ ਸਿੰਘ ਢਿੱਲੋਂ ਨੇ ਦੱਸਿਆ ਕਿ ਰਾਜਨੀਤੀ ਤੋਂ ਉੱਪਰ ਉੱਠ ਕੇ ਹਲਕੇ ਦੇ ਲੋਕਾਂ ਲਈ, ਜਿਨ੍ਹਾਂ ਨੂੰ ਸਹੂਲਤਾਂ ਦੀ ਲੋੜ ਹੈ ਪਰ ਕਿਸੇ ਕਾਰਨ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ, ਉਨ੍ਹਾਂ ਨੂੰ ਸਹੂਲਤ ਦੇਣ ਲਈ ਇਸ ਕੈਂਪ ਵਿੱਚ ਅੰਗਹੀਣਤਾ ਸਰਟੀਫਿਕੇਟ ਤੇ ਯੂਆਈਡੀ ਕਾਰਡ ਮੌਕੇ 'ਤੇ ਬਣਾ ਕੇ ਦਿੱਤੇ ਜਾਣਗੇ।ਉਨ੍ਹਾਂ ਦੱਸਿਆ ਕਿ ਅੰਗਹੀਣ ਵਿਅਕਤੀ ਨੂੰ ਉਕਤ ਸਰਟੀਫਿਕੇਟ ਤੇ ਕਾਰਡ ਦੀ ਦੀ ਪੈਨਸ਼ਨਾਂ, ਵ੍ਹੀਲਚੇਅਰ ਤੇ ਲੱਕੜ ਦੇ ਅੰਗ ਲੈਣ ਲਈ ਜ਼ਰੂਰਤ ਰਹਿੰਦੀ ਹੈ, ਜਿਸ ਦੇ ਮੱਦੇਨਜ਼ਰ ਇਸ ਸੰਬੰਧੀ 4 ਦਿਨ ਲਗਾਤਾਰ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ (ਪਹਿਲਾ ਕੈਂਪ 21 ਜੁਲਾਈ ਨੂੰ ਅਗਰਸੈਨ ਧਰਮਸ਼ਾਲਾ ਗਿੱਦੜਬਾਹਾ, ਦੂਸਰਾ ਕੈਂਪ 22 ਜੁਲਾਈ ਨੂੰ ਡੇਰਾ ਬਾਬਾ ਗੰਗਾ ਰਾਮ ਜੀ ਪਿੰਡ ਗੁਰੂਸਰ, ਤੀਸਰਾ ਕੈਂਪ 23 ਜੁਲਾਈ ਨੂੰ ਨਵਾਂ ਪੰਚਾਇਤ ਘਰ ਪਿੰਡ ਕੋਟਭਾਈ, ਚੌਥਾ ਕੈਂਪ 24 ਜੁਲਾਈ ਨੂੰ ਡੇਰਾ ਬਾਬਾ ਧਿਆਨ ਦਾਸ ਜੀ ਦੋਦਾ ਵਿਖੇ) ਕੈਂਪ ਲਗਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਗਲ, ਕੰਨ ਤੇ ਨੱਕ ਰੋਗ ਦੇ ਮਾਹਰ, ਹੱਡੀਆਂ ਦੇ ਮਾਹਰ, ਅੱਖਾਂ ਦੇ ਮਾਹਰ, ਮਨੋਵਿਗਿਆਨ ਦੇ ਡਾਕਟਰ ਵੀ ਆਪਣੀਆਂ ਸੇਵਾਵਾਂ ਦੇਣਗੇ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਵਿਅਕਤੀ ਆਪਣਾ ਆਧਾਰ ਕਾਰਡ ਤੇ 4 ਪਾਸਪੋਰਟ ਸਾਈਜ਼ ਫੋਟੋ ਲੈ ਕੇ ਆਉਣ।

# ਸਾਥੀ ਢਿੱਲੋਂ ਵੱਲੋਂ ਮੁਲਾਜ਼ਮਾਂ ਲਈ ਕੀਤੀਆਂ ਪ੍ਰਾਪਤੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ : ਸਰਾਭਾ



**ਲੁਧਿਆਣਾ (ਰਜਨੀਸ਼ ਕਬੂਰੀਆ)**

ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਵੱਲੋਂ ਲਗਭਗ ਛੇ ਦਹਾਕੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ਸ਼ੀਲ ਰਹੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿੱਲੋਂ ਦਾ ਪਹਿਲਾ ਬਰਸੀ ਸਮਾਗਮ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਮਨਾਇਆ ਗਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਆਗੂ ਚਰਨ ਸਿੰਘ ਸਰਾਭਾ, ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਵਿੱਤ ਸਕੱਤਰ ਮਨਜੀਤ ਸਿੰਘ ਗਿੱਲ, ਕਲਾਸ ਫੋਰ ਇੰਪਲਾਈ ਯੂਨੀਅਨ ਦੇ ਸੂਬਾ ਵਰਕਿੰਗ ਪ੍ਰਧਾਨ ਜਸਵਿੰਦਰ ਪਾਲ ਉੱਘੀ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਮਨਜੀਤ ਸਿੰਘ ਗਿੱਲ, ਪਰਵੀਨ ਕੁਮਾਰ ਲੁਧਿਆਣਾ, ਸੀਨੀਅਰ ਏਟਕ ਆਗੂ ਡੀ. ਪੀ. ਮੌੜ, ਨਵੀਨ ਕੁਮਾਰ ਸੱਚਦੇਵਾ, ਜਿੰਦਰ ਪਾਇਲਟ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਕਿਹਾ ਕਿ ਸਾਥੀ ਰਣਬੀਰ ਸਿੰਘ ਢਿੱਲੋਂ ਨੇ ਆਪਣੇ ਜੀਵਨ ਕਾਲ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਹੁਕਮਰਾਨ ਸਰਕਾਰਾਂ ਵੱਲੋਂ ਵੱਖ ਵੱਖ ਤਰ੍ਹਾਂ ਦੀਆਂ ਕੀਤੀਆਂ ਗਈਆਂ ਵਿਕਟੇਮਾਈਜ਼ੇਸ਼ਨਾਂ ਦਾ ਵੀ ਸਾਹਮਣਾ ਕਰਨਾ ਪਿਆ।ਉਨ੍ਹਾਂ ਕਈ ਪੇਅ ਕਮਿਸ਼ਨਾਂ ਤੋਂ ਮੁਲਾਜ਼ਮਾਂ ਲਈ ਚੰਗੇਰੇ ਤਨਖਾਹ ਸਕੇਲ ਤੇ ਵੱਖ-ਵੱਖ ਤਰ੍ਹਾਂ ਦੇ ਭੱਤੇ ਹਾਸਲ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਕਰਕੇ ਇਨ੍ਹਾਂ ਪ੍ਰਾਪਤੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਾਰੇ ਵਿਭਾਗਾਂ, ਬੋਰਡਾਂ, ਨਿਗਮਾਂ ਦੇ ਸਮੂਹ ਕੱਚੇ, ਠੇਕਾ ਤੇ ਆਊਟ ਸੋਰਸ਼ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ, ਪਰਖ ਕਾਲ ਦੌਰਾਨ ਮੁਢਲੀ ਤਨਖਾਹ ਦੇਣ ਦਾ 15 ਜਨਵਰੀ 2015 ਤੇ ਕੇਂਦਰੀ ਪੈਟਰਨ ਅਨੁਸਾਰ ਤਨਖਾਹਾਂ ਦੇਣ ਦਾ 17 ਜੁਲਾਈ 2020 ਨੂੰ ਜਾਰੀ ਪੱਤਰ ਤੁਰੰਤ ਰੱਦ ਕਰਕੇ ਮਾਨਯੋਗ ਅਦਾਲਤਾਂ ਵੱਲੋਂ ਕੀਤੇ ਗਏ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਸਾਰੇ ਵਿਭਾਗਾਂ ਵਿੱਚ ਖਾਲੀ ਪਈਆਂ ਅਸਾਮੀਆਂ ਤੇ ਰੈਗੂਲਰ ਭਰਤੀ ਕੀਤੀ ਜਾਵੇ ਅਤੇ ਪੁਨਰਗਠਨ ਦੇ ਨਾਮ 'ਤੇ ਖਤਮ ਕੀਤੀਆਂ ਹਜ਼ਾਰਾਂ ਅਸਾਮੀਆਂ ਤੁਰੰਤ ਬਹਾਲ ਕੀਤੀਆਂ ਜਾਣ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਮੁਲਾਜ਼ਮਾਂ ਦੇ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ ਕੱਟੇ ਵੱਖ-ਵੱਖ 37 ਭੱਤੇ ਬਹਾਲ ਕੀਤੇ ਜਾਣ, ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ 1 ਜਨਵਰੀ 2016 ਤੋਂ 30 ਜੂਨ 2021 ਤੱਕ ਸੋਧੀਆਂ ਗਈਆਂ ਤਨਖ਼ਾਹਾਂ/ਪੈਨਸ਼ਨਾਂ ਦਾ ਬਣਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਣਦਾ ਸਾਰਾ ਬਕਾਇਆ ਤੇ ਡੀ ਏ ਦੀਆਂ 13 ਫੀਸਦੀ ਦੀ ਦਰ ਨਾਲ ਚਾਰ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਆਂਗਨਵਾੜੀ ਵਰਕਰਾਂ, ਹੈਲਪਰਾਂ, ਆਸ਼ਾ ਵਰਕਰਾਂ, ਫੈਸਿਲੀਟੇਟਰਾਂ, ਮਿੱਡ ਡੇ ਮੀਲ ਵਰਕਰਾਂ ਤੇ ਹੋਰ ਸਕੀਮ ਵਰਕਰਾਂ ਨੂੰ ਰੈਗੂਲਰ ਕਰਨ ਤੇ ਘੱਟੋ ਘੱਟ ਉਜਰਤਾਂ ਦਾ ਕਾਨੂੰਨ ਲਾਗੂ ਕਰਕੇ ਤਨਖਾਹ 35000 ਰੁਪਏ ਮਹੀਨਾ ਦਿੱਤੀ ਜਾਵੇ, 1 ਜਨਵਰੀ 2026 ਤੋਂ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਤੁਰੰਤ ਸਥਾਪਨਾ ਕੀਤੀ ਜਾਵੇ ਆਦਿ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸੰਧੂ, ਪਰਮਿੰਦਰ ਪਾਲ ਸਿੰਘ ਕਾਲੀਆ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਸੁਰਿੰਦਰ ਸਿੰਘ ਬੈਂਸ, ਵਿਨੋਦ ਕੁਮਾਰ, ਮਨੀਸ਼ ਸ਼ਰਮਾ, ਸੰਜੀਵ ਸ਼ਰਮਾ, ਜਗਦੀਸ਼ ਰਾਏ, ਤ੍ਰਿਲੋਚਨ ਸਿੰਘ, ਜਗਜੀਤ ਸਿੰਘ ਰੰਧਾਵਾ, ਲੈਕ. ਅਸ਼ੋਕ ਸ਼ਰਮਾ, ਗੁਰਪਾਲ ਜੀਰਵੀ, ਹਰੀ ਦੇਵ, ਕੇਵਲ ਸਿੰਘ ਬਨਵੈਤ, ਕੁਲਵੰਤ ਸਿੰਘ ਚਾਨੀ, ਹਰਜਿੰਦਰ ਸਿੰਘ ਸੀਲੋਆਣੀ, ਬਾਜ ਸਿੰਘ ਭੁੱਲਰ, ਕੁਲਦੀਪ ਸਿੰਘ ਸਹਿਦੇਵ, ਸੋਮ ਨਾਥ ਅਰੋੜਾ ਤੇ ਬਲਵੀਰ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਰਾਧਾ ਕ੍ਰਿਸ਼ਨ ਮੰਦਰ ਦਾ ਸਰਬ-ਸੰਮਤੀ ਨਾਲ ਉਡੀਕ ਬਿੰਦਰਾ ਨੂੰ ਬਣਾਇਆ ਪ੍ਰਧਾਨ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸ੍ਰੀ ਰਾਧਾ ਕ੍ਰਿਸ਼ਨ ਮੰਦਰ ਗੁਰੂ ਹਰਸਹਾਏ ਕਮੇਟੀ ਦੀ ਇੱਕ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਬ ਸੰਮਤੀ ਦੇ ਨਾਲ ਨਵੀਂ ਕਮੇਟੀ ਬਣਾਉਣ ਦਾ ਗਠਨ ਕੀਤਾ ਗਿਆ। ਇਸ ਮੌਕੇ ਸਾਰੇ ਹੀ ਮੈਂਬਰਾਂ ਵੱਲੋਂ ਸਰਬ ਸੰਮਤੀ ਦੇ ਨਾਲ ਉਡੀਕ ਚੰਦ ਬਿੰਦਰਾ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸੇ ਤਰ੍ਹਾਂ ਸੀਨੀਅਰ ਵਾਈਸ ਪ੍ਰਧਾਨ ਕ੍ਰਿਸ਼ਨ ਲਾਲ ਨਰੂਲਾ, ਵਾਈਸ ਪ੍ਰਧਾਨ ਮਨੋਜ ਮੋਂਗਾ, ਸੈਕਟਰੀ ਰਾਜਾ ਕੁਮਾਰ, ਖਜ਼ਾਨਚੀ ਬੂੜ ਚੰਦ ਬਿੰਦਰਾ ਤੇ ਇਸ ਦੇ ਨਾਲ ਹੀ 11 ਮੈਂਬਰੀ ਕਮੇਟੀ ਦਾ ਵੀ ਗਠਨ ਕੀਤਾ ਗਿਆ। ਇਸ ਕਮੇਟੀ ਵਿੱਚ ਮਦਨ ਮੋਹਨ ਕੰਧਾਰੀ, ਬਲਦੇਵ ਸੇਠੀ, ਸਤੀਸ਼ ਵੋਹਰਾ, ਓਮ ਪ੍ਰਕਾਸ਼ ਢੀਂਗਰਾ, ਤਰਸੇਮ ਲਾਲ ਨਰੂਲਾ, ਭਾਰਤ ਭੂਸ਼ਣ, ਸੋਹਣ ਲਾਲ ਬੱਬਰ, ਵਿੱਕੀ ਮਾਨਕਟਾਲਾ, ਬੰਟੀ ਮਾਨਕਟਾਲਾ, ਵਿਜੈ ਕੁਮਾਰ ਮੋਂਗਾ, ਵਿਜੈ ਨਰੂਲਾ, ਅਸ਼ੋਕ ਵੋਹਰਾ, ਬੱਬੂ ਆਵਲਾ ਨੂੰ ਸ਼ਾਮਲ ਕੀਤਾ ਗਿਆ।

### ਪੰਜਾਬ ਰੋਡਵੇਜ਼ ਦੀ ਬੱਸ ਨਾਲ ਮੋਟਰਸਾਈਕਲ ਦੀ ਟੱਕਰ, 3 ਜ਼ਖਮੀਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਕਿਲ੍ਹੇ ਵਾਲੇ ਚੌਕ ਨੇੜੇ ਦੁਪਹਿਰ 12 ਵਜੇ ਦੇ ਕਰੀਬ ਇੱਕ ਭਿਆਨਕ ਸੜਕ ਹਾਦਸੇ ਵਾਪਰਨ ਦੀ ਘਟਨਾ ਮਿਲੀ ਹੈ। ਇਸ ਹਾਦਸੇ ਵਿੱਚ ਪੰਜਾਬ ਰੋਡਵੇਜ਼ ਦੀ ਇਕ ਬੱਸ ਤੇ ਮੋਟਰਸਾਈਕਲ ਦੀ ਟੱਕਰ ਹੋਣ ਕਾਰਨ ਮੋਟਰਸਾਈਕਲ ਸਵਾਰ ਤਿੰਨ ਵਿਅਕਤੀਆਂ ਨੂੰ ਗੰਭੀਰ ਸੱਟਾਂ ਲੱਗੀਆਂ। ਜ਼ਖਮੀਆਂ ਵਿੱਚ ਇੱਕ ਵਿਅਕਤੀ, ਇੱਕ ਮਹਿਲਾ ਤੇ ਇੱਕ ਬੱਚਾ ਸ਼ਾਮਲ ਹਨ, ਜਿਨ੍ਹਾਂ ਨੂੰ ਤੁਰੰਤ ਸਿਵਲ ਹਸਪਤਾਲ ਫਿਰੋਜ਼ਪੁਰ ਵਿੱਚ ਦਾਖਲ ਕਰਵਾਇਆ ਗਿਆ ਹੈ। ਜ਼ਖਮੀਆਂ ਦੀ ਪਛਾਣ ਅਸ਼ੋਕ ਕੁਮਾਰ ਪੁੱਤਰ ਬਲਦੇਵ ਰਾਜ ਵਾਸੀ ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ, ਸੁਦੇਸ਼ ਰਾਣੀ ਤੇ ਇਕ ਨਾਬਾਲਗ ਬੱਚੇ ਵਜੋਂ ਹੋਈ ਹੈ। ਹਸਪਤਾਲ ਸੂਤਰਾਂ ਅਨੁਸਾਰ ਜ਼ਖਮੀਆਂ ਦਾ ਇਲਾਜ ਜਾਰੀ ਹੈ। ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਘਟਨਾ ਸਥਾਨ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਹਾਦਸੇ ਦੇ ਕਾਰਨਾਂ ਦੀ ਪੜਤਾਲ ਕੀਤੀ ਜਾ ਰਹੀ ਹੈ ਤੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

### ਨਜਾਇਜ਼ ਸ਼ਰਾਬ ਸਮੇਤ ਤਿੰਨ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਮੂਲੇਪੁਰ ਦੀ ਇੱਕ ਪੁਲਸ ਪਾਰਟੀ ਵੱਲੋਂ ਮੁਖਬਰੀ ਦੇ ਅਧਾਰ 'ਤੇ ਪਿੰਡ ਰਿਉਣਾ ਉੱਚਾ ਵਿਖੇ ਕੀਤੀ ਗਈ ਛਾਪੇਮਾਰੀ ਦੌਰਾਨ ਨਜਾਇਜ਼ ਸ਼ਰਾਬ ਦੀ ਚਲਦੀ ਭੱਠੀ ਫੜਦਿਆਂ ਮੌਕੇ ਤੋਂ 180 ਲੀਟਰ ਲਾਹਣ, 4 ਬੋਤਲਾਂ ਸ਼ਰਾਬ ਕਸ਼ੀਦੀ ਹੋਈ ਤੇ ਨਜਾਇਜ਼ ਸ਼ਰਾਬ ਕੱਢਣ ਲਈ ਵਰਤਿਆ ਜਾ ਰਿਹਾ ਹੋਰ ਸਾਮਾਨ ਬਰਾਮਦ ਕੀਤਾ ਗਿਆ।ਇਸ ਸਬੰਧੀ ਥਾਣਾ ਮੂਲੇਪੁਰ ਵਿਖੇ ਦਰਜ ਕਰਵਾਏ ਮੁਕੱਦਮੇ 'ਚ ਰੋਹਿਤ ਕੁਮਾਰ ਵਾਸੀ ਪਿੰਡ ਉੱਚਾ ਰਿਉਣਾ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਨਰੇਸ਼ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।ਇੱਕ ਵੱਖਰੇ ਮਾਮਲੇ 'ਚ ਥਾਣਾ ਅਮਲੋਹ ਦੀ ਇੱਕ ਪੁਲਸ ਪਾਰਟੀ ਵੱਲੋਂ ਮੁਖਬਰੀ ਦੇ ਅਧਾਰ 'ਤੇ ਪਿੰਡ ਬੈਣਾ ਬੁਲੰਦ ਦੇ ਕੁਲਵਿੰਦਰ ਸਿੰਘ ਉਰਫ ਗੋਗੀ ਨਾਮਕ ਵਿਅਕਤੀ ਦੇ ਘਰ 'ਚ ਛਾਪੇਮਾਰੀ ਕੀਤੀ ਗਈ, ਜਿੱਥੋਂ ਸ਼ਰਾਬ ਦੀਆਂ 24 ਬੋਤਲਾਂ ਬਰਾਮਦ ਹੋਣ 'ਤੇ ਕੁਲਵਿੰਦਰ ਸਿੰਘ ਉਰਫ ਗੋਗੀ ਨੂੰ ਗ੍ਰਿਫਤਾਰ ਕਰ ਲਿਆ।ਇੱਕ ਹੋਰ ਵੱਖਰੇ ਮਾਮਲੇ 'ਚ ਥਾਣਾ ਬਸੀ ਪਠਾਣਾਂ ਦੀ ਇੱਕ ਪੁਲਸ ਪਾਰਟੀ ਵੱਲੋਂ ਮੁਖਬਰੀ ਦੇ ਅਧਾਰ 'ਤੇ ਪਿੰਡ ਕਲੌੜ ਦੇ ਗੁਰਪ੍ਰੀਤ ਸਿੰਘ ਨਾਮਕ ਵਿਅਕਤੀ ਕੋਲੋਂ ਸ਼ਰਾਬ ਦੀਆਂ 11 ਬੋਤਲਾਂ ਬਰਾਮਦ ਕਰਕੇ ਉਸ ਨੂੰ ਗ੍ਰਿਫਤਾਰ ਕੀਤਾ ਗਿਆ।

# ਸਾਂਝੇ ਮਜ਼ਦੂਰ ਮੋਰਚੇ ਵੱਲੋਂ ਸੂਬਾ ਸਰਕਾਰ ਖਿਲਾਫ ਸੰਘਰਸ਼ ਵਿੱਢਣ ਦਾ ਐਲਾਨ

## 4 ਅਗਸਤ ਨੂੰ ਮੰਤਰੀਆਂ ਦੇ ਘਰਾਂ ਅੱਗੇ ਦਿੱਤੇ ਜਾਣਗੇ ਧਰਨੇ



**ਬਠਿੰਡਾ (ਬਖਤੌਰ ਢਿੱਲੋਂ, ਪਰਵਿੰਦਰ ਜੀਤ ਸਿੰਘ)**-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝਾ ਮੋਰਚਾ ਪੰਜਾਬ ਵੱਲੋਂ ਟੀਚਰਜ਼ ਹੋਮ ਬਠਿੰਡਾ ਵਿਖੇ ਮਾਲਵਾ ਜ਼ੋਨ ਦੀ ਵਿਸ਼ਾਲ ਕਨਵੈਨਸ਼ਨ ਕਰਕੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਵਿਰੁੱਧ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਫੈਸਲਾ ਲਿਆ ਗਿਆ।ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਨੇ ਐਲਾਨ ਕੀਤਾ ਕਿ ਪੱਕੇ ਰੁਜ਼ਗਾਰ ਦੀ ਗਰੰਟੀ, ਚੋਣ ਵਾਅਦਿਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ 'ਚ ਵਾਧਾ ਕਰਨ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ, ਜ਼ਮੀਨੀ ਹੱਦਬੰਦੀ ਕਾਨੂੰਨ ਤੋਂ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ 'ਚ ਕਰਾਉਣ, ਕਰਜ਼ਾ ਮੁਆਫ਼ੀ ਤੇ ਜਥੇਬੰਦ ਹੋ ਕੇ ਸੰਘਰਸ਼ ਕਰਨ ਦੇ ਹੱਕ ਦੀ ਬਹਾਲੀ ਵਰਗੀਆਂ ਮੰਗਾਂ ਨੂੰ ਲੈ ਕੇ 4 ਅਗਸਤ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ (ਸੁਨਾਮ), ਡਾਕਟਰ ਬਲਜੀਤ ਕੌਰ (ਮਲੋਟ), ਹਰਭਜਨ ਸਿੰਘ ਈ ਟੀ ਓ (ਜੰਡਿਆਲਾ ਗੁਰੂ), ਮਹਿੰਦਰ ਭਗਤ (ਜਲੰਧਰ) ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ (ਸੰਧਵਾਂ) ਦੇ ਘਰਾਂ ਅੱਗੇ ਵਿਸ਼ਾਲ ਧਰਨੇ ਦਿੱਤੇ ਜਾਣਗੇ।ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਭਗਵੰਤ ਮਾਨ ਸਰਕਾਰ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਾਗੂ ਕਰਨ ਦੀ ਥਾਂ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਜਿੱਥੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਰਤ ਕੋਡ ਬਣਾ ਕੇ ਕਿਰਤੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ, ਉਥੇ ਭਗਵੰਤ ਮਾਨ ਸਰਕਾਰ ਵੱਲੋਂ ਵੀ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਘੰਟੇ ਵਧਾ ਕੇ ਮਜ਼ਦੂਰਾਂ ਨਾਲ ਧ੍ਰੋਹ ਕਮਾਇਆ ਗਿਆ।ਉਨ੍ਹਾਂ ਦੋਸ਼ ਲਾਇਆ ਕਿ ਆਪ ਸਰਕਾਰ ਸੰਘਰਸ਼ਸ਼ੀਲ ਮਜ਼ਦੂਰਾਂ, ਕਿਸਾਨਾਂ 'ਤੇ ਪੁਲਸ ਜਬਰ ਤੇਜ਼ ਕਰਨ ਰਾਹੀਂ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ।ਅੱਜ ਦੀ ਕਨਵੈਨਸ਼ਨ ਨੂੰ ਸਾਂਝੇ ਮਜ਼ਦੂਰ ਮੋਰਚੇ ਦੇ ਸੂਬਾਈ ਆਗੂ ਤਰਸੇਮ ਪੀਟਰ, ਗੁਰਨਾਮ ਸਿੰਘ ਦਾਊਦ, ਲਛਮਣ ਸਿੰਘ ਸੇਵੇਵਾਲਾ, ਭੂਪ ਚੰਦ ਚੰਨੋ, ਕੁਲਵੰਤ ਸਿੰਘ ਸੇਲਬਰਾ, ਗੋਬਿੰਦ ਸਿੰਘ ਛਾਜਲੀ, ਮਿੱਠੂ ਸਿੰਘ ਘੁੱਦਾ, ਗੁਰਬਿੰਦਰ ਸਿੰਘ ਬੌੜਾ, ਹਰਮੇਸ਼ ਮਾਲੜੀ, ਮੰਗਾ ਸਿੰਘ ਵੈਰੋਕੇ, ਪ੍ਰਕਾਸ਼ ਸਿੰਘ ਨੰਦਗੜ੍ਹ, ਨਿਰੰਜਣ ਸਿੰਘ, ਮੰਗਾ ਸਿੰਘ ਵੈਰੋਕੇ, ਦਰਸ਼ਨ ਨਾਹਰ, ਮੇਜ਼ਰ ਸਿੰਘ ਸੀਰਵਾਲੀ ਜਗਸੀਰ ਸਿੰਘ ਮਹਿਰਾਜ, ਬਲਵਿੰਦਰ ਸਿੰਘ ਘਰਾਂਗਣਾਂ ਰਿਸ਼ੀ ਪਾਲ ਖੁੱਬਣ, ਅਮੀ ਲਾਲ ਆਦਿ ਆਗੂਆਂ ਨੇ ਸੰਬੋਧਨ ਕੀਤਾ।ਆਗੂਆਂ ਨੇ ਐਲਾਨ ਕੀਤਾ ਕਿ ਇਨ੍ਹਾਂ ਧਰਨਿਆਂ ਦੀ ਸਫਲਤਾ ਲਈ 22 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇੱਕ ਹੋਰ ਕਨਵੈਨਸ਼ਨ ਕੀਤੀ ਜਾਵੇਗੀ, ਜਿਸ ਵਿੱਚ ਮਾਝੇ ਤੇ ਦੋਆਬੇ ਦੇ ਆਗੂਆਂ ਵਰਕਰ ਸ਼ਾਮਲ ਹੋਣਗੇ।ਕਨਵੈਨਸ਼ਨ ਦੌਰਾਨ ਇੱਕ ਮਤੇ ਰਾਹੀਂ ਮੋਗਾ ਜ਼ਿਲ੍ਹੇ ਦੇ ਪਿੰਡ ਹਿੰਮਤਪੁਰਾ ਵਿਖੇ ਸ਼ਰਾਬ ਦੇ ਨਜਾਇਜ਼ ਠੇਕੇ ਖਿਲਾਫ ਦਿੱਤੇ ਜਾ ਰਹੇ ਧਰਨੇ 'ਤੇ ਬੈਠੇ ਮਜ਼ਦੂਰ ਮਰਦ ਔਰਤਾਂ ਨੂੰ ਪੁਲਸ ਵੱਲੋਂ ਗ੍ਰਿਫ਼ਤਾਰ ਕਰਨ ਦੀ ਨਿਖੇਧੀ ਕਰਦਿਆਂ ਗ੍ਰਿਫ਼ਤਾਰ ਸਾਥੀਆਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਗਈ।ਦੂਸਰੇ ਮਤੇ ਰਾਹੀਂ 25 ਜੁਲਾਈ ਨੂੰ ਮਜ਼ਦੂਰ ਤੇ ਕਿਸਾਨ ਜਥੇਬੰਦੀਆਂ ਵੱਲੋਂ ਸੰਗਰੂਰ ਵਿਖੇ ਕੀਤੀ ਜਾ ਰਹੀ ਸਰਕਾਰੀ ਜਬਰ ਵਿਰੋਧੀ ਰੈਲੀ ਦੇ ਸਮਰਥਨ ਦਾ ਐਲਾਨ ਕੀਤਾ ਗਿਆ।

# 'ਮੇਲਾ ਤੀਆਂ ਦਾ' ਮਨਾਉਣ ਸੰਬੰਧੀ ਆਖਰੀ ਤਿਆਰੀ ਮੀਟਿੰਗ ਹੋਈ : ਰੇਨੂੰ ਗੋਇਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਆਪਸੀ ਭਾਈਚਾਰੇ ਤੇ ਸਦਭਾਵਨਾ ਦੇ ਪ੍ਰਤੀਕ ਵਜੋਂ ਜਾਣੇ ਜਾਂਦੇ ਸਥਾਨਕ ਬੁੱਧ ਵਿਹਾਰ ਵਿਖੇ 'ਮੇਲਾ ਤੀਆਂ ਦਾ' ਮਨਾਉਣ ਸਬੰਧੀ ਮੁਹੱਲੇ ਦੇ ਗਰੀਨ ਚੌਂਕ (ਟਰਾਂਸਫਾਰਮਰ ਵਾਲਾ ਚੌਂਕ) ਵਿਖੇ ਬੀਬੀਆਂ ਵੱਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੇਲਾ ਕਮੇਟੀ ਦੀ ਪ੍ਰਧਾਨ ਰੇਨੂੰ ਗੋਇਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸ਼ਿਖਾ ਛਾਬੜਾ, ਸੁਖਬੀਰ ਕੌਰ ਸਦਿਓੜਾ, ਹਰਪ੍ਰੀਤ ਕੌਰ, ਸਲੋਨੀ ਸ਼ਰਮਾ, ਸੀਮਾ ਯਾਦਵ, ਬਿਮਲਾ ਢੋਸੀਵਾਲ, ਦਲਜੀਤ ਕੌਰ ਬਰਾੜ, ਨੀਰੂ ਬਾਲਾ, ਡਾ. ਮੀਨਾਕਸ਼ੀ ਭਾਰਤੀ, ਸੰਤੋਸ਼ ਭਾਰਤੀ, ਜਸਵਿੰਦਰ ਕੌਰ, ਰਜਨੀ ਅਨੇਜਾ, ਸ਼ਿਵਾਨੀ ਅਨੇਜਾ, ਪੂਨਮ ਸ਼ਰਮਾ, ਨੀਤੂ ਰਾਣੀ, ਸੰਘ ਮਿੱਤਰਾ ਤੇ ਪਾਇਲ ਸਮੇਤ ਵੱਡੀ ਗਿਣਤੀ ਵਿੱਚ ਹੋਰਨਾਂ ਬੀਬੀਆਂ ਨੇ ਭਾਗ ਲਿਆ।ਜ਼ਿਕਰਯੋਗ ਹੈ ਕਿ ਮੁਹੱਲੇ ਦੀਆਂ ਬੀਬੀਆਂ ਵੱਲੋਂ ਆਉਂਦੀ 27 ਜੁਲਾਈ ਐਤਵਾਰ ਨੂੰ 'ਮੇਲਾ ਤੀਆਂ ਦਾ' ਸਬੰਧੀ ਵਿਸ਼ੇਸ਼ ਸਮਾਗਮ ਸਥਾਨਕ ਸਿਟੀ ਹੋਟਲ ਦੇ ਸੈਲੀਬਰੇਸ਼ਨ ਵਾਇਬਜ਼ ਹਾਲ ਵਿਖੇ ਸ਼ਾਮ ਦੇ ਚਾਰ ਵਜੇ ਤੋਂ ਸੱਤ ਵਜੇ ਤੱਕ ਮਨਾਇਆ ਜਾਵੇਗਾ।ਇਸ ਸਮੇਂ ਕੀਤੇ ਜਾਣ ਵਾਲੇ ਸਮਾਰੋਹ ਦੌਰਾਨ ਸੋਲੋ, ਡਬਲ ਤੇ ਗਰੁੱਪ ਡਾਂਸ ਦੀਆਂ ਆਈਟਮਾਂ ਸਮੇਤ ਗਿੱਧੇ ਦੇ ਪੇਸ਼ਕਾਰੀ ਵੀ ਕੀਤੀ ਜਾਵੇਗੀ।ਮੀਟਿੰਗ ਦੌਰਾਨ ਕੀਤੇ ਫੈਸਲੇ ਅਨੁਸਾਰ ਸਮਾਰੋਹ ਦੌਰਾਨ ਸਟੇਜ ਸਕੱਤਰ ਦੀ ਡਿਊਟੀ ਸਲੋਨੀ ਸ਼ਰਮਾ, ਸ਼ਿਖਾ ਛਾਬੜਾ ਤੇ ਡਾ. ਮੀਨਾਕਸ਼ੀ ਭਾਰਤੀ ਸਾਂਝੇ ਤੌਰ 'ਤੇ ਨਿਭਾਉਣਗੇ।ਉਕਤ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਰੇਨੂੰ ਗੋਇਲ ਨੇ ਦੱਸਿਆ ਕਿ ਸਮਾਰੋਹ ਦੌਰਾਨ ਕੁਇਜ਼ ਪ੍ਰੋਗਰਾਮ ਵੀ ਕਰਵਾਇਆ ਜਾਵੇਗਾ। ਸਮਾਰੋਹ ਦੌਰਾਨ ਪੂਰੀ ਤਰ੍ਹਾਂ ਪੰਜਾਬੀ ਪਹਿਰਾਵਾ ਪਾ ਕੇ ਆਉਣ ਵਾਲੀ ਬੀਬੀ ਨੂੰ ਪੰਜਾਬਣ ਮੁਟਿਆਰ ਦੇ ਖਿਤਾਬ ਨਾਲ ਸਨਮਾਨਤ ਕੀਤਾ ਜਾਵੇਗਾ।ਪ੍ਰਧਾਨ ਰੇਨੂੰ ਨੇ ਉਕਤ ਸਮਾਰੋਹ ਵਿੱਚ ਭਾਗ ਲੈਣ ਵਾਲੀਆਂ ਬੀਬੀਆਂ ਤੇ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਰਜਿਸਟ੍ਰੇਸ਼ਨ 25 ਜੁਲਾਈ ਤੱਕ ਹਰ ਹਾਲਤ ਉਨ੍ਹਾਂ ਕੋਲ ਕਰਵਾ ਦੇਣ।ਪਹਿਲਾਂ ਕਰਵਾਈ ਗਈ ਰਜਿਸਟ੍ਰੇਸ਼ਨ ਤੋਂ ਬਿਨਾਂ ਹੋਰ ਕਿਸੇ ਨੂੰ ਕੋਈ ਵੀ ਆਈਟਮ ਪੇਸ਼ ਕਰਨ ਦੀ ਆਗਿਆ ਨਹੀਂ ਹੋਵੇਗੀ।ਰੇਨੂੰ ਗੋਇਲ ਨੇ ਦੱਸਿਆ ਕਿ ਉਕਤ ਸਮਾਰੋਹ ਨੂੰ ਸਫਲ ਬਣਾਉਣ ਲਈ ਮੁਹੱਲੇ ਦੀ ਨਾਰੰਗ ਸ਼ੂਟਿੰਗ ਰੇਂਜ ਸੰਸਥਾ ਨੇ ਵਿਸ਼ੇਸ਼ ਆਰਥਿਕ ਸਹਿਯੋਗ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਉਕਤ ਸਮਾਰੋਹ ਦੌਰਾਨ ਠੰਡਾ, ਫ੍ਰੈਂਚ ਫਰਾਈਜ਼, ਮਨਚੂਰੀਅਨ, ਦੋ ਤਰ੍ਹਾਂ ਦੇ ਸਨੈਕਸ, ਗੁਲਾਬ ਜਾਮੁਣ, ਚਾਹ ਤੇ ਖੀਰ ਪੂੜੇ ਵਰਤਾਏ ਜਾਣਗੇ।ਉਨ੍ਹਾਂ ਉਕਤ 'ਮੇਲਾ ਤੀਆਂ ਦਾ' ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਬੀਬੀਆਂ ਨੂੰ ਸਮੇਂ-ਸਿਰ ਚਾਰ ਵਜੇ ਸਿਟੀ ਹੋਟਲ ਵਿਖੇ ਪਹੁੰਚਣ ਦੀ ਅਪੀਲ ਕੀਤੀ ਹੈ।

# ਪੁਰਾਣੀ ਪੈਨਸ਼ਨ ਸੰਗਠਨ ਨੇ ਮਾਨਸਾ ਤੇ ਸਰਦੂਲਗੜ੍ਹ ਹਲਕੇ ਦੇ ਵਿਧਾਇਕਾਂ ਨੂੰ ਸੌਂਪੇ ਮੰਗ ਪੱਤਰ

## *ਬਲਾਕ ਸਿੱਖਿਆ ਅਫਸਰ ਦੀਆਂ ਤਰੱਕੀਆਂ ਜ਼ਿਲ੍ਹਾ ਪੱਧਰੀ ਸੀਨੀਆਰਤਾ ਅਨੁਸਾਰ ਕੀਤੀਆਂ ਜਾਣ : ਬਰੇਟਾ*



**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਗਠਨ ਵੱਲੋਂ ਮਾਨਸਾ ਹਲਕਾ ਤੋਂ ਵਿਧਾਇਕ ਵਿਜੇ ਸਿੰਗਲਾ ਤੇ ਹਲਕਾ ਸਰਦੂਲਗੜ੍ਹ ਤੋਂ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੂੰ ਮੰਗ ਪੱਤਰ ਨੂੰ ਸੰਗਠਨ ਦੀ ਨਵਨਿਯੁਕਤ ਸੂਬਾਈ ਪ੍ਰਧਾਨ ਹਰਪਾਲ ਕੌਰ ਮਾਨਸਾ ਦੀ ਅਗਵਾਈ ਵਿੱਚ ਮੰਗ ਪੱਤਰ ਸੌਂਪੇ ਗਏ।ਇਸ ਸਮੇਂ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪ੍ਰੰਤੂ ਤਿੰਨ ਸਾਲ ਬੀਤਣ ਉਪਰੰਤ ਵੀ ਵਾਅਦਾ ਵਫ਼ਾ ਨਹੀਂ ਹੋਇਆ।ਉਨ੍ਹਾਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਨੂੰ ਤੁਰੰਤ ਲਾਗੂ ਕੀਤਾ ਜਾਵੇ।ਇਸ ਮੌਕੇ ਜਥੇਬੰਦੀ ਦੇ ਸਰਪ੍ਰਸਤ ਅਮਨਦੀਪ ਸ਼ਰਮਾ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਅੱਜ ਦੇ ਸਮੇਂ ਹਰੇਕ ਮੁਲਾਜ਼ਮ ਲਈ ਜ਼ਰੂਰੀ ਹੈ, ਕਿਉਂਕਿ ਸੇਵਾ ਮੁਕਤੀ ਉਪਰੰਤ ਬਜ਼ੁਰਗ ਅਵਸਥਾ 'ਚ ਗੁਜਰਾਤ ਕਰਨ ਲਈ ਪੈਨਸ਼ਨ ਮੁਲਾਜ਼ਮਾਂ ਦਾ ਇੱਕੋ ਇੱਕ ਸਹਾਰਾ ਹੁੰਦਾ ਹੈ। ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਗੋਇਲ ਬਰੇਟਾ ਨੇ ਕਿਹਾ ਕਿ ਬਲਾਕ ਸਿੱਖਿਆ ਅਫਸਰਾਂ ਦੀਆਂ ਤਰੱਕੀਆਂ ਵੀ ਜ਼ਿਲ੍ਹਾ ਪੱਧਰੀ ਸੀਨੀਆਰਤਾ ਸੂਚੀਆਂ ਅਨੁਸਾਰ ਹੀ ਕੀਤੀਆਂ ਜਾਣ।ਉਨ੍ਹਾਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨਾ, ਪੇਂਡੂ ਭੱਤਾ ਬਹਾਲ ਕਰਨਾ ਆਦਿ ਮਸਲਿਆਂ 'ਤੇ ਵੀ ਗੱਲਬਾਤ ਰੱਖੀ।ਇਸ ਸਮੇਂ ਸੁਖਜਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਵਿੰਦਰ ਸਿੰਗਲਾ ਸੂਬਾ ਕਮੇਟੀ, ਮਹਿੰਦਰ ਪਾਲ ਬਰੇਟਾ, ਭਾਰਤ ਭੂਸ਼ਣ ਮਾਨਸਾ, ਅਕਬਰ ਬੱਪੀਆਣਾ, ਬੂਟਾ ਸਿੰਘ ਮਾਨਸਾ, ਗੁਰਜੰਟ ਸਿੰਘ ਬੱਛੂਆਣਾ, ਲਾਭ ਸਿੰਘ ਮਾਨਸਾ, ਸੁਨੀਲ ਕੁਮਾਰ ਬਰੇਟਾ ਤੇ ਹੋਰ ਸਰਗਰਮ ਕਾਰਕੁੰਨ ਹਾਜ਼ਰ ਸਨ।

# ਕਰੰਟ ਲੱਗਣ ਨਾਲ ਵਿਅਕਤੀ ਦੀ ਮੌਤ

**ਬਰੇਟਾ (ਰੀਤਵਾਲ)**-ਨਜ਼ਦੀਕੀ ਪਿੰਡ ਖੁਡਾਲ ਕਲਾਂ ਵਿਖੇ ਇੱਕ ਵਿਅਕਤੀ ਦੀ ਬਿਜਲੀ ਦਾ ਕਰੰਟ ਲੱਗਣ ਨਾਲ ਮੌਤ ਹੋਣ ਦਾ ਦੁਖਦਾਈ ਸਮਾਚਾਰ ਹੈ।ਇਸ ਸੰਬੰਧੀ ਪਰਿਵਾਰਕ ਮੈਂਬਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸਤਪਾਲ ਸਿੰਘ



(51) ਸ਼ਨੀਵਾਰ ਦੀ ਸਵੇਰ 10 ਵਜੇ ਦੇ ਕਰੀਬ ਆਪਣੇ ਘਰ ਦੀ ਛੱਤ 'ਤੇ ਸਫ਼ਾਈ ਬਗੈਰਾਂ ਦਾ ਕੰਮ ਕਰ ਰਿਹਾ ਸੀ, ਜਿਸ ਦਾ ਘਰ ਦੇ ਨਾਲ ਲੰਘਦੀਆਂ ਬਿਜਲੀ ਦੀਆਂ ਤਾਰਾਂ ਨਾਲ ਹੱਥ ਲੱਗ ਗਿਆ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਬੁਢਲਾਡਾ ਵਿਖੇ ਲਿਜਾਇਆ ਗਿਆ। ਜਿੱਥੇ ਸੱਤਪਾਲ ਸਿੰਘ ਨੂੰ ਡਾਕਟਰਾਂ ਵੱਲੋਂ ਮ੍ਰਿਤਕ ਐਲਾਨ ਦਿੱਤਾ ਗਿਆ।ਪੀੜਤ ਪਰਿਵਾਰ ਦੇ ਮੈਂਬਰਾਂ ਦਾ ਕਹਿਣਾ ਹੈ ਕਿ ਇਹ ਹਾਦਸਾ ਬਿਜਲੀ ਵਿਭਾਗ ਦੀ ਅਣਗਹਿਲੀ ਕਾਰਨ ਵਾਪਰਾ ਹੈ, ਕਿਉਂਕਿ ਅਸੀਂ ਅਨੇਕਾਂ ਵਾਰ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਬਿਜਲੀ ਦੀਆਂ ਤਾਰਾਂ ਨੂੰ ਸਾਇਡ 'ਤੇ ਕਰਨ ਲਈ ਕਹਿ ਚੁੱਕੇ ਹਾਂ, ਪਰ ਇਨ੍ਹਾਂ ਵੱਲੋਂ ਸਾਡੀ ਗੁਹਾਰ 'ਤੇ ਕਦੇ ਕੋਈ ਅਮਲ ਨਹੀਂ ਕੀਤਾ ਗਿਆ।ਮ੍ਰਿਤਕ ਮਿਹਨਤ ਮਜ਼ਦੂਰੀ ਕਰਕੇ ਆਪਣਾ ਪਰਵਾਰ ਪਾਲ ਰਿਹਾ ਸੀ।

ਮ੍ਰਿਤਕ ਆਪਣੇ ਪਿੱਛੇ ਬਜ਼ੁਰਗ ਮਾਤਾ-ਪਿਤਾ ਤੇ ਪਤਨੀ ਤੋਂ ਇਲਾਵਾ ਦੋ ਲੜਕੇ ਤੇ ਇੱਕ ਲੜਕੀ ਛੱਡ ਗਿਆ ਹੈ।ਜਦ ਇਸ ਮਾਮਲੇ ਨੂੰ ਲੈ ਕੇ ਐੱਸ.ਡੀ.ਓ. ਬਰੇਟਾ ਗੁਰਸੇਵਕ ਸਿੰਘ ਨਾਲ ਰਾਬਤਾ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਹਾਲੇ ਤੱਕ ਮੇਰੇ ਧਿਆਨ ਵਿੱਚ ਨਹੀਂ ਆਇਆ ਹੈ ।

# ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਅਪ੍ਰੇਸ਼ਨ ਸੀਲ ਤਹਿਤ ਸਰਚ ਅਭਿਆਨ

## *ਹਰਿਆਣਾ ਤੇ ਰਾਜਸਥਾਨ ਸਰਹੱਦਾਂ 'ਤੇ ਨਾਕਾਬੰਦੀ ਕਰਕੇ ਕੀਤੀ ਚੈਕਿੰਗ*



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਡਾ. ਅਖਿਲ ਚੌਧਰੀ ਦੀ ਅਗਵਾਈ ਹੇਠ ਨਸ਼ਿਆਂ ਤੇ ਮਾੜੇ ਅਨਸਰਾਂ ਖ਼ਿਲਾਫ਼ ਚੱਲ ਰਹੀ ਮੁਹਿੰਮ ਦੇ ਚਲਦਿਆਂ 'ਅਪ੍ਰੇਸ਼ਨ ਸੀਲ' ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਹਰਿਆਣਾ ਤੇ ਰਾਜਸਥਾਨ ਨਾਲ ਲੱਗਦੀਆਂ ਸਰਹੱਦਾਂ 'ਤੇ ਨਾਕਾਬੰਦੀ ਕਰਕੇ ਦੋਹਾਂ ਰਾਜਾਂ ਦੀ ਪੁਲਸ ਨਾਲ ਮਿਲ ਕੇ ਚੈਕਿੰਗ ਕੀਤੀ ਗਈ।ਡੀ ਐੱਸ ਪੀ ਨੇ ਦੱਸਿਆ ਕਿ ਅਪ੍ਰੇਸ਼ਨ ਸੀਲ ਤਹਿਤ ਚੈਕਿੰਗ ਦੌਰਾਨ, ਸਰਹੱਦ ਤੋਂ ਆਉਣ-ਜਾਣ ਵਾਲੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਚੈਕਿੰਗ ਕੀਤੀ ਗਈ, ਤਾਂ ਜੋ ਨਸ਼ਿਆਂ ਦੀ ਤਸਕਰੀ, ਨਾਜਾਇਜ਼ ਸ਼ਰਾਬ ਤੇ ਹੋਰ ਗੈਰ-ਕਾਨੂੰਨੀ ਸਮੱਗਲਿੰਗ ਨੂੰ ਰੋਕਿਆ ਜਾ ਸਕੇ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਰਚ ਅਪ੍ਰੇਸ਼ਨ ਅੱਗੇ ਵੀ ਜਾਰੀ ਰਹਿਣਗੇ ਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਕੋਲ ਕੋਈ ਜਾਣਕਾਰੀ ਹੋਵੇ, ਤਾਂ ਉਹ ਬੇਝਿਜਕ ਜ਼ਿਲ੍ਹਾ ਪੁਲਸ ਕੰਟ੍ਰੋਲ ਰੂਮ ਜਾਂ ਆਪਣੇ ਨਜ਼ਦੀਕ ਕਿਸੇ ਵੀ ਥਾਣੇ ਵਿੱਚ ਦੇ ਸਕਦੇ ਹੋ।ਉਨ੍ਹਾਂ ਕਿਹਾ ਕਿ ਪੁਲਸ ਤੁਹਾਡੀ ਪਛਾਣ ਗੁਪਤ ਰੱਖੇਗੀ ਤੇ ਤੁਹਾਡੀ ਦਿੱਤੀ ਜਾਣਕਾਰੀ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਪੁਲਸ ਵਿਭਾਗ ਵੱਲੋਂ ਨਸ਼ਾ ਤਸਕਰੀ ਖ਼ਿਲਾਫ਼ ਕਾਰਵਾਈ ਜਾਰੀ ਰਹੇਗੀ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

# ਕਿਸਾਨਾਂ ਵੱਲੋਂ ਲੈਂਡ ਪੂਲਿੰਗ ਨੀਤੀ ਖਿਲਾਫ ਪ੍ਰਦਰਸ਼ਨ

**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੇ ਕਿਸਾਨਾਂ ਨੇ ਲੈਂਡ ਪੂਲਿੰਗ ਨੀਤੀ ਖਿਲਾਫ ਪ੍ਰਦਰਸ਼ਨ ਕੀਤਾ।ਮਲਕ, ਅਲੀਗੜ੍ਹ, ਪੋਨਾ ਤੇ ਅਗਵਾੜ ਗੁੱਜਰਾ ਪਿੰਡਾਂ ਦੇ ਕਿਸਾਨਾਂ ਤੇ ਮਜ਼ਦੂਰਾਂ ਨੇ ਤਿੰਨ ਕਿਲੋਮੀਟਰ ਲੰਬਾ ਅੰਤਿਮ ਸੰਸਕਾਰ ਜਲੂਸ ਕੱਢਿਆ।ਮਲਕ ਚੌਕ 'ਤੇ ਮੁੱਖ ਮੰਤਰੀ ਭਗਵੰਤ ਮਾਨ ਤੇ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਦੇ ਪੁਤਲੇ ਫੂਕੇ ਗਏ।ਸਰਕਾਰ ਨੇ ਲੈਂਡ ਪੂਲਿੰਗ ਨੀਤੀ ਦੇ ਤਹਿਤ ਜਗਰਾਉਂ ਦੇ ਇਨ੍ਹਾਂ ਚਾਰ ਪਿੰਡਾਂ ਦੀ 526 ਏਕੜ ਜ਼ਮੀਨ ਐਕੁਆਇਰ ਕਰਨ ਦੀ ਯੋਜਨਾ ਬਣਾਈ ਹੈ।

ਇਸ ਦੇ ਵਿਰੋਧ ਵਿੱਚ 7 ਜੁਲਾਈ ਨੂੰ ਜਗਰਾਉਂ ਵਿੱਚ ਇੱਕ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਇਸ ਵਿਰੋਧ ਪ੍ਰਦਰਸ਼ਨ ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਵੀ ਹਿੱਸਾ ਲਿਆ।ਕਿਸਾਨ ਆਗੂ ਦੀਦਾਰ ਸਿੰਘ ਮਲਕ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ। ਕਿਸਾਨ ਉਨ੍ਹਾਂ ਦੀ ਇੱਕ ਇੰਚ ਵੀ ਜ਼ਮੀਨ ਨਹੀਂ ਦੇਣਗੇ।ਸਰਪੰਚ ਜਗਤਾਰ ਸਿੰਘ ਨੇ ਸਵਾਲ ਉਠਾਇਆ ਕਿ ਜਦੋਂ ਕਿਸਾਨ ਜ਼ਮੀਨ ਨਹੀਂ ਦੇਣਾ ਚਾਹੁੰਦੇ ਤਾਂ ਸਰਕਾਰ ਨੀਤੀ ਨੂੰ ਰੱਦ ਕਿਉਂ ਨਹੀਂ ਕਰਦੀ ? ਪ੍ਰਦਰਸ਼ਨ ਵਿੱਚ ਕਿਸਾਨਾਂ ਨੇ ਕਾਲੇ ਝੰਡੇ ਲੈ ਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ।ਇਸ ਮੌਕੇ ਦੀਦਾਰ ਸਿੰਘ ਮਲਕ, ਪਰਵਾਰ ਸਿੰਘ ਢਿੱਲੋਂ, ਸਰਪੰਚ ਜਗਤਾਰ ਸਿੰਘ ਮਲਕ, ਸੁਖਦੇਵ ਸਿੰਘ ਤੱਤਲਾ ਸਮੇਤ ਕਈ ਕਿਸਾਨ ਆਗੂ ਹਾਜ਼ਰ ਸਨ।



# ਗਦਰੀ ਗੁਲਾਬ ਕੌਰ ਦੀ ਸ਼ਤਾਬਦੀ ਨੂੰ ਸਮਰਪਤ ਹੋਵੇਗਾ ਕਿਰਨਜੀਤ ਕੌਰ ਬਰਸੀ ਸਮਾਗਮ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਵੱਲੋਂ ਇਨਕਲਾਬੀ ਜਮਹੂਰੀ ਜਨਤਕ ਜਥੇਬੰਦੀਆਂ ਦੇ ਆਗੂਆਂ ਨਾਲ ਵਿਚਾਰਾਂ ਸਾਂਝੀਆਂ ਕਰਨ ਲਈ ਅਹਿਮ ਮੀਟਿੰਗ ਜਥੇਬੰਦ ਕੀਤੀ ਗਈ।ਯਾਦਗਾਰ ਕਮੇਟੀ ਦੇ ਆਗੂਆਂ ਨਰਾਇਣ ਦੱਤ, ਪ੍ਰੇਮ ਕੁਮਾਰ, ਗੁਰਵਿੰਦਰ ਸਿੰਘ, ਮਨਜੀਤ ਧਨੇਰ ਤੇ ਜਰਨੈਲ ਸਿੰਘ ਨੇ ਮਹਿਲ ਕਲਾਂ ਲੋਕ ਘੋਲ ਦੇ ਅਤੀਤ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜਬਰ ਖ਼ਿਲਾਫ਼ ਲੋਕ ਟਾਕਰੇ ਦਾ ਐਲਾਨਨਾਮਾ ਮਹਿਲ ਕਲਾਂ ਲੋਕ ਘੋਲ 28ਵੇਂ ਸਾਲ 'ਚ ਦਾਖ਼ਲ ਹੋ ਗਿਆ ਹੈ।ਇਹ ਲੋਕ ਘੋਲ ਅਨੇਕਾਂ ਮੋੜਾਂ ਘੋੜਾਂ ਵਿੱਚੋਂ ਲੰਘਿਆ ਹੈ।ਇਸ ਲੋਕ ਘੋਲ ਨੇ ਲੋਕਾਈ 'ਤੇ ਟੇਕ ਰੱਖਦਿਆਂ ਅਨੇਕਾਂ ਗੰਭੀਰ ਚੁਣੌਤੀਆਂ ਦਾ ਪੂਰੀ ਸਿਦਕ ਦਿਲੀ ਨਾਲ ਟਾਕਰਾ ਕੀਤਾ ਹੈ।ਇਤਿਹਾਸਕ ਪ੍ਰਾਪਤੀਆਂ ਕੀਤੀਆਂ ਹਨ।12 ਅਗਸਤ ਨੂੰ ਅਨਾਜ ਮੰਡੀ ਮਹਿਲ ਕਲਾਂ ਵਿਖੇ ਹੋ ਰਿਹਾ ਸ਼ਹੀਦ ਕਿਰਨਜੀਤ ਕੌਰ ਦਾ 28ਵਾਂ ਬਰਸੀ ਸਮਾਗਮ ਇਸ ਵਾਰ ਗ਼ਦਰੀ ਗੁਲਾਬ ਕੌਰ ਦੀ ਸ਼ਤਾਬਦੀ ਨੂੰ ਸਮਰਪਤ ਹੋਵੇਗਾ।

ਆਗੂਆਂ ਕੁਲਵੰਤ ਸਿੰਘ ਭਦੌੜ, ਭੋਲਾ ਸਿੰਘ ਛੰਨਾਂ, ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਗੁਰਮੇਲ ਸਿੰਘ ਠੁੱਲੀਵਾਲ, ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ, ਨਿਰਮਲ ਸਿੰਘ ਚੁਹਾਣਕੇ ਤੇ ਅਮਰਜੀਤ ਸਿੰਘ ਕਾਲਸਾਂ ਨੇ ਕਿਹਾ ਕਿ ਇਸ ਲੋਕ ਘੋਲ ਦੀ ਢਾਲ ਤੇ ਤਲਵਾਰ ਲੱਖਾਂ ਕਿਸਾਨ, ਮਜ਼ਦੂਰ, ਮੁਲਾਜ਼ਮ, ਨੌਜਵਾਨ ਤੇ ਔਰਤਾਂ ਹਨ।

ਵਿਦੇਸ਼ਾਂ ਵਿੱਚ ਰਹਿ ਰਹੇ ਪੰਜਾਬੀ ਵੀ ਇਸ ਲੋਕ ਘੋਲ ਵਿੱਚ ਆਪਣੀ ਹੈਸੀਅਤ ਮੁਤਾਬਿਕ ਬਣਦਾ ਯੋਗਦਾਨ ਪਾ ਰਹੇ ਹਨ।ਅਸੀਂ ਕਦੇ ਵੀ ਇਸ ਅਮੁੱਲ ਯੋਗਦਾਨ ਨੂੰ ਭੁਲਾ ਨਹੀਂ ਸਕਾਂਗੇ, ਕਿਉਂਕਿ ਇਹ ਸੰਘਰਸ਼ ਕਿਸੇ ਇੱਕ ਘਟਨਾ ਖ਼ਿਲਾਫ਼ ਨਾ ਹੋ ਕੇ ਔਰਤ ਵਰਗ ਦੀ ਮੁਕੰਮਲ ਮੁਕਤੀ 'ਨਵਾਂ ਲੋਕ ਪੱਖੀ ਸਮਾਜ ਸਿਰਜਣ' ਲਈ ਚੱਲ ਰਿਹਾ ਹੈ।ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਆਪਣੇ ਆਪ ਵਿੱਚ ਜਥੇਬੰਦ ਹੋਈ ਲੋਕ ਤਾਕਤ ਤੋਂ ਬਿਨਾਂ ਕੁੱਝ ਨਹੀਂ।

ਇਸ ਮੌਕੇ ਨਾਨਕ ਸਿੰਘ ਅਮਲਾ ਸਿੰਘ ਵਾਲਾ, ਕੁਲਵੀਰ ਸਿੰਘ ਠੀਕਰੀਵਾਲਾ, ਡਾ. ਰਜਿੰਦਰ ਪਾਲ, ਸੁਖਵਿੰਦਰ ਠੀਕਰੀਵਾਲਾ, ਗਗਨਦੀਪ ਸਿੰਘ ਮਨਾਲ, ਮਨਜੀਤ ਸਿੰਘ ਮਨਾਲ, ਮਨਵੀਰ ਸਿੰਘ ਦੱਧਾਹੂਰ, ਅਜਮੇਰ ਸਿੰਘ ਕਾਲਸਾਂ, ਡਾ. ਨਿਰਭੈ ਸਿੰਘ, ਰਜਿੰਦਰ ਸਿੰਘ ਖਿਆਲੀ, ਬਲਵੰਤ ਸਿੰਘ ਬਰਨਾਲਾ, ਕਾਲਾ ਸਿੰਘ ਜੈਦ, ਪ੍ਰੀਤਮ ਸਿੰਘ ਮਹਿਲ ਕਲਾਂ, ਗੁਰਚਰਨ ਸਿੰਘ ਪ੍ਰੀਤ, ਹਰਪਾਲ ਸਿੰਘ ਪਾਲੀ, ਸੱਤਪਾਲ ਸਿੰਘ ਸੋਹੀ, ਬਲਦੇਵ ਸਿੰਘ ਸਹਿਜੜਾ, ਜਗਤਾਰ ਸਿੰਘ ਠੁੱਲੀਵਾਲ, ਜਸਪਾਲ ਸਿੰਘ ਚੀਮਾ, ਸੰਦੀਪ ਸਿੰਘ ਦੱਧਾਹੂਰ, ਅਜਮੇਰ ਸਿੰਘ ਮਾਂਗੇਵਾਲ, ਜਗਰਾਜ ਸਿੰਘ ਹਮੀਦੀ, ਬਲਵੀਰ ਸਿੰਘ ਮਨਾਲ, ਜਗਤਾਰ ਸਿੰਘ ਠੁੱਲੀਵਾਲ, ਸੁਖਵਿੰਦਰ ਸਿੰਘ ਕਲਾਲ ਮਾਜਰਾ, ਜਗਰੂਪ ਸਿੰਘ ਗਹਿਲ ਆਦਿ ਹਾਜ਼ਰ ਸਨ।

# ਮਾਤਾ ਗੁਜਰੀ ਸਕੂਲ ਵਿਖੇ ਇਨਵੈਸਚਰ ਸੈਰੇਮਨੀ ਦਾ ਆਯੋਜਨ




**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿਖੇ ਇਨਵੈਸਚਰ ਸੈਰੇਮਨੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਸਕੂਲ ਦੇ ਸਾਰੇ ਹਾਊਸ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਪਹਿਲਾ ਹਾਊਸ ਸਾਹਿਬਜ਼ਾਦਾ ਅਜੀਤ ਸਿੰਘ ਜੀ, ਦੂਸਰਾ ਹਾਊਸ ਸਾਹਿਬਜ਼ਾਦਾ ਜੁਝਾਰ ਸਿੰਘ ਜੀ, ਤੀਸਰਾ ਹਾਊਸ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ, ਚੌਥਾ ਹਾਊਸ ਸਾਹਿਬਜ਼ਾਦਾ ਫਤਿਹ ਸਿੰਘ ਜੀ ਹਾਊਸ ਦੇ ਵਿਦਿਆਰਥੀਆਂ ਨੂੰ ਹਾਊਸ ਹੈੱਡ ਤੇ ਹੋਰ ਅਹੁਦੇ ਦਿੱਤੇ ਗਏ। ਇਸ ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਤੇ ਮਾਰਚ ਪਾਸਟ ਤੋਂ ਕੀਤੀ ਗਈ, ਜਿਸ ਵਿੱਚ ਸਕੂਲ ਕੈਪਟਨ ਅੰਕਸ਼ਿਤਾ ਗੋਸਵਾਮੀ, ਸਪੋਰਟਸ ਕੈਪਟਨ ਸ਼ਾਨਵੀਰ ਸਿੰਘ, ਹੈੱਡ ਬੁਆਏ ਹਰਸ਼ਦੀਪ ਸਿੰਘ, ਵਾਈਸ ਹੈੱਡ ਬੁਆਏ ਗੁਰਕੀਰਤ ਸਿੰਘ, ਹੈੱਡ ਗਰਲ ਕਿਰਨਦੀਪ ਕੌਰ, ਵਾਈਸ ਹੈੱਡ ਗਰਲ ਜੈਸਮੀਨ ਕੌਰ ਤੇ ਇਸ ਤੋਂ ਇਲਾਵਾ ਹਰੇਕ ਹਾਊਸ ਵਿੱਚੋਂ ਚਾਰ ਹਾਊਸ ਹੈੱਡ ਚੁਣੇ ਗਏ, ਜਿਨ੍ਹਾਂ ਦਾ ਨਾਮ ਰੂਪਪ੍ਰੀਤ ਸੰਧੂ, ਪ੍ਰਭਪ੍ਰੀਤ ਕੌਰ, ਰੂਬਲਪ੍ਰੀਤ ਸਿੰਘ ਤੇ ਹਰਕੰਵਲ ਕੌਰ ਹਨ ਅਤੇ ਇਨ੍ਹਾਂ ਸਭ ਵੱਲੋਂ ਸਹੁੰ ਚੁੱਕੀ ਗਈ। ਇਨ੍ਹਾਂ ਸਭ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਡਾਇਰੈਕਟਰ ਸ੍ਰ. ਭੁਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਸਕੂਲ ਵਿੱਚ ਮਿਲੇ ਇਨ੍ਹਾਂ ਅਹੁਦਿਆਂ ਤੋਂ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਸਮਾਜ ਤੇ ਦੇਸ਼ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਹੁਨਰ ਤੇ ਜਜ਼ਬਾ ਸਿੱਖਣਗੇ ਅਤੇ ਇਹ ਵੱਡੇ ਪੱਧਰ ਦੇ ਲੀਡਰ ਬਣਨਗੇ।ਮੈਡਮ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਮਮਤਾ ਤੇ ਅਕਾਦਮਿਕ ਡਾਇਰੈਕਟਰ ਤਜਿੰਦਰ ਕੌਰ ਵਾਲੀਆ ਨੇ ਬੱਚਿਆਂ ਨੂੰ ਦਿੱਤੀਆਂ ਗਈਆਂ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਦੇ ਹੋਏ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਮਾਲਵਾ ਕਾਲਜ ਨੂੰ ਬੁਲੰਦੀਆਂ 'ਤੇ ਲਿਜਾਣ ਲਈ ਇਲਾਕੇ ਦਾ ਸਹਿਯੋਗ ਜ਼ਰੂਰੀ : ਆਲਮਦੀਪ



**ਸਮਰਾਲਾ (ਸੁਰਜੀਤ ਸਿੰਘ)**-ਚੰਗੀ ਸਿੱਖਿਆ ਸੰਸਥਾ ਇਲਾਕੇ ਦੀ ਸ਼ਾਨ ਤੇ ਪਛਾਣ ਹੁੰਦੀ ਹੈ।ਉਸ ਨੂੰ ਚਲਾਉਣ ਵਾਸਤੇ ਸਮਾਜ ਦੇ ਹਰ ਵਰਗ ਦੇ ਸਹਿਯੋਗ ਦੀ ਜ਼ਰੂਰਤ ਹੁੰਦੀ ਹੈ।ਇਹ ਵਿਚਾਰ ਸਥਾਨਕ ਮਾਲਵਾ ਕਾਲਜ ਐਜੂਕੇਸ਼ਨ ਕੌਂਸਲ ਤੇ ਅਲੂਮਿਨੀ ਦੀ ਹੋਈ ਇੱਕ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾਲਵਾ ਐਜੂਕੇਸ਼ਨ ਕੌਂਸਲ ਦੇ ਪ੍ਰਧਾਨ ਆਲਮਦੀਪ ਸਿੰਘ ਮੱਲਮਜਰਾ ਨੇ ਹਾਜ਼ਰ ਪਤਵੰਤਿਆਂ ਨੂੰ ਸੰਬੋਧਨ ਕਰਦਿਆਂ ਪਰਗਟ ਕੀਤੇ।ਉਨ੍ਹਾਂ ਕਿਹਾ ਕਿ ਕਾਲਜ ਵਿੱਚ ਲਮੇਂ ਸਮੇਂ ਤੋਂ ਪ੍ਰਿੰਸੀਪਲ ਦੀ ਪੋਸਟ ਖਾਲੀ ਸੀ, ਪਰ ਹੁਣ ਡਾ. ਦਿਨੇਸ਼ ਸ਼ਰਮਾ ਵੱਲੋਂ ਇਹ ਜ਼ਿੰਮੇਵਾਰੀ ਸੰਭਾਲ ਲਈ ਗਈ ਹੈ।ਉਨ੍ਹਾਂ ਕਿਹਾ ਕਿ ਡਾ. ਦਿਨੇਸ਼ ਸ਼ਰਮਾ ਇੱਕ ਯੋਗ ਅਧਿਆਪਕ ਤੇ ਤਜਰਬੇਕਾਰ ਪ੍ਰਬੰਧਕ ਹਨ।ਉਨ੍ਹਾਂ ਦੇ ਹੱਥਾਂ ਵਿੱਚ ਕਾਲਜ ਅਵੱਸ਼ ਤਰੱਕੀ ਦੀਆਂ ਪੁਲਾਂਘਾਂ ਪੁੱਟੇਗਾ।ਆਲਮਦੀਪ ਨੇ ਕਿਹਾ ਕਿ ਮਾਲਵਾ ਕਾਲਜ ਦਾ ਸ਼ਾਨਾਮੱਤਾ ਇਤਿਹਾਸ ਰਿਹਾ ਹੈ, ਲਿਹਾਜ਼ਾ ਕਾਲਜ ਦੀ ਸ਼ਾਨਦਾਰ ਰਿਵਾਇਤ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਕਾਲਜ ਦੀ ਸ਼ਾਨਦਾਰ ਇਮਾਰਤ, ਸਾਇੰਸ ਪ੍ਰਯੋਗਸ਼ਾਲਾ, ਅਕਾਦਮਿਕ ਤੇ ਖੇਡਾਂ ਵਿਚ ਨੈਸ਼ਨਲ ਪੱਧਰ ਤੱਕ ਦੀਆਂ ਉਪਲੱਬਧੀਆਂ ਤੇ ਉੱਚ ਸਿੱਖਿਆ ਪ੍ਰਾਪਤ ਤਜਰਬੇਕਾਰ ਅਧਿਆਪਕ ਕਾਲਜ ਦੀ ਉੱਚ ਗੁਣਵੱਤਾ ਦੀ ਗਵਾਹੀ ਭਰਦੇ ਹਨ।ਇਸ ਦੌਰਾਨ ਮਾਲਵਾ ਐਜੂਕੇਸ਼ਨ ਕੌਂਸਲ ਦੇ ਜਨਰਲ ਸਕੱਤਰ ਤੇਜਿੰਦਰ ਸਿੰਘ ਤੇਜੀ ਰਾਜੇਵਾਲ ਨੇ ਕਾਲਜ ਦੀ ਨਵੀਂ ਬਣੀ ਅਲੂਮਿਨੀ ਸੰਸਥਾ ਨੂੰ ਅਪੀਲ ਕੀਤੀ ਕਿ ਕਾਲਜ ਉਨ੍ਹਾਂ ਦੇ ਭਵਿੱਖ ਦਾ ਨਿਰਮਾਤਾ ਰਿਹਾ ਹੈ, ਲਿਹਾਜ਼ਾ ਉਸ ਦੇ ਵਰਤਮਾਨ ਵਿਚ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।ਇਲਾਕੇ ਦੇ ਵਿਦਿਆਰਥੀਆਂ ਨੂੰ ਨਵੇਂ ਦਾਖਲਿਆਂ ਲਈ ਪ੍ਰੇਰਤ ਕੀਤਾ ਜਾਵੇ।ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਕਾਲਜ ਪ੍ਰਿੰਸੀਪਲ ਡਾ. ਦਿਨੇਸ਼ ਸ਼ਰਮਾ ਦੀ ਰਹਿਨੁਮਾਈ ਵਿੱਚ ਕਾਲਜ ਅਨੁਸ਼ਾਸਨ ਤੇ ਪੜ੍ਹਾਈ ਦੇ ਮਾਮਲੇ ਵਿੱਚ ਨਵੇਂ ਦਿਸਹੱਦਿਆਂ ਨੂੰ ਛੋਹੇਗਾ।ਇਸ ਦੌਰਾਨ ਕਾਲਜ ਅਲੂਮਿਨੀ ਦੇ ਪ੍ਰਧਾਨ ਨਾਟਕਕਾਰ ਰਾਜਵਿੰਦਰ ਸਮਰਾਲਾ ਤੇ ਸਕੱਤਰ ਐਡਵੋਕੇਟ ਗਗਨਦੀਪ ਸ਼ਰਮਾ ਨੇ ਕਿਹਾ ਕਿ ਇਸ ਸੰਸਥਾ ਨਾਲ ਉਨ੍ਹਾਂ ਦਾ ਵਿਦਿਆਰਥੀ ਜੀਵਨ ਜੁੜਿਆ ਹੈ ਅਤੇ ਇੱਕ ਭਾਵਾਤਮਕ ਰਿਸ਼ਤਾ ਹੈ, ਲਿਹਾਜ਼ਾ ਉਹ ਕਾਲਜ ਨੂੰ ਨਵੀਂ ਬੁਲੰਦੀਆਂ ਤੱਕ ਅਵੱਸ਼ ਲੈ ਕੇ ਜਾਣਗੇ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਦਿਨੇਸ਼ ਸ਼ਰਮਾ ਨੇ ਮਾਲਵਾ ਐਜੂਕੇਸ਼ਨ ਕੌਂਸਲ ਦੇ ਪ੍ਰਤੀਨਿਧਾਂ, ਅਲੂਮਿਨੀ ਦੇ ਅਹੁਦੇਦਾਰਾਂ ਤੇ ਹਾਜ਼ਰ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਲਜ ਨੂੰ ਮੁੜ ਲੀਹਾਂ 'ਤੇ ਲਿਆਉਣ ਦੀ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਸ ਨੂੰ ਤਨਦੇਹੀ ਨਾਲ ਨਿਭਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਮਾਲਵਾ ਐਜੂਕੇਸ਼ਨ ਕੌਂਸਲ ਦੇ ਪ੍ਰਧਾਨ ਤੇ ਜਨਰਲ ਸਕੱਤਰ ਦੀਆਂ ਉਮੀਦਾਂ 'ਤੇ ਹਰ ਹਾਲ ਵਿੱਚ ਪੂਰਾ ਉਤਰਨ ਦੀ ਕੋਸ਼ਿਸ਼ ਨਿਰੰਤਰ ਜਾਰੀ ਰਹੇਗੀ।ਮੁੱਖ ਪਤਵੰਤਿਆਂ ਵਿੱਚ ਸਰਬੰਸ ਸਿੰਘ ਮਾਣਕੀ, ਸਰਪੰਚ ਜਤਿੰਦਰ ਸਿੰਘ ਜੋਗਾ, ਅੰਮ੍ਰਿਤਪਾਲ, ਅੰਮ੍ਰਿਤਾ ਪੂਰੀ, ਡਾ. ਬਲਵਿੰਦਰ ਕੌਸ਼ਲ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਪਤਵੰਤੇ ਤੇ ਸਾਬਕਾ ਸਟੂਡੈਂਟਸ ਹਾਜ਼ਰ ਸਨ।

## ਕੰਬੋਜ ਭਲਾਈ ਮੰਚ ਪੰਜਾਬ ਵੱਲੋਂ ਕੇਂਦਰੀ ਮੰਤਰੀ ਰਵਨੀਤ ਬਿੱਟੂ ਦਾ ਸਨਮਾਨ



**ਪਟਿਆਲਾ/ਸਨੌਰ (ਰਾਜਿੰਦਰ ਬਿੰਦ)**-ਕੰਬੋਜ ਭਲਾਈ ਮੰਚ ਪੰਜਾਬ ਦੀ ਪੰਜ ਮੈਂਬਰੀ ਕਮੇਟੀ ਵੱਲੋਂ ਪਟਿਆਲਾ ਰੇਲਵੇ ਸਟੇਸ਼ਨ ਪੁੱਜਣ 'ਤੇ ਰਵਨੀਤ ਸਿੰਘ ਬਿੱਟੂ ਕੇਂਦਰੀ ਰੇਲ ਰਾਜ ਮੰਤਰੀ ਦਾ ਗੁਲਦਸਤਾ ਤੇ ਸ਼ਹੀਦ ਊਧਮ ਸਿੰਘ ਜੀ ਦਾ ਚਿੱਤਰ ਦੇ ਕੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਕੰਬੋਜ ਭਾਈਚਾਰੇ ਦੀ ਤਰਫੋਂ ਇੱਕ ਮੰਗ ਪੱਤਰ ਦੇ ਕੇ ਸ਼ਹੀਦ ਊਧਮ ਸਿੰਘ ਕੰਬੋਜ ਦੇ ਨਾਂਅ ਦੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਚੇਅਰ ਸਥਾਪਤ ਕਰਨ, ਕੰਬੋਜ ਭਾਈਚਾਰੇ ਦੀ ਕਰੀਮੀਲੇਅਰ ਦੀ ਹੱਦ 8 ਲੱਖ ਤੋਂ ਵਧਾ ਕੇ 15 ਲੱਖ ਕਰਨ, ਵਿੱਦਿਅਕ ਪਾਠ ਪੁਸਤਕਾਂ ਵਿੱਚ ਸ਼ਹੀਦ ਊਧਮ ਸਿੰਘ ਕੰਬੋਜ ਸਬੰਧੀ ਲੇਖਾਂ ਵਿੱਚ ਸੋਧ ਕਰਨ, ਕੰਬੋਜ ਭਾਈਚਾਰੇ ਨੂੰ ਰਾਜਨੀਤਕ ਤੌਰ 'ਤੇ ਵਿੱਚ ਪ੍ਰਤੀਨਿਧਤਾ ਤੌਰ 'ਤੇ ਕੇ ਮੈਂਬਰ ਪਾਰਲੀਮੈਂਟ ਤੇ ਵੱਧ ਅਨੁਪਾਤ ਅਨੁਸਾਰ ਸੀਟਾਂ ਦੇਣ ਦੀ ਮੰਗ ਕੀਤੀ।ਸ੍ਰ. ਰਵਨੀਤ ਸਿੰਘ ਬਿੱਟੂਨੇ ਭਰੋਸਾ ਦਵਾਇਆ ਕਿ 31 ਜੁਲਾਈ 2025 ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ 'ਤੇ ਕੰਬੋਜ ਭਾਈਚਾਰੇ ਦੀ ਭਲਾਈ ਲਈ ਕਈ ਸਕੀਮਾਂ ਲਾਗੂ ਕੀਤੀਆਂ ਜਾਣਗੀਆਂ। ਮੰਗ ਪੱਤਰ ਦੇਣ ਤੇ ਸਵਾਗਤ ਕਮੇਟੀ ਵਿੱਚ ਭਰਪੂਰ ਸਿੰਘ ਸੁਨਾਮ, ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ, ਰਾਜਿੰਦਰ ਸਿੰਘ ਥਿੰਦ, ਵਰਿੰਦਰ ਸਿੰਘ ਮੋਮੀ ਤੇ ਕੰਬੋਜ ਭਲਾਈ ਮੰਚ ਦੇ ਫਾਊਂਡਰ ਪ੍ਰਧਾਨ ਹਰਦੀਪ ਸਿੰਘ ਕੰਬੋਜ ਤੋਂ ਇਲਾਵਾ ਸੁਖਵੰਤ ਸਿੰਘ ਟਿਲੂ, ਵਿਕਰਮ ਪੰਡਿਤ, ਹਰਜੋਤ ਸਿੰਘ ਸੰਨੀ, ਰਾਹੁਲ ਕੁਮਾਰ ਸ਼ਰਮਾ, ਜਗਦੇਵ ਸਿੰਘ ਹਡਾਨਾ ਤੇ ਹੰਸ ਰਾਜ ਚਿੜਵੀ ਸ਼ਾਮਲ ਸਨ।

# ਜਬਰ ਵਿਰੋਧੀ ਰੈਲੀ 'ਚ ਵੱਡੀ ਗਿਣਤੀ 'ਚ ਅਧਿਆਪਕ ਹੋਣਗੇ ਸ਼ਾਮਲ : ਡੀ ਟੀ ਐੱਫ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਬਲਾਕ ਪ੍ਰਧਾਨ ਰਾਜੀਵ ਕੁਮਾਰ ਤੇ ਸਕੱਤਰ ਬਲਜਿੰਦਰ ਘੱਗਾ ਦੀ ਅਗਵਾਈ ਵਿੱਚ ਬਲਾਕ ਕਮੇਟੀ ਦੀ ਮੀਟਿੰਗ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਾਹਿਬ ਵਿਖੇ ਕੀਤੀ ਗਈ।ਮੀਟਿੰਗ ਵਿੱਚ ਕਿਸਾਨ ਤੇ ਮਜ਼ਦੂਰ ਜਥੇਬੰਦੀਆਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਜਬਰ ਵਿਰੋਧੀ ਰੈਲੀ ਤੇ ਅਧਿਆਪਕਾਂ ਦੀਆਂ ਵਿਭਾਗੀ ਮੰਗਾਂ ਮਸਲਿਆਂ 'ਤੇ ਵਿਸਥਾਰੀ ਚਰਚਾ ਕੀਤੀ ਗਈ।ਮੀਟਿੰਗ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਜਸਪਾਲ ਖਾਂਗ ਨੇ ਦੱਸਿਆ ਕਿ ਕੇਂਦਰੀ ਮੋਦੀ ਸਰਕਾਰ ਤੇ ਯੋਗੀ ਰਾਜ ਦੀ ਤਰਜ਼ 'ਤੇ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰਨ ਤੇ ਲੋਕਾਂ ਵੱਲੋਂ ਆਪਣੇ ਹੱਕਾਂ ਲਈ ਕੀਤੇ ਜਾ ਰਹੇ ਜਮਹੂਰੀ ਸੰਘਰਸ਼ਾਂ ਨੂੰ ਕੁਚਲਣ ਦੇ ਰਾਹ 'ਤੇ ਚਲਦਿਆਂ, ਪਿਛਲੇ ਦੋ ਮਹੀਨਿਆਂ ਤੋਂ ਸੰਗਰੂਰ ਜ਼ਿਲ੍ਹੇ ਦੇ ਗ੍ਰਿਫ਼ਤਾਰ ਮਜ਼ਦੂਰ ਆਗੂਆਂ ਨੂੰ ਰਿਹਾਅ ਕਰਵਾਉਣ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਸੰਘਰਸ਼ੀ ਸਰਗਰਮੀ 'ਤੇ ਸੰਗਰੂਰ ਜ਼ਿਲ੍ਹੇ ਵਿੱਚ ਲੱਗੀ ਅਣਐਲਾਨੀ ਪਾਬੰਦੀ ਰੱਦ ਕਰਵਾਉਣ ਤੇ ਕਿਸਾਨ ਆਗੂ ਨਿਰਭੈ ਸਿੰਘ 'ਤੇ ਕਾਤਲਾਨਾ ਹਮਲਾ ਕਰਨ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਾਉਣ ਲਈ 25 ਜੁਲਾਈ ਨੂੰ ਸੰਗਰੂਰ ਵਿਖੇ ਜਬਰ ਵਿਰੋਧੀ ਰੈਲੀ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਬਲਾਕ ਪਾਤੜਾਂ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਵੱਲੋਂ ਡੀ ਐੱਮ ਐੱਫ ਤੇ ਡੀ ਟੀ ਐੱਫ ਦੇ ਝੰਡੇ ਹੇਠ ਰੈਲੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ, ਜਿਸ ਦੀ ਤਿਆਰੀ ਲਈ ਬਲਾਕ ਵਿੱਚ ਵੱਡੀ ਪੱਧਰ 'ਤੇ ਤਿਆਰੀ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਵੱਖ ਵੱਖ ਕੇਡਰਾਂ ਦੇ ਅਧਿਆਪਕਾਂ ਦੀਆਂ ਵਿਭਾਗੀ ਮੰਗਾਂ ਦੇ ਹੱਲ ਲਈ ਡੀ ਟੀ ਐੱਫ ਵੱਲੋਂ 5 ਅਗਸਤ ਨੂੰ ਡਾਇਰੈਕਟਰ ਸਕੂਲ ਸਿੱਖਿਆ (ਸੈ.ਸਿ) ਦੇ ਮੋਹਾਲੀ ਦਫ਼ਤਰ ਅੱਗੇ ਧਰਨਾ ਵਾਲੇ ਮਾਸ ਡੈਪੂਟੇਸ਼ਨ ਵਿੱਚ ਵੀ ਬਲਾਕ ਕਮੇਟੀ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਸੂਬਾ ਕਨਵੀਨਰ ਅਤਿੰਦਰ ਘੱਗਾ, ਡੀ ਟੀ ਐੱਫ ਦੇ ਜ਼ਿਲ੍ਹਾ ਸਕੱਤਰ ਜਸਪਾਲ ਖਾਂਗ, ਜਗਤਾਰ ਰਾਮ, ਬਖਸ਼ੀਸ਼ ਸਿੰਘ, ਦਵਿੰਦਰ ਸਿੰਘ, ਸਤਵਿੰਦਰ ਸਿੰਘ, ਸੁਨੀਲ ਕੁਮਾਰ, ਗੁਰਪ੍ਰੀਤ ਰਸੌਲੀ, ਮੈਡਮ ਗੁਰਪ੍ਰੀਤ ਕੌਰ ਤੇ ਹੋਰ ਵੱਡੀ ਗਿਣਤੀ ਅਧਿਆਪਕ ਹਾਜ਼ਰ ਸਨ।

## ਸਹੁਰੇ ਪਰਵਾਰ ਵੱਲੋਂ ਤੰਗ-ਪ੍ਰੇਸ਼ਾਨ ਕਰਨ 'ਤੇ ਔਰਤ ਨੇ ਕੀਤੀ ਖੁਦਕੁਸ਼ੀ, 5 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਪਿੰਡ ਘਾਂਗਾ ਖੁਰਦ (ਢਾਣੀ ਟਾਹਲਾ ਸਿੰਘ) ਵਿਖੇ ਇਕ ਔਰਤ ਵੱਲੋਂ ਸਹੁਰੇ ਪਰਵਾਰ ਤੋਂ ਤੰਗ-ਪ੍ਰੇਸ਼ਾਨ ਹੋ ਕੇ ਫਾਹਾ ਲੈ ਕੇ ਖੁਦਕੁਸ਼ੀ ਕਰਨ ਦੇ ਸਬੰਧ ਵਿੱਚ ਪਤੀ ਸਮੇਤ ਸਹੁਰੇ ਪਰਵਾਰ ਦੇ 5 ਲੋਕਾਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਜਗਦੀਸ਼ ਸਿੰਘ ਪੁੱਤਰ ਰੁੜ ਸਿੰਘ ਵਾਸੀ ਘਾਂਗਾ ਖੁਰਦ (ਢਾਣੀ ਟਾਹਲਾ ਸਿੰਘ) ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਸ ਦੀ ਲੜਕੀ ਸਤਨਾਮ ਕੌਰ ਦੀ ਸ਼ਾਦੀ ਕਰੀਬ 9 ਸਾਲ ਪਹਿਲਾਂ ਕੁਲਵੰਤ ਸਿੰਘ ਨਾਲ ਹੋਈ ਸੀ, ਜੋ ਕਰੀਬ 4 ਸਾਲ ਪਹਿਲਾਂ ਸਤਨਾਮ ਕੌਰ ਨੂੰ ਉਸ ਦੇ ਪਤੀ ਤੇ ਸਹੁਰੇ ਪਰਵਾਰ ਨੇ ਘਰੋਂ ਕੱਢ ਦਿੱਤਾ ਸੀ, ਜੋ ਹੁਣ ਘਾਂਗਾ ਖੁਰਦ ਰਹਿੰਦੀ ਸੀ। ਬੀਤੀ 18 ਜੁਲਾਈ 2025 ਨੂੰ ਕਰੀਬ ਸਵੇਰੇ 4 ਵਜੇ ਘਰ ਦੇ ਪਿਛਲੇ ਪਾਸੇ ਜਾਮਨ ਦੇ ਦਰੱਖਤ ਨਾਲ ਫਾਹਾ ਲੈ ਲਿਆ ਸੀ ਅਤੇ ਘਰ ਦੀ ਲੌਬੀ ਵਿੱਚ ਇੱਕ ਸੁਸਾਈਡ ਨੋਟ ਮਿਲਿਆ, ਜਿਸ ਵਿੱਚ ਉਸ ਦੇ ਸਹੁਰੇ ਪਰਵਾਰ ਵੱਲੋਂ ਤੰਗ-ਪ੍ਰੇਸ਼ਾਨ ਕਰਨ ਬਾਰੇ ਲਿਖਿਆ ਹੋਇਆ ਸੀ, ਜਿਸ 'ਤੇ ਪੁਲਸ ਵੱਲੋਂ ਥਾਣਾ ਅਮੀਰ ਖਾਸ ਵਿਖੇ ਸ਼ਿਕਾਇਤਕਰਤਾ ਜਗਦੀਸ਼ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਮ੍ਰਿਤਕ ਸਤਨਾਮ ਕੌਰ ਦੇ ਪਤੀ ਕੁਲਵੰਤ ਸਿੰਘ, ਸਹੁਰਾ ਵਣਜਾਰ ਸਿੰਘ, ਸੱਸ ਸ਼ਿੰਦੋ ਬਾਈ, ਨਨਾਣ ਹਰਜੀਤ ਕੌਰ ਤੇ ਸ਼ਿਮਲਾ ਰਾਣੀ ਵਾਸੀਆਨ ਚੱਕ ਪਾਲੀਵਾਲਾ ਉਰਫ ਮੋਹਲਾ ਵਿਰੁੱਧ ਧਾਰਾ 108 ਬੀ.ਐਨ.ਐਸ. ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪ੍ਰਮੁੱਖ ਆਗੂ ਰਣਬੀਰ ਸਿੰਘ ਢਿੱਲੋਂ ਦੀ ਬਰਸੀ ਮਨਾਈ



**ਸੰਗਰੂਰ (ਪ੍ਰਵੀਨ ਸਿੰਘ)**-ਮੁਲਾਜ਼ਮ ਤੇ ਪੈਨਸ਼ਨਰਾਂ ਦੇ ਕੌਮੀ ਆਗੂ ਤੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਪ੍ਰਮੁੱਖ ਆਗੂ ਸਾਥੀ ਰਣਬੀਰ ਸਿੰਘ ਢਿਲੋਂ, ਜੋ ਕਿ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਦੀ ਪਹਿਲੀ ਬਰਸੀ ਸੰਗਰੂਰ ਸਤੰਤਰ ਭਵਨ ਵਿਖੇ ਮਨਾਈ ਗਈ।ਇਸ ਮੌਕੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਮੀਤ ਸਕੱਤਰ ਮੇਲਾ ਸਿੰਘ ਪੁੰਨਾਵਾਲ, ਜ਼ਿਲ੍ਹਾ ਆਗੂ ਹੰਸਾ ਸਿੰਘ ਦੀਦਾਰਗੜ੍ਹ, ਅਵਤਾਰ ਗੰਢੂਆ, ਪੈਨਸ਼ਨਰ ਆਗੂ ਜਗਦੀਸ਼ ਸ਼ਰਮਾ, ਜੀਤ ਸਿੰਘ ਬੰਗਾ ਦੀ ਅਗਵਾਈ ਹੇਠ ਹੋਏ ਪ੍ਰੋਗਰਾਮ ਵਿੱਚ ਮੁਲਾਜ਼ਮ ਪੈਨਸ਼ਨਰ ਵੱਡੀ ਗਿਣਤੀ ਵਿੱਚ ਪਹੁੰਚੇ।ਇਸ ਮੌਕੇ ਵੱਖ ਵੱਖ ਬਲਾਰਿਆਂ ਸੁਖਦੇਵ ਸ਼ਰਮਾ, ਰਾਮ ਸਰੂਪ ਢੈਪਈ, ਬ੍ਰਿਜ ਲਾਲ ਧੀਮਾਨ, ਬਲਜਿੰਦਰ ਸਿੰਘ ਬਰਨਾਲਾ, ਰਵਿੰਦਰ ਸ਼ਰਮਾ, ਦਲਜੀਤ ਢਿੱਲੋਂ, ਅਮਿਤਪਾਲ ਧੂਰੀ ਕੁਲਵਿੰਦਰ ਸਿੱਧੂ, ਹਰਜਿੰਦਰ ਸਿੰਘ ਕੱਟੂ, ਬਿੱਕਰ ਸਿੰਘ ਸਿਬੀਆ ਸਸਪਾਲ ਸਿੰਘ, ਗੁਰਮੀਤ ਸਿੰਘ ਮਿੱਡਾ, ਗੁਰਪ੍ਰੀਤ ਸੇਰਪੁਰ ਸਮੇਤ ਹੋਰ ਬਲਾਰਿਆਂ ਨੇ ਸਾਥੀ ਰਣਬੀਰ ਸਿੰਘ ਢਿੱਲੋਂ ਨੂੰ ਸ਼ਰਧਾਂਜਲੀ ਤੇ ਸਤਿਕਾਰ ਭੇਟ ਕਰਨ ਤੋਂ ਇਲਾਵਾ ਉਨ੍ਹਾਂ ਦੇ ਲੰਮੇ ਸੰਘਰਸ਼ਮਈ ਜੀਵਨ ਬਾਰੇ, ਸੰਘਰਸ਼ ਦੌਰਾਨ ਕੀਤੀਆਂ ਗਈਆਂ ਪ੍ਰਾਪਤੀਆਂ ਬਾਰੇ ਤੇ ਮੌਜੂਦਾ ਸਮੇਂ ਦੌਰਾਨ ਮੁਲਾਜ਼ਮ ਵਰਗ ਨੂੰ ਦਰਪੇਸ਼ ਚੁਣੌਤੀਆਂ ਸਬੰਧੀ ਵਿਚਾਰ ਚਰਚਾ ਕੀਤੀ।ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਮੁਲਾਜ਼ਮ ਪੈਨਸ਼ਨਰ ਸ਼ਾਮਲ ਹੋਏ।

## 25 ਦੀ ਰੈਲੀ ਸੰਬੰਧੀ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ



**ਬੱਧਨੀ ਕਲਾਂ (ਲਵਲੀ ਕੁਮਾਰ)**-ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਰੈਲੀ ਤੇ ਮਜ਼ਾਹਰੇ ਦੇ ਸੰਬੰਧ ਵਿੱਚ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਦੀ ਅਗਵਾਈ ਹੇਠ ਪਿੰਡ ਦੌਧਰ ਸ਼ਰਕੀ ਤੇ ਖਾਈ ਵਿਖੇ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜ਼ਿਲ੍ਹਾ ਮੀਤ ਪ੍ਰਧਾਨ ਨਾਜ਼ਰ ਸਿੰਘ ਖਾਈ, ਜ਼ਿਲ੍ਹਾ ਆਗੂ ਬੂਟਾ ਸਿੰਘ ਤਖਾਣਵੱਧ ਤੇ ਬਲਾਕ ਆਗੂ ਛਿੰਦਰ ਸਿੰਘ ਮੱਲੇਆਣਾ ਨੇ ਵਿਸ਼ੇਸ਼ ਤੌਰ 'ਤੇ ਸਿਰਕਤ ਕੀਤੀ।ਇਹ ਮੀਟਿੰਗਾਂ, ਜੋ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰਨ ਤੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੀਆਂ, ਧਿਰਾਂ ਉੱਪਰ ਅੱਤਿਆਚਾਰ ਕੀਤਾ ਜਾ ਰਿਹਾ ਹੈ, ਜੋ ਬਰਦਾਸ਼ਤ ਤੋਂ ਬਾਹਰ ਹੈ, ਜਿਸ ਦੇ ਵਿਰੋਧ ਵਿੱਚ 25 ਜੁਲਾਈ ਨੂੰ ਸੰਗਰੂਰ ਵਿਖੇ ਵੱਡੀ ਪੱਧਰ 'ਤੇ ਰੈਲੀ ਕੀਤੀ ਜਾ ਰਹੀ ਹੈ।ਇਸ ਰੈਲੀ ਨੂੰ ਸਫਲ ਬਣਾਉਣ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ-ਪਿੰਡ ਰੈਲੀਆਂ ਕੀਤੀਆਂ ਜਾ ਰਹੀਆਂ ਹੈ।ਇਸ ਦੌਰਾਨ ਮੀਟਿੰਗਾਂ ਵਿੱਚ ਸ਼ਾਮਲ ਬਲਾਕ ਆਗੂ ਜਗਦੀਪ ਸਿੰਘ ਫੋਰਮੈਨ ਦੌਧਰ, ਨਛੱਤਰ ਸਿੰਘ ਦੌਧਰ, ਅਵਤਾਰ ਸਿੰਘ ਖਾਈ, ਤੇਜਾ ਸਿੰਘ ਖਾਈ, ਬੇਅੰਤ ਸਿੰਘ ਖਾਈ, ਕੁਲਵੰਤ ਸਿੰਘ ਖਾਈ, ਰਮਨਦੀਪ ਸਿੰਘ ਖਾਈ, ਬਲਵਿੰਦਰ ਸਿੰਘ ਖਾਈ, ਤਰਨਬੀਰ ਸਿੰਘ ਖਾਈ, ਜਗਸੀਰ ਸਿੰਘ ਖਾਈ, ਵਿਸਾਖਾ ਸਿੰਘ ਦੌਧਰ, ਸੁਨੀਲ ਕੁਮਾਰ ਦੌਧਰ, ਕੇਵਲ ਸਿੰਘ ਦੌਧਰ, ਬਲਵੀਰ ਸਿੰਘ ਦੌਧਰ, ਗੁਰਸੇਵਕ ਸਿੰਘ ਦੌਧਰ, ਅਮਨਦੀਪ ਸਿੰਘ ਦੌਧਰ, ਜਗਰੂਪ ਸਿੰਘ ਦੌਧਰ, ਬਸੰਤ ਸਿੰਘ ਦੌਧਰ, ਗੁਰਮੇਲ ਸਿੰਘ ਦੌਧਰ ਹਾਜ਼ਰ ਹੋਏ।

## ਲਾਰੈਂਸ ਸਕੂਲ 'ਚ ਡਾਲਫਿਨ ਸੁਰੱਖਿਆ ਸੰਬੰਧੀ ਕੀਤਾ ਜਾਗਰੂਕ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿੱਚ ਡਾਲਫਿਨ ਬਚਾਅ ਸਬੰਧੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਮੈਡਮ ਜੀਨਮ ਗਰਗ ਤੇ ਮਨੋਜ ਕੁਮਾਰ ਦੀ ਨਿਗਰਾਨੀ ਹੇਠ ਬੱਚਿਆਂ ਨੂੰ ਡਾਲਫਿਨ ਬਾਰੇ ਦੱਸਿਆ ਗਿਆ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ 15 ਅਗਸਤ 2020 ਵਿੱਚ ਭਾਰਤ ਸਰਕਾਰ ਦੁਆਰਾ ਡਾਲਫਿਨ ਬਚਾਉਣ ਅਧੀਨ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ।ਪ੍ਰੋਜੈਕਟ ਡਾਲਫਿਨ ਦਾ ਉਦੇਸ਼ ਪੂਰੇ ਭਾਰਤ ਵਿੱਚ ਨਦੀਆਂ ਤੇ ਸਮੁੰਦਰੀ ਡਾਲਫਿਨ ਦਾ ਬਚਾਅ ਕਰਨਾ ਹੈ।ਵਿਦਿਆਰਥੀਆਂ ਨੂੰ ਡਾਲਫਿਨ ਸੰਬੰਧੀ ਪੋਸਟਰ ਮੇਕਿੰਗ, ਭਾਸ਼ਣ, ਨਾਟਕ ਆਦਿ ਪ੍ਰਤੀਯੋਗਤਾਵਾਂ ਕਰਵਾਈਆਂ ਗਈਆਂ, ਜਿਸ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਵੱਖ-ਵੱਖ ਪ੍ਰਤੀਯੋਗਤਾਵਾਂ ਵਿੱਚ ਹਿੱਸਾ ਲਿਆ।ਇਸ ਸਬੰਧੀ ਰੈਲੀ ਕੱਢ ਕੇ ਲੋਕਾਂ ਤੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ ਕਿ ਸਮੁੰਦਰਾਂ ਤੇ ਨਦੀਆਂ ਵਿੱਚ ਵਧਦੇ ਪ੍ਰਦੂਸ਼ਣ 'ਤੇ ਰੋਕਥਾਮ ਲਾਈ ਜਾਵੇ।ਇਸ ਸਬੰਧੀ ਵਿਦਿਆਰਥੀਆਂ ਨੂੰ ਡਾਲਫਿਨ ਸੁਰੱਖਿਆ ਲਈ ਸਹੁੰ ਚੁਕਵਾਈ ਗਈ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਵੀ ਹਾਜ਼ਰ ਸੀ।

# ਵਾਤਾਵਰਣ ਦਾ ਬਚਾਅ ਪੂਰੀ ਮਨੁੱਖਤਾ ਦੀ ਰੱਖਿਆ ਲਈ ਜ਼ਰੂਰੀ : ਸੁਸ਼ੀਲ ਰਿੰਕੂ

**ਲੁਧਿਆਣਾ (ਜਸਦੀਪ ਵਰਤੀਆ)**-ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਭਾਜਪਾ ਜ਼ਿਲ੍ਹਾ ਦਫ਼ਤਰ ਵਿੱਚ ਸਾਰੇ ਸੀਨੀਅਰ ਭਾਜਪਾ ਆਗੂਆਂ ਦੇ ਨਾਮ 'ਤੇ ਇੱਕ ਪੌਦਾ ਲਗਾਇਆ।ਇਸੇ ਪ੍ਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਸਾਬਕਾ ਸੰਸਦ ਮੈਂਬਰ ਭਾਜਪਾ ਆਗੂ ਸੁਸ਼ੀਲ ਰਿੰਕੂ ਤੇ ਸਾਬਕਾ ਭਾਜਪਾ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਬਾਂਸਲ ਨੇ ਪੌਦੇ ਲਗਾਏ।ਆਗੂਆਂ ਨੇ ਕਿਹਾ ਕਿ ਵਿਅਕਤੀ ਤੇ ਸਮਾਜ ਉਦੋਂ ਹੀ ਬਚੇਗਾ ਜਦੋਂ ਵਾਤਾਵਰਣ ਸੁਰੱਖਿਅਤ ਹੋਵੇਗਾ।ਜੀਵਾਂ ਦਾ ਸਰੀਰ ਪੰਜ ਤੱਤਾਂ ਤੋਂ ਬਣਿਆ ਹੁੰਦਾ ਹੈ ਤੇ ਪੰਜ ਤੱਤਾਂ ਦੀ ਰੱਖਿਆ ਵਾਤਾਵਰਣ ਦੀ ਰੱਖਿਆ ਕਰਕੇ ਹੀ ਸੰਭਵ ਹੈ।ਸਮੁੱਚੀ ਮਨੁੱਖਤਾ ਦੀ ਰੱਖਿਆ ਲਈ ਵਾਤਾਵਰਣ ਦੀ ਰੱਖਿਆ ਜ਼ਰੂਰੀ ਹੈ।

ਸਾਬਕਾ ਜ਼ਿਲ੍ਹਾ ਪ੍ਰਧਾਨ ਪਰਵੀਨ ਬਾਂਸਲ ਨੇ ਰੁੱਖ ਲਗਾਉਂਦੇ ਹੋਏ ਕਿਹਾ ਕਿ ਭਾਰਤ ਦੀ ਸੰਸਕ੍ਰਿਤੀ ਕੁਦਰਤ ਦੇ ਵਿਚਕਾਰ ਜੰਗਲਾਂ ਵਿੱਚ ਵਧੀ-ਫੁੱਲੀ ਤੇ ਵਿਕਸਤ ਹੋਈ ਹੈ।ਉਨ੍ਹਾਂ ਕਿਹਾ ਕਿ ਰੁੱਖ ਸਿਰਫ਼ ਕੁਦਰਤ ਦਾ ਹਿੱਸਾ ਨਹੀਂ ਹਨ, ਸਗੋਂ ਜੀਵਨ ਦਾ ਆਧਾਰ ਹਨ।ਭਾਜਪਾ ਨੇਤਾ ਸੁਸ਼ੀਲ ਰਿੰਕੂ ਨੇ ਲੁਧਿਆਣਾ ਵਿੱਚ ਆਪਣੇ ਠਹਿਰਾਅ ਦੌਰਾਨ ਜ਼ਿਲ੍ਹਾ ਹੈੱਡਕੁਆਰਟਰ ਵਿਖੇ ਸਥਿਤ ਪਾਰਕਿੰਗ ਕੰਪਲੈਕਸ ਵਿੱਚ ਇੱਕ ਪੌਦਾ ਲਗਾਇਆ ਤੇ ਕਿਹਾ ਕਿ ਅੱਜ ਭਾਰਤ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਵਿਕਾਸ ਦੇ ਰਾਹ 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ, ਪਰ ਵਿਕਸਤ ਭਾਰਤ ਦਾ ਸੰਕਲਪ ਵਾਤਾਵਰਣ ਦੀ ਰੱਖਿਆ ਕੀਤੇ ਬਿਨਾਂ ਅਧੂਰਾ ਰਹੇਗਾ।ਉਨ੍ਹਾ ਕਿਹਾ ਕਿ ਵਾਤਾਵਰਣ ਦਾ ਬਚਾਅ ਪੂਰੀ ਮਨੁੱਖਤਾ ਦੀ ਰੱਖਿਆ ਲਈ ਜ਼ਰੂਰੀ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਵੱਡੇ ਪੱਧਰ 'ਤੇ ਰੁੱਖ ਲਗਾਉਣ ਦਾ ਸੱਦਾ ਦਿੱਤਾ।ਇਸ ਮੌਕੇ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਯਸ਼ਪਾਲ ਜਨੋਤਰਾ, ਜ਼ਿਲ੍ਹਾ ਉੱਪ ਪ੍ਰਧਾਨ ਡਾ. ਨਿਰਮਲ ਨਈਅਰ, ਜ਼ਿਲ੍ਹਾ ਪ੍ਰੈੱਸ ਸਕੱਤਰ ਡਾ. ਸਤੀਸ਼ ਕੁਮਾਰ, ਵਿੱਕੀ ਸਹੋਤਾ, ਐੱਸ ਸੀ ਮੋਰਚਾ ਪ੍ਰਧਾਨ ਅਜੈ ਪਾਲ ਦਿਸਾਵਰ, ਵਿਜੇ ਖਟਕ ਤੇ ਹੋਰ ਭਾਜਪਾ ਵਰਕਰ ਮੌਜੂਦ ਸਨ।

### ਭਾਜਪਾ ਜ਼ਿਲ੍ਹਾ ਦਫ਼ਤਰ ਵਿਖੇ ਪੌਦੇ ਲਗਾਏ



## ਕੇਂਦਰੀ ਜੇਲ੍ਹ 'ਚੋਂ ਨਸ਼ੀਲਾ ਪਾਊਡਰ ਤੇ ਕੈਪਸੂਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ 'ਚ ਤਲਾਸ਼ੀ ਦੌਰਾਨ 4 ਗ੍ਰਾਮ ਨਸ਼ੀਲਾ ਪਾਊਡਰ ਤੇ 20 ਨਸ਼ੀਲੇ ਕੈਪਸੂਲ ਬਰਾਮਦ ਹੋਏ ਹਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਪੁਲਸ ਦੇ ਸ਼ਰਮਾ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 4470 ਮਿਤੀ 11 ਜੁਲਾਈ 2025 ਵੱਲੋਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ 11 ਜੁਲਾਈ 2025 ਨੂੰ ਹਵਾਲਾਤੀ ਤਰਸੇਮ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮੱਲਾਂਵਾਲਾ ਕੋਲੋਂ ਤਲਾਸ਼ੀ ਦੌਰਾਨ ਤਕਰੀਬਨ 4 ਗ੍ਰਾਮ ਬਰਾਊਨ ਰੰਗ ਦਾ ਪਾਊਡਰ ਵੱਖ ਵੱਖ ਮੋਮੀ ਕਾਗਜ਼ ਵਿੱਚ ਲਪੇਟਿਆ ਹੋਇਆ ਬਰਾਮਦ ਹੋਇਆ। ਜਾਂਚਕਰਤਾ ਸ਼ਰਮਾ ਸਿੰਘ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ 4870 ਮਿਤੀ 14 ਜੁਲਾਈ 2025 ਵੱਲੋਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੂੰ ਹਵਾਲਾਤੀ ਸੁਖਵਿੰਦਰ ਸਿੰਘ ਪੁੱਤਰ ਨੇਜਾ ਸਿੰਘ ਵਾਸੀ ਜਲਾਲਾਬਾਦ ਕੋਲੋਂ ਤਲਾਸ਼ੀ ਦੌਰਾਨ 20 ਨਸ਼ੀਲੇ ਕੈਪਸੂਲ ਬਰਾਮਦ ਹੋਏ ਹਨ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸਕੂਲ ਨੂੰ ਇਨਵਰਟਰ ਤੇ ਬੈਟਰਾ ਭੇਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸਥਾਨਕ ਸਰਕਾਰੀ ਐਲੀਮੈਂਟਰੀ ਸਕੂਲ ਕੁੜੀਆਂ ਵਿਖੇ ਗਰਮੀ ਦੇ ਮੌਸਮ ਵਿੱਚ ਬੱਚਿਆਂ ਦੀ ਜ਼ਰੂਰਤ ਨੂੰ ਦੇਖਦਿਆਂ ਇਨਵਰਟਰ ਤੇ ਬੈਟਰਾ ਦਿੱਤਾ ਗਿਆ। ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਦੱਸਿਆ ਕਿ ਸਕੂਲ ਦੇ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਗਰਮੀ ਕਾਰਨ ਸਕੂਲ ਵਿੱਚ ਬੱਚਿਆਂ ਨੂੰ ਆ ਰਹੀ ਸਮੱਸਿਆ ਬਾਰੇ ਦੱਸਿਆ ਤਾਂ ਸੰਸਥਾ ਵੱਲੋਂ ਸਕੂਲ਼ ਵਿੱਚ ਇਨਵਰਟਰ ਤੇ ਬੈਟਰਾ ਦੇਣ ਦਾ ਫੈਸਲਾ ਲਿਆ, ਜਿਸ ਦੇ ਤਹਿਤ ਅੱਜ ਇਹ ਇਨਵਰਟਰ ਤੇ ਬੈਟਰਾ ਸਕੂਲ਼ ਨੂੰ ਭੇਟ ਕੀਤਾ ਗਿਆ।ਇਸ ਮੌਕੇ ਬਲਾਕ ਐਜੂਕੇਸ਼ਨ ਅਫਸਰ ਗੁਰਪ੍ਰੀਤ ਸਿੰਘ ਗੋਲਡੀ, ਸੰਜੇ ਮੰਤਰੀ ਤੇ ਸਕੂਲ਼ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਸ਼ਿਵ ਸ਼ੰਕਰ ਯੂਥ ਸੇਵਾ ਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਸਕੂਲ਼ ਦੇ ਬੱਚਿਆਂ ਦੀ ਮੁੱਖ ਜ਼ਰੂਰਤ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਸਮੇਂ ਸਮੇਂ 'ਤੇ ਬਹੁਤ ਹੀ ਸ਼ਲਾਘਾਯੋਗ ਕੰਮ ਕੀਤੇ ਜਾ ਰਹੇ ਹਨ।ਇਸ ਮੌਕੇ ਰਾਕੇਸ਼ ਧੀਮਾਨ, ਰਾਹੁਲ ਗਰਗ, ਅਮਨ ਵਰਮਾ, ਅਮਿਤ ਧੀਮਾਨ, ਸਨੀ ਪੋਪਲੀ, ਮਨੋਜ ਰਹੇਜਾ, ਉਮਾ ਸ਼ੰਕਰ ਤੇ ਦੀਵਾਨ ਥਰੇਜਾ ਆਦਿ ਮੌਜੂਦ ਸਨ।

## ਸ਼ਿਵ ਮੰਦਰ 'ਚ ਭਲਕ ਤੋਂ ਸ਼ੁਰੂ ਹੋਵੇਗੀ ਲੰਗਰ ਦੀ ਸੇਵਾ : ਬਲਵਿੰਦਰ, ਕ੍ਰਿਸ਼ਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਅਸ਼ਵਨੀ ਸ਼ਰਮਾ, ਰੋਸ਼ਨ ਲਾਲ ਰੋਸ਼ੀ, ਸੰਦੀਪ ਗੋਇਲ ਠੰਡੂ, ਕ੍ਰਿਸ਼ਨ ਗਰਗ, ਸਤੀਸ਼ ਕੁਮਾਰ ਸੈਕਟਰੀ ਨੇ ਦੱਸਿਆ ਕਿ ਮਾਤਾ ਚਿੰਤਪੁਰਨੀ ਤੇ ਹੋਰ ਧਾਰਮਿਕ ਅਸਥਾਨਾਂ 'ਤੇ ਜਾਣ ਵਾਲੇ ਯਾਤਰੀਆਂ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ 18ਵਾਂ ਭੰਡਾਰਾ 22 ਜੁਲਾਈ ਤੋਂ 1 ਅਗਸਤ ਤੱਕ ਸ੍ਰੀ ਸ਼ਿਵ ਮੰਦਿਰ ਧਰਮਸ਼ਾਲਾ ਮੋਗਾ ਰੋਡ ਵਿਖੇ ਸ਼ਹਿਰ ਵਾਸੀਆਂ, ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ, ਜਿਸ ਦਾ ਉਦਘਾਟਨ ਸਵ ਪ੍ਰੇਮ ਨਾਥ ਗਰਗ ਦੇ ਪੁੱਤਰਾਨ ਅਤੁਲ ਗਰਗ ਨੀਟਾ, ਸੁਨੀਲ ਗਰਗ ਟਵਿੰਕਲ, ਸੰਜੀਵ ਗਰਗ ਰਾਜੂ ਵਿੰਨੀਪੈਗ ਕੈਨੇਡਾ ਦੇ ਪਰਿਵਾਰ ਵੱਲੋਂ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਜਿਸ ਵਿੱਚ ਚਾਹ, ਪਾਣੀ, ਲੰਗਰ, ਨਾਸ਼ਤੇ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।ਪ੍ਰਧਾਨ ਬਲਵਿੰਦਰ ਗਰਗ ਨੇ ਦੱਸਿਆ ਕਿ ਮਾਤਾ ਚਿੰਤਪੁਰਨੀ ਜੀ ਦੇ ਵਾਰਸ਼ਿਕ ਝੰਡੇ ਦੀ ਪ੍ਰਕਰਮਾ 22 ਜੁਲਾਈ ਨੂੰ ਕੀਤੀ ਜਾਵੇਗੀ ਤੇ 25 ਜੁਲਾਈ ਨੂੰ ਬਾਘਾ ਪੁਰਾਣਾ ਤੋਂ ਮਾਤਾ ਚਿੰਤਪੁਰਨੀ ਲਈ ਜੈਕਾਰਿਆਂ ਨਾਲ ਰਵਾਨਾ ਹੋਵੇਗਾ ਅਤੇ 26 ਜੁਲਾਈ ਨੂੰ ਦਰਬਾਰ 'ਤੇ ਚੜ੍ਹਾਇਆ ਜਾਵੇਗਾ।ਝੰਡੇ ਦੀ ਸੇਵਾ ਪ੍ਰਸਿੱਧ ਸਮਾਜ ਸੇਵੀ ਰਜਿੰਦਰ ਗੋਇਲ, ਬਿਮਲ ਗੋਇਲ ਗੋਇਲ ਟਰੰਕ ਹਾਊਸ ਨਿਹਾਲ ਸਿੰਘ ਵਾਲਾ ਰੋਡ ਦੇ ਪਰਿਵਾਰ ਵੱਲੋਂ ਮਹਾਂਮਾਈ ਦੇ ਅਸ਼ੀਰਵਾਦ ਨਾਲ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਲੰਗਰ ਸੇਵਾ ਲਈ ਪੂਰੇ ਪ੍ਰਬੰਧ ਭਗਤਾਂ ਵੱਲੋਂ ਕੀਤੇ ਜਾ ਰਹੇ ਹਨ।

## ਆਰੀਆ ਸਕੂਲ ਦੀ ਆਰਾਧਿਆ ਨੇ ਪੰਜਾਬ ਦਾ ਨਾਂਅ ਰੋਸ਼ਨ ਕੀਤਾ : ਪ੍ਰਿੰ. ਮਦਾਨ



**ਨਾਭਾ (ਵਰਿੰਦਰ ਵਰਮਾ)**-ਆਰੀਆ ਸੀਨੀਅਰ ਸਕੈਂਡਰੀ ਸਕੂਲ ਨਾਭਾ ਜ਼ਿਲ੍ਹਾ ਪਟਿਆਲਾ ਦੀ ਬੇਟੀ ਆਰਾਧਿਆ ਅਰੋੜਾ ਨੇ ਆਰ ਆਈ ਐਮ ਸੀ ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ ਦੇਹਰਾਦੂਨ ਦੀ ਨੈਸ਼ਨਲ ਪੱਧਰ 'ਤੇ ਹੋਈ ਦਾਖਲਾ ਪ੍ਰੀਖਿਆ ਵਿੱਚ ਪੂਰੇ ਭਾਰਤ ਵਿੱਚੋ ਚੌਥਾ ਰੈਂਕ ਹਾਸਲ ਕਰਕੇ ਤੇ ਦਾਖਲਾ ਲੈ ਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਪ੍ਰਿੰਸੀਪਲ ਅਸ਼ਵਨੀ ਮਦਾਨ ਨੇ ਬੜਾ ਮਾਣ ਮਹਿਸੂਸ ਕਰਦਿਆਂ ਬੇਟੀ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ ਦਾ ਆਸ਼ੀਰਵਾਦ ਦਿੱਤਾ।ਆਰਾਧਿਆ ਦੀ ਇਸ ਸਫਲਤਾ ਨਾਲ ਨਾਭਾ ਵਿੱਚ ਖੁਸ਼ੀ ਦੀ ਲਹਿਰ ਹੈ, ਕਿਉਂਕਿ ਇਹ ਪੰਜਾਬ ਰਾਜ ਵਿੱਚ ਪਹਿਲੇ ਸਥਾਨ 'ਤੇ ਹੈ।ਆਰਾਧਿਆ ਦੇ ਮਾਤਾ ਪ੍ਰੀਤਮਾ ਰਾਣੀ ਤੇ ਪਿਤਾ ਰਾਕੇਸ਼ ਕੁਮਾਰ ਦੋਵੇਂ ਹੀ ਅਧਿਆਪਕ ਹਨ।ਆਰਾਧਿਆ ਦੇ ਪਿਤਾ ਜੀ ਦਾ ਸੁਪਨਾ ਹੈ ਕਿ ਉਹ ਦੇਸ਼ ਦੀ ਸੇਵਾ ਕਰੇ, ਆਪਣੀ ਇਸ ਸਫਲਤਾ ਲਈ ਆਰਾਧਿਆ ਆਪਣੇ ਮਾਤਾ-ਪਿਤਾ ਤੇ ਪਰਿਵਾਰ ਦਾ ਬਹੁਤ ਧੰਨਵਾਦ ਕਰਦੀ ਹੈ ਕਿ ਇਨ੍ਹਾਂ ਨੇ ਹਮੇਸ਼ਾ ਹੀ ਬਹੁਤ ਸਹਿਯੋਗ ਦਿੱਤਾ।ਇਸ ਮੌਕੇ ਪ੍ਰਿੰਸੀਪਲ ਅਸ਼ਵਨੀ ਮਦਾਨ ਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਨੇ ਵੀ ਪਰਵਾਰ ਨੂੰ ਵਧਾਈ ਦਿੱਤੀ।

# ਡੀ ਏ ਵੀ ਸੈਂਟਨਰੀ ਪਬਲਿਕ ਸਕੂਲ 'ਚ ਟੇਲੈਂਟ ਹੰਟ ਸ਼ੋਅ ਕਰਾਇਆ



**ਜਗਰਾਉਂ (ਅਮਿਤ ਖੰਨਾ)**-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਜਗਰਾਉਂ ਵਿਖੇ ਦੋ ਰੋਜ਼ਾ ਟੇਲੈਂਟ ਹੰਟ ਸ਼ੋਅ ਕਰਵਾਇਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਡਾ: ਵੇਦ ਵਰਤ ਪਲਾਹ ਨੇ ਦੱਸਿਆ ਕਿ ਸਕੂਲ ਵਿੱਚ 5ਵੀਂ ਤੋਂ 7ਵੀਂ ਜਮਾਤ ਤੇ 8ਵੀਂ ਤੋਂ 12ਵੀਂ ਜਮਾਤ ਲਈ ਦੋ ਵਰਗਾਂ ਵਿੱਚ ਟੇਲੈਂਟ ਹੰਟ ਸ਼ੋਅ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਵੱਖ-ਵੱਖ ਕਾਬਲੀਅਤ ਦਾ ਪ੍ਰਦਰਸ਼ਨ ਕਰਦਿਆਂ ਡਾਂਸ, ਸੰਗੀਤ, ਸੰਗੀਤ ਯੰਤਰ ਵਜਾਉਣ ਤੇ ਕਾਮੇਡੀ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਮੁੱਚੇ ਪ੍ਰੋਗਰਾਮ ਦੀ ਜੱਜਮੈਂਟ ਮੈਡਮ ਸ਼ੈਫਾਲੀ ਤੇ ਮੈਡਮ ਕੰਵਲਜੋਤ ਨੇ ਕੀਤੀ, ਜਿਸ ਅਨੁਸਾਰ 5ਵੀਂ ਤੋਂ 7ਵੀਂ ਜਮਾਤ ਤੱਕ ਦੇ ਡਾਂਸ ਵਿੱਚ ਅਵਲਨੂਰ ਕੌਰ ਤੇ ਇਨਾਇਤ ਨੇ ਪਹਿਲਾ, ਯੁਵਰਾਜ ਤੇ ਅਸ਼ੀਸ਼ ਕੌਰ ਨੇ ਦੂਜਾ, ਆਯੂਸ਼ੀ ਤੇ ਕ੍ਰਿਸ਼ਨਾ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ 8ਵੀਂ ਤੋਂ 12ਵੀਂ ਜਮਾਤ ਵਿੱਚ ਮਾਧਵਮ ਕਾਲੀਆ ਤੇ ਭਵਜੋਤ ਕੌਰ ਨੇ ਪਹਿਲਾ, ਰਿੱਧੀ ਨੇ ਦੂਜਾ, ਹਿਤਾਕਸ਼ੀ ਤੇ ਦਿਵਿਆਂਸ਼ੀ ਨੇ ਤੀਜਾ ਸਥਾਨ ਹਾਸਲ ਕੀਤਾ।ਕਾਮੇਡੀ ਵਿੱਚ ਹਰਵੀਰ ਕੌਰ ਨੇ ਪਹਿਲਾ ਤੇ ਦੀਕਸ਼ਾਂਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ।5 ਤੋਂ 7ਵੀਂ ਜਮਾਤ ਤੱਕ ਦੇ ਸ਼ਬਦ ਗਾਇਨ ਵਿੱਚ ਮਨਰਾਜ ਸਿੰਘ ਤੇ ਕਸ਼ਿਸ਼ ਨੇ ਪਹਿਲਾ, ਕਲਪਨਾ ਤੇ ਵਿਦਾਂਸ਼ੀ ਨੇ ਦੂਜਾ, ਅਕਸ਼ਿਵ, ਧਰੁਵਿਕਾ ਤੇ ਇਸ਼ਾਨਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।8ਵੀਂ ਤੋਂ 12ਵੀਂ ਜਮਾਤ ਤੱਕ ਗਾਇਕੀ ਵਿੱਚ ਪ੍ਰਿਯਾਂਸ਼ੀ, ਅਮਨ ਤੇ ਵਾਗੀਸ਼ ਨੇ ਪਹਿਲਾ ਸਥਾਨ, ਪੱਲਵੀ ਤੇ ਹਰਮਨਪ੍ਰੀਤ ਨੇ ਦੂਜਾ ਸਥਾਨ, ਸਹਿਜਪ੍ਰੀਤ ਤੇ ਸੁਖਮਨੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਆਪਣੀ ਪ੍ਰਤਿਭਾ ਨੂੰ ਬਰਕਰਾਰ ਰੱਖਣ ਦਾ ਅਸ਼ੀਰਵਾਦ ਦਿੱਤਾ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਆਪਣੀ ਅੰਦਰਲੀ ਪ੍ਰਤਿਭਾ ਨੂੰ ਉਜਾਗਰ ਕਰਕੇ ਅੱਗੇ ਆਉਣ ਲਈ ਪ੍ਰੇਰਿਤ ਕੀਤਾ।

## ਸ਼ਿਵਾਲਕ ਮਾਡਲ ਸਕੂਲ 'ਚ ਸ਼ਤਰੰਜ ਮੁਕਾਬਲੇ ਕਰਵਾਏ



**ਜਗਰਾਉਂ (ਅਮਿਤ ਖੰਨਾ)**-ਸ਼ਿਵਾਲਿਕ ਮਾਡਲ ਸਕੂਲ ਜਗਰਾਉਂ ਵਿਖੇ ਵਿਦਿਆਰਥੀਆਂ ਦੇ ਮਾਨਸਿਕ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਇੱਕ ਸ਼ਤਰੰਜ ਮੁਕਾਬਲੇ ਕਰਵਾਏ ਗਏ।ਇਸ ਮੁਕਾਬਲੇ ਵਿੱਚ ਦੂਜੀ, ਸੱਤਵੀਂ ਤੋਂ ਦਸਵੀਂ ਤੱਕ ਦੀਆਂ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਹ ਮੁਕਾਬਲਾ ਨਰਿੰਦਰ ਕੁਮਾਰ ਦੀ ਦੇਖ-ਰੇਖ ਹੇਠ ਕਰਵਾਇਆ ਗਿਆ।ਕੁੱਲ 21 ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਭਾਗ ਲਿਆ।ਨਿਸ਼ਚਿਤ ਸ਼ਰਮਾ (ਕਲਾਸ 9) ਨੇ ਕਿਸੇ ਵੀ ਮੈਚ ਵਿੱਚ ਹਾਰੇ ਬਿਨਾਂ ਸ਼ਤਰੰਜ ਨਾਕ-ਆਊਟ ਰਾਊਂਡ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਦਵਿੰਦਰ ਸਿੰਘ (ਕਲਾਸ 10) ਨੇ ਦੂਜਾ ਸਥਾਨ ਤੇ ਹਰਸ਼ਿਤ ਵਰਮਾ (ਕਲਾਸ 10) ਨੇ ਤੀਜਾ ਸਥਾਨ ਹਾਸਲ ਕੀਤਾ।ਵਿਦਿਆਰਥੀਆਂ ਨੇ ਆਪਣੇ ਬੁੱਧੀਮਾਨੀ, ਧੀਰਜ ਤੇ ਰਣਨੀਤਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ ਤੇ ਉਪ-ਪ੍ਰਧਾਨ ਮੈਡਮ ਈਸ਼ਿਤਾ ਸ਼ਰਮਾ ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਮੈਡਮ ਵੀਨਾ, ਕੋਆਰਡੀਨੇਟਰ ਮੀਤੂ ਗੁਪਤਾ, ਨੀਰਜ ਕੁਮਾਰ, ਮੈਡਮ ਰਸ਼ੂ ਤੇ ਹੋਰ ਅਧਿਆਪਕ ਵੀ ਹਾਜ਼ਰ ਸਨ।

# ਮਹਿਲਾ ਨਿਰੰਕਾਰੀ ਸੰਤ ਸਮਾਗਮ ਰਾਜਪੁਰਾ ਵਿਖੇ ਸ਼ਰਧਾਪੂਰਵਕ ਸੰਪੰਨ



**ਰਾਜਪੁਰਾ (ਰਮੇਸ਼ ਕਟਾਰੀਆ)**

ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਪਾਵਨ ਆਸ਼ੀਰਵਾਦ ਨਾਲ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਪਟਿਆਲਾ ਜ਼ੋਨ ਦਾ ਜ਼ੋਨਲ ਲੈਵਲ ਮਹਿਲਾ ਨਿਰੰਕਾਰੀ ਸੰਤ ਸਮਾਗਮ ਪਟਿਆਲਾ ਜ਼ੋਨ ਅਧੀਨ ਆਉਂਦੀ ਬ੍ਰਾਂਚ ਰਾਜਪੁਰਾ ਵਿਖੇ ਜ਼ੋਨਲ ਇੰਚਾਰਜ ਸ੍ਰੀ ਰਾਧੇ ਸ਼ਾਮ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਸੰਪੰਨ ਹੋਇਆ।

ਸਮਾਗਮ ਦੌਰਾਨ ਅਲੱਗ ਅਲੱਗ ਬ੍ਰਾਂਚਾਂ ਤੋਂ ਆਈਆਂ ਭੈਣਾਂ ਨੇ ਹਰਦੇਵ/ਅਵਤਾਰ ਬਾਣੀ, ਗੀਤ, ਸਕਿਟ, ਕੱਵਾਲੀ ਰਾਹੀਂ ਆਸ਼ੀਰਵਾਦ ਪ੍ਰਾਪਤ ਕੀਤਾ, ਉੱਥੇ ਹੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦਾ ਪਾਵਨ ਆਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਭੈਣ ਮੰਜੂਲਾ ਜੀ ਕੁੱਲੂ ਹਿਮਾਚਲ ਪ੍ਰਦੇਸ਼ ਤੋਂ ਪਹੁੰਚੇ।ਸਮਾਗਮ ਦੌਰਾਨ ਉਨ੍ਹਾ ਮੌਜੂਦ ਸੰਗਤਾਂ ਨੂੰ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦਾ ਪਾਵਨ ਸੰਦੇਸ਼ ਦਿੰਦੇ ਹੋਏ ਕਿਹਾ ਕਿ ਭਗਤੀ ਦਾ ਕੋਈ ਰੂਪ ਰੰਗ ਨਹੀਂ ਹੈ।ਭਗਤੀ ਕਿਸੇ ਵੀ ਰੂਪ ਵਿੱਚ ਨਿਰੰਕਾਰ ਨੂੰ ਜਾਣ ਕੇ ਪਹਿਚਾਨ ਕੇ ਕੀਤੀ ਜਾ ਸਕਦੀ ਹੈ, ਚਾਹੇ ਉਹ ਕੋਈ ਬੱਚਾ ਹੈ ਚਾਹੇ ਉਹ ਕੋਈ ਜਵਾਨ ਹੈ ਜਾਂ ਬਜ਼ੁਰਗ ਹੈ।ਅਸੀਂ ਆਤਮਾ ਰੂਪ ਵਿੱਚ ਸਭ ਸਮਾਨ ਹਾਂ।ਇੱਥੇ ਨਾ ਕੋਈ ਛੋਟਾ ਹੈ, ਨਾ ਵੱਡਾ ਹੈ।ਆਤਮਾ ਇਸ ਪ੍ਰਮਾਤਮਾ ਦੀ ਅੰਸ਼ ਹੈ।ਉਨ੍ਹਾ ਕਿਹਾ ਕਿ ਅੱਜ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਨੇ ਕਿਰਪਾ ਕੀਤੀ ਹੈ ਕਿ ਮਹਿਲਾਵਾਂ ਵੱਲੋਂ ਸਾਧ ਸੰਗਤ ਨਾਲ ਗੱਲ ਕਰਨਾ ਜਾਂ ਇਸ ਤਰ੍ਹਾਂ ਨਾਲ ਸਤਸੰਗ ਕਰਨਾ ਕਿੰਨਾ ਸੌਖਾ ਹੋ ਗਿਆ ਹੈ।ਜੇਕਰ ਅਸੀਂ ਬੀਤੇ ਸਮੇਂ ਦੀ ਗੱਲ ਕਰੀਏ ਤਾਂ ਇਸ ਤਰ੍ਹਾਂ ਸਤਸੰਗ ਭਗਤੀ ਕਰਨਾ ਮਹਿਲਾਵਾਂ ਵਾਸਤੇ ਚੰਗਾ ਨਹੀਂ ਸਮਝਿਆ ਜਾਂਦਾ ਸੀ, ਨਾ ਹੀ ਘਰ ਵਿੱਚ ਤੇ ਨਾ ਹੀ ਬਾਹਰ।ਉਨ੍ਹਾਂ ਕਿਹਾ ਕਿ ਮਹਿਲਾ ਗੁਰੂ ਧਾਰਨ ਨਹੀਂ ਕਰ ਸਕਦੀ ਸੀ, ਭਗਤੀ ਨਹੀਂ ਕਰ ਸਕਦੀ ਸੀ, ਪਰ ਸਤਿਗੁਰੂ ਨੇ ਕਿਰਪਾ ਕੀਤੀ ਕਿ ਅਨੇਕ ਅਨੇਕ ਮਹਿਲਾਵਾਂ ਐਸੀਆਂ ਹੋਈਆਂ ਹਨ, ਜੋ ਭਗਤੀ ਦੇ ਰਸਤੇ 'ਤੇ ਚਲਦਿਆਂ ਅੱਜ ਸਾਡੀ ਪ੍ਰੇਰਨਾ ਬਣ ਗਏ ਹਨ।ਉਨ੍ਹਾ ਕਿਹਾ ਕਿ ਮਹਿਲਾਵਾਂ ਦਾ ਯੋਗਦਾਨ ਪਰਵਾਰ ਵਿੱਚ ਸਭ ਤੋਂ ਵੱਧ ਹੁੰਦਾ ਹੈ ਤੇ ਮਹਿਲਾ ਹੀ ਇਸ ਗਿਆਨ ਨੂੰ ਅਪਣਾ ਕੇ ਆਪਣੇ ਘਰ ਨੂੰ ਸਵਰਗ ਬਣਾਉਂਦੀ ਹੈ।ਇਸ ਜ਼ੋਨਲ ਲੈਵਲ ਮਹਿਲਾ ਨਿਰੰਕਾਰੀ ਸੰਤ ਸਮਾਗਮ ਵਿੱਚ ਰਾਜਪੁਰਾ, ਸਰਹਿੰਦ, ਨੰਗਲ, ਬੱਸੀ ਪਠਾਣਾ, ਮੋਰਿੰਡਾ, ਧੂਰੀ ਤੇ ਅਮਲੋਹ ਸਮੇਤ ਲਗਭਗ 20 ਬ੍ਰਾਂਚਾਂ ਨੇ ਹਿੱਸਾ ਲੈਂਦੇ ਹੋਏ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਜੀ ਦਾ ਅਸ਼ੀਰਵਾਦ ਲਿਆ।

## ਪੰਜਾਬ ਸਟੇਟ ਆਯੂਰਵੇਦ ਸੇਵਾ ਸੰਘ ਇਕਾਈ ਛਾਜਲੀ ਦੀ ਮੀਟਿੰਗ



**ਛਾਜਲੀ (ਜਸਵੀਰ ਲਾਡੀ)**-ਇਥੇ ਪੰਜਾਬ ਸਟੇਟ ਅਯੂਰਵੇਦ ਸੇਵਾ ਸੰਘ ਦੀ ਇਕਾਈ ਛਾਜਲੀ ਦੀ ਇੱਕ ਵਸ਼ੇਸ਼ ਮੀਟਿੰਗ ਇਕਾਈ ਛਾਜਲੀ ਦੇ ਪ੍ਰਧਾਨ ਡਾਕਟਰ ਜਗਦੇਵ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਟੇਟ ਪ੍ਰਧਾਨ ਡਾਕਟਰ ਪਿਆਰਾ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਜਥੇਬੰਦੀ ਦੇ ਮੈਂਬਰਾਂ ਮੁਸ਼ਕਲਾਂ ਸੁਣੀਆਂ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਹਰ ਮੈਂਬਰ ਦਾ ਫਰਜ਼ ਬਣਦਾ ਹੈ ਕਿ ਸਾਫ਼ ਸੁਥਰੀ ਪ੍ਰੈਕਟਿਸ ਕਰੇ ਤਾਂ ਉਨ੍ਹਾਂ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਟੇਟ ਕਮੇਟੀ ਨੇ 2 ਅਗਸਤ ਦੀ ਮੀਟਿੰਗ ਜੇ ਐੱਨ ਇਲੈਕਟਰੋ ਹੈਮਿਓਪੈਥੀ ਕਾਲਜ ਚੀਮਾਂ ਮੰਡੀ (ਸੰਗਰੂਰ) ਵਿਖੇ ਹੋਵੇਗੀ, ਜਿਸ ਵਿੱਚ ਵਧ ਚੜ੍ਹ ਕੇ ਸ਼ਾਮਲ ਹੋਣ ਦੀ ਬੇਨਤੀ ਕੀਤੀ।ਪੱਤਰਕਾਰਾਂ ਨੂੰ ਇਹ ਜਾਣਕਾਰੀ ਇਕਾਈ ਛਾਜਲੀ ਦੇ ਪ੍ਰੈੱਸ ਸਕੱਤਰ ਗੁਰਸੇਵ ਛਾਜਲੀ ਨੇ ਦਿੱਤੀ। ਇਸ ਤੋਂ ਇਲਾਵਾ ਸਟੇਟ ਕਮੇਟੀ ਮੈਂਬਰ ਡਾ. ਦਲਜੀਤ ਸਿੰਘ, ਡਾ. ਮੰਗਤ ਰਾਏ ਤੇ ਲੋਕਲ ਕਮੇਟੀ ਮੈਂਬਰ ਡਾ. ਗੁਰਜੰਟ ਸਿੰਘ, ਡਾ. ਰਾਜਿੰਦਰ ਛਾਜਲਾ, ਡਾ. ਮੱਖਣ, ਡਾ. ਜੁਗਰਾਜ ਸਿੰਘ, ਡਾ. ਕੁਲਦੀਪ ਸਿੰਘ, ਡਾ. ਗੁਰਪ੍ਰਤਾਪ ਗੈਰੀ, ਵਿਕਰਮਜੀਤ ਵਿੱਕੀ ਸ਼ਿਵਮ ਲੈਬਰੋਟਰੀ, ਡਾ. ਜਰਨੈਲ ਸਿੱਧੂ, ਡਾ. ਲੱਕੀ ਸੈਣੀ, ਡਾ. ਦਿਲਬਰ ਖਾਣ, ਡਾ. ਸੋਨੀ ਸੈਣੀ, ਡਾ. ਗੁਰਚਰਨ ਢੀਂਡਸਾ, ਡਾ. ਹੰਸ ਰਾਜ, ਡਾ. ਮੁਖਤਿਆਰ ਚੈਨਲ, ਡਾ. ਬੇਅੰਤ ਸਿੰਘ, ਡਾ. ਜਰਨੈਲ ਧਨੋਆ, ਡਾ. ਸਤਗੁਰ ਸਿੰਘ, ਡਾ. ਕੁਲਵਿੰਦਰ ਸਿੰਘ, ਡਾ. ਕ੍ਰਿਸ਼ਨ ਸਿੰਘ ਆਦਿ ਹਾਜ਼ਰ ਸਨ।

## ਅਸ਼ਵਨੀ ਵਰਮਾ ਦਾ ਗੀਤ 'ਬੰਦਾ ਨੀਂ ਮਰਦਾ' ਰਿਲੀਜ਼




**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਲੋਕ ਗੀਤ ਐਂਟਰਟੇਨਮੈਂਟ ਕੰਪਨੀ ਵੱਲੋਂ ਉਸਤਾਦ ਜਨਾਬ ਸੁਰਿੰਦਰ ਛਿੰਦਾ ਜੀ ਦੇ ਲਾਡਲੇ ਸ਼ਾਗਿਰਦ ਸੁਰੀਲੇ, ਮਿਹਨਤੀ ਤੇ ਸੁਲਝੇ ਫ਼ੋਕ ਗਾਇਕ ਅਸ਼ਵਨੀ ਵਰਮਾ ਦਾ ਗਾਇਆ ਲੋਕ ਤੱਥ ਨੁਮਾ ਟਰੈਕ 'ਬੰਦਾ ਨੀਂ ਮਰਦਾ' ਨੂੰ ਪੂਰੀ ਦੁਨੀਆ ਭਰ ਦੇ ਸਾਰੇ ਸੋਸ਼ਲ ਮੀਡੀਆ 'ਤੇ ਰਿਲੀਜ਼ ਕੀਤਾ ਗਿਆ ਹੈ। ਇਸ ਗੀਤ ਨੂੰ ਬਹੁਤ ਮਿਹਨਤ ਤੇ ਲਗਨ ਨਾਲ ਬਹੁਤ ਹੀ ਸੁਚੱਜੇ ਸ਼ਬਦਾਂ ਵਿੱਚ ਪਰੋਇਆ ਹੈ ਪੰਜਾਬ ਦੇ ਉੱਘੇ ਗੀਤਕਾਰ ਬਿੱਟੂ ਦੌਲਤ ਪੁਰੀਆ ਨੇ ਅਤੇ ਇਸ ਦਾ ਸੰਗੀਤ ਸੰਗੀਤਕਾਰ ਕਰਨ ਪ੍ਰਿੰਸ ਨੇ ਬੜੀ ਸ਼ਿੱਦਤ ਤੇ ਮਿਹਨਤ ਨਾਲ ਤਿਆਰ ਕੀਤਾ ਹੈ। ਇਸ ਲੋਕ ਤੱਥ ਗੀਤ ਦਾ ਵੀਡੀਓ ਬਹੁਤ ਮਿਹਨਤ ਨਾਲ ਵੀਡੀਓ ਡਾਇਰੈਕਟਰ ਤੇ ਐਡੀਟਰ ਅਕਸ਼ੇ ਵਰਮਾ ਨੇ ਫ਼ੋਕ ਲਹਿਜੇ ਵਿੱਚ ਫ਼ਿਲਮਾਇਆ ਹੈ। ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਦੀ ਪੇਸ਼ਕਸ਼ ਥੱਲੇ ਲੋਕ ਗੀਤ ਐਂਟਰਟੇਨਮੈਂਟ ਬੈਨਰ ਥੱਲੇ ਰਿਲੀਜ਼ ਹੋਏ ਇਸ ਗੀਤ ਦੇ ਵੀਡੀਓ ਨੂੰ ਯੂ ਟਿਊਬ, ਸਪੌਟੀਫ਼ਾਈ, ਐਮਾਜ਼ਾਨ, ਜੀਓ ਸਾਵਨ, ਵਿੰਕ ਮਿਊਜ਼ਿਕ ਤੇ ਹੋਰ ਅਨੇਕਾਂ ਸੋਸ਼ਲ ਸਾਈਟਾਂ ਤੇ ਦੇਖਿਆ ਜਾ ਸਕਦਾ ਹੈ।

# ਕੈਬਨਿਟ ਮੰਤਰੀ ਨੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਕਾਰਜਾਂ ਲਈ 1.38 ਕਰੋੜ ਦੇ ਚੈੱਕ ਵੰਡੇ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਹਲਕਾ ਸੁਨਾਮ ਦੇ ਵੱਖੋ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਕਾਰਜਾਂ ਲਈ ਕਰੀਬ 01 ਕਰੋੜ 38 ਲੱਖ ਰੁਪਏ ਦੇ ਚੈੱਕ ਵੰਡਣ ਲਈ ਲੌਂਗੋਵਾਲ, ਸ਼ਾਹਪੁਰ ਕਲਾਂ ਤੇ ਸੁਨਾਮ ਆਪਣੇ ਦਫਤਰ ਵਿਖੇ ਰੱਖੇ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਧਰਤੀ ਵਿਧਾਨ ਸਭਾ ਹਲਕਾ ਸੁਨਾਮ ਵਿੱਚ ਵਿਕਾਸ ਕਾਰਜਾਂ ਸਬੰਧੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ ਤੇ ਵਿਕਾਸ ਕਾਰਜਾਂ ਲਈ ਫੰਡ ਬੇਰੋਕ ਦਿੱਤੇ ਜਾ ਰਹੇ ਹਨ।ਅਮਨ ਅਰੋੜਾ ਨੇ ਹਲਕਾ ਸੁਨਾਮ ਦੇ ਸ਼ਹਿਰ ਲੌਂਗੋਵਾਲ ਵਿਖੇ 14 ਕੰਮਾਂ ਲਈ 50.15 ਲੱਖ ਰੁਪਏ ਤੇ ਸੁਨਾਮ ਸ਼ਹਿਰ ਦੇ 16 ਕੰਮਾਂ ਲਈ 50 ਲੱਖ ਰੁਪਏ ਦੇ ਚੈੱਕ ਵੰਡੇ।ਇਸੇ ਤਰ੍ਹਾਂ ਉਨ੍ਹਾ 11 ਪਿੰਡਾਂ ਦੇ 11 ਕੰਮਾਂ ਲਈ 18.79 ਲੱਖ ਰੁਪਏ, ਪਿੰਡ ਸ਼ਾਹਪੁਰ ਦੇ 3 ਵਿਕਾਸ ਕਾਰਜਾਂ ਲਈ 12.50 ਲੱਖ ਤੇ ਪਿੰਡ ਝਾੜੋਂ ਦੇ 2 ਵਿਕਾਸ ਕਾਰਜਾਂ ਲਈ 6 ਲੱਖ ਰੁਪਏ ਦੇ ਚੈੱਕ ਵੰਡੇ।ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਜਿਹੜੇ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਪੜਾਅਵਾਰ ਪੂਰੇ ਕੀਤੇ ਜਾ ਰਹੇ ਹਨ। ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਕਬਰਸਤਾਨਾਂ, ਪਾਣੀ ਦੀ ਨਿਕਾਸੀ ਅਤੇ ਸਕੂਲਾਂ ਸਬੰਧੀ ਵੱਡੇ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਕੈਬਨਿਟ ਮੰਤਰੀ ਨੇ ਲੋਕ ਨੁਮਾਇੰਦਿਆਂ ਨੂੰ ਕਿਹਾ ਕਿ ਇਹ ਲੋਕਾਂ ਦਾ ਪੈਸਾ ਹੈ ਤੇ ਪੂਰਨ ਇਮਾਨਦਾਰੀ ਨਾਲ ਲੋਕਾਂ ਦੇ ਕਾਰਜਾਂ 'ਤੇ ਹੀ ਲੱਗਣਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਬਹੁਤੀਆਂ ਮੁਸ਼ਕਲਾਂ ਮੌਕੇ ਉੱਤੇ ਹੀ ਅਧਿਕਾਰੀਆਂ ਨੂੰ ਹਦਾਇਤ ਕਰਕੇ ਹੱਲ ਕਰਵਾਈਆਂ ਤੇ ਬਾਕੀਆਂ ਦੇ ਹੱਲ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਮੀਡੀਆ ਕੋਆਡੀਨੇਟਰ ਜਤਿੰਦਰ ਜੈਨ, ਲੌਂਗੋਵਾਲ ਤੋਂ ਬਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ, ਰਾਜ ਸਿੰਘ, ਸੁਖਪਾਲ ਸਿੰਘ ਬਾਜਵਾ, ਬਲਕਾਰ ਸਿੰਘ ਸਿੱਧੂ, ਵਿੱਕੀ ਵਸ਼ਿਸ਼ਟ, ਜੁਗਰਾਜ ਸਿੰਘ ਸਰਪੰਚ, ਨਿਹਾਲ ਸਿੰਘ ਸਰਪੰਚ, ਦਰਸ਼ਨ ਸਿੰਘ ਸਰਪੰਚ, ਭੀਮ ਦਾਸ ਸਰਪੰਚ, ਜਗਸੀਰ ਸਿੰਘ ਸਰਪੰਚ, ਸ਼ਾਹਪੁਰ ਤੋਂ ਲੱਕੀ ਸਰਪੰਚ,ਬਲਾਕ ਪ੍ਰਧਾਨ ਮਲਕੀਤ ਸਿੰਘ ਆਦਿ ਹਾਜ਼ਰ ਸਨ।

## ਧੂੰਏਂ ਵਾਂਗ ਧੁਖ ਰਿਹੈ ਸੀ ਡੀ ਐੱਲ ਯੂ ਦਾ ਪ੍ਰੋਫੈਸਰ ਵਿਵਾਦ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਵਿਵਾਦਾਂ 'ਚ ਘਿਰੀ ਰਹਿਣ ਵਾਲੀ ਸਿਰਸਾ ਦੀ ਚੌਧਰੀ ਦੇਵੀ ਲਾਲ ਯੂਨੀਵਰਸਿਟੀ (ਸੀ ਡੀ ਐੱਲ ਯੂ) ਨੇ ਯੂਨੀਵਰਸਿਟੀ ਦੇ ਪ੍ਰੋਫੈਸਰ ਵਿਰੁੱਧ ਛੇੜਛਾੜ ਦੇ ਦੋਸ਼ਾਂ ਦੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪ੍ਰੋਕਟਰ ਬੋਰਡ ਨੇ ਦੋਵਾਂ ਧਿਰਾਂ ਭਾਵ ਮਹਿਲਾ ਪ੍ਰੋਫੈਸਰ ਤੇ ਪ੍ਰੋਫੈਸਰ ਅਸ਼ੋਕ ਕੁਮਾਰ ਨੂੰ ਜਾਂਚ ਵਿੱਚ ਹਿੱਸਾ ਲੈਣ ਲਈ ਬੁਲਾ ਕੇ ਉਨ੍ਹਾਂ ਦੋਵਾਂ ਦੇ ਬਿਆਨ ਦਰਜ ਕੀਤੇ ਹਨ। ਇਸ ਦੌਰਾਨ ਯੂਨੀਵਰਸਿਟੀ ਪ੍ਰਸ਼ਾਸਨ ਨੇ ਪ੍ਰੋਫੈਸਰ ਅਸ਼ੋਕ ਤੋਂ ਲਾਇਬ੍ਰੇਰੀ ਇੰਚਾਰਜ ਦਾ ਅਹੁਦਾ ਵਾਪਸ ਲੈ ਕੇ ਸਰੀਰਕ ਸਿੱਖਿਆ ਵਿਭਾਗ ਦੀ ਪ੍ਰੋਫੈਸਰ ਨੂੰ ਦਿੱਤਾ ਗਿਆ ਸੀ। ਧਿਆਨ ਰਹੇ ਕਿ ਕੁਝ ਮਹੀਨੇ ਪਹਿਲਾਂ ਗੈਸਟ ਮਹਿਲਾ ਪ੍ਰੋਫੈਸਰ ਨੇ ਨਿਆਂਇਕ ਜਾਂਚ ਦੌਰਾਨ ਡਾ: ਅਸ਼ੋਕ ਮੱਕੜ 'ਤੇ ਜਿਨਸੀ, ਮਾਨਸਿਕ, ਵਿੱਤੀ ਤੇ ਵਿਭਾਗੀ ਪ੍ਰੇਸ਼ਾਨੀ ਦੇ ਦੋਸ਼ ਲਾਏ ਗਏ ਸਨ। ਦੂਜੇ ਪਾਸੇ ਯੂਨੀਵਰਸਿਟੀ ਦੇ ਵੀ. ਸੀ. ਪ੍ਰੋਫੈਸਰ ਵਿਜੈ ਕੁਮਾਰ ਨੇ ਕਿਹਾ ਕਿ ਪ੍ਰੋਫੈਸਰ ਵਿਰੁੱਧ ਦੋਸ਼ਾਂ ਦੇ ਮਾਮਲੇ ਵਿੱਚ ਅੰਦਰੂਨੀ ਜਾਂਚ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਇੰਚਾਰਜ ਦਾ ਅਹੁਦਾ ਕਿਸੇ ਹੋਰ ਨੂੰ ਇਸ ਲਈ ਦਿੱਤਾ ਗਿਆ ਹੈ ਤਾਂ ਜੋ ਕੰਮ ਸਹੀ ਢੰਗ ਨਾਲ ਕੀਤਾ ਜਾ ਸਕੇ। ਯੂਨੀਵਰਸਿਟੀ ਦੇ ਅਮਲੇ ਸਮੇਤ ਵਿਦਿਆਰਥੀਆਂ ਦਾ ਕਹਿਣਾ ਸੀ ਕਿ ਜੇਕਰ ਅਧਿਆਪਕ ਆਪਣੀ ਹਿਊਮੈ (ਇਗੋ) ਤਿਆਗ ਕੇ ਸਾਡੇ ਬਿਹਤਰ ਭਵਿਖ ਲਈ ਰਲ ਮਿਲ ਕੇ ਕੰਮ ਕਰਨ, ਤਾਂ ਹੀ ਯੂਨੀਵਰਸਿਟੀ ਦਾ ਵਿਵਾਦਾਂ ਦੀ ਥਾਂ ਵਿਦਿਅਕ ਪੱਖ ਤੋਂ ਨਾਮ ਰੋਸ਼ਨ ਹੋ ਸਕਦਾ ਹੈ।


tru

**ਟਰੂਕੈਪ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ

ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 7 ਅਗਸਤ 2025 ਨੂੰ ਅਬੋਹਰ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਪਹਿਲੀ ਮੰਜ਼ਲ, ਮੇਵਾ ਮਾਰਕੀਟ ਕੰਪਲੈਕਸ ਸਰਕੂਲਰ ਰੋਡ ਗਲੀ ਨੰ. 3, ਅਬੋਹਰ, ਪੰਜਾਬ-152116

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।

ਅਬੋਹਰ ਬਰਾਂਚ : GL0000000243563 , GL0000000268048 , GL0000000308263 , GL0000000309247, GL0000000312409, GL0000000315299, GL0000000315568.

ਬਠਿੰਡਾ ਬਰਾਂਚ : GL0000000254690, GL0000000270344, GL0000000309628.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।

**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ : 9560735444**

ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ



tru

**ਟਰੂਕੈਪ ਫਾਇਨਾਂਸ ਲਿਮਟਿਡ**

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ

ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 7 ਅਗਸਤ 2025 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਆਰ ਕੇ ਟਾਵਰ, ਹੈਬੋਵਾਲ ਰੋਡ, ਬੀ-1461/1, ਰਾਮ ਸ਼ਰਨਮ ਚੌਕ, ਹੰਬੜਾਂ ਰੋਡ, ਲੁਧਿਆਣਾ, ਪੰਜਾਬ-141001

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।

ਜਲੰਧਰ ਬਰਾਂਚ : GL0000000241619 , GL0000000242609 , GL0000000248171 , GL0000000251324 , GL0000000255253 , GL0000000257287 , GL0000000269473 , GL0000000269477 , GL0000000276246 , GL0000000305223 , GL0000000306785 , GL0000000308319, GL0000000310318, GL0000000319807.

ਲੁਧਿਆਣਾ ਬਰਾਂਚ : GL0000000216499 , GL0000000217630 , GL0000000225763 , GL0000000231857 , GL0000000236272 , GL0000000236424 , GL0000000240126 , GL0000000241527 , GL0000000242232 , GL0000000242700 , GL0000000244753 , GL0000000245188 , GL0000000246207 , GL0000000249534 , GL0000000252195 , GL0000000252288 , GL0000000253362 , GL0000000253801 , GL0000000254983 , GL0000000260666, GL0000000265141.

ਸਰਹਿੰਦ ਬਰਾਂਚ : GL0000000200711 , GL0000000206677 , GL0000000212412 , GL0000000212568 , GL0000000214791 , GL0000000215375 , GL0000000215359 , GL0000000216318 , GL0000000217290 , GL0000000221489 , GL0000000221624 , GL0000000234305 , GL0000000235236 , GL0000000237604 , GL0000000238545 , GL0000000239224 , GL0000000239468 , GL0000000239474 , GL0000000239536 , GL0000000240039 , GL0000000241994 , GL0000000245338 , GL0000000245777 , GL0000000246405 , GL0000000250834 , GL0000000253071 , GL0000000253415 , GL0000000254063 , GL0000000254209 , GL0000000254745 , GL0000000254876 , GL0000000256030 , GL0000000258563 , GL0000000258765 , GL0000000259216 , GL0000000259412 , GL0000000260684 , GL0000000260973 , GL0000000261046 , GL0000000261746 , GL0000000262333 , GL0000000262733 , GL0000000263700 , GL0000000263911 , GL0000000264764 , GL0000000264763 , GL0000000292107 , GL0000000304474 , GL0000000311819 , GL0000000313578 , GL0000000322440 , GL0000000331983, GL0000000335687.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।

**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ : 9560735444**

ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ

# ਸਾਬਕਾ ਚੇਅਰਮੈਨ ਚੱਠਾ ਦੀ ਮੁੱਖ ਮੰਤਰੀ ਦੇ ਪ੍ਰੋਗਰਾਮਾਂ ਤੋਂ ਬਣਾਈ ਦੂਰੀ ਨੇ ਸਿਆਸੀ ਹਲਕਿਆਂ 'ਚ ਛੇੜੀ ਚਰਚਾ

ਧੂਰੀ (ਮੋਹਿਤ ਗਰਗ, ਬਿੰਨੀ ਗਰਗ)- ਆਮ ਆਦਮੀ ਪਾਰਟੀ ਨਾਲ ਆਪਸੀ ਮਨ ਮੁਟਾਵ ਲੈ ਕੇ ਚੱਲੇ ਆ ਰਹੇ ਆਮ ਆਦਮੀ ਪਾਰਟੀ ਦੇ ਸੂਬਾ ਆਗੂ ਅਤੇ ਕੰਟੇਨਰ ਐਂਡ ਵੇਅਰ ਹਾਊਸ ਕਾਰਪੋਰੇਸ਼ਨ ਦੇ ਸਾਬਕਾ ਚੇਅਰਮੈਨ ਸਤਿੰਦਰ ਸਿੰਘ ਚੱਠਾ ਦੀ ਮੁੱਖ ਮੰਤਰੀ ਭਗਵੰਤ ਮਾਨ ਦੇ ਸਾਰੇ ਪ੍ਰੋਗਰਾਮਾਂ ਤੋਂ ਬਣਾਈ ਦੂਰੀ ਨੇ ਸਿਆਸੀ ਹਲਕਿਆਂ ਵਿੱਚ ਇੱਕ ਨਵੀਂ ਚਰਚਾ ਛੇੜ ਦਿੱਤੀ ਹੈ। ਮੁੱਖ ਮੰਤਰੀ ਦੇ ਅੱਜ ਦੇ ਪ੍ਰੋਗਰਾਮਾਂ ਤੋਂ ਦੂਰੀ ਬਣਾਈ ਰੱਖਣ ਵਾਰੇ ਗੱਲਬਾਤ ਕਰਦਿਆਂ ਸਤਿੰਦਰ ਸਿੰਘ ਚੱਠਾ ਨੇ ਭਾਵੇਂ ਕਿਹਾ ਕਿ ਉਹਨਾਂ ਕੋਲ ਐਫ ਸੀ ਆਈ ਦੀ ਜਥੇਬੰਦੀ ਦੇ ਕੌਮੀ ਪ੍ਰਧਾਨ ਦਾ ਅਹੁਦਾ ਹੋਣ ਕਾਰਨ ਜਥੇਬੰਦੀ ਦੇ ਕੰਮਾਂਕਾਰਾਂ ਵਿੱਚ ਉਹ ਕਿਧਰੇ ਬਾਹਰ ਗਏ ਹੋਏ ਹਨ ਪ੍ਰੰਤੂ ਸਿਆਸੀ ਹਲਕਿਆਂ ਅਨੁਸਾਰ ਲੋਕਾਂ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਵੱਲੋਂ ਮਿਲੇ ਕੰਟੇਨਰ ਐਂਡ ਵੇਅਰ ਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਦੇ ਅਹੁਦੇ ਤੋਂ ਅਸਤੀਫਾ ਦੇਣ ਉਪਰੰਤ ਚੱਠਾ ਨੇ ਆਮ ਆਦਮੀ ਪਾਰਟੀ ਪ੍ਰਤੀ ਆਪਣਾ ਝੁਕਾਓ ਕਾਫੀ ਘੱਟ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਪਿਛਲੀ ਵਿਧਾਨ ਸਭਾ ਚੋਣ ਵਿਚ ਸਤਿੰਦਰ ਸਿੰਘ ਚੱਠਾ ਨੇ ਪੂਰੀ ਤਨਦੇਹੀ ਨਾਲ ਦਿਨ ਰਾਤ ਇੱਕ ਕਰਕੇ ਪੱਲਿਓ ਲੱਖਾਂ ਰੁਪਏ ਖਰਚ ਕੇ ਚੋਣ ਪ੍ਰਚਾਰ ਕੀਤਾ ਸੀ ਅਤੇ ਸਿਆਸਤ ਵਿੱਚ ਬੇਦਾਗ ਆਗੂ ਵਜੋਂ ਜਾਣੇ ਜਾਂਦੇ ਸਤਿੰਦਰ ਸਿੰਘ ਚੱਠਾ ਪਾਰਟੀ ਨਾਲੋਂ ਕਿਹੜੀ ਗੱਲੋਂ ਕਿਨਾਰਾ ਕਰੀ ਬੈਠੇ ਹਨ, ਇਹ ਤਾਂ ਚੱਠਾ ਦੇ ਮੂੰਹੋਂ ਸੁਣਨ ਉਪਰੰਤ ਹੀ ਸਪੱਸ਼ਟ ਹੋ ਸਕਦਾ ਹੈ, ਪਰੰਤੂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਤਿੰਦਰ ਸਿੰਘ ਚੱਠਾ ਦੀ ਪਾਰਟੀ ਤੋਂ ਦੂਰੀ ਕਿਤੇ ਨਾ ਕਿਤੇ ਪਾਰਟੀ ਨੂੰ ਥੋੜ੍ਹਾ ਬਹੁਤਾ ਨੁਕਸਾਨ ਜ਼ਰੂਰ ਪਹੁੰਚਾ ਸਕਦੀ ਹੈ। ਐਫ ਸੀ ਆਈ ਦੀ ਸਰਕਾਰੀ ਨੌਕਰੀ 'ਤੇ ਰਹਿੰਦਿਆਂ ਵੀ ਸਤਿੰਦਰ ਸਿੰਘ ਚੱਠਾ ਨੇ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸ਼ਰੇਆਮ ਮਦਦ ਕੀਤੀ ਸੀ ਜਿਸ ਦੇ ਚਲਦਿਆਂ ਚੱਠਾ ਨੂੰ ਐਫ ਸੀ ਆਈ ਵਿਭਾਗ ਵੱਲੋਂ ਚਾਰਜਸ਼ੀਟ ਵੀ ਕਰ ਦਿੱਤਾ ਗਿਆ ਸੀ । ਇਸੇ ਲੜੀ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਪਿਛਲੀਆਂ ਲਗਭਗ ਸਾਰੀਆਂ ਚੋਣਾਂ ਦੇ ਵਿੱਚ ਕਾਊਂਟਿੰਗ ਏਜੈਂਟ ਪੋਲਿੰਗ ਏਜੰਟ ਵਜੋਂ ਲੰਮੇ ਸਮੇਂ ਤੋਂ ਸੇਵਾਵਾਂ ਦਿੰਦੇ ਆ ਰਹੇ ਸੀਨੀਅਰ ਆਪ ਆਗੂ ਪ੍ਰੀਤ ਧੂਰੀ ਨੇ ਵੀ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਤੋਂ ਕਿਨਾਰਾ ਕੀਤਾ ਹੋਇਆ ਹੈ।

## ਕੋਰਟ ਨੋਟਿਸ



ਜ਼ਿਲ੍ਹਾ ਮੈਰਿਜ ਅਫਸਰ ਜਲੰਧਰ
V/S ਆਮ ਜਨਤਾ

ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੈਕਾਰ ਦਾ ਨਾਂਅ : ਨਸੀਬ ਚੰਦ, ਪਿਤਾ/ਪਤੀ ਦਾ ਨਾਂਅ: ਵਜੀਰ ਚੰਦ
ਪਤਾ: Vill. Hamiri Khera Po Udhopur Distt. Jalandhar, Village - Hamiri Khera / Tehsil - Jalandhar-1/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:-
ਨਾਂਅ: ਭੁਪਿੰਦਰ ਕੌਰ , ਪੱਕਾ ਪਤਾ: VILL. HAMIRI KHERA PO UDHOPUR DISTT. JALANDHAR, Hamiri Khera Jalandhar-1, Jalandhar, Punjab
ਉਮਰ, ਜਨਮ ਮਿਤੀ : 44-(20/03/1981)
ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 17.07.2025 ਨੂੰ ਜਾਰੀ ਹੋਇਆ।
65/ਨੰਬਰ / ਰੀਡਰ ਮਿਤੀ: 17/07/25 ਜ਼ਿਲ੍ਹਾ ਮੈਰਿਜ ਅਫਸਰ, ਜਲੰਧਰ। ਪੰਜਾਬ, ਭਾਰਤ

## COURT NOTICE

(U/O 5 Rule 20 Cpc)
In The Court of
**Sh. Raman Kumar**
Principal Judge Family Court, Ludhiana
CNR No. PBLD01-008626-2023
Next Date: 08-09-2025
**Pooja Vs. Ketan Kumar**
Publication Issued to:
Ketan Kumar S/o Sh. Kuldeep Singh R/o Raj Enclave, Isher Nagar, Back Side G.N.E. College, Ludhiana.
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 08-09-2025 at 10:00 a.m.
For details logon to https://highcourtchd.gov.in/?mod=district_notice&district=mogacourt
Principal Judge Family court, Ludhiana
Dated, this day of 19-07-2025

## COURT NOTICE

(U/O 5 Rule 20 Cpc)
In The Court of
**Maitri Kakkar**
Civil Judge (Junior Division), Kharar
CNR No. PBSAA0-001706-2024
Next Date:- 18-08-2025
Manjeet Kaur
Vs.
Jaspal Singh
Publication Issued To:
Jaspal Singh
Father: Amar Singh
S/o Chuhar Singh, R/o Ward No. 17, Tehsil Kharar, Distt. Mohali.
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-08-2025 at 10:00 a.m.
For details logon to https://highcourtchd.gov.in/?mod=district_notice&district=mogacourt
Civil Judge (Junior Division) Kharar
Dated, this day of 17-07-2025

## COURT NOTICE

In The Court of Sh. Sumer Singh Gurjar, IAS, Financial Commissioner (Appeals), Punjab, Civil Secretariat-2, Sector-9, Chandigarh
PUBLIC NOTICE
ROR No. 471 of 2023

Kewal Singh Son of Lachman Singh originally resident of Village Chak Vendal, Tehsil Nakodar, District Jalandhar, now permanently resident of Calderwood Knowle Grove, Virginia Water Surry, GU25 4JD, ENGLAND, United Kingdom through his attorney Buta Singh Son of Surinder Singh resident of village Chak Kalan, Tehsil Nakodar, District Jalandhar. ..Petitioner

Versus

1. Mohinder Singh since deceased through legal heirs :- i. Gurvinder Bagga S/o Mohinder Singh, ii. Surinder Bagga S/o Mohinder Singh, iii. Harbans Bagga S/o Mohinder Singh resident of 37, Latchmere Close Rechmond Surry, Canada
2. Ranjit Singh alias Joginder Singh S/o Rangu son of Bishan Singh residents of Chak Vendal, Tehsil Nakodar, District Jalandhar through his attorney Atma Singh son of Ajit Singh resident of Chak Gona (Gona Chak), Tehsil and District Jalandhar
3. Balkar Singh
4. Satnam Singh S/o Pritam Singh since deceased through legal heirs/ Balwant Kaur wife of Satnam Singh resident of 68, Bruce Road, Woodlay, Reading RG53DZ, England, UK
5. Resham Singh S/o Lachman Singh since deceased through legal heirs: (i) Satvinder Singh S/o Resham Singh resident of 111, Jersey Road, Osterley, Middlesex, TW7 4QR, England, UK, (ii) Harkamal Singh son of Resham Singh resident of 111, Jersey Road, Osterley, Middlesex, TW7 4QR, England, UK.

..........Respondents

Revision Petition under section 16 of Punjab Land Revenue Act, 1887 against the order dated 23-02-2023 passed by SDM-cum Collector, Nakodar and order dated 26-02-2016 passed by the Naib Tehsildar- cum-Assistant Collector 1st grade, Nakodar in partition case of village Chak Vendal, Tehsil Nakodar, District Jalandhar through Sanad Takseem dated 06-05-2016 prepared on the basis of the alleged order dated 26-02-2016 passed by the Naib Tehsildar-cum- Assistant Collector 1st grade, Nakodar and against all the further proceedings on the basis of the above mentioned orders.

Whereas, it has been proved to the satisfaction of this Court that the contesting respondents above named cannot be served in the ordinary way of service. The case is fixed for hearing on date 27/08/25 at 11: 00 and if they want to defend their case, they need to appear personally or through their representative on 27/08/25 at 11:00 in court room PUNJAB CIVIL SECRETARIAT-2, SECTOR-9, CHANDIGARH

Take notice that in default of their appearance on the day as mentioned, the above said case would be heard and decided in their absence.

Given under my hand and seal of Court on dated 16/07/25

Sumer Singh Gurjar, IAS, Financial Commissioner (Appeals) Punjab at Chandigarh

## COURT NOTICE

(U/O 5 Rule 20 Cpc)
In The Court of
**Sh. Jaspreet Singh**
Civil Judge (Junior Division), Jalandhar
CNR No. PBJL02-000091-2023
Next Date:- 11-08-2025
Harleen Kaur
Vs.
Kuljeet Singh
Suit for grant of decree for recovery of Rs.1,54,800/- alongwith interest as prayed for.
Publication Issued To:
Kuljeet Singh
Father : Raghbir Singh
R/o Village Sidhwan, Tehsil Batala, Distt. Gurdaspur Additional Address Quarter No.189, Police Line, Jalandhar
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 11-08-2025 at 10:00 a.m.
For details logon to https://highcourtchd.gov.in/?mod=district_notice&district=Jalandhar
Civil Judge (Junior Division), Jalandhar
Dated, this day of 17-07-2025

## CRIMINAL COURTS, LUDHIANA

In the Court of
**Ms. Harmeet Kaur Puri**
Judicial Magistrate Ist Class, Ludhiana
CNR No: PBLD03-032013-2020
Peshi: 01-09-2025
Publication Notice For Proclamation Under Section 82 CR.PC
Rajneesh Doda
Vs
M/S. Shamu Verma Telecom Services Petition U/S 138 of Negotiable Instruments Act, 1881 Amended Upto Date
Notice To:
1. M/S. Shamu Verma Telecom Services Through its Proprietor Shamu Verma S/O Babu Lal Verma C/O 360-E, Shaheed Bhagat Singh, Nagar, Near City Centre, Ludhiana-141002
2. Shamu Verma S/o Babu Lal Verma, Proprietor of M/S. Shamu Verma Telecom Services, R/o Purani Haweli, Near Masjid, Sunet, Ludhiana. 141012
Whereas it has been proved to the satisfaction of the Court that the accused above named cannot be served in the ordinary way of service. Hence, this proclamation under section 82 CRPC is hereby issued against him/them and should appear personally or through their counsel on 01-09-2025 at 10.00 a.m.
Take notice that, in default of his/their appearance on the day before mentioned, the above said case will be heard and determined in his/their absence.
Given under my hand and the seal of the court, this 16-07-2025
Judicial Magistrate Ist Class Ludhiana

## ਟਰੂਕੈਪ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 7 ਅਗਸਤ 2025 ਨੂੰ ਜ਼ੀਰਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਮਾਰਫਤ ਮਲਕੀਤ ਸਿੰਘ, ਤਲਵੰਡੀ ਰੋਡ, ਨੇੜੇ ਕਲਾਕ ਟਾਵਰ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142047
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
**ਫਰੀਦਕੋਟ**: GL0000000206821 , GL0000000210271 , GL0000000211154 , GL0000000213810 , GL0000000215760 , GL0000000216848 , GL0000000221079 , GL0000000225256 , GL0000000228904 , GL0000000229683 , GL0000000230760 , GL0000000234318 , GL0000000240325 , GL0000000250722 , GL0000000251731 , GL0000000256385 , GL0000000257475 , GL0000000257441 , GL0000000272191 , GL0000000273006 , GL0000000303410 , GL0000000303590 , GL0000000307367 , GL0000000313957 , GL0000000315195 , GL0000000338809 , GL0000000339192.
**ਜ਼ੀਰਾ ਬਰਾਂਚ** : GL0000000172305 , GL0000000218181 , GL0000000220897 , GL0000000230259 , GL0000000232859 , GL0000000235563 , GL0000000239771 , GL0000000241429 , GL0000000242137 , GL0000000243778 , GL0000000248150 , GL0000000247913 , GL0000000251229 , GL0000000254786 , GL0000000255090 , GL0000000257447 , GL0000000257645 , GL0000000258209 , GL0000000258423 , GL0000000260401 , GL0000000260747 , GL0000000262010 , GL0000000264914 , GL0000000278484 , GL0000000302955 , GL0000000309671 , GL0000000310119 , GL0000000310860 , GL0000000314487 , GL0000000314886 , GL0000000315383.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ: 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ

## ਟਰੂਕੈਪ ਫਾਇਨਾਂਸ ਲਿਮਟਿਡ

ਰਜਿਸਟਰਡ ਦਫਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਾਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 7 ਅਗਸਤ 2025 ਨੂੰ ਪਠਾਨਕੋਟ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਸਟੇਟ ਬੈਂਕ ਆਫ ਇੰਡੀਆ ਦੇ ਉੱਪਰ, ਸੈਲਾਈ ਰੋਡ, ਪਠਾਨਕੋਟ, ਪੰਜਾਬ-145001
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
**ਪਠਾਨਕੋਟ ਬਰਾਂਚ**: GL0000000183575 , GL0000000183728 , GL0000000201933 , GL0000000203338 , GL0000000218724 , GL0000000230454 , GL0000000231352 , GL0000000232048 , GL0000000232100 , GL0000000232202 , GL0000000233054 , GL0000000234182 , GL0000000234704 , GL0000000235445 , GL0000000235404 , GL0000000235972 , GL0000000238093 , GL0000000238549 , GL0000000240712 , GL0000000243810 , GL0000000243978 , GL0000000244240 , GL0000000245313 , GL0000000246636 , GL0000000248513 , GL0000000251254 , GL0000000252119 , GL0000000252746 , GL0000000255688 , GL0000000257098 , GL0000000272612 , GL0000000277484 , GL0000000307230 , GL0000000307263 , GL0000000315577 .
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰਬਰ: 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ

## COURT NOTICE

(U/o 5 Rule 20 Cpc)
In The Court Of
Hasan Deep Singh Bajwa
Additional Civil Judge (Senior Division), Kharar
CNR No. PBSAA0-001219-2024
Next Date:- 22-08-2025
CS/819/2024
Fulo Devi W/O Arun Dass R/o H.No. 287, Industrial Area, Phase-8,SAS Nagar Mohali
Vs.
Avtar Singh S/o Tarlochan Singh R/o Vill. Lakhnaur, Tehsil And Distt. Mohali
Publication Issued To:
Avtar Singh
Son: Tarlochan Singh
R/o Vill. Lakhnaur, Tehsil and Distt. SAS Nagar Mohali
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 22-08-2025 at 10:00 a.m.
For details logon to https://highcourtchd.gov.in/?mod=district_notice&district=mogacourt
Additional Civil Judge (Senior Division) Kharar
Dated, this day of 18-07-2025

## COURT NOTICE

(U/O 5 Rule 20 Cpc)
In The Court of
**Ms. Divya Nanda**
Civil Judge Junior Division - 19, Patiala
CNR No. PBPT02-000211-2023
Next Date:- 08-08-2025
Subhash Chand
Vs.
Jasbir Kaur
Publication Issued To:
Lr No. 2 Anju D/O Gurmit Singh
Lr No. 3 Ravi Kumar S/o Gurmit Singh Both R/o H.No. 45 Gali No. 2 Deep Nagar A Block Tripuri.
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 08-08-2025 at 10:00 a.m.
For details logon to https://highcourtchd.gov.in/?mod=district_notice&district=Patiala
Civil Judge Junior Division - 19, Patiala
Dated, this day of 17-07-2025

## COURT NOTICE

(U/O 5 Rule 20 Cpc)
In The Court of Gurkirat Singh
Civil Judge (Junior Division), Amritsar
CNR No. PBAS02-005216-2023
Next Date:- 06-08-2025
Anu Mehra W/o Anoop Mehra R/o Sole Prop. Arjun Textile, Office at H.No. 49, Katra Moti Ram, inside Hathi Gate, Amritsar
Vs.
Tarvinder Singh Sahni
CS Recovery
Publication Issued To:
(1) Tarvinder Singh Sahni, Prop. -Sahni Textiles, House No. 109-R, Janta Enclave, Urban Estate, Phase-2, Dugri, Ludhiana Also C/o Sahni Textiles, 1389-99-A, Ludhiana Calibre Plaza Road, Ludhiana 2- Ward No. 39, Ludhiana, Punjab
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 06-08-2025 at 10:00 a.m.
For details logon to https://highcourtchd.gov.in/?trs=district_notice&district=Amritsar
Civil Judge (Junior Division) Amritsar
Dated this day of 18-07-2025

## PUNJAB NATIONAL BANK
Branch Office:- BAREWAL AWANA, DISTT. LUDHIANA

### ਰੂਲ-8 (1) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਾੜੇਵਾਲ ਅਵਾਣਾ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਵੀ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਬਾੜੇਵਾਲ ਅਵਾਣਾ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।
ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ/ਰਹਿਣਕਾਰ) :- ਸ੍ਰੀ ਰਾਜ ਮੜੀਆ ਪੁੱਤਰ ਸ੍ਰੀ ਰੋਸ਼ਨ ਲਾਲ ਉਰਫ ਸ੍ਰੀ ਰੋਸ਼ਨ ਮੜੀਆ # ਮਕਾਨ ਨੰ. 186/21, ਗਲੀ ਨੰ. 6, ਪੁਰਾਣਾ ਮਾਧੋਪੁਰੀ, ਲੁਧਿਆਣਾ-141012 | ਬੈਨਾਮਾ ਵਸੀਕਾ ਨੰ. 22283 ਮਿਤੀ 21/03/2018 ਅਨੁਸਾਰ ਸ੍ਰੀ ਰਾਜ ਮੜੀਆ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਮਕਾਨ, ਐੱਮ ਸੀ ਨੰ. ਬੀ-6-186/22-ਐੱਚ ਦਾ ਉਚਿਤ ਗਿਰਵੀਨਾਮਾ। ਰਕਬਾ 66-1/4 ਵਰਗ ਗਜ਼, ਖੱਤਾ ਨੰ. 64/81, ਖਸਰਾ ਨੰ. 344/166-167 ਮਿਨ, ਜਮ੍ਹਾਂਬੰਦੀ ਸਾਲ 2012-2013, ਹੱਦਬਸਤ ਨੰ. 170, ਅਬਾਦੀ ਮਾਧੋਪੁਰੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਜਗਦੀਸ਼ ਚੰਦਰ-13'-3'', ਪੱਛਮ : ਗਲੀ 20' ਚੌੜੀ 13'-3'', ਉੱਤਰ : ਰੋਸ਼ਨ ਲਾਲ 45'-00'', ਦੱਖਣ : ਮਾਇਆ ਰਾਣੀ-45'-00'' | 24.04.2025 | 19.07.2025 | ਸੰਕੇਤਕ ਕਬਜ਼ਾ / 31.03.2025 ਅਨੁਸਾਰ ਰੁਪਏ 19,02,512.76/- (ਉੱਨੀ ਲੱਖ ਦੋ ਹਜ਼ਾਰ ਪੰਜ ਸੌ ਬਾਰਾਂ ਰੁਪਏ ਅਤੇ ਛਿਹੱਤਰ ਪੈਸੇ ਕੇਵਲ) ਜਮ੍ਹਾਂ 01.04.2025 ਤੋਂ ਇਸ ਉੱਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਅਤੇ ਖਰਚੇ |

ਮਿਤੀ : 20-07-2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

# ਮੈਰਾਥਨ ਦੌੜਾਕ ਫੌਜਾ ਸਿੰਘ ਦੇ ਪਰਿਵਾਰ ਨਾਲ ਬਾਬਾ ਬਲਬੀਰ ਸਿੰਘ 96 ਕਰੋੜੀ ਵੱਲੋਂ ਦੁੱਖ ਸਾਂਝਾ



ਅੰਮ੍ਰਿਤਸਰ: (ਜਸਬੀਰ ਸਿੰਘ ਪੱਟੀ) ਸਿੱਖ ਦੌੜਾਕ ਸ. ਫੌਜਾ ਸਿੰਘ ਦੇ ਅਕਾਲ ਚਲਾਣੇ 'ਤੇ ਨਿਹੰਗ ਸਿੰਘਾਂ ਦੀ ਮੁੱਖ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਉਨ੍ਹਾਂ ਦੇ ਗ੍ਰਹਿ ਬਿਆਸ ਵਿਖੇ ਪੁੱਜੇ ਅਤੇ ਉਨ੍ਹਾਂ ਦੇ ਬੇਟੇ ਸ. ਸੁਖਵਿੰਦਰ ਸਿੰਘ ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਬਾਬਾ ਫੌਜਾ ਸਿੰਘ ਨੇ ਸੰਸਾਰ ਵਿੱਚ ਵੱਖ-ਵੱਖ ਸਮੇਂ [illegible] ਪ੍ਰਾਪਤ ਕੀਤੀਆਂ ਤੇ ਸਿੱਖ ਦੀ ਦਸਤਾਰ ਦੇ ਮਾਣ ਨੂੰ ਪ੍ਰਚਾਰਨ ਵਿਚ ਸ਼ਾਨਦਾਰ ਭੂਮਿਕਾ ਨਿਭਾਈ ਹੈ। [illegible] ਫੌਜਾ ਸਿੰਘ ਨੂੰ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ। ਉਨ੍ਹਾਂ ਕਿਹਾ ਕਿ ਸ. ਫੌਜਾ ਸਿੰਘ ਨੇ ਆਪਣੇ ਦੇਸ, ਸੂਬੇ, ਖਾਸ ਕਰ ਆਪਣੇ ਪਿੰਡ ਦਾ ਨਾਮ ਰੋਸ਼ਨ ਕੀਤਾ ਹੈ। ਬਾਬਾ ਬਲਬੀਰ ਸਿੰਘ ਨੇ ਬੁੱਢਾ ਦਲ ਵੱਲੋਂ ਸ. ਸੁਖਵਿੰਦਰ ਸਿੰਘ ਤੇ ਉਨ੍ਹਾਂ ਦੀ ਬੇਟੀ ਨੂੰਹ ਨੂੰ ਸਿਰਪਾਓ ਬਖ਼ਸ਼ਿਸ਼ ਕੀਤੀ।

# 30 ਦੇ ਟਰੈਕਟਰ ਮਾਰਚ 'ਚ ਵੱਡੀ ਗਿਣਤੀ 'ਚ ਕਰਾਂਗੇ ਸ਼ਮੂਲੀਅਤ : ਰੰਡਿਆਲਾ, ਸਿੱਧੂ

## ਕਿਸਾਨਾਂ, ਮਜ਼ਦੂਰਾਂ ਦੇ ਸਮੁੱਚੇ ਕਰਜ਼ੇ 'ਤੇ ਲੀਕ ਮਾਰੇ ਕੇਂਦਰ ਸਰਕਾਰ-ਆਗੂ



**ਕੋਟ ਈਸੇ ਖਾਂ** (ਅਰੋੜਾ)-ਸਥਾਨਕ ਸ਼ਹਿਰ ਦੇ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ, ਸਵਰਨ ਸਿੰਘ ਸਿੱਧੂ ਬਲਾਕ ਪ੍ਰਧਾਨ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਬਾਬਾ ਸਿੰਘ ਸੰਗਲਾ ਐਗਜ਼ੈਕਟਿਵ ਮੈਂਬਰ ਪੰਜਾਬ, ਤੇਤਾ ਸਿੰਘ ਕੋਰ ਕਮੇਟੀ ਮੈਂਬਰ ਪੰਜਾਬ, ਸੁਖਦੇਵ ਸਿੰਘ ਮੈਂਬਰ ਭਿੰਡਰ ਕਲਾਂ ਜਗਜੀਤ ਸਿੰਘ ਸਾਦੀਵਾਲਾ ਐਗਜ਼ੈਕਟਿਵ ਮੈਂਬਰ ਪੰਜਾਬ ਵਿਸ਼ੇਸ਼ ਤੌਰ 'ਤੇ ਪਹੁੰਚੇ।ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਦਿਨੀ ਪੰਜਾਬ ਲੈਂਡ ਪੂਲਿੰਗ ਸਕੀਮ ਪੰਜਾਬ ਸਰਕਾਰ ਦੇ ਕਿਸਾਨਾਂ ਦੇ ਹਜ਼ਾਰਾਂ ਏਕੜ ਜ਼ਮੀਨ ਅਕਵਾਇਰ ਕੀਤੀ ਗਈ ਹੈ, ਜੋ ਪੰਜਾਬ ਦੇ ਕਿਸਾਨਾਂ ਨਾਲ ਸਰਾ ਸਰ ਧੱਕਾ ਹੈ।ਇਸੇ ਦੌਰਾਨ ਐੱਸ ਕੇ ਐੱਮ ਨੇ ਬੀਤੇ ਦਿਨੀਂ ਕਿਸਾਨ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਕਰਕੇ ਲੈਂਡ ਪੂਲਿੰਗ ਤੇ ਹੋਰ ਮੁੱਦਿਆ ਦੇ ਵਿਰੋਧ 'ਚ 30 ਜੁਲਾਈ ਨੂੰ ਪੂਰੇ ਪੰਜਾਬ 'ਚ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ।ਇਸੇ ਲੜੀ ਤਹਿਤ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਵੱਲੋਂ 30 ਜੁਲਾਈ ਨੂੰ ਟਰੈਕਟਰ ਮਾਰਚ 'ਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਦੀ ਸਰਕਾਰ ਆਪਣੇ ਵਾਅਦੇ ਅਨੁਸਾਰ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ 'ਤੇ ਕੇਂਦਰ ਸਰਕਾਰ ਤੇ ਸਟੇਟ ਸਰਕਾਰ ਲਕੀਰ ਮਾਰੇ।ਦੂਜੇ ਪਾਸੇ ਕੋਆਪ੍ਰੇਟਿਵ ਸੁਸਾਇਟੀਆਂ ਵਿੱਚ ਯੂਰੀਆ ਖਾਦ ਦੀ ਘਾਟ ਤੁਰੰਤ ਪੂਰੀ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਪਾਲਣ ਵਿੱਚ ਕੋਈ ਦਿੱਕਤ ਨਾ ਆਵੇ।ਇਸ ਮੌਕੇ ਕੁਲਦੀਪ ਸਿੰਘ ਸਘੇੜੇ ਵਾਲਾ ਜ਼ੋਨ ਪ੍ਰਧਾਨ, ਚਮਕੌਰ ਸਿੰਘ ਜੋਹਲ ਜ਼ਿਲ੍ਹਾ ਸਕੱਤਰ, ਹਰਜਿੰਦਰ ਸਿੰਘ ਬੱਡੂਵਾਲ, ਮੁਖਦੇ ਸਿੰਘ ਪ੍ਰਚਾਰ ਸਕੱਤਰ, ਸਰਦੂਲ ਸਿੰਘ ਭੁੱਲਰ ਮਸੀਤਾਂ, ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ ਤੂਰ ਭਿੰਡਰ ਕਲਾਂ, ਮੇਜਰ ਸਿੰਘ, ਮੇਜਰ ਸਿੰਘ ਮੁੱਦਕੀ ਯੂਥ ਪ੍ਰਧਾਨ, ਰਛਪਾਲ ਸਿੰਘ ਪ੍ਰਧਾਨ ਅੱਕੂ ਸਾਹਵਾਲਾ, ਅਮਰੀਕ ਸਿੰਘ ਆਦਿ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।

# 'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਬਾਲ ਲੇਖਕ ਸਨਮਾਨਤ



ਸਮਰਾਲਾ, (ਸੁਰਜੀਤ ਸਿੰਘ)- ਪੰਜਾਬ ਭਵਨ ਸਰੀ ਦੇ ਸੰਸਥਾਪਕ ਸੁੱਖੀ ਬਾਠ ਅਤੇ 'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਵਲੋਂ ਇੱਕ ਰੋਜ਼ਾ ਬਾਲ ਸਾਹਿਤ ਕਿਤਾਬ ਲੋਕ ਅਰਪਣ ਸਮਾਗਮ ਖਰੜ ਵਿਖੇ ਕਰਵਾਇਆ ਗਿਆ, ਜਿਸ ਵਿੱਚ ਲੁਧਿਆਣਾ ਜ਼ਿਲੇ ਦੀ ਨਵੀਆਂ ਕਲਮਾਂ, ਨਵੀਂ ਉਡਾਣ ਦੇ ਬਾਲ ਲੇਖਕਾਂ ਦੀ ਦੂਜੀ ਕਿਤਾਬ ਭਾਗ-54 ਜ਼ਿਲ੍ਹਾ ਪ੍ਰਧਾਨ ਡਾ. ਸੁਖਪਾਲ ਕੌਰ ਸਮਰਾਲਾ, ਕਿਤਾਬ ਦੇ ਮੁੱਖ ਸੰਪਾਦਕ ਨਰਿੰਦਰ ਸਿੰਘ ਬਿਜਲੀਪੁਰ ਤੇ ਉਨ੍ਹਾਂ ਦੀ ਸੰਪਾਦਕੀ ਟੀਮ ਦੁਆਰਾ ਸੰਪਾਦਤ ਕਰਕੇ ਲੋਕ ਅਰਪਣ ਕੀਤੀ ਗਈ। ਇਸ ਸਮਾਗਮ ਤੋਂ ਬਾਅਦ ਸਕੂਲ ਪਹੁੰਚਣ 'ਤੇ ਸਕੂਲ ਪ੍ਰਿੰਸੀਪਲ ਰਾਜਿੰਦਰ ਸਿੰਘ ਕੋਟਾਲਾ ਵਲੋਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਪੰਜਾਬੀ ਮਾਂ ਬੋਲੀ ਨਾਲ ਜੁੜਨ ਅਤੇ ਮੌਲਿਕ ਰਚਨਾਵਾਂ ਲਿਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਪ੍ਰੋਜੈਕਟ ਦੀ ਸ਼ਲਾਘਾ ਕੀਤੀ ਅਤੇ ਬੱਚਿਆਂ ਨੂੰ ਲੁਧਿਆਣਾ ਜ਼ਿਲ੍ਹੇ ਦੀ ਆਉਣ ਵਾਲੀ ਤੀਜੀ ਕਿਤਾਬ ਵਿੱਚ ਰਚਨਾਵਾਂ ਦੇਣ ਲਈ ਵੀ ਉਤਸ਼ਾਹਤ ਕੀਤਾ। ਪ੍ਰੋਜੈਕਟ 'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਜ਼ਿਲ੍ਹਾ ਪ੍ਰਧਾਨ ਡਾ. ਸੁਖਪਾਲ ਕੌਰ ਸਮਰਾਲਾ ਨੇ ਕਿਹਾ ਕਿ ਬੱਚੇ ਇਸ ਪ੍ਰੋਜੈਕਟ ਤਹਿਤ ਸਿਰਜਣਸ਼ੀਲਤਾ ਵੱਲ ਰੁਚਿਤ ਹੁੰਦੇ ਹਨ। ਉਹਨਾਂ ਬੱਚਿਆਂ ਨੂੰ ਸਾਹਿਤ ਨਾਲ ਜੁੜਨ ਲਈ ਅਤੇ ਸਮਾਜ ਨੂੰ ਚੰਗੀ ਸੇਧ ਦੇਣ ਲਈ ਚੰਗਾ ਸਾਹਿਤ ਲਿਖਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਰਾਜਿੰਦਰ ਸਿੰਘ ਨੇ ਇਸ ਵੱਡੇ ਕਾਰਜ ਲਈ ਪੰਜਾਬ ਭਵਨ ਸਰੀ, ਕੈਨੇਡਾ ਦੇ ਸੰਸਥਾਪਕ ਸੁੱਖੀ ਬਾਠ ਤੇ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਦਾ ਵੀ ਧੰਨਵਾਦ ਕੀਤਾ।

# ਕਿੱਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤੇ ਨੌਜਵਾਨ ਨੂੰ ਅਦਾਲਤ ਨੇ ਸੁਣਾਈ ਕੈਦ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) -ਕਰੀਬ ਛੇ ਸਾਲ ਪਹਿਲਾਂ ਐਂਟੀ ਨਾਰਕੋਟਿਕ ਸੈੱਲ ਫ਼ਤਹਿਗੜ੍ਹ ਸਾਹਿਬ ਦੀ ਇੱਕ ਟੀਮ ਵੱਲੋਂ ਮੰਡੀ ਗੋਬਿੰਦਗੜ੍ਹ ਤੋਂ ਇੱਕ ਕਿੱਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤੇ ਗਏ ਜਸਵਿੰਦਰ ਸਿੰਘ ਉਰਫ ਟੋਨੀ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ 15 ਸਾਲ ਕੈਦ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ 13/8/19 ਨੂੰ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਅ/ਧ 21 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਪੁਲਸ ਵੱਲੋਂ ਜਸਵਿੰਦਰ ਸਿੰਘ ਉਰਫ ਟੋਨੀ ਵਾਸੀ ਮੰਡੀ ਗੋਬਿੰਦਗੜ੍ਹ ਨੂੰ ਗ੍ਰਿਫਤਾਰ ਕੀਤਾ ਗਿਆ ਸੀ।ਮਾਮਲੇ ਸਬੰਧੀ ਪੁਲਸ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਐਂਟੀ ਨਾਰਕੋਟਿਕ ਸੈੱਲ ਫ਼ਤਹਿਗੜ੍ਹ ਸਾਹਿਬ ਦੀ ਇੱਕ ਟੀਮ ਵੱਲੋਂ ਰਾਤ ਨੂੰ ਕਰੀਬ 9 ਵਜੇ ਮੰਡੀ ਗੋਬਿੰਦਗੜ੍ਹ ਵਿਖੇ ਜੀ.ਟੀ. ਰੋਡ 'ਤੇ ਸ਼ੱਕੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ।ਜਿਸ ਦੌਰਾਨ ਸਰਹਿੰਦ ਸਾਈਡ ਤੋਂ ਐਕਟਿਵਾ ਸਕੂਟਰੀ 'ਤੇ ਆ ਰਿਹਾ ਜਸਵਿੰਦਰ ਸਿੰਘ ਉਰਫ ਟੋਨੀ ਸਾਹਮਣੇ ਪੁਲਸ ਦੀ ਚੈਕਿੰਗ ਹੁੰਦੀ ਦੇਖ ਕੇ ਘਬਰਾ ਗਿਆ ਤੇ ਉਸ ਨੇ ਸਕੂਟਰੀ ਵਾਪਸ ਮੋੜਨ ਦੀ ਕੋਸ਼ਿਸ਼ ਕੀਤੀ।ਜਿਸ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਐਂਟੀ ਨਾਰਕੋਟਿਕ ਸੈੱਲ ਦੇ ਇੰਚਾਰਜ ਇੰਸਪੈਕਟਰ ਹੇਮੰਤ ਕੁਮਾਰ ਨੇ ਜਦੋਂ ਡੀ.ਐਸ.ਪੀ. ਹੰਸ ਰਾਜ ਦੀ ਹਾਜ਼ਰੀ 'ਚ ਉਸ ਦੇ ਕਬਜ਼ੇ ਵਾਲੀ ਐਕਟਿਵਾ ਦੀ ਤਲਾਸ਼ੀ ਕੀਤੀ ਤਾਂ ਸਕੂਟਰੀ ਦੀ ਡਿੱਗੀ ਵਿੱਚੋਂ ਇੱਕ ਕਿੱਲੋ ਹੈਰੋਇਨ ਬਰਾਮਦ ਹੋਈ।ਗ੍ਰਿਫਤਾਰੀ ਉਪਰੰਤ ਜਸਵਿੰਦਰ ਸਿੰਘ ਉਰਫ ਟੋਨੀ ਕੋਲੋਂ ਕੀਤੀ ਗਈ ਪੁੱਛਗਿੱਛ ਦੇ ਅਧਾਰ 'ਤੇ ਪੁਲਸ ਵੱਲੋਂ ਇਸ ਮੁਕੱਦਮੇ 'ਚ ਅਫਰੀਕਨ ਮੂਲ ਦੇ ਵਿਦੇਸ਼ੀ ਨਾਗਰਿਕ ਸੰਨੀ ਉਰਫ ਇਮੇਕਾ ਇਕੇਚੀ ਨੂੰ ਵੀ ਨਾਮਜ਼ਦ ਕੀਤਾ ਗਿਆ ਸੀ ਜਿਸ ਨੂੰ ਅਦਾਲਤ ਵੱਲੋਂ ਭਗੌੜਾ ਕਰਾਰ ਦੇ ਦਿੱਤਾ ਗਿਆ।ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਜਸਵਿੰਦਰ ਸਿੰਘ ਉਰਫ ਟੋਨੀ ਵਾਸੀ ਮੰਡੀ ਗੋਬਿੰਦਗੜ੍ਹ ਨੂੰ ਮਾਮਲੇ 'ਚ ਦੋਸ਼ੀ ਮੰਨਦੇ ਹੋਏ 15 ਸਾਲ ਕੈਦ ਬਾਮੁਸ਼ੱਕਤ ਅਤੇ 2,00,000 ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।ਇਸੇ ਮੁਕੱਦਮੇ 'ਚ ਅਦਾਲਤ ਨੇ ਜਸਵਿੰਦਰ ਸਿੰਘ ਉਰਫ ਟੋਨੀ ਨੂੰ ਵੀ ਦੋਸ਼ੀ ਮੰਨਦੇ ਹੋਏ 7 ਸਾਲ ਕੈਦ ਬਾਮੁਸ਼ੱਕਤ ਅਤੇ 50,000 ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਮੰਡੀ ਬੋਰਡ ਦੇ ਹਵਾਲੇ ਕੀਤੀ ਜ਼ਮੀਨ ਨੂੰ ਮੁੜ ਕਿਸਾਨਾਂ ਦੇ ਕਬਜ਼ੇ 'ਚ ਹੋਣ ਦਾ ਦਾਅਵਾ



**ਸ਼ਾਹਕੋਟ (ਗਿਆਨ ਸੈਦਪੁਰੀ)**- ਲੰਘੀ 15 ਜੁਲਾਈ ਨੂੰ 15 ਸਾਲ ਪਹਿਲਾਂ ਐਕਵਾਇਰ ਕੀਤੀ ਤਕਰੀਬਨ 31 ਏਕੜ ਜ਼ਮੀਨ ਪੁਲਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਕਾਨੂੰਨੀ ਕਾਰਵਾਈ ਕਰਦਿਆਂ ਮੰਡੀ ਬੋਰਡ ਨੂੰ ਸੌਂਪ ਦਿੱਤੀ ਗਈ ਸੀ। ਐਤਵਾਰ ਨੂੰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਆਪਣੀ ਕਾਰਵਾਈ ਕਰਦਿਆਂ ਦਾਅਵਾ ਕੀਤਾ ਹੈ ਕਿ ਉਹੀ ਜ਼ਮੀਨ ਨੂੰ ਵਾਹ ਕੇ ਚਾਰਾ ਅਤੇ ਝੋਨਾ ਲਾ ਕੇ ਮੁੜ ਕਿਸਾਨਾਂ ਦੇ ਹਵਾਲੇ ਕਰ ਦਿੱਤੀ ਗਈ ਹੈ।ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਪਿੱਦੀ, ਸੂਬਾ ਆਗੂ ਸਲਵਿੰਦਰ ਸਿੰਘ ਜਾਣੀਆ ਤੇ ਜ਼ਿਲ੍ਹਾ ਪ੍ਰਧਾਨ ਗੁਰਮੇਲ ਸਿੰਘ ਰੇੜਵਾਂ ਨੇ ਇਕੱਤਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ ਪਿੰਡ ਕੋਟਲੀ ਗਾਜਰਾਂ ਦੇ ਕਿਸਾਨਾਂ ਦੀ 31 ਏਕੜ ਜ਼ਮੀਨ 'ਤੇ ਬਿਨਾਂ ਮੁਆਵਜ਼ਾ ਦਿੱਤੇ ਕਬਜ਼ਾ ਕਰ ਲਿਆ ਸੀ। ਜ਼ਮੀਨ ਮੰਡੀ ਬੋਰਡ ਦੇ ਹਵਾਲੇ ਕਰ ਦਿੱਤੀ ਗਈ ਸੀ। ਆਗੂਆਂ ਨੇ ਦਾਅਵਾ ਕੀਤਾ ਕਿ ਅੱਜ ਦੁਬਾਰਾ ਜ਼ਮੀਨ ਕਿਸਾਨਾਂ ਦੇ ਕਬਜ਼ੇ ਵਿੱਚ ਹੈ।ਇਸੇ ਦੌਰਾਨ ਪਤਾ ਲੱਗਾ ਹੈ ਕਿ ਕਿਸਾਨ ਜਥੇਬੰਦੀ ਵੱਲੋਂ ਲਾਇਆ ਧਰਨਾ ਉਠਾ ਲਿਆ ਗਿਆ ਹੈ।ਦੂਸਰੇ ਪਾਸੇ ਪਤਾ ਲੱਗਾ ਹੈ ਕਿ ਪ੍ਰਸ਼ਾਸਨ ਕਿਸਾਨ ਜਥੇਬੰਦੀ ਵੱਲੋਂ ਕੀਤੀ ਕਾਰਵਾਈ ਤੋਂ ਕਾਫੀ ਨਰਾਜ਼ ਹੈ ਤੇ ਉਹ ਸਖਤ ਕਾਰਵਾਈ ਕਰਨ ਦੇ ਰੌਂਅ ਵਿੱਚ ਹੈ।ਡੀ ਐਸ ਪੀ ਸ਼ਾਹਕੋਟ ਉਕਾਂਰ ਸਿੰਘ ਬਰਾੜ ਨੇ ਇਸ ਸਬੰਧ ਵਿੱਚ ਗੱਲ ਕਰਦਿਆਂ ਕਿਹਾ ਕਿ ਮੰਡੀ ਬੋਰਡ ਵੱਲੋਂ ਸ਼ਿਕਾਇਤ ਆਉਣ 'ਤੇ ਢੁਕਵੀ ਕਾਰਵਾਈ ਕੀਤੀ ਜਾਵੇਗੀ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Sarabjit Singh s/o Kirpa Singh r/o Ward No.3,Ram Garia Street,Near Bachint Nagar,Reru Jalandhar have changed my name from Sarabjit Singh to Sarbjeet Singh,Singh is my surname

I, Maninder Kour Ghotra W/o Rajinder Singh Ghotra R/o Vill Daburji PO Miani, Hoshiarpur, have changed name of my minor son from Anshpreet Singh Rajinder Singh Ghotra to Anshpreet Singh Ghotra. All concerned please note.

I Jagdish Kumar Handa S/o Ram Kishan R/o 71, Radha Nukunj, Ambika Colony , Jalandhar, Punjab, have changed my name from Jagdish Kumar Handa to Jagdish Kumar. All concerned please note.

I, Jaspreet Kaur Nanda W/o Antul nagpal R/o H.No Wo.-144, Basti Sheikh, Jalandhar have changed my name from Jaspreet Kaur Nanda to Jaspreet Kaur for all purposes.

I, Harjeet Singh S/o Kehar Singh R/o Village Kang Sahbu, Tehsil Nakodar, Distt. Jalandhar, Punjab-144630 have changed my name from Harjeet Singh to Harjit Singh. All concerned please note.

I Raj Sarup Wife of Sukhwinder Singh Vpo Dialpura Tehsil Patti District Tarntaran Have Changed my name From Raj Sarup to Raj Sarup Kaur pl note it.

I, Surjeet Singh S/o Jagtar Singh Village Nathupur Toda Tehsil Patti District Tarn Taran Have Changed My Name From Surjeet Singh to Surjit Singh pl note it.

I Hitherto known as Varinder Singh Nijjar S/O Sohan Singh Village Dallewal, Post Office Goraya, Tehsil Phillaur Distt.Jalandhar-144409 Punjab (India) have changed my name and shall hereafter be known as Varinder Singh Nizzer.

I, Sarabjit Kaur Ghotra W/o Lakhwinder Singh Ghotra R/o VPO. Tahili Tehsil Dsauya, Distt Hoshiarpur, Punjab-144202 have changed my name and shall hereafter be known as Sarabjit Kaur.

I, Jaswinder Singh S/o Mahinder Singh R/o Patti Maana di, Guru Ki Wadali, Post Office Chheharta, Amritsar 143105 have changed my name from Jaswinder Singh to Jaswant Singh

I, Kanika Goyal w/o Rahul Gupta r/o H.No. 38, Dilbagh Nagar, Jalandhar-144002, Punjab have changed my name from Kanika Goyal to Kanika Gupta. All Please Note.

I, Michael Koti S/o Sardar Masih R/o H.No. 77, Vill Kullian Bala, Po & Teh Dasuya, Hoshiarpur, Punjab-144205, have changed the name of my minor Son Arick, aged 10 years and he shall hereafter be known as Arick Akki.

## Change of Name

I, Naresh Kumar Yadav s/o Charan Dass r/o H.No.9/10, Gali No.5, Shivaji Nagar, Basti Danishmandan, Jalandhar have changed my name from Naresh Kumar Yadav to Naresh Kumar. All Please Note.

I, Monika d/o Baldev Raj r/o VPO. Chitti, Distt. Jalandhar, Punjab have changed the name of my minor daughter Pallvi to Pallvi Arora. All Please Note.

I, Puneet s/o Bhupinder Singh r/o Waddi Dharamshala, VPO. Jamsher Khas, Distt. Jalandhar have changed my name from Puneet to Puneet Singh. All Please Note.

I, Humanshu s/o Hari Sharan r/o H.No.E.S-549, Near Labour Court, Abadpura, Jalandhar, (PB) have changed my name from Humanshu to Humanshu Sidhu. All Please Note.

I, Neeru Bala W/o Manish Mattu 1, Kamla Devi Avenue, Fatehtgarh Choodiayan, Nangli Kalan District Amritsar have changed my name from Neeru Bala to Neeru Mattu

I, Nikhil S/o Jugalkishor R/o 555/9, Kadri Mohalla, Gurdaspur (Punjab)-143521 have changed my name from Nikhil to Nikhil Sharma. All concerned please note.

## ਬੇਦਖਲੀ ਨੋਟਿਸ

ਮੈ ਰਕਸ਼ਾ ਰਾਣੀ ਪਤਨੀ ਸ੍ਰੀ ਨਰਾਇਣ ਦਾਸ, ਵਾਸੀ ਰਾਮਗੜ੍ਹੀਆਂ ਗੁਰਦੁਆਰਾ ਰੋਡ ਧੂਰੀ, ਆਪਣੇ ਲੜਕੇ ਬੁਦੀਸ਼ ਸਿੰਗਲ, ਦਿਵਿਆ ਕੁਮਾਰ, ਲੜਕੀ ਮੀਨੂ ਜੈਨ, ਦੀਪਤੀ ਗੁਪਤਾ, ਨਿਸ਼ਾ ਮਿੱਤਲ, ਮੰਜੂ ਗੋਇਲ ਨੂੰ ਕਹਿਣੇ ਤੋਂ ਬਾਹਰ ਹੋਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ਉਹਨਾਂ ਦੇ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜਿੰਮੇਵਾਰ ਹੋਣਗੇ।

ਮੈ ਕਸ਼ਮੀਰਾ ਪੁੱਤਰ ਖ਼ੁਸ਼ੀ ਵਾਸੀ ਘਰਿਆਲਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੇਰੀ ਲੜਕੀ ਪੂਜਾ ਮੇਰੇ ਕਹਿਣੇ ਤੋਂ ਬਾਹਰ ਹੈ ।ਮੈਂ ਆਪਣੀ ਲੜਕੀ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ ।

ਮੈਂ, ਪਵਨ ਪੁੱਤਰ ਰੋਸ਼ਨ ਲਾਲ ਵਾਸੀ ਮਕਾਨ ਨੰਬਰ ਯੂ.ਐਸ-88, ਉੱਤਮ ਸਿੰਘ ਨਗਰ, ਬਸਤੀ ਸ਼ੇਖ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਿਵਮ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਇਸ ਦੇ ਨਾਲ ਸੰਬੰਧਤ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੀ ਮੇਰੀ ਜਾਂ ਮੇਰੇ ਬਾਕੀ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀ ਹੋਵੇਗੀ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## PUBLIC NOTICE

It is for general information that I, Harvinder Singh son of Tarsem Singh residing at H.No.371, Aliwal Road, Faizpura, Batala, Tehsil Batala District Gurdaspur-143505 Punjab declare that the name of mine and my wife have been wrongly written as Harwinder Singh and Rita in my minor Son Prabhpreet Singh Aged Years in her 10th Class Certificate. The actual name of mine and my wife are Harvinder Singh and Reeta

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਹਲਕਾ ਇੰਚਾਰਜ ਪਨੂੰ ਨੇ ਸ਼ਹਿਰ ਵਾਸੀਆਂ ਨੂੰ ਨਸ਼ੇ ਵਿਰੁੱਧ ਇੱਕਜੁੱਟ ਹੋ ਕੇ ਲੜਨ ਦੀ ਸਹੁੰ ਚੁਕਾਈ




ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬੇ ਵਿੱਚ ਵੱਡੇ ਪੱਧਰ ਤੇ ਅਭਿਆਨ ਚਲਾਇਆ ਜਾ ਰਿਹਾ ਹੈ ਜਿਸ ਤਹਿਤ ਸ਼ਹਿਰ ਫਤਿਹਗੜ੍ਹ ਚੂੜੀਆਂ ਵਾਰਡ ਨੰਬਰ 3, ਵਾਰਡ ਨੰਬਰ 4 ਵਿਖੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਹੋਈ ਇਕੱਤਰਤਾ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪਨੂੰ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਨਸ਼ੇ ਵਿਰੁੱਧ ਇੱਕਜੁੱਟ ਹੋ ਕੇ ਲੜਾਈ ਲੜਨ ਲਈ ਸਹੁੰ ਚੁਕਾਈ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਿਆ ਜਾ ਸਕੇ।ਇਸ ਮੌਕੇ ਉਨ੍ਹਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਖਤਮ ਕਰਨ ਦੀ ਤਹੱਈਆ ਕੀਤਾ ਹੈ ਅਤੇ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਨਸ਼ਾ ਤਸਕਰਾਂ ਦੀਆਂ ਨਾਜਾਇਜ਼ ਉਸਾਰੀਆਂ ਨੂੰ ਢਾਹਿਆ ਜਾ ਰਿਹਾ ਹੈ ਅਤੇ ਨਸ਼ਾ ਪੀੜਤਾਂ ਦਾ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫਤ ਇਲਾਜ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਬਾਬਾ ਮਿੰਟੂ ਸ਼ਾਹ, ਰਾਹੁਲ ਕੁਮਾਰ, ਰਮੇਸ਼ ਕੁਮਾਰ, ਸ਼ੈਰੀ ਪ੍ਰਧਾਨ ਤੇਜਵਿੰਦਰ ਸਿੰਘ, ਨਵੀਸ਼ ਨੰਦਾ, ਡਾਕਟਰ ਮੰਗਲ ਸਿੰਘ, ਅਦੇਸ਼ਪਾਲ ਸਿੰਘ, ਦੀਪਕ ਕੁਮਾਰ, ਕੁਲਦੀਪ ਸਿੰਘ, ਕੇਵਲ ਮਸੀਹ, ਮੁਖਵਿੰਦਰ ਸਿੰਘ, ਸਰਬਜੀਤ ਸਿੰਘ, ਗੁਰਮੀਤ ਸਿੰਘ, ਸਤਨਾਮ ਸਿੰਘ ਗਿੱਲ, ਰਾਮ ਸਿੰਘ, ਮਾਧਵ ਬੇਦੀ, ਰੱਬ ਜੋਤ ਸਿੰਘ, ਹਰਮਨਪ੍ਰੀਤ ਸਿੰਘ, ਦਰਸ਼ਨ ਸਿੰਘ, ਸਾਹਿਲਪ੍ਰੀਤ ਸਿੰਘ, ਜੇਮਸ ਮਸੀਹ, ਬਲਵੀਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ, ਸਰਪੰਚ ਹਰਦੀਪ ਸਿੰਘ, ਸਰਪੰਚ ਕਰਮਜੀਤ ਸਿੰਘ, ਗਗਨਦੀਪ ਸਿੰਘ, ਰਘਬੀਰ ਸਿੰਘ, ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਸਰਪੰਚ ਕਰਨ ਬਾਠ, ਵਾਈਸ ਕੁਆਰਡੀਨੇਟਰ ਗੁਰਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

# ਮਨੁੱਖਤਾ ਲਈ ਖ਼ੂਨਦਾਨ ਤੇ ਕੁਦਰਤ ਲਈ ਬੂਟੇ ਲਾਉਣੇ ਜ਼ਰੂਰੀ : ਹਰਦੀਪ ਸਨੌਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਪੰਜਾਬ ਵਾਤਾਵਰਣ ਦਿਵਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 326ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ ਖ਼ੂਨਦਾਨੀਆਂ ਨੂੰ ਸਰਟੀਫਿਕੇਟ, ਯਾਦਗਾਰੀ ਮੱਗ ਅਤੇ ਬੂਟੇ ਦੇ ਕੇ ਸਨਮਾਨਤ ਕੀਤਾ ਗਿਆ। ਖ਼ੂਨਦਾਨੀਆਂ ਨੂੰ ਸਨਮਾਨਤ ਕਰਦੇ ਹੋਏ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਮਨੁੱਖਤਾ ਲਈ ਖ਼ੂਨਦਾਨ ਅਤੇ ਕੁਦਰਤ ਲਈ ਬੂਟੇ ਲਗਾਉਣੇ ਜ਼ਰੂਰੀ ਹਨ ਤਾਂ ਹੀ ਇਨਸਾਨਾਂ ਸਮੇਤ ਪਸ਼ੂ, ਪੰਛੀਆਂ ਤੇ ਕੁਦਰਤ ਵਿਚਕਾਰ ਸਮਤੋਲ ਹੋ ਸਕਦਾ ਹੈ, ਜੋ ਸਮੁੱਚੇ ਰੂਪ ਵਿਚ ਇਨਸਾਨੀ ਜ਼ਿੰਦਗੀ ਲਈ ਬਹੁਤ ਜ਼ਰੂਰੀ ਹੈ। ਕੈਂਪ ਦਾ ਰਸਮੀ ਉਦਘਾਟਨ ਏ. ਐਸ. ਆਈ. ਬਲਜੀਤ ਸਿੰਘ ਨੇ ਖੁਦ ਖ਼ੂਨਦਾਨ ਕਰਕੇ ਕੀਤਾ, ਜਦੋਂਕਿ ਅਮਨਦੀਪ ਸਿੰਘ ਰਾਜਪੁਰਾ, ਪਵਨ ਕੁਮਾਰ ਸ਼ਰਮਾ ਪਟਿਆਲਾ, ਜਸਵਿੰਦਰ ਸਿੰਘ ਤੇ ਸੰਦੀਪ ਸਿੰਘ (ਦੋਵੇਂ ਭਰਾ), ਮਨਵੰਤ ਸਿੰਘ, ਅਮਰੀਕ ਸਿੰਘ ਰਾਮਗੜ੍ਹ ਤੇ ਅਮਰਜੀਤ ਸਿੰਘ ਪਟਿਆਲਾ 90 ਪ੍ਰਤੀਸ਼ਤ ਹੈਂਡੀਕੈਪਡ ਨੇ ਵੀ ਖ਼ੂਨਦਾਨ ਕੀਤਾ। ਇਸ ਮੌਕੇ ਯੂਨੀਅਨ ਆਗੂ ਤੇ ਜੇ. ਈ. ਹਰਦੀਪ ਸਿੰਘ ਬਿਰੜਵਾਲ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਚਾਚਾ ਜਗਰਾਜ ਸਿੰਘ ਚਹਿਲ, ਠੇਕੇਦਾਰ ਗੁਰਬਚਨ ਸਿੰਘ, ਮਨਵਿੰਦਰ ਸਿੰਘ ਰਾਮਗੜ੍ਹ, ਹਰਪ੍ਰੀਤ ਸਿੰਘ, ਸੁਖਦੇਵ ਸਿੰਘ ਖਾਕਟਾਂ ਕਲਾਂ, ਰਣਜੀਤ ਸਿੰਘ ਝੰਡੀ, ਦਵਿੰਦਰ ਸਿੰਘ ਸਨੌਰ, ਮਨਸਾਹਿਬ ਸਿੰਘ, ਡਾ. ਚਿਰਨਪ੍ਰੀਤ ਗੁਪਤਾ, ਡਾ. ਪੂਜਾ, ਗੁਰਪ੍ਰੀਤ ਕੌਰ ਤੇ ਕੇਸਰ ਸਿੰਘ ਵੀ ਹਾਜ਼ਰ ਸਨ।

21 July Page 8.qxd 7/20/2025 9:44 PM Page 1



# ਮਾਨ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪੰਜਾਬ 'ਚ ਨਸ਼ਿਆਂ ਨੂੰ ਠੱਲ੍ਹ ਪਾਉਣ 'ਚ ਕਾਮਯਾਬ : ਕੁਲਵੰਤ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੀ ਧਰਤੀ ਤੋਂ ਨਸ਼ਿਆਂ ਨੂੰ ਖ਼ਤਮ ਕਰਨ ਲਈ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ ਕੀਤੀ ਸੀ ਅਤੇ ਅੱਜ ਉਨ੍ਹਾਂ ਉਪਰਾਲਿਆਂ ਦਾ ਪੰਜਾਬ ਵਿੱਚ ਸਪੱਸ਼ਟ ਅਸਰ ਦੇਖਣ ਨੂੰ ਮਿਲ ਰਿਹਾ ਹੈ ਅਤੇ ਨਸ਼ਿਆਂ ਨੂੰ ਠੱਲ੍ਹ ਪਈ ਹੈ।ਇਹ ਪ੍ਰਗਟਾਵਾ ਵਿਧਾਇਕ ਐਸ ਏ ਐਸ ਨਗਰ ਕੁਲਵੰਤ ਸਿੰਘ ਨੇ ਹਲਕੇ ਦੇ ਵੱਖ ਵੱਖ ਪਿੰਡਾਂ 'ਚ ਨਸ਼ਾ ਮੁਕਤੀ ਯਾਤਰਾ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਅੱਜ ਪਿੰਡ ਮੌਲੀ ਵੈਦਵਾਨ ਵਿਖੇ ਗੁਰਸੇਵਕ ਸਿੰਘ ਅਤੇ ਸਾਬਕਾ ਸਰਪੰਚ ਅਵਤਾਰ ਸਿੰਘ ਮੌਲੀ ਦੀ ਅਗਵਾਈ ਹੇਠ- ਯੁੱਧ ਨਸ਼ਿਆਂ ਵਿਰੁੱਧ- ਮੁਹਿੰਮ ਦੇ ਤਹਿਤ ਰੱਖੇ ਗਏ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਪਿੰਡ ਮੌਲੀ ਵੈਦਵਾਨ ਪੁੱਜੇ ਸਨ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਦੀਆਂ ਪਹਿਲੀਆਂ ਸਰਕਾਰਾਂ ਵੱਲੋਂ ਪੰਜਾਬ ਵਿੱਚੋਂ ਨਸ਼ੇ ਦੇ ਕੋਹੜ ਨੂੰ ਖ਼ਤਮ ਕਰਨ



ਲਈ ਬਣਦੀ ਕਾਰਵਾਈ ਨਾ ਕੀਤੇ ਜਾਣ ਕਾਰਨ ਇਹ ਕੋਹੜ ਲਗਾਤਾਰ ਵਧਦਾ ਗਿਆ, ਜਿਸ ਦੀ ਲਪੇਟ ਵਿੱਚ ਵੱਡੀ ਗਿਣਤੀ ਵਿੱਚ ਪੰਜਾਬ ਦੇ ਨੌਜਵਾਨ ਫਸ ਗਏ।ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਾਸੀਆਂ ਨਾਲ ਪੰਜਾਬ ਵਿੱਚੋਂ ਨਸ਼ਿਆਂ ਨੂੰ ਖ਼ਤਮ ਕਰਨ ਦਾ ਜੋ ਵਾਅਦਾ ਕੀਤਾ ਸੀ, ਉਸ ਵਾਅਦੇ ਨੂੰ ਪੂਰਾ ਕਰਨ ਲਈ ਭਗਵੰਤ ਮਾਨ ਪਿਛਲੇ 3 ਸਾਲਾਂ ਤੋਂ ਲੱਗੇ ਹੋਏ ਸਨ ਅਤੇ ਹੁਣ ਇਸ ਕੋਹੜ ਵਿਰੁੱਧ ਜੰਗੀ ਪੱਧਰ 'ਤੇ ਮੋਰਚਾ ਖੋਲ੍ਹਿਆ ਗਿਆ ਹੈ।ਉਨ੍ਹਾਂ ਕਿਹਾ ਕਿ ਮੈਨੂੰ ਇਹ ਦੱਸਦੇ ਹੋਏ ਖੁਸ਼ੀ ਅਤੇ ਮਾਣ ਮਹਿਸੂਸ ਹੋ ਰਿਹਾ ਹੈ ਕਿ ਹੁਣ ਤੱਕ ਲਗਭੱਗ 150 ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਇਆ ਜਾ ਚੁੱਕਾ ਹੈ ਅਤੇ 22 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਫੜਿਆ ਜਾ ਚੁੱਕਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਮਾਨ ਸਰਕਾਰ ਨੇ ਪੰਜਾਬ ਵਿੱਚ ਨਸ਼ਾ ਮੁਕਤੀ ਯਾਤਰਾ ਦੀ ਇਤਿਹਾਸਕ ਸ਼ੁਰੂਆਤ ਕੀਤੀ ਹੈ, ਇਸ ਯਾਤਰਾ ਨਾਲ ਪਿੰਡਾਂ ਅਤੇ ਵਾਰਡਾਂ ਤੱਕ ਜਾਗਰੂਕਤਾ ਦਾ ਸੰਦੇਸ਼ ਪਹੁੰਚਾਇਆ ਜਾ ਰਿਹਾ ਹੈ।ਇਹ ਨਸ਼ਾ ਮੁਕਤੀ ਯਾਤਰਾ ਕੋਈ ਸਿਆਸੀ ਯਾਤਰਾ ਨਹੀਂ ਹੈ, ਇਹ ਇੱਕ ਸਮਾਜਿਕ ਸੰਕਲਪ ਹੈ, ਇਸ ਸਮਾਜ ਦੇ ਹਰ ਵਰਗ ਨੂੰ ਇਸ ਅੰਦੋਲਨ ਨਾਲ ਜੁੜਨ ਦੀ ਲੋੜ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਉਹ ਸਮਾਂ ਦੂਰ ਨਹੀਂ ਜਦੋਂ ਪੰਜਾਬ ਵਿੱਚ ਕੋਈ ਨਸ਼ਾ ਨਹੀਂ ਵਿਕੇਗਾ ਅਤੇ ਕੋਈ ਨਸ਼ਾ ਤਸਕਰ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਦਾਖ਼ਲ ਹੋਣ ਦੀ ਹਿੰਮਤ ਨਹੀਂ ਕਰੇਗਾ। ਇਸ ਸਭ ਲਈ ਲੋਕਾਂ ਦੇ ਸਹਿਯੋਗ ਦੀ ਜ਼ਰੂਰਤ ਹੈ। ਇਸ ਲਈ ਜੇਕਰ ਆਲੇ ਦੁਆਲੇ ਕੋਈ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਸਦੀ ਜਾਣਕਾਰੀ ਤੁਰੰਤ ਪੁਲਿਸ ਜਾਂ ਥਾਣੇ ਵਿੱਚ ਦਿੱਤੀ ਜਾਵੇ।ਵਿਧਾਇਕ ਕੁਲਵੰਤ ਸਿੰਘ ਨੇ ਸਭਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਉਂਦੇ ਹੋਏ ਕਿਹਾ ਕਿ ਆਓ, ਮਿਲਕੇ ਸਹੁੰ ਖਾਈਏ — ਨਾ ਅਸੀਂ ਨਸ਼ਾ ਕਰਾਂਗੇ, ਨਾ ਕਰਨ ਦਿਆਂਗੇ ਅਤੇ ਨਾ ਕਿਸੇ ਨੂੰ ਵੇਚਣ ਦਿਆਂਗੇ। ਅਸੀਂ ਸਭ ਮਿਲਕੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਅਤੇ ਨਸ਼ਾ ਮੁਕਤ ਬਣਾਵਾਂਗੇ।

## ਕਾਂਗਰਸ ਵੱਲੋਂ ਭਲਕੇ ਦਿੱਤਾ ਜਾਣ ਵਾਲਾ ਧਰਨਾ ਨਵਾਂ ਇਤਿਹਾਸ ਸਿਰਜੇਗਾ : ਬਲਬੀਰ ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)** ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕਿਹਾ ਹੈ ਕਿ ਕਾਂਗਰਸ ਪਾਰਟੀ ਵੱਲੋਂ ਕਿਸਾਨ ਵਿਰੋਧੀ ਲੈਂਡ ਪੂਲਿੰਗ ਪਾਲਿਸੀ ਰੱਦ ਕਰਾਉਣ ਲਈ ਭਲਕੇ ਗਮਾਡਾ ਦੇ ਮੁੱਖ ਦਫ਼ਤਰ ਸਾਹਮਣੇ ਦਿੱਤੇ ਜਾਣ ਵਾਲੇ ਧਰਨੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ।ਉਨ੍ਹਾਂ ਕਿਹਾ ਕਿ ਇਹ ਧਰਨਾ ਗਿਣਤੀ ਪੱਖੋਂ ਨਵਾਂ ਇਤਿਹਾਸ ਸਿਰਜੇਗਾ।ਸ੍ਰੀ ਸਿੱਧੂ ਨੇ ਕਿਹਾ ਕਿ ਇਸ ਧਰਨੇ ਨੂੰ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਸਮੇਤ ਪਾਰਟੀ ਦੇ ਪਾਰਲੀਮੈਂਟ ਮੈਂਬਰ ਅਤੇ ਵਿਧਾਇਕ ਸੰਬੋਧਨ ਕਰਨਗੇ।

# ਬਸਪਾ ਵਰਕਰਾਂ ਵੱਲੋਂ ਸਾਂਸਦ ਡਾ. ਰਾਜ ਕੁਮਾਰ ਤੇ ਥਾਣਾ ਮੇਹਟੀਆਣਾ ਦੇ ਮੁਲਾਜ਼ਮਾਂ ਖਿਲਾਫ ਨਾਅਰੇਬਾਜ਼ੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਸਪਾ ਦੇ ਅਹੁਦੇਦਾਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਮਾਨਾ ਦੇ ਸ੍ਰੀ ਗੁਰੂ ਰਵਿਦਾਸ ਜੀ ਦੇ ਗੁਰੂ ਘਰ ਵਿੱਚ ਵਾਰ ਵਾਰ ਬੇਅਦਬੀ ਹੋ ਰਹੀ ਹੈ। ਜਿਸ ਸਬੰਧੀ ਜ਼ਿਲ੍ਹਾ ਪੁਲਸ ਮੁਖੀ ਅਤੇ ਥਾਣਾ ਮੇਹਟੀਆਣਾ ਵਿਖੇ ਲਿਖਤੀ ਦਰਖਾਸਤਾਂ ਦੇਣ ਦੇ ਬਾਵਜੂਦ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ। ਇਸ ਸਮੇਂ ਪਿੰਡ ਅੱਤੋਵਾਲ ਦਾ ਜ਼ਿਕਰ ਕਰਦਿਆਂ ਪ੍ਰਦਰਸ਼ਨਕਾਰੀਆਂ ਨੇ ਦੱਸਿਆ ਕਿ ਇਸ ਪਿੰਡ ਦੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਫੇਸਬੁਕ 'ਤੇ ਲਾਈਵ ਹੋ ਕੇ ਉਸ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਬਾਰੇ ਜਾਣੂ ਕਰਵਾਇਆ ਗਿਆ ਸੀ। ਪ੍ਰੰਤੂ ਪੁਲਸ ਪ੍ਰਸ਼ਾਸਨ ਵੱਲੋਂ ਉਸ ਦੀ ਕੋਈ ਮਦਦ ਨਹੀਂ ਕੀਤੀ ਗਈ। ਹੋਰ ਤਾਂ ਹੋਰ ਗੁਰੂ ਘਰ ਵਿਖੇ ਰੰਜਿਸ਼ ਰੱਖਦਿਆਂ ਤਾਲੇ ਲਗਾ ਦਿੱਤੇ ਜਾਂਦੇ ਹਨ। ਸਾਹਿਬ ਅਤੇ ਗੁਰਦੁਆਰਾ ਸਿੰਘ ਸਭਾ ਦੇ ਗ੍ਰੰਥੀ ਸਿੰਘਾਂ ਨੂੰ ਵੀ ਅਜਿਹੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਜ਼ਬਰਦਸਤੀ ਕੱਢ ਦਿੱਤਾ ਗਿਆ। ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ੍ਰੀ



ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਪਿੰਡ ਮਾਨਾ ਦੇ ਇੱਕ ਨੌਜਵਾਨ ਜਗਦੀਪ ਕੁਮਾਰ ਦੇ ਉੱਪਰ ਪੰਜ ਛੇ ਦੋਸ਼ੀਆਂ ਨੇ ਹਮਲਾ ਕਰਕੇ ਉਸ ਨੂੰ ਜ਼ਖਮੀ ਕਰ ਦਿੱਤਾ ਸੀ। ਜਿਸ ਦੀ ਲਿਖਤੀ ਸ਼ਿਕਾਇਤ ਸੰਬੰਧਤ ਥਾਣੇ ਦਿੱਤੀ ਗਈ ਸੀ। ਪਰੰਤੂ ਪੁਲਸ ਵੱਲੋਂ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ। ਉਲਟਾ ਜਗਦੀਪ ਕੁਮਾਰ ਖਿਲਾਫ ਹੀ ਮੁਕੱਦਮਾ ਦਰਜ ਕਰ ਦਿੱਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਗਾਇਆ ਹੈ ਕਿ ਪੁਲਸ ਪ੍ਰਸ਼ਾਸਨ ਹਲਕਾ ਵਿਧਾਇਕ ਅਤੇ ਸਾਂਸਦ ਦੇ ਇਸ਼ਾਰਿਆਂ 'ਤੇ ਚੱਲ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਦੀ ਸ਼ਹਿ 'ਤੇ ਪਿੰਡਾਂ ਦੇ ਸਰਪੰਚ ਹਰੇਕ ਧਾਰਮਿਕ ਸਥਾਨ ਵਿੱਚ ਦਖਲਅੰਦਾਜ਼ੀ ਕਰਕੇ ਉਥੋਂ ਦੀ ਮਰਿਆਦਾ ਅਤੇ ਸ਼ਾਂਤੀ ਭੰਗ ਕਰ ਰਹੇ ਹਨ। ਜਿਨ੍ਹਾਂ ਵੱਲੋਂ ਆਪ ਸਰਕਾਰ ਦੀ ਮਿਲੀਭੁਗਤ ਕਰਕੇ ਧਾਰਮਿਕ ਸਥਾਨਾਂ 'ਤੇ ਧੱਕੇ ਨਾਲ ਕਬਜ਼ੇ ਕੀਤੇ ਜਾ ਰਹੇ ਹਨ।

# ਨਗਰ ਕੌਂਸਲਾਂ ਨੇ ਸਿਰਫ਼ 19 ਦਿਨਾਂ 'ਚ 1143.49 ਲੱਖ ਰੁਪਏ ਦਾ ਰਿਕਾਰਡ ਪ੍ਰਾਪਰਟੀ ਟੈਕਸ ਕੀਤਾ ਇਕੱਠਾ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਦੀ ਬਕਾਇਆ ਪ੍ਰਾਪਰਟੀ ਟੈਕਸ ਇਕੱਤਰ ਕਰਨ ਦੀ ਇੱਕ-ਮੁਸ਼ਤ ਨਿਪਟਾਰਾ (ਓ ਟੀ ਐਸ) ਯੋਜਨਾ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ 'ਚ ਭਰਵਾਂ ਹੁੰਗਾਰਾ ਮਿਲਿਆ ਹੈ।ਜ਼ਿਲ੍ਹੇ ਦੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਨੇ ਸਿਰਫ਼ 19 ਦਿਨਾਂ ਦੇ ਅੰਦਰ ਜਾਇਦਾਦ ਟੈਕਸ ਬਕਾਏ ਵਿੱਚ 1143.49 ਲੱਖ ਰੁਪਏ ਦਾ ਰਿਕਾਰਡ ਇਕੱਠਾ ਕੀਤਾ ਹੈ।ਵੇਰਵੇ ਸਾਂਝੇ ਕਰਦੇ ਹੋਏ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਇਹ ਉਤਸ਼ਾਹੀ ਵਸੂਲੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਐਲਾਨੀ ਗਈ ਓ ਟੀ ਐਸ ਯੋਜਨਾ ਦੀ ਸਫਲਤਾ ਨੂੰ ਦਰਸਾਉਂਦੀ ਹੈ, ਜੋ ਕਿ ਰਾਜ ਦੇ ਲੋਕਾਂ ਨੂੰ ਜਾਇਦਾਦ (ਪ੍ਰਾਪਰਟੀ) ਟੈਕਸ ਬਕਾਏ 'ਤੇ ਮਹੱਤਵਪੂਰਨ ਰਾਹਤ ਪ੍ਰਦਾਨ ਕਰਦੀ ਹੈ। ਉਨ੍ਹਾਂ ਦੱਸਿਆ ਕਿ ਅੰਕੜਿਆਂ ਅਨੁਸਾਰ, 1 ਜੁਲਾਈ ਤੋਂ 19 ਜੁਲਾਈ, 2025 ਤੱਕ, ਜ਼ਿਲ੍ਹੇ ਭਰ ਦੀਆਂ ਨਗਰ ਕੌਂਸਲਾਂ ਵੱਲੋਂ ਜੋ ਜਾਇਦਾਦ ਕਰ ਇਕੱਤਰ ਕੀਤਾ ਗਿਆ, ਉਸ ਵਿੱਚ ਐਮ ਸੀ ਬਨੂੜ: 17.02 ਲੱਖ ਰੁਪਏ, ਡੇਰਾਬੱਸੀ:



96.45 ਲੱਖ ਰੁਪਏ, ਕੁਰਾਲੀ: 22.25 ਲੱਖ ਰੁਪਏ, ਖਰੜ: 209.00 ਲੱਖ ਰੁਪਏ, ਲਾਲੜੂ: 12.39 ਲੱਖ ਰੁਪਏ, ਨਯਾਗਾਓਂ: 32.50 ਲੱਖ ਰੁਪਏ ਅਤੇ ਜ਼ੀਰਕਪੁਰ: 753.88 ਲੱਖ ਰੁਪਏ ਸ਼ਾਮਲ ਹਨ। ਡੀ.ਸੀ. ਕੋਮਲ ਮਿੱਤਲ ਨੇ ਵਿਸਥਾਰ ਨਾਲ ਦੱਸਿਆ ਕਿ ਓ.ਟੀ.ਐਸ. ਸਕੀਮ ਦੇ ਤਹਿਤ, 31 ਮਾਰਚ, 2025 ਤੱਕ ਅਣ-ਭੁਗਤਾਨ ਕੀਤੇ ਜਾਂ ਅੰਸ਼ਕ ਤੌਰ 'ਤੇ ਅਦਾ ਕੀਤੇ ਗਏ ਜਾਇਦਾਦ ਟੈਕਸ ਦੇ ਬਕਾਏ ਵਾਲੇ ਨਿਵਾਸੀ, ਜੁਰਮਾਨੇ ਅਤੇ ਵਿਆਜ ਦੀ ਪੂਰੀ ਛੋਟ ਪ੍ਰਾਪਤ ਕਰ ਸਕਦੇ ਹਨ, ਜੇਕਰ ਉਹ 31 ਜੁਲਾਈ, 2025 ਤੱਕ ਮੂਲ ਰਕਮ ਦਾ ਪੂਰਾ ਭੁਗਤਾਨ ਕਰ ਦਿੰਦੇ ਹਨ। ਜੇਕਰ ਬਕਾਇਆ 1 ਅਗਸਤ ਤੋਂ 31 ਅਕਤੂਬਰ, 2025 ਦੇ ਵਿਚਕਾਰ ਅਦਾ ਕੀਤਾ ਜਾਂਦਾ ਹੈ, ਤਾਂ ਜੁਰਮਾਨੇ ਅਤੇ ਵਿਆਜ ਦਾ 50% ਮੁਆਫ਼ ਕਰ ਦਿੱਤਾ ਜਾਵੇਗਾ।31 ਅਕਤੂਬਰ ਤੋਂ ਬਾਅਦ, ਲਾਗੂ ਕਾਨੂੰਨਾਂ ਅਨੁਸਾਰ ਪੂਰਾ ਜੁਰਮਾਨਾ ਅਤੇ ਵਿਆਜ ਵਸੂਲਿਆ ਜਾਵੇਗਾ।ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਲੋਕਾਂ ਦੇ ਭਾਰੀ ਹੁੰਗਾਰੇ ਨੂੰ ਦੇਖਦੇ ਹੋਏ ਨਗਰ ਕੌਂਸਲ ਦਫ਼ਤਰ ਸਪਤਾਹ ਅੰਤ 'ਤੇ ਵੀ 31 ਜੁਲਾਈ ਤੱਕ ਖੁੱਲ੍ਹੇ ਰਹਿਣਗੇ ਤਾਂ ਜੋ ਉਨ੍ਹਾਂ ਨਾਗਰਿਕਾਂ ਨੂੰ ਸਹੂਲਤ ਮਿਲ ਸਕੇ ਜੋ ਹਫ਼ਤੇ ਦੇ ਕੰਮ-ਕਾਜੀ ਦਿਨਾਂ ਵਿੱਚ ਰੁੱਝੇ ਰਹਿੰਦੇ ਹਨ।

# ਸ਼ਿਵਾਲਿਕ ਵਿਹਾਰ 'ਚ ਐੱਨ ਕੇ ਸ਼ਰਮਾ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਜ਼ੀਰਕਪੁਰ ਨਗਰ ਕੌਂਸਲ ਪ੍ਰਸ਼ਾਸਨ 'ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਹੈ ਕਿ ਅੱਜ ਇੱਥੋਂ ਦੇ ਲੋਕ ਚੁਣੇ ਹੋਏ ਨਗਰ ਕੌਂਸਲਰਾਂ ਅਤੇ ਕੌਂਸਲ ਅਧਿਕਾਰੀਆਂ ਨੂੰ ਲੱਭ ਰਹੇ ਹਨ, ਪਰ ਉਨ੍ਹਾਂ ਦੀ ਸੁਣਵਾਈ ਕਰਨ ਵਾਲਾ ਕੋਈ ਨਹੀਂ ਹੈ।ਐਨ ਕੇ ਸ਼ਰਮਾ ਸ਼ਿਵਾਲਿਕ ਵਿਹਾਰ ਵਾਸੀਆਂ ਦੇ ਸੱਦੇ 'ਤੇ ਇੱਥੇ ਪਹੁੰਚੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਸਾਬਕਾ ਵਿਧਾਇਕ ਨੂੰ ਲੋਕਾਂ ਨੇ ਦੱਸਿਆ ਕਿ ਇੱਥੇ ਜਗ੍ਹਾ-ਜਗ੍ਹਾ 'ਤੇ ਸੜਕਾਂ ਪੁੱਟੀਆਂ ਗਈਆਂ ਹਨ, ਸੀਵਰੇਜ ਦੇ ਗਟਰ ਓਵਰਫਲੋਅ ਹੋ ਰਹੇ ਹਨ, ਖੁੱਲ੍ਹੇ ਮੈਨਹੋਲ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ, ਪਿਛਲੇ ਕਈ ਮਹੀਨਿਆਂ ਤੋਂ ਇੱਥੇ ਸਫਾਈ ਕਰਮਚਾਰੀ ਨਹੀਂ ਆਏ ਹਨ, ਅਤੇ ਬਿਜਲੀ ਦੀਆਂ ਨੰਗੀਆਂ ਤਾਰਾਂ ਹਾਦਸਿਆਂ ਨੂੰ ਸੱਦਾ ਦੇ ਰਹੀਆਂ ਹਨ।ਇੱਥੇ ਪੀਣ ਵਾਲੇ ਪਾਣੀ



ਦੀ ਸਪਲਾਈ ਦੀ ਹਾਲਤ ਵੀ ਤਰਸਯੋਗ ਬਣੀ ਹੋਈ ਹੈ।ਸ਼ਿਵਾਲਿਕ ਵਿਹਾਰ ਵਾਸੀਆਂ ਨੇ ਦੱਸਿਆ ਕਿ ਵਾਰ-ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਨਾ ਤਾਂ ਕੌਂਸਲਰ ਇੱਥੇ ਆਉਂਦੇ ਹਨ ਅਤੇ ਨਾ ਹੀ ਨਗਰ ਕੌਂਸਲ ਦੇ ਅਧਿਕਾਰੀ ਉਨ੍ਹਾਂ ਦੀ ਸੁਣਵਾਈ ਕਰਦੇ ਹਨ।ਐਨ ਕੇ ਸ਼ਰਮਾ ਨੇ ਕਿਹਾ ਕਿ ਮੌਜੂਦਾ ਵਿਧਾਇਕ ਕੋਲ ਇੰਨਾ ਸਮਾਂ ਨਹੀਂ ਹੈ ਕਿ ਉਹ ਨਗਰ ਕੌਂਸਲ ਵਿੱਚ ਮੀਟਿੰਗ ਕਰਵਾ ਸਕਣ। ਜ਼ੀਰਕਪੁਰ ਨਗਰ ਕੌਂਸਲ ਵਿੱਚ ਪਿਛਲੇ 11 ਮਹੀਨਿਆਂ ਤੋਂ ਇੱਕ ਵੀ ਮੀਟਿੰਗ ਨਹੀਂ ਹੋਈ ਹੈ। ਜਿਸ ਕਾਰਨ ਸ਼ਹਿਰ ਵਾਸੀਆਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ ਹੈ।ਐਨ ਕੇ ਸ਼ਰਮਾ ਨੇ ਲੋਕਾਂ ਨੂੰ ਮੌਜੂਦਾ ਸਰਕਾਰ ਵਿਰੁੱਧ ਇੱਕਜੁੱਟ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਜਦੋਂ ਤੱਕ ਜ਼ੀਰਕਪੁਰ ਨਗਰ ਕੌਂਸਲ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲਰ ਰਾਜ ਕਰਦੇ ਰਹੇ, ਇੱਥੇ ਆਏ ਦਿਨ ਨਵੀਆਂ ਵਿਕਾਸ ਯੋਜਨਾਵਾਂ ਲਾਗੂ ਕੀਤੀਆਂ ਜਾਂਦੀਆਂ ਰਹੀਆਂ।ਜਨਤਾ ਨੂੰ ਨਜ਼ਰਅੰਦਾਜ਼ ਕਰਨ ਵਾਲਿਆਂ ਨੂੰ ਜਨਤਾ ਜਲਦੀ ਹੀ ਜਵਾਬ ਦੇਵੇਗੀ। ਇਸ ਮੌਕੇ ਐਚ ਐਸ ਗੋਰੀਆ, ਅਮਰਜੀਤ ਸਿੰਘ, ਧੀਰੇਂਦਰ ਪਾਂਡੇ, ਜਤਿੰਦਰ ਮਹਿਰਾ ਸਮੇਤ ਕਈ ਪਤਵੰਤੇ ਮੌਜੂਦ ਸਨ।

# ਗੁਰੂ ਨਾਨਕ ਪੈਰਾ-ਮੈਡੀਕਲ ਕਾਲਜ ਢਾਹਾਂ ਕਲੇਰਾਂ ਦਾ ਵਿੱਦਿਅਕ ਸੈਸ਼ਨ 2025-26 ਆਰੰਭ



**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਬੰਧ ਹੇਠਾਂ ਚੱਲ ਰਹੇ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਮਾਨਤਾ ਪ੍ਰਾਪਤ ਗੁਰੂ ਨਾਨਕ ਪੈਰਾਮੈਡੀਕਲ ਕਾਲਜ ਢਾਹਾਂ ਕਲੇਰਾਂ ਦੇ ਸਾਲ 2025-26 ਦੇ ਵਿੱਦਿਅਕ ਸੈਸ਼ਨ ਦੀ ਆਰੰਭਤਾ ਕੀਤੀ ਗਈ। ਢਾਹਾਂ ਕਲੇਰਾਂ ਵਿਖੇ ਸੁਸ਼ੋਭਿਤ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ, ਉਪਰੰਤ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਸਰਬੱਤ ਦੇ ਭਲੇ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਟਰੱਸਟ ਵੱਲੋਂ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਨੇ ਵਿੱਦਿਅਕ ਸੈਸ਼ਨ ਦੀ ਆਰੰਭਤਾ ਮੌਕੇ ਨਵੇਂ ਵਿਦਿਆਰਥੀਆਂ ਜੀ ਆਇਆਂ ਨੂੰ ਆਖਿਆ ਗਿਆ। ਉਹਨਾਂ ਕਿਹਾ ਕਿ ਗਿਆਨ ਹਾਸਲ ਕਰਨ ਵਾਲਾ ਵਰਗ ਹੀ ਸਮਾਜ ਦਾ ਚਾਨਣ ਮੁਨਾਰਾ ਬਣਦਾ ਹੈ। ਕਾਲਜ ਦੇ ਵਾਈਸ ਪ੍ਰਿੰਸੀਪਲ ਰਾਜਦੀਪ ਥਿਦਵਾਰ ਨੇ ਦੱਸਿਆ ਕਿ ਕਾਲਜ ਵਿਚ ਤਿੰਨ ਬੀ.ਐਸ.ਸੀ.ਡਿਗਰੀ ਕੋਰਸ, ਬੀ.ਐਸ.ਸੀ. ਲੈਬ ਸਾਇੰਸ, ਬੀ. ਐਸ. ਸੀ. ਅਪਰੇਸ਼ਨ ਥੀਏਟਰ ਟੈਕਨਾਲੋਜੀ ਅਤੇ ਬੀ.ਐਸ.ਸੀ. ਰੇਡੀਓਲੋਜੀ ਤੇ ਇਮੇਜ ਟੈਕਨਾਲੋਜੀ ਅਤੇ ਤਿੰਨ ਐਮ ਐਸ ਸੀ ਡਿਗਰੀ ਕੋਰਸਾਂ ਐਮ.ਐਸ.ਸੀ. ਰੇਡੀਓਲੋਜੀ ਐਂਡ ਇਮੈਜਿੰਗ ਟੈਕਨੋਲੋਜੀ, ਐਮ.ਐਸ.ਸੀ. ਮੈਡੀਕਲ ਮਾਈਕਰੋ ਬਾਇਓਲੋਜੀ, ਐਮ.ਐਸ.ਸੀ. ਮੈਡੀਕਲ ਟੈਕਨੋਲੋਜੀ-ਐਨੇਥੀਸੀਆ ਤੇ ਅਪਰੇਸ਼ਨ ਥੀਏਟਰ ਟੈਕਨਾਲੋਜੀ ਦੀ ਪੜ੍ਹਾਈ ਆਧੁਨਿਕ ਤਰੀਕਿਆਂ ਨਾਲ ਕਰਵਾਈ ਜਾ ਰਹੀ ਹੈ ਅਤੇ ਵਿਦਿਆਰਥੀਆਂ ਦੇ ਪ੍ਰੈਕਟੀਕਲ ਲਈ ਮਿਆਰੀ ਲੈਬਾਂ ਵੀ ਸਥਾਪਿਤ ਕੀਤੀਆਂ ਗਈਆਂ ਹਨ। ਨਵੇਂ ਸ਼ੈਸ਼ਨ ਦੀ ਆਰੰਭਤਾ ਮੌਕੇ ਮਹਿੰਦਰਪਾਲ ਸਿੰਘ, ਭਾਈ ਜੋਗਾ ਸਿੰਘ, ਮੈਡਮ ਪਿਊਸ਼ੀ ਯਾਦਵ, ਸਮੂਹ ਸਟਾਫ਼ ਅਤੇ ਕਾਲਜ ਵਿਦਿਆਰਥੀ ਹਾਜ਼ਰ ਸਨ ।

# ਘੁਕਰਵਾਲ ਨਿਵਾਸੀਆਂ ਨੂੰ 8.50 ਲੱਖ ਦੇ ਟਿਊਬਵੈੱਲ ਨਾਲ ਮਿਲੇਗੀ ਪਾਣੀ ਦੀ ਸਮੱਸਿਆ ਤੋਂ ਮੁਕਤੀ : ਡਾ. ਰਾਜ ਕੁਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣ)** ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਪਿੰਡ ਘੁਕਰਵਾਲ ਵਿੱਚ ਪੀਣ ਵਾਲੇ ਪਾਣੀ ਦੀ



ਸੁਵਿਧਾ ਲਈ ਬੋਰ ਟਿਊਬਵੈਲ ਪ੍ਰੋਜੈਕਟ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਰਸਮੀ ਸ਼ੁਰੂਆਤ ਕਰਵਾਈ।ਇਸ ਪ੍ਰੋਜੈਕਟ 'ਤੇ 8.50 ਲੱਖ ਰੁਪਏ ਦੀ ਲਾਗਤ ਆਏਗੀ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਜੇ ਲੋੜ ਪਈ ਤਾਂ ਹੋਰ ਵੀ ਰਕਮ ਉਪਲਬਧ ਕਰਵਾਈ ਜਾਵੇਗੀ ਤਾਂ ਜੋ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਤਕਲੀਫ਼ ਤੋਂ ਛੁਟਕਾਰਾ ਮਿਲ ਸਕੇ।ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਲੋਕ ਸਭਾ ਮੈਂਬਰ ਡਾ. ਚੱਬੇਵਾਲ ਨੇ ਕਿਹਾ ਕਿ ਸਾਫ਼ ਤੇ ਪੀਣਯੋਗ ਪਾਣੀ ਹਰੇਕ ਨਾਗਰਿਕ ਦਾ ਮੂਲ ਅਧਿਕਾਰ ਹੈ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਦੀ ਪ੍ਰਾਥਮਿਕਤਾ ਹੈ ਕਿ ਪਿੰਡਾਂ ਅਤੇ ਦੂਰ-ਦਰਾਜ਼ ਖੇਤਰਾਂ ਦੇ ਲੋਕਾਂ ਤੱਕ ਵੀ ਬੁਨਿਆਦੀ ਸੁਵਿਧਾਵਾਂ ਪਹੁੰਚਣ।ਡਾ. ਚੱਬੇਵਾਲ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਵਿਕਾਸ ਯੋਜਨਾਵਾਂ ਦੀ ਜਾਣਕਾਰੀ ਵੀ ਦਿੱਤੀ ਅਤੇ ਕਿਹਾ ਕਿ ਹਰ ਪਿੰਡ ਨੂੰ ਬੁਨਿਆਦੀ ਢਾਂਚੇ ਦੇ ਪੱਖੋਂ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਸਰਪੰਚ ਤੇ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਅਤੇ ਤੇਜ਼ੀ ਬਰਕਰਾਰ ਰਖੀ ਜਾਵੇ।ਪਿੰਡ ਦੀ ਸਰਪੰਚ ਤਰਸੇਮ ਕੌਰ ਨੇ ਪਿੰਡ ਵਾਸੀਆਂ ਦੀ ਵਲੋਂ ਲੋਕ ਸਭਾ ਮੈਂਬਰ ਡਾ. ਚੱਬੇਵਾਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਕਦਮ ਸਾਡੀ ਸਿਹਤ ਅਤੇ ਜੀਵਨ ਸਤਰ ਨੂੰ ਸੁਧਾਰਨ ਵੱਲ ਇੱਕ ਮਹੱਤਵਪੂਰਨ ਪਹਲ ਹੈ।ਕਾਰਜਕ੍ਰਮ ਦੇ ਅੰਤ ਵਿੱਚ ਪੌਧਾਰੋਪਣ ਵੀ ਕੀਤਾ ਗਿਆ।ਇਸ ਮੌਕੇ ਸਰਪੰਚ ਤਰਸੇਮ ਕੌਰ, ਰਤਨ ਚੰਦ, ਪੰਚ ਗੁਰਜੀਤ ਸਿੰਘ, ਪੰਚ ਸਤਿੰਦਰ ਕੌਰ, ਪੰਚ ਅਜੀਤ ਕੌਰ, ਪੰਚ ਗੁਰਪ੍ਰੀਤ ਕੌਰ, ਰਾਕੇਸ਼ ਚੰਦਰ, ਸਿਮਰਨਜੀਤ ਸਿੰਘ, ਜਤਿੰਦਰ ਸਿੰਘ, ਪਰਸੋਵਾਲ ਤੋਂ ਮਦਨ ਲਾਲ ਅਤੇ ਨਸਰਾਂ ਪਿੰਡ ਦੇ ਸਰਪੰਚ ਜਸਵਿੰਦਰ ਸਿੰਘ ਸਮੇਤ ਕਈ ਮੋਹਤਬਰ ਵਿਅਕਤੀ ਮੌਜੂਦ ਸਨ।

# ਮਹਿੰਦਰ ਸਿੰਘ ਉਸਮਾਨਪੁਰ ਦਾ ਦੇਹਾਂਤ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**: ਉਘੇ ਦਾਨੀ ਸੱਜਣ ਅਤੇ ਅਮਰੀਕਾ ਦੇ ਕਾਰੋਬਾਰੀ ਬਲਬੀਰ ਸਿੰਘ ਯੂ ਐਸ ਉਸਮਾਨਪੁਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪਿਤਾ ਮਹਿੰਦਰ ਸਿੰਘ ਪੰਗਲੀਆ (85) ਦਾ ਸੰਖੇਪ ਬਿਮਾਰੀ ਮਗਰੋਂ ਅਮਰੀਕਾ ਵਿਖੇ ਦੇਹਾਂਤ ਹੋ ਗਿਆ।ਉਨ੍ਹਾਂ ਦੱਸਿਆ ਕਿ ਮਹਿੰਦਰ ਸਿੰਘ ਦੀ ਮ੍ਰਿਤਕ ਦਾ ਅੰਤਿਮ



ਸੰਸਕਾਰ ਅਮਰੀਕਾ ਦੇ ਸ਼ਹਿਰ ਕੌਲਬੀ ਐਵਰੈਟ ਵਿਖੇ 28 ਜੁਲਾਈ ਨੂੰ ਕੀਤਾ ਜਾਵੇਗਾ।ਇਸ ਮੌਕੇ ਹਲਕਾ ਵਿਧਾਇਕ ਨਵਾਂਸ਼ਹਿਰ ਡਾ. ਨਛਤਰ ਪਾਲ, ਹਲਕਾ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ, ਸਾਬਕਾ ਹਲਕਾ ਵਿਧਾਇਕ ਅੰਗਦ ਸਿੰਘ, ਹਲਕਾ ਇੰਚਾਰਜ ਲਲਿਤ ਮੋਹਨ ਪਾਠਕ, ਬਰਜਿੰਦਰ ਸਿੰਘ ਹੁਸੈਨਪੁਰ, ਜਸਪਾਲ ਸਿੰਘ ਯੂ ਐਸ ਏ, ਤਰਲੋਚਨ ਸਿੰਘ ਦੁਪਾਲਪੁਰ ਯੂ ਐਸ ਏ, ਸਤਨਾਮ ਸਿੰਘ ਜਲਵਾਹਾ ਚੇਅਰਮੈਨ ਨਗਰ ਸੁਧਾਰ ਟਰੱਸਟ ਨਵਾਂਸ਼ਹਿਰ, ਲਖਵੀਰ ਸਿੰਘ ਸੋਇਤਾ ਸੇਵਾਮੁਕਤ ਡੀ ਐਸ ਪੀ, ਅਜੈਬ ਸਿੰਘ ਸਾਬਕਾ ਸਰਪੰਚ, ਕਿਰਪਾਲ ਸਿੰਘ, ਬਲਬੀਰ ਸਿੰਘ ਨੰਬਰਦਾਰ, ਡਾ ਮੇਜਰ ਸਿੰਘ ਭਗਰਾਂ, ਗੁਰਪ੍ਰੀਤ ਸਿੰਘ ਬੱਬੂ ਨੰਬਰਦਾਰ, ਹਰਿੰਦਰ ਸਿੰਘ ਮਿੰਟਾ, ਹਰਭਜਨ ਸਿੰਘ, ਮਨਜੀਤ ਸਿੰਘ, ਕਮਲੇਸ਼ ਕੌਰ ਸਰਪੰਚ, ਮਦਨ ਲਾਲ, ਕੈਪਟਨ ਮੱਖਣ ਸਿੰਘ, ਹਰਮਿੰਦਰ ਸਿੰਘ, ਹਰਪਾਲ ਸਿੰਘ, ਬਲਬੀਰ ਸਿੰਘ ਸਤਨਾਮ ਸਿੰਘ, ਬਲਵਿੰਦਰ ਸਿੰਘ, ਗੌਰਵ ਗਾਬਾ ਪ੍ਰਧਾਨ ਦੁਕਾਨਦਾਰ ਸਮੂਹ ਮੈਂਬਰਾਂ ਸਮੇਤ ਵੱਖ-ਵੱਖ ਧਾਰਮਿਕ, ਰਾਜਨੀਤਿਕ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਪਿੰਡ ਵਾਸੀਆਂ ਨੇ ਪੀ ਐੱਸ ਪੀ ਸੀ ਐੱਲ ਦੇ ਅਧਿਕਾਰੀਆਂ ਨੂੰ ਦਿੱਤਾ ਮੰਗ ਪੱਤਰ

**ਆਦਮਪੁਰ (ਪਰਮਜੀਤ ਸਿੰਘ)**- ਹਲਕਾ ਆਦਮਪੁਰ ਦੇ ਪਿੰਡ ਹਰੀਪੁਰ ਵਿਖੇ ਪਿਛਲੇ ਕਈ ਦਿਨਾਂ ਤੋਂ ਸਵੇਰ ਤੋਂ ਸ਼ਾਮ ਤੱਕ ਅਤੇ ਫਿਰ ਰਾਤ ਤੋਂ ਸਵੇਰ ਤੱਕ ਬਿਜਲੀ ਬੰਦ ਰਹਿਣ ਕਾਰਨ ਲੋਕਾਂ ਵਿਚ ਪਾਵਰਕਾਮ ਵਿਭਾਗ ਪ੍ਰਤੀ ਗੁੱਸਾ ਵਧਣਾ ਸ਼ੁਰੂ ਹੋ ਗਿਆ ਹੈ। ਇਕ ਪਾਸੇ ਜਿੱਥੇ ਲੋਕ ਗਰਮੀ ਤੋਂ ਪਰੇਸ਼ਾਨ ਹਨ, ਉੱਥੇ ਕਈ-ਕਈ ਘੰਟੇ ਬਿਜਲੀ ਦੇ ਕੱਟ ਲੋਕਾਂ ਦੀਆਂ ਮੁਸ਼ਕਲਾਂ ਵਧਾ ਰਹੇ ਹਨ। ਬਰਸਾਤ ਹੁੰਦੇ ਹੀ ਬਿਜਲੀ ਬੰਦ ਹੋ ਜਾਂਦੀ ਹੈ ਅਤੇ ਕਈ ਘੰਟੇ ਬੀਤ ਜਾਣ ਤੋਂ ਬਾਅਦ ਵੀ ਸਪਲਾਈ ਬਹਾਲ ਨਹੀਂ ਹੁੰਦੀ। ਇਸ ਕਾਰਨ ਪਾਣੀ ਦੀ ਸਪਲਾਈ ਵੀ ਪ੍ਰਭਾਵਿਤ ਹੋ ਰਹੀ ਹੈ। ਭਾਵੇਂ ਬਿਜਲੀ ਸਪਲਾਈ ਲਾਈਨ ਵਿੱਚ ਨੁਕਸ ਪੈਣ ਕਾਰਨ ਇਹ ਕੱਟ ਲੱਗ ਰਹੇ ਹਨ ਪਰ ਵਿਭਾਗ ਤੋਂ ਬਿਜਲੀ ਸਪਲਾਈ ਸੇਵਾਵਾਂ ਵਿੱਚ ਸੁਧਾਰ ਕਰਨ ਦੀ ਮੰਗ ਕਰਦੇ ਹੋਏ ਸਮੂਹ ਨਗਰ ਪੰਚਾਇਤ ਹਰੀਪੁਰ ਅਤੇ ਪਿੰਡ ਵਾਸੀਆਂ ਵੱਲੋਂ ਇੰਜੀਨੀਅਰ ਗੁਲਸ਼ਨ ਕੁਮਾਰ ਚੁਟਾਨੀ ਉਪ ਮੁੱਖ ਇੰਜੀਨੀਅਰ ਜਲੰਧਰ ਨੂੰ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਉਹਨਾਂ ਨੇ ਦੱਸਿਆ ਕਿ ਜੋ 11 ਕੇਵੀ ਲਾਈਨ, 66 ਕੇਵੀ ਸਬ-ਸਟੇਸ਼ਨ ਆਦਮਪੁਰ ਤੋਂ ਸਾਡੇ ਪਿੰਡ ਹਰੀਪੁਰ ਨੂੰ ਚਲਦੀ ਹੈ, ਵਿੱਚ ਵਾਰ-ਵਾਰ ਫ਼ਾਲਟ ਪੈਣ ਕਰਕੇ, ਅਕਸਰ ਬੰਦ ਹੋ ਜਾਦੀ ਹੈ। ਜਿਸ ਨੂੰ ਚਾਲੂ ਕਰਨ ਵਿੱਚ ਕਈ ਵਾਰ ਘੰਟਿਆ ਬੱਧੀ ਸਮਾਂ ਲੱਗ ਜਾਦਾ ਹੈ ਜਿਸ ਕਰਨ ਘਰਾਂ ਵਿੱਚ ਬਿਜਲੀ ਪਾਣੀ ਦੀ ਇੰਨੀ



ਤੰਗੀ ਹੋ ਜਾਦੀ ਹੈ ਤੇ ਬਜ਼ੁਰਗ ਅਤੇ ਬੱਚੇ ਗਰਮੀ ਨਾਲ ਤੜਫ ਜਾਂਦੇ ਹਨ। ਉਨ੍ਹਾ ਕਿਹਾ ਕਿ ਇਹ 11 ਕੇਵੀ ਲਾਈਨ ਪਿੰਡ ਚੋਮੋ ਦੇ ਏਰੀਏ ਤੋਂ ਗੁਜ਼ਰਦੀ ਹੋਈ ਸਾਡੇ ਪਿੰਡ ਆਉਂਦੀ ਹੈ ਅਤੇ ਜ਼ਿਆਦਾ ਤੌਰ 'ਤੇ ਫ਼ਾਲਟ ਚੋਮੋ ਏਰੀਏ ਵਿੱਚ ਹੀ ਪੈਂਦਾ ਹੈ। ਜਿਸ ਨੂੰ ਕਲੀਅਰ ਕਰਨ ਲਈ ਸਟਾਫ ਦੀ ਘਾਟ ਹੋਣ ਕਰਕੇ ਵੱਧ ਤੋਂ ਵੱਧ ਸਮਾਂ ਲਗ ਜਾਦਾ ਹੈ। ਅਸੀ ਸਮੂਹ ਨਗਰ ਨਿਵਾਸੀ ਬੇਨਤੀ ਕਰਦੇ ਹਾਂ ਕਿ ਸਾਡੇ ਪਿੰਡ ਨੂੰ ਆਉਣ ਵਾਲੀ 11 ਕੇਵੀ ਲਾਈਨ ਪਿੰਡ ਚੋਮੋ ਤੋਂ ਵੱਖਰੀ ਕਰਕੇ ਹਰੀਪੁਰ ਦੀ ਲਾਈਨ ਨਾਲ ਸਿੱਧੇ ਤੌਰ 'ਤੇ ਜੋੜਿਆ ਜਾਵੇ ਤਾਂ ਜੋ ਵਾਰ-ਵਾਰ ਪਿੰਡ ਚੋਮੋ ਦੇ ਏਰੀਏ ਵਿੱਚ ਮੇਜਰ ਫਾਲਟ ਪੈਣ ਸਮੇ ਸਾਡੇ ਪਿੰਡ ਦੀ ਲਾਈਨ ਨੂੰ ਵੱਖਰੇ ਤੌਰ 'ਤੇ ਚਾਲੂ ਕੀਤਾ ਜਾ ਸਕੇ। ਉਨ੍ਹਾ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਕਈ ਵਾਰ ਪਿੰਡ ਦੇ ਮੋਹਤਵਰ ਵਿਅਕਤੀਆਂ ਵਲੋਂ ਆਪ ਦੇ ਦਫਤਰ ਵਿੱਚ ਇਸ ਮੁਸ਼ਕਲ ਬਾਰੇ ਜਾਣੂ ਕਰਵਾਇਆ ਗਿਆ ਸੀ ਪਰੰਤੂ ਆਪ ਵਲੋਂ ਕੋਈ ਵੀ ਕਾਰਵਾਈ ਨਾ ਹੋਣ ਕਰਕੇ ਇਹ ਮੁਸ਼ਕਿਲ ਜਿਉਂ ਦੀ ਤਿਉਂ ਬਣੀ ਹੋਈ ਹੈ। ਕਿਰਪਾ ਕਰਕੇ ਸਾਨੂੰ ਇਸ ਮੁਸ਼ਕਲ ਤੋਂ ਨਿਜਾਤ ਦਿਵਾਈ ਜਾਵੇ। ਇਸ ਮੌਕੇ ਇੰਜੀਨੀਅਰ ਗੁਲਸ਼ਨ ਕੁਮਾਰ ਚੁਟਾਨੀ ਉਪ ਮੁੱਖ ਇੰਜੀਨੀਅਰ ਜਲੰਧਰ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਸਮੱਸਿਆ ਦਾ ਹੱਲ ਉਹ ਆਪਣੇ ਅਧਿਕਾਰੀਆਂ ਨਾਲ ਗੱਲ ਕਰਕੇ ਜਲਦ ਤੋਂ ਜਲਦ ਕਰਨਗੇ ਅਤੇ ਅੱਗੇ ਤੋਂ ਬਿਜਲੀ ਸਪਲਾਈ ਨਿਰੰਤਰ ਜਾਰੀ ਰੱਖਣ ਲਈ ਢੁਕਵੇਂ ਕਦਮ ਚੁੱਕੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਡਾਕਟਰ ਨਿਰਮਲ ਕੌਲ, ਸੁਰਿੰਦਰ ਸਿੰਘ ਪੰਚ, ਭੁਪਿੰਦਰ ਸਿੰਘ ਪੰਚ, ਦਲਜੀਤ ਸਿੰਘ ਪੰਚ, ਕਰਮਵੀਰ ਸਿੰਘ, ਰਣਵੀਰ ਸਿੰਘ ਪ੍ਰਧਾਨ ਨੌਜਵਾਨ ਸਭਾ ਹਰੀਪੁਰ, ਰਜੇਸ਼ ਕੁਮਾਰ ਢੰਡਾ, ਪਲਵਿੰਦਰ ਸਿੰਘ, ਜਗਜੀਤ ਸਿੰਘ ਜੱਗੀ ਅਤੇ ਅਵਤਾਰ ਸਿੰਘ ਹਾਜ਼ਰ ਸਨ।

# ਆਟੋ ਯੂਨੀਅਨ ਵੱਲੋਂ 25 ਦੀ ਸੰਗਰੂਰ ਰੈਲੀ 'ਚ ਪਹੁੰਚਣ ਦਾ ਐਲਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨਿਊ ਆਟੋ ਵਰਕਰ ਯੂਨੀਅਨ ( ਇਫਟੂ ) ਨੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਗ੍ਰਿਫ਼ਤਾਰ ਕੀਤੇ ਆਗੂਆਂ ਦੀ ਰਿਹਾਈ ਲਈ ਅਤੇ ਪੁਲਸ ਜਬਰ ਦੇ ਵਿਰੁੱਧ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ 25 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿਚ ਪਹੁੰਚਣ ਦਾ ਐਲਾਨ ਕੀਤਾ ਹੈ।ਯੂਨੀਅਨ ਨੇ ਇਹ ਐਲਾਨ ਇੱਥੇ ਕੀਤੀ ਗਈ ਜਿਲਾ ਪੱਧਰੀ ਮੀਟਿੰਗ ਵਿਚ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ ਨੇ ਕਿਹਾ ਕਿ 20 ਮਈ ਨੂੰ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਸ਼ਹਿ ਉੱਤੇ ਪੁਲਸ ਨੇ ਸੰਗਰੂਰ ਜ਼ਿਲ੍ਹੇ ਦੀ 927 ਏਕੜ ਬੇਨਾਮੀ ਜ਼ਮੀਨ ਉੱਤੇ ਬੇਗਮਪੁਰਾ ਵਸਾਉਣ ਜਾ ਰਹੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫਤਾਰ ਕੀਤਾ ਸੀ ਜਿਹਨਾਂ ਵਿਚੋਂ ਕਈ ਅਜੇ ਵੀ ਜੇਲ੍ਹ ਵਿਚ ਬੰਦ ਹਨ।ਕਮੇਟੀ ਦੇ ਦੋ ਆਗੂਆਂ ਨੂੰ ਪੁਲਸ ਨੇ ਗੱਲਬਾਤ ਦੇ ਬਹਾਨੇ ਸੱਦ ਕੇ ਗ੍ਰਿਫਤਾਰ ਕੀਤਾ।ਉਹਨਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਨੂੰ ਪੁਲਸ ਰਾਜ ਬਣਾ ਰਹੀ ਹੈ।ਆਏ ਦਿਨ ਝੂਠੇ ਪੁਲਸ ਮੁਕਾਬਲੇ ਬਣਾਏ ਜਾ ਰਹੇ ਹਨ, ਪੁਲਸ ਹਿਰਾਸਤ ਵਿਚ ਮੌਤਾਂ ਹੋ ਰਹੀਆਂ ਹਨ।ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਪੁਲਸ ਜਬਰ ਨਾਲ ਦਬਾਇਆ ਜਾ



ਰਿਹਾ ਹੈ ਅਤੇ ਯੂ.ਪੀ ਦੀ ਤਰਜ਼ ਉੱਤੇ ਘਰਾਂ ਨੂੰ ਬੁਲਡੋਜਰਾਂ ਨਾਲ ਢਾਹਿਆ ਜਾ ਰਿਹਾ ਹੈ।ਉਹਨਾਂ ਕਿਹਾ ਕਿ ਮਾਨ ਸਰਕਾਰ ਸ਼ਹੀਦ ਭਗਤ ਸਿੰਘ ਅਤੇ ਡਾਕਟਰ ਬੀ.ਆਰ ਅੰਬੇਡਕਰ ਦੇ ਗੁਣਗਾਨ ਕਰਦੀ ਨਹੀਂ ਥੱਕਦੀ ਪਰ ਉਹਨਾਂ ਦੇ ਅਸਲ ਵਾਰਿਸਾਂ ਨੂੰ ਜੇਲ੍ਹਾਂ ਵਿਚ ਤਾੜ ਰਹੀ ਹੈ।ਉਹਨਾਂ ਕਿਹਾ ਕਿ ਮਾਨ ਸਰਕਾਰ ਦਾ ਦਲਿਤ ਵਿਰੋਧੀ ਚਿਹਰਾ ਆਏ ਦਿਨ ਨੰਗਾ ਹੋ ਰਿਹਾ ਹੈ। ਆਗੂਆਂ ਨੇ ਕਿਹਾ ਕਿ ਲੋਕ ਸੰਘਰਸ਼ਾਂ ਨੂੰ ਜਬਰ ਨਾਲ ਨਹੀਂ ਦਬਾਇਆ ਜਾ ਸਕਦਾ।ਉਹਨਾਂ ਕਿਹਾ ਕਿ ਜਥੇਬੰਦੀਆਂ ਸੰਗਰੂਰ ਵਿਚ ਵੱਡਾ ਇਕੱਠ ਕਰਕੇ ਪੁਲਸ ਦੀ ਦਹਿਸ਼ਤ ਨੂੰ ਤੋੜਨਗੀਆਂ। ਆਟੋ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪੁਨੀਤ ਕੁਮਾਰ ਬਛੌੜੀ ਨੇ ਕਿਹਾ ਕਿ ਸਰਕਾਰ ਆਟੋ ਵਰਕਰਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ।ਇਸ ਕਰਕੇ ਸੰਘਰਸ਼ ਦੀ ਰੂਪ-ਰੇਖਾ ਘੜਨ ਲਈ 10 ਅਗਸਤ ਨੂੰ ਪੰਜਾਬ ਦੀ ਸਾਰੀਆਂ ਆਟੋ ਯੂਨੀਅਨਾਂ ਦੀ ਇਕ ਮੀਟਿੰਗ ਨਵਾਂਸ਼ਹਿਰ ਵਿਚ ਕੀਤੀ ਜਾ ਰਹੀ ਹੈ।ਉਹਨਾਂ ਕਿਹਾ ਕਿ ਦਿੱਲੀ ਦੀ ਭਾਜਪਾ ਸਰਕਾਰ ਡੀਜ਼ਲ ਵਾਹਨਾਂ ਨੂੰ 10 ਸਾਲ ਚੱਲਣ ਉਪਰੰਤ ਅਤੇ ਪੈਟਰੋਲ ਗੱਡੀਆਂ ਨੂੰ 15 ਸਾਲ ਬਾਅਦ ਕਬਾੜ ਐਲਾਨੇ ਜਾਣ ਦੀਆਂ ਜੁਗਤਾਂ ਘੜ ਰਹੀ ਹੈ ਜਿਸ ਦਾ ਤਿੱਖਾ ਵਿਰੋਧ ਕਰਨਾ ਚਾਹੀਦਾ ਹੈ ਕਿਉਂਕਿ ਪੰਜਾਬ ਸਮੇਤ ਹੋਰ ਸੂਬੇ ਵੀ ਇਹ ਰਾਹ ਅਪਣਾਉਣਗੇ। ਅਜਿਹਾ ਕਰਕੇ ਦਿੱਲੀ ਸਰਕਾਰ ਆਟੋ ਇੰਡਸਟਰੀ ਨੂੰ ਲਾਭ ਦੇਣਾ ਚਾਹੁੰਦੀ ਹੈ ਅਤੇ ਲੋਕਾਂ ਦਾ ਕਬਾੜਾ ਕਰਨਾ ਚਾਹੁੰਦੀ ਹੈ।ਇਸ ਮੌਕੇ ਆਟੋ ਯੂਨੀਅਨ ਦੇ ਆਗੂਆਂ ਦੇਸ ਰਾਜ, ਗੋਪੀ, ਤਰਨਜੀਤ, ਕੁਲਵਿੰਦਰ ਸਿੰਘ, ਰੇਸ਼ਮ ਹੰਸਰੋਂ ਅਤੇ ਭੁਪਿੰਦਰ ਸਿੰਘ ਨੇ ਵੀ ਵਿਚਾਰ ਪ੍ਰਗਟ ਕੀਤੇ।

# ਨਸ਼ਾ ਨੌਜਵਾਨਾਂ ਨੂੰ ਖੋਖਲਾ ਕਰ ਰਿਹਾ : ਟੀਨੂੰ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਹਲਕਾ ਆਦਮਪੁਰ ਦੇ ਆਪ ਦੇ ਇੰਚਾਰਜ ਅਤੇ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਯੁੱਧ ਨਸ਼ਿਆਂ ਵਿਰੁੱਧ ਯਾਤਰਾ ਤਹਿਤ ਪਿੰਡ ਸੰਘਵਾਲ, ਕਿਸ਼ਨਗੜ੍ਹ, ਦੌਲਤਪੁਰ ਅਤੇ ਸਿਕੰਦਰਪੁਰ ਪਿੰਡਾਂ ਦਾ ਦੌਰਾ ਕੀਤਾ। ਟੀਨੂੰ ਨੇ ਸਾਰੇ ਪਿੰਡਾਂ ਦੇ ਵਾਸੀਆਂ ਨਾਲ ਮੁਲਾਕਾਤ ਕੀਤੀ ਤੇ ਨਸ਼ਿਆਂ ਦੇ ਸਮਾਜ 'ਤੇ ਪੈ ਰਹੇ ਬੁਰੇ ਪ੍ਰਭਾਵ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਨੇ ਕਿਹਾ ਕਿ ਨਸ਼ਾ ਇੱਕ ਭਿਆਨਕ ਬਿਮਾਰੀ ਹੈ ਜੋ ਸਾਡੇ ਨੌਜਵਾਨਾਂ ਅਤੇ ਸਮਾਜ ਨੂੰ ਅੰਦਰੋਂ ਅੰਦਰੀ ਖੋਖਲਾ ਕਰ ਰਹੀ ਹੈ। ਉਹਨਾਂ ਪੰਜਾਬ ਸਰਕਾਰ ਦੀ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵਚਨਬੱਧ ਹੈ ਤੇ ਇਸ ਲਈ ਲੋਕਾਂ ਦਾ ਸਹਿਯੋਗ ਹੋਣਾ ਬਹੁਤ ਜਰੂਰੀ ਹੈ। ਇਸ ਦੌਰਾਨ ਟੀਨੂੰ ਨੇ ਸਮੂਹ ਪਿੰਡਾਂ ਵਾਸੀਆਂ ਨੂੰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਸਹਿਯੋਗ ਕਰਨ ਲਈ ਕਿਹਾ। ਲੋਕਾਂ ਨੇ ਵਚਨਬੱਧਤਾ ਪ੍ਰਗਟਾਈ ਕਿ ਉਹ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਸਰਕਾਰ ਦਾ ਪੂਰਾ ਪੂਰਾ ਸਾਥ ਦੇਣਗੇ ਅਤੇ ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਬਣਾਉਣ ਲਈ ਹਰ



ਸੰਭਵ ਕੋਸ਼ਿਸ਼ ਕਰਨਗੇ। ਇਸ ਮੁਹਿੰਮ ਵਿੱਚ ਸਮੂਹ ਪਿੰਡਾਂ ਦੇ ਵਾਸੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਟੀਨੂੰ ਨੇ ਭਰੋਸਾ ਦਿੱਤਾ ਕਿ ਆਪ ਸਰਕਾਰ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰ ਰਹੀ ਅਤੇ ਨਸ਼ਾ ਪੀੜਤਾਂ ਦੇ ਇਲਾਜ ਲਈ ਅਤੇ ਉਹਨਾਂ ਦੇ ਮੁੜ ਵਸੇਬੇ ਲਈ ਵੀ ਕਦਮ ਚੁੱਕੇ ਜਾ ਰਹੇ ਹਨ। ਉਹਨਾਂ ਨੇ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਉਹ ਇਸ ਨੇਕ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਇੱਕ ਸਿਹਤਮੰਦ ਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਕਰਨ। ਇਸ ਮੌਕੇ ਸਾਬਕਾ ਸਰਪੰਚ ਭਾਗ ਰਾਮ, ਸਰਪੰਚ ਪ੍ਰਵੀਨ ਕੁਮਾਰੀ, ਹਰਜਿੰਦਰ ਸਿੰਘ ਚਾਹਲ, ਜਗਦੀਸ਼ ਸਿੰਘ, ਜਸਵੀਰ ਸਿੰਘ ( ਤਿੰਨੋ ਪੰਚ ) ਸਾਬਕਾ ਪੰਚ ਨੰਦ ਲਾਲ, ਭਾਈ ਮਹਿੰਦਰ ਸਿੰਘ ਭਾਈ ਗੁਰਮੇਲ ਸਿੰਘ ਉਂਕਾਰ ਸਿੰਘ ਬੱਧਣ, ਅਮਰੀਕ ਸਿੰਘ ਬੱਧਣ, ਸੌਰਵ ਕੁਮਾਰ, ਕਸ਼ਮੀਰ ਸਿੰਘ ਹੀਰਾ, ਗੁਰਮੀਤ ਰਾਮ ਫੌਜੀ, ਸੇਵਾ ਮੁਕਤ ਇੰਸਪੈਕਟਰ ਬਲਵੀਰ ਚੰਦ, ਅਮਨ ਕੁਮਾਰ ਚੌਹਾਨ, ਕਰਮ ਚੰਦ, ਬਲਵਿੰਦਰ ਸਿੰਘ, ਥਾਣੇਦਾਰ ਮੰਗਾ ਰਾਮ ਕਰਾੜੀ, ਗੁਰਦੇਵ ਚੰਦ, ਕਰਨੈਲ ਚੰਦ, ਜਸਵਿੰਦਰ ਕੁਮਾਰ, ਗੁਰਪ੍ਰੀਤ ਸਿੰਘ (ਸਾਰੇ ਪੰਚ ਕਰਾੜੀ ), ਬੀ. ਡੀ ਪੀ ਓ ਆਦਮਪੁਰ, ਕਮਿਊਨਿਟੀ ਹੈਲਥ ਸੈਂਟਰ ਕਰਤਾਰਪੁਰ ਦੇ ਡਾਕਟਰ ਸਾਹਿਬਾਨ ਅਤੇ ਵੱਖ ਵੱਖ ਮਹਿਕਮਿਆਂ ਦੇ ਅਧਿਕਾਰੀ ਹਾਜ਼ਰ ਸਨ।

# ਲੈਂਡ ਪੂਲਿੰਗ ਨੀਤੀ, ਬਿਜਲੀ ਬਿੱਲ, ਗ਼ੈਰਕਾਨੂੰਨੀ ਮਾਈਨਿੰਗ ਵਿਰੁੱਧ 25 ਨੂੰ ਡੀ ਸੀ ਦਫਤਰ ਸਾਹਮਣੇ ਦਿੱਤਾ ਜਾਵੇਗਾ ਧਰਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੀ ਪੀ ਆਈ ਐਮ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਜ਼ਿਲ੍ਹਾ ਸਕੱਤਰ ਤੇ ਸੂਬਾ ਸਕੱਤਰੇਤ ਮੈਂਬਰ ਗੁਰਨੇਕ ਸਿੰਘ ਭੱਜਲ ਨੇ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਫ਼ੈਸਲਿਆਂ ਦੇ ਵਿਰੋਧ ਵਿੱਚ ਸੀ ਪੀ ਆਈ ਐਮ ਦੇ ਸੂਬਾਈ ਸੱਦੇ 'ਤੇ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਧਰਨੇ ਲਾ ਕੇ ਮੰਗ ਪੱਤਰ ਦਿੱਤੇ ਜਾਣਗੇ। ਜ਼ਿਲ੍ਹਾ ਹੁਸ਼ਿਆਰਪੁਰ ਵਿਖੇ 23 ਜੁਲਾਈ ਨੂੰ ਸਵੇਰੇ 10 ਵਜੇ ਧਰਨਾ ਦਿੱਤਾ ਜਾਵੇਗਾ। ਜਿਸ ਵਿੱਚ ਮੁੱਖ ਮੰਗ ਲੈਂਡ ਪੂਲਿੰਗ ਨੀਤੀ ਨੂੰ ਰੱਦ ਕਰਵਾਉਣ, ਬਿਜਲੀ ਦੇ ਸਮਾਰਟ ਮੀਟਰਾਂ ਦਾ ਬਿੱਲ ਵਾਪਸ ਕਰਵਾਉਣ, ਗ਼ੈਰਕਾਨੂੰਨੀ ਮਾਈਨਿੰਗ ਦੇ ਵਿਰੁੱਧ ਦਿੱਤੇ ਜਾ ਰਹੇ ਧਰਨੇ ਨੂੰ ਸਫ਼ਲ ਬਣਾਉਣ ਲਈ ਸਮੂਹ ਪਾਰਟੀ ਮੈਂਬਰ ਜਨਤਕ ਜਥੇਬੰਦੀਆਂ ਤੇ ਇਨਸਾਫ਼ਪਸੰਦ ਲੋਕਾਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕਰਦੇ ਹਾਂ। ਜੇਕਰ ਕੇਂਦਰ ਸਰਕਾਰ ਨੇ ਇਨਸਾਫ ਨਾ ਦਿੱਤਾ ਤਾਂ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਕਾਮਰੇਡ ਸੁਭਾਸ਼ ਮੱਟੂ, ਮਹਿੰਦਰ ਕੁਮਾਰ ਬਡੋਆਣ, ਗੁਰਮੇਸ ਸਿੰਘ, ਦਰਸ਼ਨ ਸਿੰਘ ਮੱਟੂ, ਰਣਜੀਤ ਸਿੰਘ, ਆਸ਼ਾ ਨੰਦ, ਅੱਛਰ ਸਿੰਘ, ਮਨਜੀਤ ਕੌਰ, ਬਲਵਿੰਦਰ ਸਿੰਘ, ਕਮਲਜੀਤ ਸਿੰਘ, ਹਰਬੰਸ ਸਿੰਘ ਧੂਤ, ਗੁਰਬਖਸ ਕੌਰ, ਪੰਕਜ ਕੁਮਾਰ, ਸੁਲਿੰਦਰ ਚੁੰਬਰ, ਮਿੰਦਰ ਭੀਲੋ ਵਾਲ ਆਦਿ ਸ਼ਾਮਲ ਸਨ।

# ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਨੇ ਡਾ. ਰਾਜ ਕੁਮਾਰ ਨੂੰ ਮੰਗ ਪੱਤਰ ਦਿੱਤਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ ਪੀ ਪੀ ਐੱਫ਼) ਦਾ ਇੱਕ ਵਫ਼ਦ ਜਥੇਬੰਦੀ ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਵਿੱਤ ਸਕੱਤਰ ਨੰਦ ਰਾਮ ਅਤੇ ਡੀ ਐੱਮ ਐੱਫ਼ ਆਗੂ ਮਨਜੀਤ ਸਿੰਘ ਦਸੂਹਾ ਦੀ ਅਗਵਾਈ ਹੇਠ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਐੱਮ ਪੀ ਡਾ. ਰਾਜ ਕੁਮਾਰ ਚੱਬੇਵਾਲ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਇੱਕ ਮੰਗ ਪੱਤਰ ਸੌਂਪਿਆ, ਜਿਸ ਰਾਹੀਂ ਵਫ਼ਦ ਨੇ ਡਾ. ਰਾਜਕੁਮਾਰ ਤੋਂ ਮੰਗ ਕੀਤੀ ਕਿ ਉਹ ਮਾਨਸੂਨ ਸੈਸ਼ਨ ਦੌਰਾਨ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਸੰਸਦ ਵਿੱਚ ਪੁਰਜ਼ੋਰ ਤਰੀਕੇ ਨਾਲ ਚੁੱਕਣ।ਕੇਂਦਰ ਵੱਲੋਂ ਰਾਜਾਂ ਦੇ ਅਧਿਕਾਰਾਂ 'ਤੇ ਸਿੱਧਾ ਹਮਲਾ ਕਰਦੇ ਹੋਏ, ਜਿਹੜੇ ਸੂਬੇ ਪੁਰਾਣੀ ਪੈਨਸ਼ਨ ਲਾਗੂ ਕਰਨ ਲਈ ਚਾਰਾਜੋਈ ਕਰ ਰਹੇ ਹਨ, ਉਹਨਾਂ 'ਤੇ ਵਿੱਤੀ ਅਤੇ ਰਾਜਨੀਤਿਕ ਦਬਾਅ ਬਣਾਇਆ ਜਾ ਰਿਹਾ ਹੈ, ਜੋ ਕਿ ਸਰਾਸਰ ਗਲਤ ਹੈ।ਵਫ਼ਦ ਨੇ ਉਨ੍ਹਾਂ ਤੋਂ ਮੰਗ ਕੀਤੀ ਕਿ ਉਹ ਸੂਬਿਆਂ ਦੇ ਪੈਨਸ਼ਨ ਲਾਗੂ ਕਰਨ ਦੇ ਅਧਿਕਾਰ ਦੇ ਹੱਕ 'ਚ ਪੁਰਜ਼ੋਰ ਅਵਾਜ਼ ਬੁਲੰਦ ਕਰਨ ਅਤੇ ਕੇਂਦਰੀ ਪੈਨਸ਼ਨ ਏਜੰਸੀ (ਪੀ ਐੱਫ਼ ਆਰ ਡੀ ਏ) ਕੋਲ ਜਮ੍ਹਾਂ ਮੁਲਾਜ਼ਮਾਂ ਦੀ ਰਾਸ਼ੀ ਨੂੰ ਸੂਬਿਆਂ ਨੂੰ ਵਾਪਸ ਕਰਵਾਉਣ ਅਤੇ ਕੇਂਦਰ ਸਰਕਾਰ ਦੁਆਰਾ ਲਿਆਂਦੀ ਨਵੀਂ ਯੂ ਪੀ ਐੱਸ ਸਕੀਮ ਵਿੱਚ ਮੁਲਾਜ਼ਮ ਦੀ ਜਮ੍ਹਾਂ ਰਾਸ਼ੀ ਨੂੰ ਵਿਆਜ਼ ਸਮੇਤ ਵਾਪਸ ਕਰਨ ਅਤੇ ਆਖਰੀ ਤਨਖ਼ਾਹ ਦਾ 50% ਪੈਨਸ਼ਨ ਮਿਲਣਾ (ਸਮੇਤ ਡੀ.ਏ.) ਯਕੀਨੀ ਬਣਾਇਆ ਜਾਵੇ ਅਤੇ ਸਵੈ-ਇੱਛਤ ਸੇਵਾ ਮੁਕਤੀ ਦੀ ਮਿਤੀ ਤੋਂ ਹੀ ਬਣਦੀ ਪੈਨਸ਼ਨ ਸ਼ੁਰੂ ਕਰਨ ਦਾ ਪ੍ਰਬੰਧ ਕਰਵਾਉਣ। ਡਾ. ਰਾਜ ਕੁਮਾਰ ਨੇ ਵਫ਼ਦ ਨੂੰ ਕਿਹਾ ਕਿ ਓਹ ਪੰਜਾਬ ਸਰਕਾਰ ਤੋਂ ਪੁਰਾਣੀ ਪੈਨਸ਼ਨ ਲਾਗੂ ਕਰਵਾਉਣ ਲਈ ਜ਼ਰੂਰ ਗੱਲ ਕਰਨਗੇ। ਵਫ਼ਦ ਵਿੱਚ ਡੀ ਟੀ ਐੱਫ਼ ਦੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ, ਰੇਸ਼ਮ ਸਿੰਘ ਧੁੱਗਾ, ਜਸਵਿੰਦਰ ਝਿੰਗੜ, ਮਨਜੀਤ ਸਿੰਘ ਸੈਣੀ, ਕਰਨੈਲ ਸਿੰਘ, ਸੰਦੀਪ ਸਿੰਘ ਅਤੇ ਵਰਿੰਦਰ ਸੈਣੀ ਆਦਿ ਆਗੂ ਵੀ ਸ਼ਾਮਲ ਸਨ।



# ਚੀਮਾ ਵੱਲੋਂ ਆਬਕਾਰੀ ਤੇ ਕਰ ਵਿਭਾਗ ਦੀ ਕਾਰਗੁਜ਼ਾਰੀ ਦੀ ਸਮੀਖਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)**- ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਦੌਰਾਨ ਪਟਿਆਲਾ ਜੀ ਐਸ ਟੀ ਡਵੀਜ਼ਨ ਜੀ ਐਸ ਟੀ ਮਾਲੀਆ ਪ੍ਰਾਪਤੀ ਵਿੱਚ 40 ਫੀਸਦੀ ਦਾ ਪ੍ਰਭਾਵਸ਼ਾਲੀ ਵਾਧਾ ਦਰਜ ਕਰਦਿਆਂ ਪੰਜਾਬ ਦੀਆਂ ਬਾਕੀ ਸਾਰੀਆਂ ਡਵੀਜ਼ਨਾਂ ਤੋਂ ਮੋਹਰੀ ਰਹੀ ਹੈ। ਇਹ ਖੁਲਾਸਾ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਹੋਈ ਆਬਕਾਰੀ ਤੇ ਕਰ ਵਿਭਾਗ ਦੀ ਤਿਮਾਹੀ ਸਮੀਖਿਆ ਮੀਟਿੰਗ ਦੌਰਾਨ ਕੀਤਾ ਗਿਆ। ਪਟਿਆਲਾ ਡਵੀਜ਼ਨ ਤੋਂ ਬਾਅਦ ਰੋਪੜ ਡਵੀਜ਼ਨ ਦੀ ਵਾਧਾ ਦਰ 34.97 ਫੀਸਦੀ ਅਤੇ ਅੰਮ੍ਰਿਤਸਰ ਡਵੀਜ਼ਨ 30.26 ਫੀਸਦੀ 'ਤੇ ਰਹੀ। ਵਿਭਾਗ ਵੱਲੋਂ ਨਾਜਾਇਜ਼ ਸ਼ਰਾਬ ਦੇ ਕਾਰੋਬਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੱਥ ਪਾਉਂਦਿਆਂ ਆਪਣੇ ਆਬਕਾਰੀ ਮਾਲੀਆ ਟੀਚਿਆਂ ਨੂੰ ਵੀ ਸਫਲਤਾਪੂਰਵਕ ਪੂਰਾ ਕੀਤਾ ਗਿਆ।ਜਿੱਥੇ ਪਟਿਆਲਾ ਡਵੀਜ਼ਨ ਨੇ ਵਾਧਾ ਦਰ ਵਿੱਚ ਅਗਵਾਈ ਕੀਤੀ, ਉੱਥੇ ਲੁਧਿਆਣਾ ਡਵੀਜ਼ਨ ਨੇ ਸੂਬੇ ਭਰ ਵਿੱਚ ਸਭ ਤੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਡਵੀਜ਼ਨਾਂ ਵਿਖੇ ਤਾਇਨਾਤ ਵਿਭਾਗ ਦੀਆਂ ਟੀਮਾਂ ਦੇ ਲਗਨ ਦੀ ਭਰਪੂਰ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਹੋਰ ਡਵੀਜ਼ਨਾਂ ਨੂੰ ਉਨ੍ਹਾਂ ਤੋਂ ਸੇਧ ਲੈਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਇਨ੍ਹਾਂ ਡਵੀਜ਼ਨਾਂ ਦੇ ਇੰਚਾਰਜਾਂ, ਡਿਪਟੀ ਕਮਿਸ਼ਨਰ ਸਟੇਟ ਟੈਕਸ ਨਾਲ ਵਿਸਥਾਰਪੂਰਵਕ ਚਰਚਾ ਕੀਤੀ ਅਤੇ ਉਨ੍ਹਾਂ ਵੱਲੋਂ ਜਿਨ੍ਹਾਂ ਖੇਤਰਾਂ ਵਿੱਚ ਅਹਿਮ ਪ੍ਰਾਪਤੀਆਂ ਕੀਤੀਆਂ ਗਈਆਂ ਉਨ੍ਹਾਂ ਦੀ ਪੜਚੋਲ ਕਰਦਿਆਂ ਹੋਰ ਸੁਧਾਰ ਦੀ ਲੋੜ ਵਾਲੇ ਪਹਿਲੂਆਂ ਦੀ ਪਛਾਣ ਕੀਤੀ।ਅੰਤ ਵਿੱਚ, ਵਿੱਤ ਮੰਤਰੀ ਚੀਮਾ ਨੇ ਜੀ ਐਸ ਟੀ ਅਤੇ ਵੈਟ ਅਪੀਲ ਕੇਸਾਂ ਦੀ ਸਥਿਤੀ ਦੀ ਸਮੀਖਿਆ ਕੀਤੀ ਅਤੇ ਮੌਜੂਦਾ ਵਿੱਤੀ ਸਾਲ ਦੀ ਪਹਿਲੀ ਤਿਮਾਹੀ ਦੌਰਾਨ ਲੰਬਿਤ ਅਤੇ ਨਵੇਂ ਸ਼ੁਰੂ ਕੀਤੇ ਗਏ ਕੇਸਾਂ ਬਾਰੇ ਪੜਚੋਲ ਕੀਤੀ।ਉਨ੍ਹਾਂ ਵੱਲੋਂ ਵਿਸ਼ੇਸ਼ ਤੌਰ 'ਤੇ ਜ਼ਹਿਰੀਲੀ ਸ਼ਰਾਬ ਕਾਰਨ ਹੋਈਆਂ ਤ੍ਰਾਸਦੀਆਂ ਅਤੇ ਨਾਜਾਇਜ਼ ਸ਼ਰਾਬ ਦੇ ਵਪਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕੇਸਾਂ ਦੀ ਠੋਸ ਪੈਰਵੀ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਈ ਜਾ ਸਕੇ। ਉਨ੍ਹਾਂ ਆਬਕਾਰੀ ਟੀਮਾਂ ਨੂੰ ਇਹ ਨਿਰਦੇਸ਼ ਵੀ ਦਿੱਤੇ ਕਿ ਉਹ ਆਪਣੀਆਂ ਗਤੀਵਿਧੀਆਂ ਨੂੰ ਦੁੱਗਣਾ ਕਰਦਿਆਂ ਇਹ ਯਕੀਨੀ ਬਣਾਉਣ ਕਿ ਰਾਜ ਵਿੱਚ ਨਾਜਾਇਜ਼ ਸ਼ਰਾਬ ਦੇ ਕਾਰੋਬਾਰ ਨੂੰ ਪੂਰੀ ਤਰ੍ਹਾਂ ਖਾਤਮ ਹੈ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਧੀਕ ਮੁੱਖ ਸਕੱਤਰ-ਕਮ-ਵਿੱਤੀ ਕਮਿਸ਼ਨਰ, ਆਬਕਾਰੀ, ਡੀ.ਕੇ. ਤਿਵਾੜੀ, ਸਕੱਤਰ, ਕਰ, ਅਜੀਤ ਬਾਲਾਜੀ ਜੋਸ਼ੀ, ਆਬਕਾਰੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਵੀ ਮੌਜੂਦ ਸਨ।

# ਸੂਬੇ 'ਚ ਨਸ਼ਿਆਂ ਦੇ ਖ਼ਾਤਮੇ ਲਈ ਆਰੰਭੀ ਲੜਾਈ ਸਾਬਤ ਹੋਵੇਗੀ ਫ਼ੈਸਲਾਕੁੰਨ : ਰੰਧਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਡੇਰਾਬੱਸੀ ਹਲਕੇ ਦੇ ਪਿੰਡਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ




ਮਾਨ ਦੇ ਹੁਕਮਾਂ 'ਤੇ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਦੇ ਪਿੰਡਾਂ ਵਿੱਚ ਸਫਲਤਾਪੂਰਵਕ ਸੰਪੂਰਨ ਹੋਣ ਤੋਂ ਬਾਅਦ, ਸ਼ਹਿਰੀ ਵਾਰਡਾਂ ਵਿੱਚ ਜਾਗਰੂਕਤਾ ਕਰਨ ਦੀ ਨਵੀਂ ਪਹਿਲਕਦਮੀ ਆਰੰਭੀ ਗਈ ਹੈ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਹਲਕਾ ਡੇਰਾਬੱਸੀ ਦੇ ਸ਼ਹਿਰੀ ਖੇਤਰਾਂ ਵਿੱਚ ਵਾਰਡ ਪੱਧਰ 'ਤੇ ਨਸ਼ਾ ਮੁਕਤੀ ਮੁਹਿੰਮ ਸ਼ੁਰੂ ਕਰਨ ਦੀ ਸ਼ੁਰੂਆਤ ਨਗਰ ਕੌਂਸਲ ਪ੍ਰਧਾਨ ਸ਼੍ਰੀਮਤੀ ਆਸ਼ੂ ਨਰੇਸ਼ ਉਪਨੇਜਾ ਦੇ ਵਾਰਡ 13 ਤੋਂ ਕੀਤੀ।ਵਿਧਾਇਕ ਰੰਧਾਵਾ ਨੇ ਕਿਹਾ ਕਿ ਇਸ ਮੁਹਿੰਮ ਦੇ ਨਸ਼ਿਆਂ ਵਿਰੁੱਧ ਹੁਣ ਫੈਸਲਾਕੁੰਨ ਲੜਾਈ ਹੋਣ ਦੀ ਉਮੀਦ ਨਹੀਂ ਬਲਕਿ ਪੂਰਾ ਯਕੀਨ ਹੈ।ਉਨ੍ਹਾਂ ਕਿਹਾ ਕਿ ਇਸਦਾ ਉਦੇਸ਼ ਪਿੰਡਾਂ ਦੇ ਨਾਲ ਨਾਲ ਸ਼ਹਿਰਾਂ ਵਿੱਚੋਂ ਵੀ ਨਸ਼ਿਆਂ ਦੇ ਖ਼ਤਰੇ ਨੂੰ ਖਤਮ ਕਰਨਾ ਹੈ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪਿੰਡਾਂ ਵਿੱਚ ਵਿੱਢੀ ਮੁਹਿੰਮ ਬਹੁਤ ਸਫਲ ਰਹੀ, ਜਿਸ ਵਿੱਚ ਬਹੁਤ ਸਾਰੇ ਲੋਕ ਮਦਦ ਦੀ ਮੰਗ ਕਰ ਰਹੇ ਸਨ ਅਤੇ ਆਪਣੀ ਲਤ ਤੋਂ ਛੁਟਕਾਰਾ ਪਾ ਰਹੇ ਸਨ।ਹਾਲਾਂਕਿ, ਨਸ਼ਿਆਂ ਦੀ ਸਮੱਸਿਆ ਸਿਰਫ਼ ਪਿੰਡਾਂ ਤੱਕ ਸੀਮਤ ਨਹੀਂ ਹੈ ਅਤੇ ਸ਼ਹਿਰ ਪੱਧਰ 'ਤੇ ਵੀ ਇਸ ਨੂੰ ਹੱਲ ਕਰਨਾ ਬਹੁਤ ਜ਼ਰੂਰੀ ਹੈ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਨਸ਼ਿਆਂ ਵਿਰੁੱਧ ਇਸ ਲੜਾਈ ਵਿੱਚ ਭਾਈਚਾਰਕ ਸ਼ਮੂਲੀਅਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਡੇਰਾਬੱਸੀ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆਉਣ ਅਤੇ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਇਸ ਦਾ ਸਮਰਥਨ ਕਰਨ। ਡੇਰਾਬੱਸੀ ਵਿੱਚ ਵਾਰਡ ਪੱਧਰੀ ਨਸ਼ਾ ਛੁਡਾਊ ਮੁਹਿੰਮ ਸ਼ੁਰੂ ਕਰਨ ਦੀ ਪੰਜਾਬ ਸਰਕਾਰ ਦੀ ਪਹਿਲਕਦਮੀ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਮੌਕੇ ਡੀ ਐੱਸ ਪੀ ਬਿਕਰਮਜੀਤ ਸਿੰਘ ਬਰਾੜ, ਪ੍ਰਸ਼ਾਸਨਿਕ ਅਧਿਕਾਰੀ, ਪਾਰਟੀ ਦੇ ਬਲਾਕ ਪ੍ਰਧਾਨ, ਐਮ ਸੀ ਸਾਹਿਬਾਨ, ਸਮੇਤ ਪਾਰਟੀ ਦੀ ਸਮੁੱਚੀ ਟੀਮ ਤੇ ਸਥਾਨਕ ਵਾਰਡ ਵਾਸੀ ਮੌਜੂਦ ਰਹੇ।

21 July Page 9 New Page.qxd 7/20/2025 9:43 PM Page 1



## ਗੌਰਮਿੰਟ ਟੀਚਰਜ਼ ਯੂਨੀਅਨ ਨੇ ਹੱਕੀ ਮੰਗਾਂ ਲਈ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਨੂੰ ਭੇਜਿਆ ਮੰਗ-ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਇਕਾਈ ਵਲੋਂ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ, ਜਨਰਲ ਸਕੱਤਰ ਜਸਵੀਰ ਤਲਵਾੜਾ, ਸੀਨੀਅਰ ਮੀਤ ਪ੍ਰਧਾਨ ਲੈਕਚਰਾਰ ਅਮਰ ਸਿੰਘ ਅਤੇ ਪ੍ਰਿਤਪਾਲ ਸਿੰਘ ਚੌਟਾਲਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿਚ ਇਕੱਠੇ ਹੋਏ ਅਧਿਆਪਕਾਂ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸ.ਸਿੰ./ਐ. ਸਿੰ.) ਹੁਸ਼ਿਆਰਪੁਰ ਰਾਹੀਂ ਅਧਿਆਪਕ ਵਰਗ ਦੀਆਂ ਅਹਿਮ ਅਤੇ ਹੱਕੀ ਮੰਗਾਂ ਮੰਨਵਾਉਣ ਲਈ ਮੁੱਖ-ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਪੰਜਾਬ ਨੂੰ ਮੰਗ-ਪੱਤਰ ਭੇਜਿਆ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਸਰਕਾਰ ਅਧਿਆਪਕਾਂ ਨੂੰ ਤਨਖਾਹਾਂ ਸਮੇਤ ਜੀ.ਪੀ. ਫੰਡ ਐਡਵਾਂਸ ਅਤੇ ਹੋਰ ਬਿੱਲ ਮਹੀਨੇ ਦੀ ਇੱਕ ਤਰੀਕ ਨੂੰ ਹੀ ਜਾਰੀ ਕਰਨੇ ਯਕੀਨੀ ਬਣਾਏ, ਵੱਖ-ਵੱਖ ਭਰਤੀਆਂ ਅਤੇ ਅਧਿਆਪਕਾਂ ਦੇ ਹੱਕ ਵਿਚ ਹੋਏ ਫੈਸਲਿਆਂ ਨੂੰ ਜਨਰਲਾਈਜ਼ ਕਰਨ, ਅਧਿਆਪਕਾਂ ਦੇ ਉਕਤ ਕੇਸਾਂ ਵਿਚ ਬਣਦੇ ਬਕਾਏ ਜਲਦ ਜਾਰੀ ਕੀਤੇ ਜਾਣ, ਰੀਕਾਸਟ ਲਿਸਟਾਂ 3704 ਅਤੇ 6635 ਤੁਰੰਤ ਰੱਦ ਕਰਨ, ਸਕੂਲ ਮੈਨੇਜਮੈਂਟ ਕਮੇਟੀਆਂ ਦੇ ਗਠਨ ਵਿੱਚ ਸਿਆਸੀ ਦਖਲਅੰਦਾਜ਼ੀ ਬੰਦ ਕਰਨ, ਵੱਖ -ਵੱਖ ਕਾਡਰ ਦੀਆਂ ਰਹਿੰਦੀਆਂ ਪਦਉੱਨਤੀਆਂ ਜਲਦ ਕਰਨ ਆਦਿ ਪ੍ਰਮੁੱਖ ਮੰਗਾਂ ਦੀ ਪੂਰਤੀ ਯਕੀਨੀ ਬਣਾਉਣ ਲਈ ਮੰਗ-ਪੱਤਰ ਦਿੱਤਾ ਗਿਆ। ਅਧਿਆਪਕ ਆਗੂਆਂ ਨੇ ਕਿਹਾ ਕਿ ਜੇਕਰ ਅਧਿਆਪਕ ਵਰਗ ਦੀਆਂ ਹੱਕੀ ਮੰਗਾਂ ਨੂੰ ਸਰਕਾਰ ਨੇ ਅਣਗੌਲਿਆਂ ਕਰਨ ਦੀ ਨੀਤੀ ਅਪਣਾਈ ਰੱਖੀ ਤਾਂ ਜਲਦ ਹੀ ਤਿੱਖੇ ਅਤੇ ਲੜੀਵਾਰ ਸੰਘਰਸ਼ਾਂ ਦੀ ਲੜੀ ਸ਼ੁਰੂ ਕੀਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ-ਸਲਾਹਕਾਰ ਸੁਨੀਲ ਸ਼ਰਮਾ, ਜੁਆਇੰਟ ਸਕੱਤਰ ਵਿਕਾਸ਼ ਸ਼ਰਮਾ, ਮੀਤ ਪ੍ਰਧਾਨ ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ, ਕਮਲਦੀਪ ਸਿੰਘ ਭੂੰਗਾ, ਪਵਨ ਗੋਇਲ, ਰਾਜਕੁਮਾਰ ਗੜ੍ਹਸ਼ੰਕਰ, ਨਰਿੰਦਰ ਅਜਨੋਹਾ, ਰਣਵੀਰ ਸਿੰਘ ਠਾਕੁਰ, ਰਾਜਕੁਮਾਰ ਹੁਸ਼ਿਆਰਪੁਰ, ਸਰਬਜੀਤ ਸਿੰਘ ਟਾਂਡਾ, ਨਰਿੰਦਰ ਮੰਗਲ ,ਰਜੇਸ਼ ਅਰੋੜਾ, ਜਸਵਿੰਦਰ ਬੁੱਲ੍ਹੋਵਾਲ, ਅਸ਼ੋਕ ਕੁਮਾਰ, ਸਰਬਜੀਤ ਸਿੰਘ ਗੜ੍ਹਦੀਵਾਲਾ, ਦਵਿੰਦਰ ਹੁਸ਼ਿਆਰਪੁਰ, ਪਰਮਜੀਤ ਸਿੰਘ ਭੂੰਗਾ, ਓਂਕਾਰ ਸਿੰਘ, ਪਰਮਜੀਤ ਕਾਤਿਬ, ਪਰਮਜੀਤ ਸਲੇਰਨ, ਬਿਨੋਦ ਕੁਮਾਰ ਸਮੇਤ ਅਨੇਕਾਂ ਅਧਿਆਪਕ ਆਗੂ ਸ਼ਾਮਲ ਸਨ।





## ਹਰ ਧਰਮ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦੈ : ਸੰਧਵਾਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਦੁਨੀਆ ਦਾ ਹਰ ਧਰਮ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦਾ ਹੈ ਅਤੇ ਮਨੁੱਖਤਾ ਦੀ ਸੇਵਾ ਤੋਂ ਵੱਡੀ ਹੋਰ ਕੋਈ ਸੇਵਾ ਨਹੀਂ ਹੈ।ਇਥੇ ਹੋਲੀ ਟ੍ਰਿਨਿਟੀ ਚਰਚ ਵਿਖੇ ਡਾਇਸਸ ਆਫ ਜਲੰਧਰ ਦੇ ਨਵੇਂ ਬਿਸ਼ਪ ਡਾ. ਜੋਸ ਸਬੈਸਟੀਅਨ ਦੇ ਸਵਾਗਤ ਵਿੱਚ ਹੋਏ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਪੀਰਾਂ, ਪੈਗੰਬਰਾਂ ਅਤੇ ਸੰਤਾਂ ਦੀ ਧਰਤੀ ਹੈ ਅਤੇ ਇਹ ਧਰਤੀ ਹਰ ਢੰਗ ਨਾਲ ਈਸ਼ਵਰ ਨੂੰ ਮੰਨਣ ਵਾਲਿਆਂ ਦਾ ਦਿਲੋਂ ਸਤਿਕਾਰ ਕਰਦੀ ਹੈ। ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਜਲੰਧਰ ਇੰਪਰੂਵਮੈਂਟ ਟਰੱਸਟ ਦੀ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ, ਡਾਇਰੈਕਟਰ ਪੀ.ਆਰ.ਟੀ.ਸੀ. ਰਜਿੰਦਰ ਸਿੰਘ ਰਿਹਾਲ ਅਤੇ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਵੀ ਮੌਜੂਦ ਸਨ।ਇਸਾਈ ਭਾਈਚਾਰੇ ਵੱਲੋਂ ਮਨੁੱਖਤਾ ਦੀ ਸੇਵਾ ਵਿੱਚ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਸੰਧਵਾਂ ਨੇ ਕਿਹਾ ਕਿ ਇਸਾਈ ਭਾਈਚਾਰੇ ਨੇ ਨਾ ਸਿਰਫ਼ ਪੰਜਾਬ ਦੀ ਤਰੱਕੀ ਵਿੱਚ ਯੋਗਦਾਨ ਪਾਇਆ ਹੈ, ਸਗੋਂ ਇਸ ਭਾਈਚਾਰੇ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਨਿਭਾਈ ਜਾ ਰਹੀ ਭੂਮਿਕਾ ਵੀ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵੀ ਸੂਬੇ ਦੇ ਲੋਕਾਂ ਦੀ ਭਲਾਈ ਨੂੰ ਮੁੱਖ ਰੱਖਦੇ ਹੋਏ ਸ਼ੁਰੂ ਤੋਂ ਸਿਹਤ ਤੇ ਸਿੱਖਿਆ ਨੂੰ ਤਰਜੀਹ ਦਿੱਤੀ ਹੈ ਅਤੇ ਇਨ੍ਹਾਂ ਦੋਵਾਂ ਖੇਤਰਾਂ ਵਿੱਚ ਲਗਾਤਾਰ ਸੁਧਾਰਾਂ ਰਾਹੀਂ ਕ੍ਰਾਂਤੀਕਾਰੀ ਤਬਦੀਲੀਆਂ ਲਿਆਂਦੀਆਂ ਹਨ। ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਬਿਸ਼ਪ ਡਾ. ਜੋਸ ਸਬੈਸਟੀਅਨ ਨੂੰ ਮੁਬਾਰਕਬਾਦ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ਇਸਾਈ ਭਾਈਚਾਰਾ ਇਸੇ ਤਰ੍ਹਾਂ ਸਮਾਜ ਸੇਵਾ ਅਤੇ ਮਨੁੱਖਤਾ ਦੀ ਭਲਾਈ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਸੇਵਾ ਨਿਭਾਉਂਦਾ ਰਹੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਰੌਬਿਨ ਸਾਂਪਲਾ, ਐਸ.ਡੀ.ਐਮ. ਆਦਮਪੁਰ ਵਿਵੇਕ ਕੁਮਾਰ ਮੋਦੀ ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਆਦਿ ਵੀ ਮੌਜੂਦ ਸਨ।



## ਐੱਸ ਟੀ ਐੱਸ ਵਰਲਡ ਸਕੂਲ 'ਚ ਸਵੈ-ਅਨੁਸ਼ਾਸਨ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ

**ਗੁਰਾਇਆ (ਬਿੰਦਰ ਸੁਮਨ)**- ਖੁਦ 'ਤੇ ਖੁਦ ਦਾ ਸ਼ਾਸਨ ਕਹਿਲਾਉਂਦਾ ਹੈ ਅਨੁਸ਼ਾਸਨ। ਅੱਜ ਐੱਸ.ਟੀ.ਐੱਸ ਵਰਲਡ ਸਕੂਲ ਵਿੱਚ ਸਵੈ-ਅਨੁਸ਼ਾਸਨ ਦਿਵਸ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਪ੍ਰਾਰਥਨਾ ਸਭਾ ਵਿੱਚ ਮੰਚ ਦਾ ਸੰਚਾਲਨ ਦਸਵੀਂ ਬੀ ਦੇ ਵਿਦਿਆਰਥੀਆਂ ਅੰਮ੍ਰਿਤ ਤੇ ਅਵਨੀਤ ਦੇ ਦੁਆਰਾ ਕੀਤਾ ਗਿਆ। ਅੱਜ ਦਾ ਵਿਚਾਰ ਸਿਮਰਨ ਦੁਆਰਾ ਕੀਤਾ ਗਿਆ। ਗਗਨ ਨੇ ਨਵਾਂ ਸ਼ਬਦ ਦੱਸ ਕੇ ਸਾਡੇ ਗਿਆਨ ਭੰਡਾਰ ਵਿੱਚ ਵਾਧਾ ਕੀਤਾ। ਅੱਜ ਦੀਆ ਸੁਰਖੀਆਂ ਜਸਪ੍ਰੀਤ ਦੁਆਰਾ ਬਟੋਰੀਆ ਗਈਆਂ। ਸਵੈ-ਅਨੁਸ਼ਾਸਨ ਤੇ ਬਹੁਤ ਹੀ ਖੂਬਸੂਰਤ ਕਵਿਤਾ ਰੂਹਾਨੀ ਦੁਆਰਾ ਪੇਸ਼ ਕੀਤੀ ਗਈ। ਸਵੈ-ਅਨੁਸ਼ਾਸਨ ਤੇ ਭਾਸ਼ਣ ਗੁਰਵੀਨ ਦੁਆਰਾ ਪੇਸ਼ ਕੀਤਾ ਗਿਆ। ਉਸ ਤੋਂ ਪਿੱਛੋਂ ਬਹੁਤ ਹੀ ਖੂਬਸੂਰਤ ਨਾਟਕ ਦਸਵੀਂ ਬੀ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤਾ ਗਿਆ। ਸਭਾ ਦੀ ਅਗਵਾਈ ਜਮਾਤ ਇੰਚਾਰਜ ਮੈਡਮ ਕੁਲਵਿੰਦਰ ਦੁਆਰਾ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਪ੍ਰਭਜੋਤ ਕੌਰ ਗਿੱਲ ਨੇ ਬੱਚਿਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਸਵੈ-ਅਨੁਸ਼ਾਸਨ ਸਭ ਤੋਂ ਮਹੱਤਵਪੂਰਨ ਗੁਣਾਂ ਵਿੱਚੋਂ ਇੱਕ ਹੈ। ਸਵੈ-ਅਨੁਸ਼ਾਸਨ ਨਾਲ ਤੁਸੀਂ ਆਪਣੇ ਸਮੇਂ ਦਾ ਪ੍ਰਬੰਧਨ ਚੰਗੀ ਤਰ੍ਹਾਂ ਕਰ ਸਕਦੇ ਹੋ, ਆਪਣੇ ਟੀਚਿਆਂ 'ਤੇ ਕੇਂਦ੍ਰਿਤ ਰਹਿ ਸਕਦੇ ਹੋ ਅਤੇ ਮਜ਼ਬੂਤ ਆਦਤਾਂ ਬਣਾ ਸਕਦੇ ਹੋ ਜੋ ਅਕਾਦਮਿਕ ਅਤੇ ਜੀਵਨ ਦੋਵਾਂ ਵਿੱਚ ਸਫਲਤਾ ਵੱਲ ਲੈ ਜਾਂਦੀਆਂ ਹਨ।



## ਕੁਲਵੰਤ ਨੂਰੋਵਾਲ ਬਣੇ ਰੋਟਰੀ ਕਲੱਬ ਸੁਲਤਾਨਪੁਰ ਲੋਧੀ ਦੇ ਪ੍ਰਧਾਨ



**ਸੁਲਤਾਨਪੁਰ ਲੋਧੀ (ਹਨੀ, ਬਲਵੀਰ ਸ਼ਾਲ੍ਹਾਪੁਰੀ)** ਰੋਟਰੀ ਕਲੱਬ ਸੁਲਤਾਨਪੁਰ ਲੋਧੀ ਦੀ ਇੱਕ ਮੀਟਿੰਗ ਨੰਬਰਦਾਰ ਸੁਖਰਾਜ ਸਿੰਘ ਦੀ ਅਗਵਾਈ ਹੇਠ ਹੋਈ ਜਿਸ ਵਿਚ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਅਤੇ ਹੋਰ ਪ੍ਰੋਗਰਾਮਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਲੱਬ ਦੇ ਸਾਲ 2025-26 ਦੇ ਨਵੇਂ ਬਣੇ ਪ੍ਰਧਾਨ ਕੁਲਵੰਤ ਸਿੰਘ ਨੂਰੋਵਾਲ ਨੇ ਆਪਣਾ ਅਹੁਦਾ ਸੰਭਾਲਿਆ। ਕਲੱਬ ਦੇ ਸਮੂਹ ਮੈਂਬਰਾਨ ਵੱਲੋਂ ਪ੍ਰਧਾਨ ਕੁਲਵੰਤ ਸਿੰਘ, ਨਵ ਨਿਯੁਕਤ ਸੈਕਟਰੀ ਰਣਜੀਤ ਸਿੰਘ ਨੰਢਾ ਅਤੇ ਕੈਸ਼ੀਅਰ ਨਵਪ੍ਰੀਤ ਸਿੰਘ ਪ੍ਰਿੰਸ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ।ਨਵੇਂ ਚੁਣੇ ਪ੍ਰਧਾਨ ਕੁਲਵੰਤ ਸਿੰਘ ਨੂਰੋਵਾਲ ਅਤੇ ਸਮੂਹ ਅਹੁਦੇਦਾਰਾਂ ਨੇ ਕਲੱਬ ਦੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਉਹ ਕਲੱਬ ਦੀ ਚੜ੍ਹਦੀ ਕਲਾ ਲਈ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਵੱਧ ਤੋਂ ਵੱਧ ਕਾਰਜ ਕਰਕੇ ਸਮਾਜ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਗੇ। ਉਹਨਾਂ ਕਲੱਬ ਵੱਲੋਂ ਦਿੱਤੇ ਗਏ ਮਾਨ ਸਨਮਾਨ ਲਈ ਉਹਨਾਂ ਦਾ ਧੰਨਵਾਦ ਵੀ ਕੀਤਾ।ਨਵੇਂ ਚੁਣੇ ਗਏ ਪ੍ਰਧਾਨ ਤੇ ਸਮੂਹ ਅਹੁਦੇਦਾਰਾਂ ਨੂੰ ਵਧਾਈ ਦੇਣ ਵਾਲਿਆਂ ਵਿੱਚ ਸਾਬਕਾ ਪ੍ਰਧਾਨ ਰੋਟੇ ਸੁਖਰਾਜ ਸਿੰਘ ਨੰਬਰਦਾਰ, ਡਾ. ਹਰਜੀਤ ਸਿੰਘ, ਡਾ. ਸਵਰਨ ਸਿੰਘ, ਬਲਜੀਤ ਸਿੰਘ ਬੱਲੀ, ਕੁਲਬੀਰ ਸਿੰਘ ਟਿੱਬਾ, ਗਗਨਦੀਪ ਸਿੰਘ, ਨਵਪ੍ਰੀਤ ਸਿੰਘ, ਡਾਕਟਰ ਅਮਨਪ੍ਰੀਤ ਸਿੰਘ, ਅਜੀਤਪਾਲ ਸਿੰਘ, ਡਾ. ਗੁਰਿੰਦਰ ਸਿੰਘ ਜੋਸਨ, ਅਜੀਤਪਾਲ ਸਿੰਘ ਬਾਜਵਾ, ਅਸ਼ੋਕ ਮਹਿਤਾ, ਜਤਿੰਦਰ ਸਿੰਘ, ਅਜੇ ਧੀਰ, ਸਾਬੀ ਸੁਲਤਾਨਪੁਰ ਲੋਧੀ, ਲਾਭ ਸਿੰਘ ਢਿੱਲੋਂ, ਭੁਪਿੰਦਰ ਸਿੰਘ ਖਿੰਡਾ, ਕੁਲਵੀਰ ਸਿੰਘ ਵਲਣੀ, ਪ੍ਰਿੰਸ ਨਵਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

## ਫੇਜ਼ 11 'ਚ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਦਾ ਸਨਮਾਨ ਸਮਾਗਮ

**ਮੋਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਮੋਹਾਲੀ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਦਾ ਫੇਜ਼ 11, ਸੈਕਟਰ 65 ਦੇ ਵਸਨੀਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੀ ਅਗਵਾਈ 'ਚ ਇਲਾਕੇ ਨੂੰ ਹਰਾ-ਭਰਾ ਬਣਾਉਣ ਲਈ ਫਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ। ਇਸ ਮੌਕੇ ਸੋਹਾਣਾ ਨੇ ਸਮੂਹ ਵਸਨੀਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੋਹਾਲੀ ਸ਼ਹਿਰ ਦੇ ਵਿਕਾਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ, ਖਾਸ ਕਰਕੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੀ ਅਹਿਮ ਭੂਮਿਕਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅਕਾਲੀ ਦਲ ਦੀ ਸਰਕਾਰ ਦੌਰਾਨ ਸ਼ਹਿਰ ਦੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਅਤੇ ਸੁੰਦਰਤਾ ਲਈ 2500 ਕਰੋੜ ਰੁਪਏ ਖਰਚ ਕੀਤੇ ਗਏ। ਮੋਹਾਲੀ ਸ਼ਹਿਰ ਦੀ ਅਸਲ ਤਰੱਕੀ ਕੇਵਲ ਅਕਾਲੀ ਦਲ ਦੀ ਸਰਕਾਰ ਦੌਰਾਨ ਹੀ ਹੋਈ ਹੈ। ਉਨ੍ਹਾਂ ਆਖਿਆ ਕਿ ਸੜਕਾਂ, ਪਾਣੀ, ਬਿਜਲੀ, ਸਿਹਤ ਤੇ ਸਿੱਖਿਆ ਵਰਗੇ ਖੇਤਰਾਂ ਵਿੱਚ ਹੋਏ ਮੁੱਖ ਪ੍ਰੋਜੈਕਟ ਸਿਰਫ਼ ਅਕਾਲੀ ਦੌਰ ਦੀ ਹੀ ਦੇਣ ਹਨ। ਉਨ੍ਹਾਂ ਕਿਹਾ ਕਿ ਬਾਅਦ ਦੀਆਂ ਸਰਕਾਰਾਂ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਮੋਹਾਲੀ ਲਈ ਇੱਕ ਵੀ ਨਵਾਂ ਪ੍ਰੋਜੈਕਟ ਨਹੀਂ ਲਿਆਂਦਾ ਤੇ ਇਹ ਪਾਰਟੀਆਂ ਅਕਾਲੀ ਦੌਰ ਵਿੱਚ ਹੋਏ ਵਿਕਾਸ ਕਾਰਜਾਂ ਦੀ ਕ੍ਰੈਡਿਟ ਲੈਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਜੋ ਕਿ ਲੋਕਾਂ ਨਾਲ ਧੋਖਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਹਕੀਕਤ ਦੱਸਣ ਲਈ ਅਕਾਲੀ ਦਲ ਵਲੋਂ ਹਰ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਇਸ ਦੌਰਾਨ ਉਨ੍ਹਾਂ ਵੱਲੋਂ ਇਲਾਕੇ ਦੀ ਇੱਕ ਵੱਡੀ ਸਮੱਸਿਆ ਬਰਸਾਤੀ ਪਾਣੀ ਦੀ ਨਿਕਾਸੀ ਨਾ ਹੋਣਾ ਬਾਰੇ ਬੋਲਦਿਆਂ ਭਰੋਸਾ ਦਿੱਤਾ ਗਿਆ ਕਿ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਇਸ ਸਮੱਸਿਆ ਨੂੰ ਤੁਰੰਤ ਅਤੇ ਪੱਕੇ ਤੌਰ 'ਤੇ ਹੱਲ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕ ਸੇਵਾ ਹੀ ਸਾਡੀ ਪਾਰਟੀ ਦਾ ਟੀਚਾ ਹੈ ਅਤੇ ਅਕਾਲੀ ਦਲ ਹਮੇਸ਼ਾ ਜਨਤਾ ਦੇ ਹੱਕਾਂ ਲਈ ਲੜਦਾ ਰਹੇਗਾ। ਇਸ ਮੌਕੇ ਰਮਨਦੀਪ ਸਿੰਘ ਬਾਵਾ, ਰਮਨ ਅਰੋੜਾ, ਪ੍ਰੀਤਮ ਸਿੰਘ, ਗੁਰਦੀਪ ਸਿੰਘ ਚੁੱਘ, ਸੋਨੀਆ ਸੰਧੂ, ਮਨਮੋਹਨ ਸਿੰਘ ਬਬਲੂ, ਜੀ ਐਸ ਗੋਲਡੀ, ਹਰਚੇਤ ਸਿੰਘ, ਸਤੀਸ਼ ਕੁਮਾਰ, ਪਿੰਕੀ, ਬਾਲਾ, ਐਸਐਸ ਵਾਲੀਆ ਤੇ ਭਾਰੀ ਗਿਣਤੀ 'ਚ ਸੈਕਟਰ ਦੇ ਨਿਵਾਸੀ ਹਾਜ਼ਰ ਸਨ।



## ਸ਼ਹਿਰ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਤੇ ਲੋਕਾਂ ਨੂੰ ਵਧੀਆ ਸੁਵਿਧਾਵਾਂ ਦੇਣਾ ਨਿਗਮ ਦਾ ਟੀਚਾ : ਮੇਅਰ ਸੁਰਿੰਦਰ ਕੁਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਨੇ ਸ਼ਿਮਲਾ ਪਹਾੜੀ ਚੌਂਕ ਤੋਂ ਬਹਾਦੁਰਪੁਰ ਚੌਂਕ ਤੱਕ ਬਾਰਿਸ਼ ਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਪਾਉਣ ਤੋਂ ਬਾਅਦ ਸੜਕ ਦਾ ਕੰਮ ਸ਼ੁਰੂ ਕਰਵਾਇਆ ਅਤੇ ਕੰਮ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਨਾਲ ਕੌਂਸਲਰ ਪ੍ਰਦੀਪ ਕੁਮਾਰ ਬਿੱਟੂ ਅਤੇ ਮੁਖੀ ਰਾਮ ਵੀ ਹਾਜ਼ਰ ਸਨ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਅਤੇ ਲੋਕਾਂ ਨੂੰ ਵਧੀਆ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣਾ ਨਿਗਮ ਦਾ ਮੁੱਖ ਟੀਚਾ ਹੈ ਅਤੇ ਇਸ ਦੀ ਪ੍ਰਾਪਤੀ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਾਫੀ ਸਮੇਂ ਤੋਂ ਬਾਰਿਸ਼ ਤੋਂ ਬਾਅਦ ਸ਼ਿਮਲਾ ਪਹਾੜੀ ਚੌਂਕ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਪਾਣੀ ਭਰ ਜਾਂਦਾ ਸੀ, ਜਿਸ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਲਾਂ ਆਉਂਦੀਆਂ ਸਨ।ਇਸ ਸਮੱਸਿਆ ਦੇ ਹੱਲ ਲਈ ਕੈਬਨਿਟ ਮੰਤਰੀ ਡਾ. ਰਵਜੋਤ ਅਤੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਕੋਸ਼ਿਸ਼ਾਂ ਨਾਲ ਸ਼ਿਮਲਾ ਪਹਾੜੀ ਦੇ ਪਿਛਲੇ ਪਾਸੇ ਪ੍ਰੋਜੈਕਟ ਲਗਾਇਆ ਗਿਆ ਹੈ, ਜਿਸ ਰਾਹੀਂ ਪਾਣੀ ਨੂੰ ਪਾਈਪ ਲਾਈਨ ਰਾਹੀਂ ਚੋਅ ਵਿਚ ਛੱਡਿਆ ਜਾਵੇਗਾ। ਜਿਸ ਦੇ ਚਲਦਿਆਂ ਸੜਕ ਨੂੰ ਉਖਾੜਿਆ ਗਿਆ ਸੀ। ਇਸ ਲਈ ਲੋਕਾਂ ਦੀ ਪਰੇਸ਼ਾਨੀ ਨੂੰ ਦੇਖਦੇ ਹੋਏ ਹੁਣ ਸੜਕ ਦਾ ਕੰਮ ਕਰਵਾਇਆ ਜਾ ਰਿਹਾ ਹੈ ਅਤੇ ਬਾਰਿਸ਼ ਦਾ ਮੌਸਮ ਖਤਮ ਹੋਣ ਦੇ ਬਾਅਦ ਸਤੰਬਰ ਮਹੀਨੇ ਵਿੱਚ ਪੂਰੀ ਸੜਕ ਨੂੰ ਮੁੜ ਬਣਾਇਆ ਜਾਵੇਗਾ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਬਾਰਿਸ਼ ਕਾਰਨ ਆ ਰਹੀਆਂ ਸਮੱਸਿਆਵਾਂ ਲਈ ਅਫ਼ਸੋਸ ਜਤਾਇਆ ਅਤੇ ਕਿਹਾ ਕਿ ਨਿਗਮ ਦੀਆਂ ਟੀਮਾਂ ਲਗਾਤਾਰ ਕੰਮ ਕਰ ਰਹੀਆਂ ਹਨ। ਜੇਕਰ ਕਿਸੇ ਨੂੰ ਕੋਈ ਸਮੱਸਿਆ ਹੋਵੇ ਤਾਂ ਉਹ ਨਿਗਮ ਦਫ਼ਤਰ ਆ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਸ ਦਾ ਹੱਲ ਕੀਤਾ ਜਾ ਸਕੇ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਕੰਮ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ।



## ਕੁਲਵਿੰਦਰ ਕੌਰ ਮੂਨਕ ਸਰਬਸੰਮਤੀ ਨਾਲ ਮੈਂਬਰ ਪੰਚਾਇਤ ਬਣੇ

**ਟਾਂਡਾ (ਓਂਕਾਰ ਸਿੰਘ)**- ਕੁਲਵਿੰਦਰ ਕੌਰ ਮੂਨਕ ਪਤਨੀ ਸੁਖਵਿੰਦਰ ਸਿੰਘ ਮੂਨਕ ਸਰਬਸੰਮਤੀ ਨਾਲ ਪਿੰਡ ਮੂਨਕ ਖੁਰਦ ਦੇ ਮੈਂਬਰ ਪੰਚਾਇਤ ਬਣੇ।ਇਸ ਮੌਕੇ ਕੁਲਵਿੰਦਰ ਕੌਰ ਮੂਨਕ ਨੇ ਮਹੱਲਾ ਵਾਸੀਆਂ ਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸਰਬਸੰਮਤੀ ਨਾਲ ਦਿੱਤੀ ਹੈ, ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਿੰਡ ਦੇ ਵਿਕਾਸ ਕਾਰਜਾਂ ਲਈ ਸਰਪੰਚ ਤੇ ਪੰਚਾਇਤ ਨਾਲ ਮਿਲ ਕੇ ਕੰਮ ਕਰਨਗੇ । ਸਰਕਾਰ ਵੱਲੋਂ ਦਿੱਤੀਆਂ ਗ੍ਰਾਂਟਾਂ ਨੂੰ ਸਹੀ ਤੇ ਇਮਾਨਦਾਰੀ ਨਾਲ ਸੁਚੱਜੇ ਢੰਗ ਨਾਲ ਪਿੰਡ ਦੇ ਵਿਕਾਸ ਕਾਰਜਾਂ ਲਈ ਲਗਾਇਆ ਜਾਵੇਗਾ ।ਇਸ ਮੌਕੇ ਸੁਖਵਿੰਦਰ ਸਿੰਘ ਮੂਨਕ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹੁਸ਼ਿਆਰਪੁਰ ਨੇ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ, ਸਰਪੰਚ ਮਨਪ੍ਰੀਤ ਕੌਰ ਤੇ ਸਮੂਹ ਪੰਚਾਇਤ, ਡਾਕਟਰ ਅੰਬੇਡਕਰ ਯੂਥ ਕਲੱਬ, ਮਹੱਲਾ ਨਿਵਾਸੀਆਂ ਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ।ਇਸ ਮੌਕੇ ਮੂਨਕ ਪਰਵਾਰ ਨੂੰ ਸਾਬਕਾ ਸਰਪੰਚ ਤੀਰਥ ਸਿੰਘ, ਸਰਪੰਚ ਮਨਪ੍ਰੀਤ ਕੌਰ, ਸਾਬਕਾ ਸਰਪੰਚ ਸ਼ਾਮ ਸਿੰਘ, ਨੰਬਰਦਾਰ ਦਰਬਾਰਾ ਸਿੰਘ, ਜੇ ਈ ਜਸਵੀਰ ਸਿੰਘ, ਮਿਸਤਰੀ ਅਮਰਜੀਤ ਸਿੰਘ, ਪਰਮਜੀਤ ਸਿੰਘ ਪੰਮੀ, ਥਾਣੇਦਾਰ ਸੁਖਵਿੰਦਰ ਸਿੰਘ, ਜੇ ਈ ਜਰਨੈਲ ਸਿੰਘ ਗੋਮਰਾ, ਪੰਚ ਰਾਜਵਿੰਦਰ ਕੌਰ, ਸਰਬਜੀਤ ਸਿੰਘ ਮੋਮੀ, ਤਜਿੰਦਰ ਸਿੰਘ ਲਾਡੀ, ਜਤਿੰਦਰ ਸਿੰਘ ਲਾਡੀ, ਹਰਪ੍ਰੀਤ ਸਿੰਘ ਕਾਕਾ, ਬੀਬੀ ਸਵਰਨ ਕੌਰ, ਗੁਰਦੀਪ ਸਿੰਘ ਦੀਪਾ, ਰਵਿੰਦਰ ਸਿੰਘ ਮੋਮੀ, ਸੁਰਜੀਤ ਸਿੰਘ ਕਾਲਾ, ਥਾਣੇਦਾਰ ਧਰਮ ਸਿੰਘ, ਸੂਬੇਦਾਰ ਗੁਰਨਾਮ ਸਿੰਘ, ਸੂਬੇਦਾਰ ਬਲਵਿੰਦਰ ਸਿੰਘ, ਸੂਬੇਦਾਰ ਅਮਰਨਾਥ, ਮਾਸਟਰ ਚਮਨ ਸਿੰਘ, ਪਰਮਜੀਤ ਸਿੰਘ ਬੱਬੀ ਗੋਮਰਾ, ਜਸਵੰਤ ਸਿੰਘ ਲਾਡੀ, ਜਥੇਦਾਰ ਅਵਤਾਰ ਸਿੰਘ ਬਿੱਟੂ, ਸ਼ਾਦੀ ਲਾਲ, ਕਰਮਚੰਦ ਮਹਿਮੀ, ਮਿਸਤਰੀ ਗੁਰਦੀਪ ਸਿੰਘ, ਭਜਨ ਸਿੰਘ, ਕਰਨੈਲ ਸਿੰਘ ਕਾਲਾ ਇੰਗਲੈਂਡ, ਰਾਜਾ ਸਿੰਘ ਫੌਜੀ, ਜਸਵੀਰ ਸਿੰਘ ਮੋਮੀ, ਪ੍ਰਕਾਸ਼ ਸਿੰਘ, ਬਲਦੇਵ ਸਿੰਘ, ਬੀਬੀ ਗੁਰਮੀਤ ਕੌਰ, ਜਗਦੀਸ਼ ਸਿੰਘ, ਦਿਆਲ ਸਿੰਘ, ਥਾਣੇਦਾਰ ਸੁਰਿੰਦਰ ਸਿੰਘ ਮੋਮੀ, ਸੂਬੇਦਾਰ ਰਾਮਨਰਾਇਣ ਸਿੰਘ, ਇੰਦਰਜੀਤ ਸਿੰਘ ਕਾਕਾ, ਮਨਜੀਤ ਸਿੰਘ, ਬਲਵੰਤ ਸਿੰਘ, ਜਰਨੈਲ ਸਿੰਘ, ਰਾਜਾ ਸਿੰਘ, ਬਲਵੀਰ ਸਿੰਘ, ਜਸਵੀਰ ਸਿੰਘ ਗਿਟਕੀ, ਸਰਬਣ ਸਿੰਘ ਸੈਣੀ ਤੋਂ ਇਲਾਵਾ ਹੋਰ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਵਧਾਈ ਦਿੱਤੀ ।



## ਸੈਣੀ ਨੇ ਜੁਲਾਨਾ ਵਿਧਾਨ ਸਭਾ ਵਾਸੀਆਂ ਨੂੰ ਦਿੱਤੀ ਕਰੋੜਾਂ ਰੁਪਏ ਦੀ ਵਿਕਾਸ ਪਰਿਯੋਜਨਾ ਦੀ ਸੌਗਾਤ

**ਚੰਡੀਗੜ੍ਹ** : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜੁਲਾਨਾ ਵਿਧਾਨ ਸਭਾ ਵਾਸੀਆਂ ਨੂੰ ਕਰੋੜਾਂ ਰੁਪਏ ਦੀਆਂ ਵਿਕਾਸ ਪਰਿਯੋਜਨਾਵਾਂ ਦੀ ਸੌਗਾਤ ਦਿੱਤੀ ਹੈ। ਉਨ੍ਹਾਂ ਜੁਲਾਨਾ ਵਿੱਚ 30 ਕਰੋੜ ਰੁਪਏ ਦੀ ਲਾਗਤ ਨਾਲ ਸਬ-ਡਵੀਜ਼ਨਲ ਕੰਪਲੈਕਸ ਦਾ ਨਿਰਮਾਣ ਕਰਵਾਉਣ ਦਾ ਐਲਾਨ ਕੀਤਾ। ਨਾਲ ਹੀ ਜੁਲਾਨਾ ਵਿਧਾਨ ਸਭਾ ਖੇਤਰ ਵਿੱਚ ਵੱਖ-ਵੱਖ ਪਿੰਡਾਂ ਵਿੱਚ ਮਾਈਨਰਾਂ ਦੇ ਮੁੜ ਨਿਰਮਾਣ ਨਾਲ ਸਬੰਧਤ ਕੁੱਲ 9 ਕੰਮਾਂ ਲਈ 15.71 ਕਰੋੜ ਰੁਪਏ ਦਾ ਐਲਾਨ ਕੀਤਾ। ਪੇਯਜਲ ਤੇ ਜਲ ਸਪਲਾਈ ਯੋਜਨਾਵਾਂ ਲਈ ਵੀ ਮੁੱਖ ਮੰਤਰੀ ਨੇ 12 ਕੰਮਾਂ ਲਈ 25 ਕਰੋੜ ਰੁਪਏ ਦਾ ਐਲਾਨ ਕੀਤਾ।ਮੁੱਖ ਮੰਤਰੀ ਨੇ ਇਹ ਐਲਾਨ ਸ਼ਨੀਵਾਰ ਜੁਲਾਨਾ ਵਿਧਾਨ ਸਭਾ ਦੇ ਪਿੰਡ ਨੰਦਗੜ੍ਹ ਵਿੱਚ ਆਯੋਜਿਤ ਪ੍ਰੋਗਰਾਮ ਦੌਰਾਨ ਕੀਤਾ। ਪ੍ਰੋਗਰਾਮ ਵਿੱਚ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਵੀ ਮੌਜੂਦ ਰਹੀ। ਸੈਣੀ ਨੇ ਬਰਾਹਕਲਾਂ ਪਿੰਡ ਵਿੱਚ ਪਸ਼ੂ ਹਸਪਤਾਲ ਭਵਨ ਲਈ 31 ਲੱਖ ਰੁਪਏ, ਜੁਲਾਨਾ ਵਿਧਾਨ ਸਭਾ ਦੇ ਚਾਰ ਪਿੰਡਾਂ ਸ਼ਾਦੀਪੁਰ, ਰਾਮਗੜ੍ਹ, ਕਰਮਗੜ੍ਹ ਅਤੇ ਰੂਪਗੜ੍ਹ ਵਿੱਚ ਆਂਗਣਵਾੜੀ ਕੇਂਦਰਾਂ ਦੇ ਨਿਰਮਾਣ ਲਈ 60 ਲੱਖ ਰੁਪਏ ਅਤੇ ਪਿੰਡ ਮਾਲਵੀ ਵਿੱਚ ਆਯੂਰਵੈਦਿਕ ਹਸਪਤਾਲ ਦੇ ਨਿਰਮਾਣ ਲਈ 67.90 ਲੱਖ ਰੁਪਏ ਦਾ ਐਲਾਨ ਕੀਤਾ।ਉਨ੍ਹਾਂ ਨੇ ਕਿਹਾ ਕਿ ਪਿੰਡ ਖਰੇਟੀ ਵਿੱਚ 33 ਕੇਵੀ ਸਬ-ਸਟੇਸ਼ਨ ਦੀ ਸਮਰੱਥਾ ਵਧਾਈ ਜਾਵੇਗੀ। ਜੁਲਾਨਾ ਵਿਧਾਨ ਸਭਾ ਵਿੱਚ ਸਕੂਲਾਂ ਦੀ ਮੁਰੰਮਤ ਕਰਵਾਈ ਜਾਵੇਗੀ। ਉਨ੍ਹਾਂ ਨੇ ਜੁਲਾਨਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਪਾਰਕਿੰਗ ਸ਼ੈਡ ਦੇ ਨਿਰਮਾਣ ਲਈ 20.25 ਲੱਖ ਰੁਪਏ ਅਤੇ ਦੇਵਗੜ੍ਹ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਚਾਰਦੀਵਾਰੀ ਅਤੇ ਪਰਿਸਰ ਨੂੰ ਪੱਕਾ ਬਣਾਉਣ ਲਈ 71.59 ਲੱਖ ਰੁਪਏ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਵਿਵਹਾਰਤਾ ਵਿੱਚ ਪੀਣ ਦੇ ਪਾਣੀ ਲਈ ਪਾਈਪ ਲਾਈਨ ਵਿਛਾਉਣ ਤਹਿਤ 1.25 ਕਰੋੜ ਰੁਪਏ ਤੋਂ ਇਲਾਵਾ, ਰਾਮਰਾਏ ਕਲਾਂ ਵਿੱਚ ਤੀਰਥ ਤਾਲਾਬ ਦੀ ਰਿਟੇਨਿੰਗ ਵਾਲ ਲਈ 1.50 ਕਰੋੜ ਰੁਪਏ ਦਾ ਐਲਾਨ ਕੀਤਾ। ਜੁਲਾਨਾ ਵਿਧਾਨਸਭਾਂ ਦੇ ਚਾਰ ਪਿੰਡਾਂ ਬਰਾਬਖੇੜਾ, ਨੰਦਗੜ੍ਹ, ਅਨੂਪਗੜ੍ਹ ਅਤੇ ਬਰਾਹਕਲਾਂ ਵਿੱਚ ਭੂਮੀ ਉਪਲਬਧ ਹੋਣ 'ਤੇ 2.20 ਕਰੋੜ ਰੁਪਏ ਦੀ ਲਾਗਤ ਨਾਲ ਸਬ-ਹੈਲਥ ਸੈਂਟਰ ਦਾ ਨਿਰਮਾਣ ਕਰਵਾਇਆ ਜਾਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਪਿੰਡ ਦੇਵਗੜ੍ਹ ਦਾ ਮਾਲ ਰਿਕਾਰਡ ਵਿੱਚ ਦਰਜ ਰਕਬੇ ਨੂੰ ਬਿਸਵਾ ਅਤੇ ਬਿਘੇ ਤੋਂ ਕਨਾਲ ਅਤੇ ਮਰਲਾ ਵਿੱਚ ਬਦਲਿਆ ਜਾਵੇਗਾ। ਪਿੰਡ ਨੰਦਗੜ੍ਹ ਅਤੇ ਜੁਲਾਨਾ ਵਿੱਚ ਖੇਡ ਸਟੇਡੀਅਮ ਦਾ ਮਜ਼ਬੂਤੀਕਰਨ ਤੇ ਨਵੀਨੀਕਰਨ ਕੀਤਾ ਜਾਵੇਗਾ।

## ਏ ਟੀ ਓ ਵੱਲੋਂ ਸਕੂਲ ਪ੍ਰਬੰਧਕਾਂ ਨਾਲ ਮੀਟਿੰਗ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਸੇਫ ਸਕੂਲ ਵਾਹਨ ਸਕੀਮ ਤਹਿਤ ਸਕੂਲ ਜਾਂਦੇ ਵਿਦਿਆਰਥੀਆਂ ਲਈ ਸੁਰੱਖਿਅਤ ਅਵਾਜਾਈ ਨੂੰ ਯਕੀਨੀ ਬਣਾਉਣ ਲਈ ਸਹਾਇਕ ਟਰਾਂਸਪੋਰਟ ਅਫ਼ਸਰ ਕਮਲੇਸ਼ ਕੁਮਾਰੀ ਵੱਲੋਂ ਇਸ ਸਕੀਮ ਨੂੰ ਸੁਚਾਰੂ ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਹਿੱਤ ਸਕੂਲ ਪ੍ਰਬੰਧਕਾਂ ਨਾਲ ਲੜੀਵਾਰ ਮੀਟਿੰਗਾਂ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਆਈ ਵੀ ਵਾਈ ਵਰਲਡ ਸਕੂਲ ਜਲੰਧਰ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਏ ਟੀ ਓ ਕਮਲੇਸ਼ ਕੁਮਾਰੀ ਨੇ ਜ਼ੋਰ ਦੇ ਕੇ ਕਿਹਾ ਕਿ ਹਰੇਕ ਸਕੂਲ ਨੂੰ ਸਕੂਲੀ ਵਿਦਿਆਰਥੀਆਂ ਨੂੰ ਲਿਆਉਣ ਵਾਲੀਆਂ ਬੱਸਾਂ ਦੇ ਸਾਰੇ ਦਸਤਾਵੇਜ਼ ਮੌਜੂਦ ਹੋਣੇ ਚਾਹੀਦੇ ਹਨ।ਏ ਟੀ ਓ ਨੇ ਸਕੂਲ ਪ੍ਰਬੰਧਕਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਸਮੇਂ-ਸਮੇਂ 'ਤੇ ਵਿਦਿਆਰਥੀਆਂ ਦੇ ਮਾਪਿਆਂ ਤੋਂ ਫੀਡਬੈਕ ਲਈ ਜਾਵੇ। ਏ ਟੀ ਓ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਬੱਸਾਂ ਰਾਹੀਂ ਸਕੂਲ ਜਾਣ ਵਾਲੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

## ਪੰਜਾਬ ਦੇ ਲੋਕ ਭਾਜਪਾ ਦੀਆਂ ਲੋਕ-ਪੱਖੀ ਸਕੀਮਾਂ ਤੋਂ ਖ਼ੁਸ਼ : ਲੱਕੀ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਐਸ.ਬੀ.ਐਸ. ਨਗਰ ਵੱਲੋਂ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਅਗਵਾਈ ਹੇਠ ਹਲਕਾ ਬਲਾਚੌਰ ਦੇ ਪਿੰਡ ਛਦੌਂੜੀ ਵਿਖੇ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਵਿਸ਼ੇਸ਼ ਸਹਾਇਤਾ ਕੈਂਪ ਲਗਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਲੱਕੀ ਨੇ ਕਿਹਾ ਕਿ ਕੇਂਦਰੀ ਸਕੀਮਾਂ ਦੇ ਕੈਂਪ ਲਗਾ ਕੇ ਭਾਜਪਾ ਲੋਕਾਂ ਨੂੰ ਸਹੂਲਤਾਂ ਦੇ ਰਹੀ ਹੈ ਅਤੇ ਲੋਕ ਬੀ ਜੇ ਪੀ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੈ ਕੇ ਬਹੁਤ ਖੁਸ਼ ਹਨ। ਛਦੌਂੜੀ ਦੇ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸਕੀਮਾਂ ਦਾ ਲਾਭ ਲਿਆ।ਕੈਂਪ ਦੌਰਾਨ ਆਯੁਸ਼ਮਾਨ ਕਾਰਡ ਬਣਾਏ ਗਏ, ਜਿਸ ਰਾਹੀਂ ਲਾਭਪਾਤਰੀ ਹੁਣ 5 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਪ੍ਰਾਪਤ ਕਰ ਸਕਣਗੇ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਕਿਸਾਨਾਂ ਨੇ ਆਪਣੀ ਕੇ ਵਾਈ ਸੀ ਕਰਵਾਈ, ਜੋ ਉਨ੍ਹਾਂ ਨੂੰ ਰੁਪਏ 6 ਹਜ਼ਾਰ ਸਾਲਾਨਾ ਦੀ ਆਵਰਤੀ ਰਾਸ਼ੀ ਲੈਣ ਯੋਗ ਬਣਾਉਂਦੀ ਹੈ।ਮਹਿਲਾਵਾਂ ਲਈ ਟੂਲ ਕਿੱਟ ਯੋਜਨਾ ਤਹਿਤ ਮਹਿਲਾਵਾਂ ਨੇ ਟੂਲ ਕਿੱਟ ਲਈ ਫਾਰਮ ਭਰਵਾਏ । ਕਈ ਅਣਸੰਗਠਿਤ ਖੇਤਰਾਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨੇ ਵੀ ਆਪਣੇ ਈ-ਸ਼੍ਰਮ ਕਾਰਡ ਬਣਵਾਏ, ਜਿਸ ਨਾਲ ਉਹ ਭਵਿੱਖ ਵਿੱਚ ਸਰਕਾਰੀ ਲਾਭਾਂ ਦੇ ਹੱਕਦਾਰ ਬਣਨਗੇ। ਇਸ ਮੌਕੇ ਭਾਜਪਾ ਆਗੂ ਐਡਵੋਕੇਟ ਦਿਨੇਸ਼ ਭਾਰਦਵਾਜ ਨੇ ਕਿਹਾ ਕਿ ਭਾਜਪਾ ਦੇ ਵਰਕਰ ਪਿੰਡ ਪਿੰਡ ਜਾ ਕੇ ਇਹ ਯੋਜਨਾਵਾਂ ਲੋਕਾਂ ਤੱਕ ਪਹੁੰਚਾ ਰਹੇ, ਜਿਸ ਦਾ ਲਾਭ ਗਰੀਬ ਲੋਕਾਂ ਨੂੰ ਮਿਲ ਰਿਹਾ ਹੈ ।ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਡਾਕਟਰ ਕੁਲਵਿੰਦਰ ਸਿੰਘ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਭਾਜਪਾ ਹਮੇਸ਼ਾ ਜਨ-ਸੇਵਾ ਨੂੰ ਆਪਣਾ ਧਰਮ ਮੰਨਦੀ ਹੈ। ਇਸ ਮੌਕੇ ਸਰਪੰਚ ਗੁਰਦੀਪ ਸਿੰਘ, ਪੰਕਜ ਕੁਮਾਰ ਪ੍ਰਧਾਨ ਯੁਵਾ ਮੋਰਚਾ, ਸਾਬਕਾ ਮੰਡਲ ਪ੍ਰਧਾਨ ਰਾਜ ਕੁਮਾਰ, ਕੀਮਤੀ ਲਾਲ ਅਤੇ ਸੈਂਕੜੇ ਦੀ ਗਿਣਤੀ ਵਿੱਚ ਪਿੰਡ ਦੇ ਵਸਨੀਕ ਮੌਜੂਦ ਰਹੇ।



## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੀਆਂ ਖਿਡਾਰਨਾਂ ਨੇ ਮੱਲਾਂ ਮਾਰੀਆਂ

**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸੀ ਬੀ ਐਸ ਸੀ ਵਾਲੀਬਾਲ ਕਲਸਟਰ 18ਵੇਂ ਟੂਰਨਾਮੈਂਟ ਦੌਰਾਨ ਲੜਕੀਆਂ ਦੇ ਫਾਈਨਲ ਮੁਕਾਬਲੇ ਬਹੁਤ ਫਸਵੇਂ ਰਹੇ।ਇਸ ਦੌਰਾਨ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਤੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਅਤੇ ਸਟਾਫ ਮੈਂਬਰਾਂ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ ਕੀਤਾ।ਲੜਕੀਆਂ ਦੇ ਵਾਲੀਬਾਲ ਅੰਡਰ 14 ਮੁਕਾਬਲੇ 'ਚ ਡੀ ਏ ਵੀ ਸਕੂਲ ਲੁਧਿਆਣਾ ਜੇਤੂ ਅਤੇ ਮੇਜ਼ਬਾਨ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੂਜੇ ਸਥਾਨ 'ਤੇ ਰਿਹਾ।ਆਕਸਫੋਰਡ ਇੰਟਰਨੈਸ਼ਨਲ ਸਕੂਲ ਹੁਸ਼ਿਆਰਪੁਰ ਤੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸੁਲਤਾਨਪੁਰ ਲੋਧੀ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਿਹਾ।ਡੀ ਏ ਵੀ ਪਬਲਿਕ ਸਕੂਲ ਲੁਧਿਆਣਾ ਦੀ ਸ੍ਰਿਸ਼ਟੀ ਸਿੰਘ ਅੰਡਰ 14 ਦੀ ਬੈਸਟ ਪਲੇਅਰ ਰਹੀ।ਅੰਡਰ 17 ਦੇ ਮੁਕਾਬਲੇ 'ਚ ਮੇਜ਼ਬਾਨ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਜੇਤੂ ਅਤੇ ਸਕਾਲਰ ਪਬਲਿਕ ਸਕੂਲ ਲੁਧਿਆਣਾ ਦੂਸਰੇ ਸਥਾਨ 'ਤੇ ਰਿਹਾ।ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸੁਲਤਾਨਪੁਰ ਲੋਧੀ ਤੇ ਰਿਆਨ ਇੰਟਰਨੈਸ਼ਨਲ ਸਕੂਲ ਲੁਧਿਆਣਾ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੇ।ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਦੀ ਜਸਮੀਤ ਕੌਰ ਅੰਡਰ 17 ਦੀ ਬੈਸਟ ਪਲੇਅਰ ਦਾ ਅਵਾਰਡ ਹਾਸਲ ਕਰਨ 'ਚ ਸਫਲ ਰਹੀ।ਅੰਡਰ 19 ਦੇ ਮੁਕਾਬਲੇ 'ਚ ਡੀ ਏ ਵੀ ਲੁਧਿਆਣਾ ਜੇਤੂ ਅਤੇ ਦਰਸ਼ਨ ਅਕੈਡਮੀ ਦੂਸਰੇ ਦੂਸਰੇ ਸਥਾਨ 'ਤੇ ਰਿਹਾ।ਪ੍ਰਤਾਪ ਵਲਡ ਸਕੂਲ ਪਠਾਨਕੋਟ ਤੇ ਮਾਡਰਨ ਸੰਦੀਪਨੀ ਸਕੂਲ ਪਠਾਨਕੋਟ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੇ।ਡੀ ਏ ਵੀ ਸਕੂਲ ਦੀ ਗੀਤ ਕੌਰ ਅੰਡਰ 19 ਦੇ ਮੁਕਾਬਲੇ 'ਚ ਬੈਸਟ ਪਲੇਅਰ ਦਾ ਅਵਾਰਡ ਹਾਸਲ ਕਰਨ 'ਚ ਸਫਲ ਰਹੀ।ਸੰਜੀਵ ਗਾਂਧੀ ਟੂਰਨਾਮੈਂਟ ਅਬਜ਼ਰਵਰ ਅਤੇ ਟੈਕਨੀਕਲ ਡੇਲੀਗੇਟਸ ਵੱਜੋਂ ਨਿਖਿਲ ਹੰਸ ਸ਼ਾਮਲ ਹੋਏ।ਲੜਕੀਆਂ ਦੇ ਫਾਈਨਲ ਮੁਕਾਬਲਿਆਂ ਉਪਰੰਤ ਜੇਤੂ ਟੀਮਾਂ ਦੇ ਖਿਡਾਰਨਾਂ ਨੂੰ ਸਨਮਾਨਿਤ ਕੀਤਾ ਗਿਆ ।




## ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਸੰਗਰੂਰ ਰੈਲੀ 'ਚ ਸੈਂਕੜੇ ਪੇਂਡੂ ਮਜ਼ਦੂਰ ਸ਼ਾਮਲ ਹੋਣਗੇ : ਚੀਦਾ

**ਅੱਡਾ ਸਰਾਂ (ਜਸਵੀਰ ਕਾਜਲ)**- ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਸੂਬਾ ਸੱਦੇ ਤਹਿਤ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਗ੍ਰਿਫ਼ਤਾਰ ਸਾਥੀਆਂ ਦੀ ਬਿਨਾਂ ਸ਼ਰਤ ਰਿਹਾਈ ਅਤੇ ਪੁਲਸ ਜਬਰ ਖਿਲਾਫ਼ ਮਜ਼ਦੂਰ ਕਿਸਾਨ ਜਥੇਬੰਦੀਆਂ ਵਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਕੀਤੇ ਜਾ ਰਹੇ ਰੈਲੀ ਅਤੇ ਮੁਜ਼ਾਹਰੇ ਵਿੱਚ ਇਲਾਕੇ ਭਰ ਚੋਂ ਸੈਂਕੜੇ ਵਰਕਰ ਸ਼ਮੂਲੀਅਤ ਕਰਨਗੇ। ਯੂਨੀਅਨ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਚੀਦਾ, ਤਹਿਸੀਲ ਪ੍ਰਧਾਨ ਨਾਵਲ ਗਿੱਲ ਟਾਹਲੀ ਅਮਰੀਕ ਸਿੰਘ ਬੁੱਲ੍ਹੋਵਾਲ ਨੇ ਪਿੰਡ ਟਾਹਲੀ 'ਚ ਮੀਟਿੰਗ ਉਪਰੰਤ ਇਹ ਐਲਾਨ ਕੀਤਾ।ਉਨ੍ਹਾਂ ਦੱਸਿਆ ਕਿ 20 ਮਈ ਨੂੰ ਸੰਗਰੂਰ ਵਿਖੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵਲੋਂ ਬੇਗਮਪੁਰਾ ਵਸਾਉਣ ਜਾਂਦੇ ਦਲਿਤਾਂ ਅਤੇ ਬੇਜ਼ਮੀਨੇ ਲੋਕਾਂ ਨੂੰ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਝੂਠੇ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਸੀ ਅਤੇ ਸੰਘਰਸ਼ ਕਮੇਟੀ ਦੇ ਰੋਸ ਪ੍ਰਦਰਸ਼ਨ ਕਰਨ ਉੱਪਰ ਅਣਐਲਾਨੀ ਪਾਬੰਦੀ ਲਗਾ ਦਿੱਤੀ ਗਈ ਹੈ। ਪੰਜਾਬ ਸਰਕਾਰ ਦੇ ਇਸ ਜਾਬਰ ਰਵੱਈਏ ਦਾ ਮੂੰਹਤੋੜ ਜਵਾਬ ਦੇਣ ਲਈ ਪੰਜਾਬ ਦੀਆਂ ਸੰਘਰਸ਼ਸ਼ੀਲ ਮਜ਼ਦੂਰ ਕਿਸਾਨ ਜਥੇਬੰਦੀਆਂ ਵਲੋਂ ਪਿਛਲੇ ਦਿਨੀਂ ਮੀਟਿੰਗ ਕਰਕੇ 25 ਜੁਲਾਈ ਨੂੰ ਸੰਗਰੂਰ ਅਨਾਜ ਮੰਡੀ ਵਿੱਚ ਵਿਸ਼ਾਲ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਬੇਗਮਪੁਰਾ ਵਸਾਉਣ ਜਾਂਦੇ ਗ੍ਰਿਫ਼ਤਾਰ ਕੀਤੇ ਗਏ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਕਾਰਕੁਨਾਂ ਦੀ ਰਿਹਾਈ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵਲੋਂ ਖ਼ਾਸਕਰ ਸੰਗਰੂਰ ਅੰਦਰ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨਾਂ ਉੱਪਰ ਲਗਾਈ ਅਣਐਲਾਨੀ ਪਬੰਦੀ ਖਿਲਾਫ਼ ਅਤੇ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਨ ਵਿਰੁੱਧ 25 ਜੁਲਾਈ ਨੂੰ ਹੋਣ ਵਾਲੀ ਇਸ ਵਿਸ਼ਾਲ ਰੈਲੀ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੈਂਕੜੇ ਕਾਰਕੁਨ ਇਸ ਦਾ ਹਿੱਸਾ ਬਣਨਗੇ। ਉਨ੍ਹਾਂ ਦੱਸਿਆ ਕਿ ਇਸ ਰੈਲੀ ਦੀ ਤਿਆਰੀ ਲਈ ਪਿੰਡਾਂ ਵਿੱਚ ਰੈਲੀਆਂ ਮੀਟਿੰਗਾਂ ਕਰਕੇ ਪੰਜਾਬ ਸਰਕਾਰ ਦੀਆਂ ਦਲਿਤ ਵਿਰੋਧੀ ਨੀਤੀਆਂ ਦਾ ਪਰਦਾਫਾਸ਼ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਇਸ ਜਬਰ ਖਿਲਾਫ਼ ਰੈਲੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਜਾ ਰਿਹਾ ਹੈ।ਇਸ ਮੌਕੇ ਤਹਿਸੀਲ ਆਗੂ ਧਰਮਿੰਦਰ ਸਿੰਘ, ਸੁੱਖਵਿੰਦਰ ਸਿੰਘ, ਮੰਗਤ ਰਾਮ ਨੇ ਵੀ ਸੰਬੋਧਨ ਕੀਤਾ।



## ਪ੍ਰਾਜੈਕਟ 'ਚੇਤਨਾ' ਤਹਿਤ 200 ਵਿਦਿਆਰਥੀਆਂ ਨੂੰ ਮੁਢਲੀ ਸਹਾਇਤਾ ਸੰਬੰਧੀ ਸਿਖ਼ਲਾਈ

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ 'ਚੇਤਨਾ' ਪ੍ਰਾਜੈਕਟ ਤਹਿਤ ਸਥਾਨਕ ਐਸ.ਓ.ਈ. ਸਕੂਲ ਭਾਰਗੋ ਕੈਂਪ ਵਿਖੇ 'ਬੇਸਿਕ ਲਾਈਫ਼ ਸੇਵਿੰਗ ਟ੍ਰੇਨਿੰਗ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ ਗਈ। ਇਸ ਬੇਸਿਕ ਲਾਈਫ਼ ਸੇਵਿੰਗ ਟ੍ਰੇਨਿੰਗ ਵਿੱਚ ਕਰੀਬ 200 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਨੂੰ ਮੁੱਢਲੀ ਸਹਾਇਤਾ ਸਬੰਧੀ ਵਿਸਥਾਰ ਨਾਲ ਸਿਖ਼ਲਾਈ ਪ੍ਰਦਾਨ ਕੀਤੀ ਗਈ। ਇਸ ਮੌਕੇ ਸਹਾਇਕ ਕਮਿਸ਼ਨਰ (ਯੂ.ਟੀ.) ਮੁਕੀਲਨ ਆਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਮੁੱਢਲੀ ਸਹਾਇਤਾ ਸਬੰਧੀ ਸਿਖ਼ਲਾਈ ਬੜੇ ਗਹੁ ਨਾਲ ਪ੍ਰਾਪਤ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਉਹ ਕਿਸੇ ਵੀ ਅਣਸੁਖਾਵੀਂ ਘਟਨਾ, ਮਹਾਮਾਰੀ, ਕੁਦਰਤੀ ਆਫ਼ਤ ਆਦਿ ਵਿਚ ਜ਼ਖ਼ਮੀ ਹੋਏ ਵਿਅਕਤੀਆਂ ਦੀ ਲੋੜ ਪੈਣ 'ਤੇ ਮਦਦ ਕਰ ਸਕਣ।ਇਸ ਤੋਂ ਪਹਿਲਾਂ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸ਼ਾਖਾ ਜਲੰਧਰ ਡਾ. ਸੁਰਜੀਤ ਲਾਲ ਨੇ ਮੁੱਖ ਮਹਿਮਾਨ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਨਿਰਦੇਸ਼ਾਂ ਅਨੁਸਾਰ ਇਹ ਬੇਸਿਕ ਲਾਈਫ਼ ਸੇਵਿੰਗ ਟ੍ਰੇਨਿੰਗ ਜ਼ਿਲ੍ਹੇ ਦੇ ਸਮੂਹ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਦਿੱਤੀ ਜਾਵੇਗੀ ਤਾਂ ਜੋ ਲੋੜ ਪੈਣ 'ਤੇ ਇਨ੍ਹਾਂ ਵਿਦਿਆਰਥੀਆਂ ਦੀਆਂ ਸੇਵਾਵਾਂ ਵਰਤੀਆਂ ਜਾ ਸਕਣ।ਟ੍ਰੇਨਿੰਗ ਉਪਰੰਤ ਵਿਦਿਆਰਥੀਆਂ ਵੱਲੋਂ ਮੁੱਢਲੀ ਸਹਾਇਤਾ ਸਬੰਧੀ ਰੈਲੀ ਵੀ ਕੱਢੀ ਗਈ, ਜਿਸ ਵਿਚ 350 ਵਿਦਿਆਰਥੀਆਂ ਨੇ ਭਾਗ ਲਿਆ। ਮੁੱਖ ਮਹਿਮਾਨ ਵੱਲੋਂ ਸਕੂਲ ਦੇ ਪ੍ਰਿੰਸੀਪਲ ਦਿਨੇਸ਼ ਕੁਮਾਰ ਨੂੰ ਸਨਮਾਨਤ ਕੀਤਾ ਗਿਆ । ਸਟੇਜ ਸੰਚਾਲਨ ਲੈਕਚਰਾਰ ਸਮੀਰਾ ਵੱਲੋਂ ਕੀਤਾ ਗਿਆ ।

## ਸ੍ਰੀ ਹਨੂਮਤ ਇੰਸਟੀਚਿਊਟ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਆਰੰਭਤਾ

**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸਿਮਟ) ਵਿਖੇ ਨਵੇਂ ਅਕਾਦਮਿਕ ਸੈਸ਼ਨ ਦਾ ਸ਼ੁੱਭ ਆਰੰਭ ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਨਿਗਰਾਨੀ ਹੇਠ ਕੀਤਾ ਗਿਆ। ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਉਪਰੰਤ ਪਾਠੀ ਸਿੰਘਾਂ ਨੇ ਇੰਸਟੀਚਿਊਟ ਦੀ ਤਰੱਕੀ ਅਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਅਰਦਾਸ ਕੀਤੀ। ਸਮਾਗਮ ਦੌਰਾਨ ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਗਿਰੀਸ਼ ਗੁਪਤਾ, ਪ੍ਰਿੰਸੀਪਲ ਨਰੇਸ਼ ਗੁਪਤਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਕੰਗ ਅਤੇ ਡੀਨ ਅਕਾਦਮਿਕ ਦੀਪਕ ਠਾਕੁਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪਤਵੰਤਿਆਂ ਨੇ ਨਤਮਸਤਕ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਅਸ਼ੀਰਵਾਦ ਲਿਆ। ਉਪਰੰਤ ਸਾਰੇ ਫੈਕਲਟੀ ਮੈਂਬਰਾਂ ਨੂੰ ਸ਼ੁੱਭ ਇੱਛਾਵਾਂ ਦਿੰਦੇ ਹੋਏ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦਾ ਇੰਸਟੀਚਿਊਟ ਪੰਜਾਬ ਟੈਕਨੀਕਲ ਯੂਨੀਵਰਸਿਟੀ (ਪੀ.ਟੀ.ਯੂ.) ਨਾਲ ਜੁੜਿਆ ਹੈ ਅਤੇ ਤਕਨੀਕੀ ਸਿੱਖਿਆ ਦੇ ਖੇਤਰ ਵਿੱਚ ਉੱਤਰੀ ਭਾਰਤ ਦੇ ਸਭ ਤੋਂ ਵਧੀਆ ਵਿੱਦਿਅਕ ਕੇਂਦਰਾਂ ਵਿੱਚ ਇੱਕ ਵਿਸ਼ੇਸ਼ ਪਛਾਣ ਰੱਖਦਾ ਹੈ। ਉਨ੍ਹਾਂ ਦੱਸਿਆ ਕਿ ਇੰਸਟੀਚਿਊਟ ਵਿਖੇ ਬੀ.ਬੀ.ਏ., ਬੀ.ਐਚ.ਐਮ.ਸੀ.ਟੀ., ਬੀ.ਐਮ.ਐਲ.ਐਸ., ਬੀ.ਕਾਮ, ਬੀ.ਟੀ.ਟੀ.ਐਮ. ਤੋਂ ਇਲਾਵਾ ਫੈਸ਼ਨ ਡਿਜ਼ਾਈਨਿੰਗ ਦੇ ਵੱਖ-ਵੱਖ ਵਿਭਾਗਾਂ ਵਿੱਚ ਬਹੁਤ ਹੁਨਰਮੰਦ ਫੈਕਲਟੀ ਸਟਾਫ ਦੁਆਰਾ ਸਭ ਤੋਂ ਸਰਬਉੱਤਮ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ। ਵਿੱਦਿਅਕ ਅਦਾਰਾ ਨਾਮਵਰ ਉਦਯੋਗਿਕ ਇਕਾਈਆਂ ਨਾਲ ਐਮ.ਓ.ਯੂ. ਰਾਹੀਂ ਪ੍ਰੈਕਟੀਕਲ ਸਿਖਲਾਈ ਅਤੇ ਪਲੇਸਮੈਂਟ ਲਈ ਵੀ ਵਧੀਆ ਮੌਕੇ ਪ੍ਰਦਾਨ ਕਰਦਾ ਹੈ। ਹਰੇਕ ਸਮੈਸਟਰ ਦੀ ਪ੍ਰੀਖਿਆ 'ਚ ਸਿਮਟ ਕਾਲਜ ਦਾ ਨਤੀਜਾ ਹਮੇਸ਼ਾ ਸ਼ਾਨਦਾਰ ਰਹਿੰਦਾ ਹੈ।



## ਸੀ ਐੱਚ ਸੀ ਹਾਰਟਾ ਬੱਡਲਾ ਵਿਖੇ ਮਨਾਇਆ ਵਿਸ਼ਵ ਆਬਾਦੀ ਦਿਵਸ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੀ.ਐਚ.ਸੀ ਹਾਰਟਾ ਬੱਡਲਾ ਵਿਖੇ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ।ਸਾਰਥਕ ਜਨਸੰਖਿਆ ਨੀਤੀ ਅਤੇ ਪਰਵਾਰ ਨਿਯੋਜਨ ਅਵਸਰਾਂ ਰਾਹੀਂ ਵਧ ਰਹੀ ਆਬਾਦੀ ਦੇ ਸੰਕਟ ਨੂੰ ਦੂਰ ਕਰ ਸਕਦੇ ਹਾਂ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਨੇ ਅੱਜ ਸੀ.ਐਚ.ਸੀ ਹਾਰਟਾ ਬਡਲਾ ਵਿਖੇ ਕਰਵਾਏ ਵਿਸ਼ਵ ਅਬਾਦੀ ਦਿਵਸ ਸੰਬੰਧੀ ਜਾਗਰੂਕਤਾ ਸੈਮੀਨਾਰ ਦੌਰਾਨ ਕੀਤਾ। ਉਨਾਂ ਕਿਹਾ ਕਿ ਬੇਤਹਾਸ਼ਾ ਆਬਾਦੀ ਵਧਣ ਨਾਲ ਪਰਯਾਵਰਨ ਪ੍ਰਦੂਸ਼ਣ, ਰੋਜ਼ਗਾਰ ਦੀ ਘਾਟ, ਭੋਜਨ ਅਤੇ ਪੀਣ ਵਾਲੇ ਪਾਣੀ ਦੀ ਕਮੀ ਵਰਗੀਆਂ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ ਜੋ ਕਿ ਮਨੁੱਖੀ ਜੀਵਨ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਉਨਾਂ ਦੱਸਿਆ ਕਿ 1989 ਵਿੱਚ ਸੰਸਾਰ ਦੀ ਆਬਾਦੀ ਲਗਭਗ 5 ਅਰਬ ਸੀ ਤੇ ਅੱਜ ਇਹ ਗਿਣਤੀ 8 ਅਰਬ ਤੋਂ ਵੱਧ ਹੋ ਚੁੱਕੀ ਹੈ। ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਆਬਾਦੀ ਵਧਣ ਨਾਲ ਜੁੜੀਆਂ ਸਮੱਸਿਆਵਾਂ, ਸੰਸਾਧਨਾਂ ਦੀ ਘਾਟ ਅਤੇ ਵਿਕਾਸ ਨਾਲ ਸੰਬੰਧਤ ਮੁੱਦਿਆਂ ਵੱਲ ਧਿਆਨ ਦਿਵਾਉਣਾ ਹੈ। ਉਨਾਂ ਦੱਸਿਆ ਕਿ ਭਾਰਤ ਅੱਜ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਗਿਆ ਹੈ। ਇੱਕ ਪਾਸੇ ਇਹ ਸਾਡੀ ਕਿਰਤ ਸ਼ਕਤੀ ਅਤੇ ਨੌਜਵਾਨ ਆਬਾਦੀ ਦਾ ਪ੍ਰਤੀਕ ਹੈ, ਦੂਜੇ ਪਾਸੇ ਇਹ ਸਾਡੇ ਸਰੋਤਾਂ, ਸਿਹਤ ਸੇਵਾਵਾਂ, ਸਿੱਖਿਆ ਪ੍ਰਣਾਲੀ, ਰੁਜ਼ਗਾਰ ਅਤੇ ਵਾਤਾਵਰਣ 'ਤੇ ਵੀ ਬਹੁਤ ਦਬਾਅ ਪਾ ਰਿਹਾ ਹੈ। ਭੀੜ-ਭੜੱਕਾ, ਬੇਰੁਜ਼ਗਾਰੀ, ਕੁਪੋਸ਼ਣ, ਝੁੱਗੀਆਂ-ਝੌਂਪੜੀਆਂ, ਪਾਣੀ ਸੰਕਟ ਅਤੇ ਪ੍ਰਦੂਸ਼ਣ ਵਰਗੀਆਂ ਸਮੱਸਿਆਵਾਂ ਤੇਜ਼ੀ ਨਾਲ ਵਧ ਰਹੀ ਆਬਾਦੀ ਦਾ ਨਤੀਜਾ ਹਨ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵਲੋਂ ਵੀ ਆਬਾਦੀ ਨੂੰ ਕੰਟਰੋਲ ਕਰਨ ਲਈ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ ਜਿਨ੍ਹਾਂ ਵਿੱਚ ਜਣਨੀ ਸੁਰੱਖਿਆ ਯੋਜਨਾ, ਅੰਤਰਾ ਯੋਜਨਾ, ਮਾਲਾ-ਐਨ ਆਈ ਯੋਜਨਾ ਅਤੇ ਡਾਕਟਰੀ ਸਹਾਇਤਾ ਦੀ ਮੁਫਤ ਸਪਲਾਈ ਵਰਗੀਆਂ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸਿਹਤ ਕਰਮਚਾਰੀਆਂ ਅਤੇ ਆਸ਼ਾ ਵਰਕਰਾਂ ਰਾਹੀਂ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਹਾਲਾਂਕਿ ਇਹ ਸਾਰੇ ਯਤਨ ਉਦੋਂ ਹੀ ਸਫਲ ਹੋ ਸਕਦੇ ਹਨ ਜਦੋਂ ਸਮਾਜ ਸਹਿਯੋਗ ਕਰੇ ਅਤੇ ਆਬਾਦੀ ਨਿਯੰਤਰਣ ਨੂੰ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਾ ਸਮਝੇ। ਇਹ ਇੱਕ ਸਮੂਹਿਕ ਸਮਾਜਿਕ ਜ਼ਿੰਮੇਵਾਰੀ ਹੈ।



## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਕਾਸ਼ ਦਿਹਾੜਾ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਠਵੀਂ ਪਾਤਸ਼ਾਹੀ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਦਿਹਾੜਾ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਕੂਲ ਵਿਦਿਆਰਥੀਆਂ ਵੱਲੋਂ ਇਕ ਧਾਰਮਿਕ ਸਮਾਗਮ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਕਵਿਤਾਵਾਂ, ਲੈਕਚਰ, ਕਵੀਸ਼ਰੀ ਅਤੇ ਸ਼ਬਦ ਗਾਇਨ ਕੀਤਾ।ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਮੁਖੀ ਪ੍ਰਿੰਸੀਪਲ ਚਰਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦੀ ਜੀਵਨੀ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਨੁਸਾਰ ਦੱਸੇ ਰਾਹ 'ਤੇ ਚੱਲਣ ਲਈ ਪ੍ਰੇਰਿਆ। ਸਕੂਲ ਦੇ ਮੈਂਬਰ ਇੰਚਾਰਜ ਡਾਕਟਰ ਪ੍ਰਭਜੋਤ ਕੌਰ ਨੇ ਵੀ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਜਿੱਥੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਬਾਰੇ ਚਾਨਣਾ ਪਾਇਆ ਉੱਥੇ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਆ। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਅਤੇ ਮਾਤਾ ਪਿਤਾ ਸਾਹਿਬਾਨ ਦਾ ਧੰਨਵਾਦ ਕੀਤਾ। ਮੈਡਮ ਬਲਦੀਪ ਕੌਰ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ, ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਪ੍ਰਧਾਨ ਸਰਬਜੀਤ ਸਿੰਘ ਰੈਣੂੰ, ਵਪਾਰ ਮੰਡਲ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ, ਉੱਘੇ ਸਮਾਜ ਸੇਵੀ ਨੰਬਰਦਾਰ ਕੁਲਦੀਪ ਸਿੰਘ, ਪ੍ਰਿੰਸੀਪਲ ਆਸ਼ਾ ਰਾਣੀ, ਸਤਿਨਾਮੁ ਸਰਬ ਕਲਿਆਣ ਟਰੱਸਟ ਵੱਲੋਂ ਮੈਡਮ ਚਰਨਜੀਤ ਕੌਰ, ਉੱਘੇ ਸਮਾਜ ਸੇਵਿਕਾ ਜਸਵਿੰਦਰ ਕੌਰ ਸੱਗੂ, ਡਾਕਟਰ ਮਨਜੀਤ ਸਿੰਘ, ਠੇਕੇਦਾਰ ਜਗਜੀਤ ਸਿੰਘ ਜੱਗੀ, ਕੈਪਟਨ ਤਰਸੇਮ ਸਿੰਘ, ਆਪ ਆਗੂ ਜਸਪਾਲ ਸਿੰਘ ਪੰਮੀ, ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀ ਅਤੇ ਸਮੂਹ ਸਟਾਫ ਹਾਜ਼ਰ ਸੀ।



21-JULY-PAGE-10.qxd 7/20/2025 9:29 PM Page 1



## ਇਮਤਿਹਾਨ 'ਚੋਂ ਅੱਵਲ ਰਹਿਣ ਵਾਲੀ ਵਿਦਿਆਰਥਣ ਨੂੰ ਦਿੱਤਾ ਵਜ਼ੀਫ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਦੌਲਤਪੁਰਾ ਨੀਵਾਂ ਵਿਖੇ ਵਜ਼ੀਫ਼ਾ ਵੰਡ ਸਮਾਗਮ ਕਰਵਾਇਆ ਗਿਆ।ਇਸ ਮੌਕੇ ਪਿੰਡ ਦੇ ਜੰਮਪਲ ਤੇ ਕੈਨੇਡਾ ਵਾਸੀ ਬਲਵਿੰਦਰ ਸਿੰਘ ਗੁੱਲੂ (ਰਿਟ: ਪ੍ਰਿੰ:) ਨੇ ਆਪਣੀ ਸੁਪਤਨੀ ਅਧਿਆਪਕਾ ਸ੍ਰੀਮਤੀ ਰਵਿੰਦਰ ਕੌਰ ਦੀ ਯਾਦ ਵਿੱਚ ਸਕੂਲ ਦੀ ਪੰਜਵੀਂ ਜਮਾਤ ਦੇ ਇਮਤਿਹਾਨ ਵਿੱਚੋਂ ਅੱਵਲ ਰਹਿਣ ਵਾਲੀ ਵਿਦਿਆਰਥਣ ਜਸਪ੍ਰੀਤ ਕੌਰ ਸਪੁੱਤਰੀ ਗੁਰਤੇਜ ਸਿੰਘ ਨੂੰ 600 ਰੁਪਏ ਵਜ਼ੀਫਾ ਦਿੱਤਾ ਗਿਆ।ਸਮਾਗਮ ਦੇ ਆਰੰਭ ਵਿੱਚ ਹੈੱਡ ਟੀਚਰ ਹਰਜਿੰਦਰ ਸਿੰਘ ਨੇ ਆਈਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ।ਬਲਵਿੰਦਰ ਸਿੰਘ ਗੁੱਲੂ ਨੇ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਆ। ਉਨ੍ਹਾਂ ਅਗਲੇ ਸਾਲ ਤੋਂ ਪਹਿਲੀ ਤੋਂ ਪੰਜਵੀਂ ਕਲਾਸ ਦੇ ਸਾਰੇ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਵਜ਼ੀਫ਼ਾ ਦੇਣ ਦਾ ਐਲਾਨ ਕੀਤਾ।ਇਸ ਮੌਕੇ ਪ੍ਰੋ. ਬਲਵਿੰਦਰ ਸਿੰਘ ਵੱਲੋਂ ਜਸਪ੍ਰੀਤ ਕੌਰ ਨੂੰ ਵਿਸ਼ੇਸ਼ ਇਨਾਮ ਵਜੋਂ ਟੱਚ ਘੜੀ ਦਿੱਤੀ ਗਈ।ਸਟੇਜ ਦਾ ਸੰਚਾਲਨ ਰਵਿੰਦਰ ਕੌਰ ਨੇ ਬਾਖ਼ੂਬੀ ਨਿਭਾਇਆ।ਇਸ ਮੌਕੇ ਬਲਵਿੰਦਰ ਸਿੰਘ ਗੁੱਲੂ, ਮਾਸਟਰ ਤੀਰਥ ਸਿੰਘ, ਜਗਪਾਲ ਸਿੰਘ, ਸਰਪੰਚ ਸੁਖਵਿੰਦਰ ਸਿੰਘ ਸੁੱਖਾ, ਬੰਤ ਸਿੰਘ ਡੀਪੀਈ, ਸੀਐੱਚਟੀ ਬਲਕਰਨ ਸਿੰਘ, ਪ੍ਰੋ. ਬਲਵਿੰਦਰ ਸਿੰਘ ਤੋਂ ਇਲਾਵਾ ਸਕੂਲ ਸਟਾਫ ਰਾਜਵਿੰਦਰ ਸਿੰਘ, ਰਵਿੰਦਰ ਕੌਰ, ਸੁਖਦੀਪ ਕੌਰ, ਸੌਰਵ ਮਹਿਤਾ, ਕਮਲਜੀਤ ਕੌਰ, ਪਲਵਿੰਦਰਪਾਲ ਕੌਰ ਤੇ ਵਿਦਿਆਰਥੀ ਹਾਜ਼ਰ ਸਨ।

## ਆਯੁਰਵੈਦਿਕ ਤੇ ਹੋਮਿਓਪੈਥੀ ਕੈਂਪ ਲਗਾਇਆ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਤੇ ਆਯੂਸ਼ ਵਿਭਾਗ ਪੰਜਾਬ ਤੇ ਡਾਇਰੈਕਟਰ ਆਯੁਰਵੈਦਾ ਪੰਜਾਬ ਡਾਕਟਰ ਰਵੀ ਡੂਮਰਾ ਤੇ ਹੋਮਿਓਪੈਥੀ ਵਿਭਾਗ ਦੇ ਡਾਇਰੈਕਟਰ ਡਾ. ਹਰਿੰਦਰ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਜ਼ਿਲ੍ਹਾ ਆਯੁਰਵੈਦਿਕ ਅਫਸਰ ਡਾ. ਪਲਵਿੰਦਰ ਸਿੰਘ ਤੇ ਜ਼ਿਲ੍ਹਾ ਹੋਮਿਓਪੈਥੀਕ ਅਫਸਰ ਡਾਕਟਰ ਰੁਪਿੰਦਰ ਕੌਰ ਦੀ ਰਹਿਨੁਮਾਈ ਹੇਠ ਸ਼ਹਿਰ ਕੋਟ ਈਸੇ ਖਾਂ ਦੇ ਸਰਕਾਰੀ ਹਸਪਤਾਲ ਵਿੱਚ ਫਰੀ ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਪਹੁੰਚੇ ਮਰੀਜ਼ਾਂ ਦਾ ਮਾਹਰ ਡਾਕਟਰਾਂ ਵੱਲੋਂ ਚੈੱਕਅਪ ਕੀਤਾ ਗਿਆ ਤੇ ਫਰੀ ਦਵਾਈਆਂ ਵੰਡੀਆਂ ਗਈਆਂ। ਕੈਂਪ ਦੌਰਾਨ ਲਗਭਗ 475 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ, ਜਿਸ ਦੌਰਾਨ ਆਯੁਰਵੈਦਿਕ ਵਿਭਾਗ ਵੱਲੋਂ 270 ਤੇ ਹੋਮਿਓਪੈਥ ਵਿਭਾਗ ਵੱਲੋਂ 205 ਮਰੀਜ਼ਾਂ ਦਾ ਨਿਰੀਖਣ ਕੀਤਾ ਗਿਆ।ਇਸ ਕੈਂਪ ਦੌਰਾਨ ਆਯੁਰਵੈਦ ਵਿਭਾਗ ਵੱਲੋਂ ਡਾ. ਸਿਮਰਜੀਤ ਕੌਰ ਏਐੱਮਓ ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਸੁੰਦਰ ਨਗਰ ਕੋਟ ਈਸੇ ਖਾਂ, ਡਾ. ਸਵਿੰਦਰ ਸੋਨੀਆ ਏਐੱਮਓ ਜੀਏਡੀ ਬਹੋਨਾ, ਡਾ. ਸੁਰੇਸ਼ ਕੁਮਾਰ ਏ ਐੱਮ ਓ ਜੀ ਆਈ ਡੀ ਲੋਹਾਰਾ ਹੋਮਿਓਪੈਥੀ ਵਿਭਾਗ ਤੋਂ ਡਾ. ਰਣਜੀਤ ਸਿੰਘ ਐੱਚ ਐੱਮ ਓ ਤੇ ਗੁਰਜਿੰਦਰ ਸਿੰਘ ਉਪਵੈਦ, ਅਮਨਦੀਪ ਸਿੰਘ ਉਪਵੈਦ, ਮਨਦੀਪ ਸਿੰਘ ਉਪਵੈਦ, ਮਨਪ੍ਰੀਤ ਸਿੰਘ ਉਪਵੈਦ, ਰਾਜਵਿੰਦਰ ਸਿੰਘ, ਰਾਜ ਕੁਮਾਰ ਡਿਸਪੈਂਸਰ ਤੇ ਲਖਵੰਤ ਕੋਟ ਟਰੇਂਡ ਦਾਈ ਰਾਜ ਕੁਮਾਰ ਉਪਵੈਦ, ਸ੍ਰੀਮਤੀ ਮਨਦੀਪ ਕੌਰ ਤੇ ਸ੍ਰੀਮਤੀ ਮਨਜੀਤ ਕੌਰ, ਪਾਰਟ ਟਾਈਮ ਪ੍ਰਦੀਪ ਸਿੰਘ ਤੇ ਲਵਦੀਪ ਸ਼ਰਮਾ ਨੇ ਇਸ ਕੈਂਪ ਵਿੱਚ ਸ਼ਿਰਕਤ ਕੀਤੀ ਅਤੇ ਸਾਰੇ ਸਟਾਫ ਦਾ ਧੰਨਵਾਦ ਕੀਤਾ। ਜਤਿੰਦਰ ਕੁਮਾਰ ਸੂਦ ਤੇ ਜਤਿੰਦਰ ਕੁਮਾਰ ਸੂਦ ਨੇ ਪ੍ਰੈੱਸ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ ਅਤੇ ਆਏ ਡਾਕਟਰਾਂ ਦਾ ਧੰਨਵਾਦ ਕੀਤਾ।

## ਆਪ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅਮਰ ਸੰਘੇੜਾ ਦਾ ਸਨਮਾਨ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਵੱਲੋਂ ਸੰਗਠਨਾਤਮਕ ਢਾਂਚੇ ਦਾ ਵਿਸਥਾਰ ਕਰਦੇ ਹੋਏ [illegible]

## ਆਕਸਫੋਰਡ ਸਕੂਲ 'ਚ ਹੋਇਆ ਇੰਟਰ ਹਾਊਸ ਕਬੱਡੀ ਮੁਕਾਬਲਾ



**ਚੀਮਾ ਮੰਡੀ (ਰਵਿੰਦਰ ਚੀਮਾ)**-ਇਲਾਕੇ ਦੀ ਨਾਮਵਰ ਸੰਸਥਾ [illegible]

## ਲਾਈਨਜ਼ ਕਲੱਬ ਨੇ ਸਮਾਜ ਸੇਵੀ ਮਨਦੀਪ ਕੌਰ ਨਾਲ ਮਿਲ ਕੇ ਲਗਾਏ ਬੂਟੇ



**ਗੁਰੂ ਹਰਸਹਾਏ (ਫਕੀਰ ਚੰਦ ਸਿਕਰੀ)**-ਲਾਈਨਜ਼ ਕਲੱਬ ਗੁਰੂ ਹਰਸਹਾਏ [illegible]

## ਮੋਟਰਸਾਈਕਲ 'ਤੇ ਪਿਆ ਪੈਸਿਆਂ ਵਾਲਾ ਬੈਗ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਛਾਉਣੀ ਦੀ ਸਬਜ਼ੀ ਮੰਡੀ 'ਚੋਂ ਇਕ ਵਿਅਕਤੀ ਦੇ ਮੋਟਰਸਾਈਕਲ 'ਤੇ ਪਿਆ ਪੈਸਿਆਂ ਵਾਲਾ ਬੈਗ [illegible]

# ਰਿਹਾਇਸ਼ੀ ਇਲਾਕੇ 'ਚ ਠੇਕੇ ਦੀ ਬ੍ਰਾਂਚ ਖੋਲ੍ਹਣ 'ਤੇ ਕਿਸਾਨਾਂ-ਮਜ਼ਦੂਰਾਂ ਵੱਲੋਂ ਧਰਨਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਹਿੰਮਤਪੁਰਾ ਵਿਖੇ ਮਜ਼ਦੂਰ ਬਸਤੀ ਵਿੱਚ ਸ਼ਰਾਬ ਦੇ ਠੇਕੇ ਦੀ ਖੋਲ੍ਹੀ ਗਈ ਨਾਜਾਇਜ਼ ਬ੍ਰਾਂਚ ਨੂੰ ਲੈ ਕੇ ਕਿਸਾਨਾਂ ਮਜ਼ਦੂਰਾਂ ਵੱਲੋਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਝੰਡੇ ਹੇਠ ਸ਼ਰਾਬ ਦੇ ਠੇਕੇਦਾਰਾਂ ਤੇ ਪੁਲਸ ਪ੍ਰਸ਼ਾਸਨ ਖਿਲਾਫ਼ ਅਣਮਿੱਥੇ ਸਮੇਂ ਦਾ ਧਰਨਾ ਲਗਾ ਕੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੇ ਪੁਲਸ ਪ੍ਰਸ਼ਾਸਨ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਬਸਤੀ ਦੇ ਮਜ਼ਦੂਰਾਂ ਨੇ ਦੱਸਿਆ ਕਿ ਉਨ੍ਹਾਂ ਦੀ ਬਸਤੀ ਵਿੱਚ ਸੰਘਣੀ ਆਬਾਦੀ ਅੰਦਰ ਸ਼ਰਾਬ ਦੇ ਠੇਕੇਦਾਰਾਂ ਵੱਲੋਂ ਨਾਜਾਇਜ਼ ਢੰਗ ਨਾਲ ਸ਼ਰਾਬ ਦੀ ਬ੍ਰਾਂਚ ਖੋਲ੍ਹੀ ਗਈ ਹੈ, ਜਿੱਥੇ ਕਿ ਸ਼ਰਾਬ ਦਾ ਆਹਾਤਾ ਵੀ ਚੱਲ ਰਿਹਾ ਹੈ, ਜਿਸ ਕਾਰਨ ਉਨ੍ਹਾਂ ਦੇ ਬੱਚਿਆਂ ਲੜਕੀਆਂ ਤੇ ਔਰਤਾਂ ਨੂੰ ਬਹੁਤ ਹੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਸ਼ਰਾਬ ਪੀ ਕੇ ਹਰ ਰੋਜ਼ ਸ਼ਰਾਬੀ ਇਸ ਬਸਤੀ ਵਿੱਚ ਖਰੂਦ ਪਾਉਂਦੇ ਹਨ। ਬਸਤੀ ਦੇ ਮਜ਼ਦੂਰਾਂ ਨੇ ਦੋਸ਼ ਲਾਇਆ ਕਿ ਪੁਲਸ ਸ਼ਰਾਬ ਦੇ ਠੇਕੇਦਾਰਾਂ ਦੀ ਪਿੱਠ 'ਤੇ ਖੜ੍ਹਾ ਹੈ ਅਤੇ ਉਨ੍ਹਾਂ ਨੂੰ ਡਰਾ ਧਮਕਾ ਰਿਹਾ ਹੈ। ਇਸ ਮੌਕੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਮਾਸਟਰ ਦਰਸ਼ਨ ਸਿੰਘ ਹਿੰਮਤਪੁਰਾ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਆਗੂ ਜੰਗੀਰ ਸਿੰਘ ਹਿੰਮਤਪੁਰਾ ਨੇ ਕਿਹਾ ਕਿ ਇੱਕ ਪਾਸੇ ਭਗਵੰਤ ਮਾਨ ਦੀ ਸਰਕਾਰ ਨਸ਼ੇ ਰੋਕਣ ਲਈ ਯੁੱਧ ਨਸ਼ਿਆਂ ਵਿਰੁੱਧ ਦੇ ਨਾਂਅ 'ਤੇ ਡਰਾਮੇ ਕਰ ਰਹੀ ਹੈ ਅਤੇ ਦੂਸਰੇ ਪਾਸੇ ਮਜ਼ਦੂਰ ਬਸਤੀਆਂ ਵਿੱਚ ਨਜਾਇਜ਼ ਢੰਗ ਨਾਲ ਸ਼ਰਾਬ ਦੀਆਂ ਬ੍ਰਾਂਚਾਂ ਚਲਾਈਆਂ ਜਾਂ ਰਹੀਆਂ ਹਨ, ਜੋ ਕਿ ਸਰਕਾਰ ਦੀ ਨਸ਼ਿਆਂ ਵਿਰੋਧੀ ਮੁਹਿੰਮ ਦੇ ਮੱਥੇ 'ਤੇ ਇੱਕ ਕਲੰਕ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਬੁਰਕਾ ਸ਼ਰਾਬ ਦੇ ਠੇਕੇਦਾਰਾਂ ਵੱਲੋਂ ਪਿੰਡ ਹਿੰਮਤਪੁਰਾ ਵਿਖੇ ਲੀਰੋ ਲੀਰ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸ਼ਰਾਬ ਦੇ ਠੇਕੇ ਦੀ ਬ੍ਰਾਂਚ ਬੰਦ ਕਰਵਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਇਸ ਮੌਕੇ ਰਾਜ ਕੌਰ, ਬਲਵੀਰ ਕੌਰ, ਜਿੰਦਰ ਕੌਰ, ਹਰਬੰਸ ਕੌਰ, ਮਲਕੀਤ ਸਿੰਘ, ਸਾਧਾ ਸਿੰਘ, ਜਗਜੀਤ ਸਿੰਘ ਜੱਗਾ, ਆਤਮਾ ਸਿੰਘ, ਨੇਕ ਸਿੰਘ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੇਜਰ ਸਿੰਘ, ਸੁਖਦੇਵ ਸਿੰਘ, ਕਰਮਜੀਤ ਕੌਰ, ਮਹਿੰਦਰ ਕੌਰ ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਮੱਘਰ ਸਿੰਘ, ਗੁਰਮੇਲ ਸਿੰਘ ਕਾਕਾ ਸਿੰਘ ਆਦਿ ਹਾਜ਼ਰ ਸਨ।

## ਹਲਵਾਰਾ ਹਵਾਈ ਅੱਡਾ ਜਲਦ ਹੋਵੇਗਾ ਲੋਕਾਂ ਨੂੰ ਸਮਰਪਤ : ਰਜਨੀਸ਼ ਧੀਮਾਨ

**ਲੁਧਿਆਣਾ (ਜਸਦੀਪ ਵਰਤੀਆ)**-ਜ਼ਿਲ੍ਹਾ ਭਾਜਪਾ ਦਫ਼ਤਰ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਹਲਵਾਰਾ ਹਵਾਈ ਅੱਡਾ ਕੇਂਦਰ ਸਰਕਾਰ ਦੀ 'ਉਡਾਣ' ਯੋਜਨਾ ਤਹਿਤ ਵਿਕਸਤ ਕੀਤਾ ਗਿਆ ਹੈ ਤੇ ਇਸ ਦਾ ਉਦੇਸ਼ ਖੇਤਰੀ ਸੰਪਰਕ ਨੂੰ ਉਤਸ਼ਾਹਤ ਕਰਨਾ ਹੈ।ਧੀਮਾਨ ਨੇ ਕਿਹਾ ਕਿ ਇਹ ਯੋਜਨਾ ਭਾਰਤ ਸਰਕਾਰ ਦੀ ਇੱਕ ਪਹਿਲ ਹੈ, ਜਿਸ ਦਾ ਉਦੇਸ਼ ਦੇਸ਼ ਦੇ ਛੋਟੇ ਸ਼ਹਿਰਾਂ ਤੇ ਘੱਟ ਸੇਵਾ ਵਾਲੇ ਖੇਤਰਾਂ ਨੂੰ ਹਵਾਈ ਸੰਪਰਕ ਪ੍ਰਦਾਨ ਕਰਨਾ ਹੈ, ਤਾਂ ਜੋ ਆਮ ਆਦਮੀ ਲਈ ਹਵਾਈ ਯਾਤਰਾ ਨੂੰ ਪਹੁੰਚ ਯੋਗ ਬਣਾਇਆ ਜਾ ਸਕੇ।ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਦਰਸ਼ੀ ਸੋਚ ਦਾ ਨਤੀਜਾ ਹੈ ਕਿ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਸੰਚਾਲਨ ਦੀ ਸ਼ੁਰੂਆਤ ਨਾਲ ਲੁਧਿਆਣਾ ਦੇ ਕਾਰਪੋਰੇਟ ਘਰਾਣਿਆਂ ਤੇ ਵੱਡੇ-ਛੋਟੇ ਕਾਰੋਬਾਰੀਆਂ ਨੂੰ ਲਾਭ ਹੋਵੇਗਾ।ਰਜਨੀਸ਼ ਧੀਮਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਲਦੀ ਹੀ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਵਰਚੁਅਲ ਉਦਘਾਟਨ ਕਰਨਗੇ, ਜਿਸ ਕਾਰਨ ਇੱਥੋਂ ਦੇ ਕਾਰੋਬਾਰੀ ਦਿੱਲੀ ਤੋਂ ਇਲਾਵਾ ਦੇਸ਼ ਦੇ ਹੋਰ ਵੱਡੇ ਸ਼ਹਿਰਾਂ ਨਾਲ ਜੁੜ ਸਕਣਗੇ।ਇਹ ਸੰਪਰਕ ਪੂਰੇ ਪੰਜਾਬ ਖੇਤਰ, ਖਾਸ ਕਰਕੇ ਮਾਲਵਾ ਪੱਟੀ ਤੇ ਲੁਧਿਆਣਾ ਦੀ ਆਰਥਿਕਤਾ ਨੂੰ ਮਹੱਤਵਪੂਰਨ ਹੁਲਾਰਾ ਦੇਵੇਗਾ।

## 25 ਦੇ ਨਰੇਗਾ ਮੁਜ਼ਾਹਰੇ ਸੰਬੰਧੀ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਦੇ ਸੱਦੇ ਤੇ ਜ਼ਿਲ੍ਹਾ ਮੋਗਾ ਵੱਲੋਂ 25 ਜੁਲਾਈ ਨੂੰ ਡੀ ਸੀ ਦਫਤਰ ਅੱਗੇ ਕੀਤੇ ਜਾ ਰਹੇ ਮੁਜ਼ਾਹਰਿਆਂ ਦੇ ਸਬੰਧ ਵਿੱਚ, ਬਲਾਕ ਮੋਗਾ ਦੋ ਦੇ ਪਿੰਡਾਂ ਮਹੇਸ਼ਰੀ, ਚੋਟੀਆਂ ਕਲਾਂ ਤੇ ਸਲੀਨਾ ਵਿੱਚ ਨਰੇਗਾ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ।ਇਨ੍ਹਾਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸ਼ੇਰ ਸਿੰਘ ਦੌਲਤਪੁਰਾ ਤੇ ਸਰਬ ਭਾਰਤ ਨੌਜਵਾਨ ਸਭਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਰਮਵੀਰ ਕੌਰ ਬੱਧਨੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਰੇਗਾ ਮਜ਼ਦੂਰਾਂ ਵਾਸਤੇ ਹੁਣ ਫੈਸਲੇ ਦੀ ਘੜੀ ਹੈ।ਉਨ੍ਹਾਂ ਜਥੇਬੰਦ ਹੋ ਕੇ ਨਰੇਗਾ ਬਚਾਉਣਾ ਹੈ ਜਾਂ ਅਵੇਸਲੇ ਹੋ ਕੇ ਨਰੇਗਾ ਨੂੰ ਕੇਂਦਰ ਸਰਕਾਰ ਦੀ ਨੀਅਤ ਦੀ ਭੇਟ ਚੜ੍ਹਾਉਣਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਜਦੋਂ ਤੋਂ ਹੀ ਮੋਦੀ ਦੀ ਸਰਕਾਰ ਬਣੀ ਹੈ।ਉਹ ਨਰੇਗਾ ਨੂੰ ਬੰਦ ਕਰਾਉਣ ਦੀਆਂ ਸਕੀਮਾਂ ਲਾ ਰਹੀ ਹੈ ਤੇ ਇਸੇ ਨੀਤੀ ਤਹਿਤ ਬਾਰ-ਬਾਰ ਨਰੇਗਾ ਐਕਟ ਤੇ ਹਮਲੇ ਕਰ ਰਹੀ ਹੈ।ਇਸੇ ਨੀਤੀ ਤਹਿਤ ਹਰ ਸਾਲ ਨਰੇਗਾ ਦਾ ਬਜਟ ਘਟਾਇਆ ਜਾ ਰਿਹਾ ਹੈ।ਇਸ ਨੀਤੀ ਵਿਰੁੱਧ ਨਰੇਗਾ ਮਜ਼ਦੂਰਾਂ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰੀ ਯੂਨੀਅਨ ਦੇ ਝੰਡੇ ਥੱਲੇ ਇਕੱਠੇ ਹੋ ਕੇ ਡਟਣਾ ਪਏਗਾ।ਉਨ੍ਹਾਂ ਨਰੇਗਾ ਮਜ਼ਦੂਰਾਂ ਨੂੰ 25 ਜੁਲਾਈ ਦੇ ਮੁਜ਼ਾਹਰੇ ਵਿੱਚ ਵੱਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ।ਇਨ੍ਹਾਂ ਤੋਂ ਇਲਾਵਾ ਰਾਜੂ ਮਹੇਸ਼ਰੀ, ਜਬਰਜੰਗ ਸਿੰਘ, ਸਰਬਜੀਤ ਕੌਰ, ਸੁੱਖਾ ਪੇਂਟਰ, ਅਮਨਦੀਪ ਕੌਰ, ਸੋਨੀਆ, ਰਾਣੀ ਕੌਰ ਤੇ ਸੁਖਪ੍ਰੀਤ ਕੌਰ ਨੇ ਵੀ ਇਨ੍ਹਾਂ ਮੀਟਿੰਗਾਂ ਨੂੰ ਸੰਬੋਧਨ ਕੀਤਾ।

## ਨਗਰ ਕੌਂਸਲ ਸਨੌਰ ਨੇ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਹਾਸਲ ਕੀਤਾ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸਵੱਛ ਸਰਵੇਖਣ 2024-25 ਦੇ ਨਤੀਜੇ ਵਿੱਚ ਨਗਰ ਕੌਂਸਲ ਸਨੌਰ ਨੇ ਨੈਸ਼ਨਲ ਰੈਂਕ 82, ਸਟੇਟ ਰੈਂਕ 5 ਤੇ ਜ਼ਿਲ੍ਹਾ ਪਟਿਆਲਾ 'ਚ ਪਹਿਲਾ ਸਥਾਨ ਹਾਸਲ ਕੀਤਾ।ਇਸਦੇ ਸਬੰਧ 'ਚ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਜੋਸ਼ਨ ਤੇ ਕਾਰਜ ਸਾਧਕ ਅਫਸਰ ਲਖਵੀਰ ਸਿੰਘ ਦੀ ਅਗਵਾਈ ਹੇਠ ਸਨੌਰ ਦੇ ਸਫ਼ਾਈ ਸੇਵਕਾਂ ਦਾ ਉਤਸ਼ਾਹ ਵਧਾਉਣ ਲਈ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਪ੍ਰਧਾਨ ਪ੍ਰਦੀਪ ਜੋਸ਼ਨ ਨੇ ਕਿਹਾ ਕਿ ਸਵੱਛ ਸਰਵੇਖਣ 'ਚ ਪਟਿਆਲਾ ਜਿਲ੍ਹੇ ਵਿੱਚ ਪਹਿਲੇ ਸਥਾਨ ਉੱਤੇ ਰਿਹਾ।ਉਨ੍ਹਾ ਕਿਹਾ ਕਿ ਹਲਕਾ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੀ ਰਹਿਨਮੁਈ ਹੇਠ ਸਨੌਰ ਦੀ ਨਗਰ ਕੌਂਸਲ ਸਨੌਰ ਦੀ ਟੀਮ ਤੇ ਸਾਰੇ ਕੌਂਸਲਰ ਲੋਕ ਵਿਕਾਸ ਦੇ ਕੰਮ ਵਧੀਆ ਤਰੀਕੇ ਨਾਲ ਕਰ ਰਹੇ ਹਨ, ਜਿਸ ਦਾ ਨਤੀਜਾ ਸਵੱਛ ਭਾਰਤ ਸਰਵੇਖਣ 2024-25 'ਚ ਦਿਖ ਰਿਹਾ ਹੈ।ਪ੍ਰਧਾਨ ਪ੍ਰਦੀਪ ਜੋਸ਼ਨ ਨੇ ਕਿਹਾ ਕਿ ਸਾਡੇ ਸਾਰੇ ਨਗਰ ਕੌਂਸਲ ਦੇ ਸਫਾਈ ਸੇਵਕਾਂ ਨੂੰ ਅਸੀਂ ਸਫਾਈ ਸੈਨਿਕ ਕਹਿੰਦੇ ਹਾਂ, ਕਿਉਂਕਿ ਇਹ ਵੀ ਸਨੌਰ ਸ਼ਹਿਰ ਨੂੰ ਸਾਫ ਰੱਖਣ ਲਈ ਲੜਾਈ ਕਰ ਰਹੇ ਹਨ।ਉਨ੍ਹਾਂ ਪੱਤਰਕਾਰਾਂ ਨੂੰ ਦੱਸਿਆ ਕਿ ਸਨੌਰ ਸ਼ਹਿਰ 'ਚ ਪੁਰਾਣੀਆਂ ਸਰਕਾਰਾਂ ਨੇ ਸਨੌਰ ਦੀ ਫਿਰਨੀ ਉਤੇ ਪੈਸੇ ਬਹੁਤ ਲਗਾਏ, ਪ੍ਰੰਤੂ ਤਕਨੀਕੀ ਤੌਰ 'ਤੇ ਮਸਲੇ ਨੂੰ ਹੱਲ ਨਹੀਂ ਕੀਤਾ ਗਿਆ, ਜੋ ਅਸੀਂ ਹੁਣ ਆਉਂਦੇ ਦਿਨਾਂ 'ਚ ਕਰ ਰਹੇ ਹਾਂ।ਇਸ ਮੌਕੇ ਨਰਿੰਦਰ ਸਿੰਘ ਤੱਖਰ ਸੀਨੀਅਰ ਮੀਤ ਪ੍ਰਧਾਨ, ਬਲਜੀਤ ਸਿੰਘ ਐੱਮ ਸੀ, ਬੱਬੂ ਐੱਮ ਸੀ, ਤਰਸੇਮ ਸਿੰਘ ਐੱਮ ਸੀ, ਗੁਰਮੀਤ ਸਿੰਘ ਮੀਤਾ ਐੱਮ ਸੀ, ਸ਼ੌਕੀਨ ਐੱਮ ਸੀ, ਵਿਕਾਸ ਅਟਵਾਲ ਐੱਮ ਸੀ, ਨੰਦ ਲਾਲ ਪ੍ਰਧਾਨ ਸਫਾਈ ਸੇਵਕ ਐਂਡ ਅਦਰ ਵਰਕ ਯੂਨੀਅਨ, ਹਰਵਿੰਦਰ ਸਿੰਘ ਥਿੰਦ, ਰਾਜ ਕੁਮਾਰ ਰਾਜੂ ਤੇ ਹੋਰ ਸਫਾਈ ਸੇਵਕ ਮੌਜੂਦ ਹਨ।

## ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇਕ ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਤੰਗ ਪ੍ਰੇਸ਼ਾਨ ਕਰਕੇ ਘਰੋਂ ਕੱਢਣ ਦੇ ਦੋਸ਼ ਵਿਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਸਹੁਰੇ ਪਰਵਾਰ ਦੇ ਤਿੰਨ ਮੈਂਬਰਾਂ ਖਿਲਾਫ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਦੇ ਬਲਵੀਰ ਸਿੰਘ ਨੇ ਦੱਸਿਆ ਕਿ ਦਰਖਾਸਤ ਨੰਬਰ 1142-ਪੀਸੀ ਮਿਤੀ 5 ਜੂਨ 2025 ਵੱਲੋਂ ਜਸਵਿੰਦਰ ਕੌਰ ਪਤਨੀ ਗੁਰਚਰਨਜੀਤ ਸਿੰਘ ਪੁੱਤਰੀ ਬਲਕਾਰ ਸਿੰਘ ਹਾਲ ਵਾਸੀ ਬਸਤੀ ਕੇਸਰ ਸਿੰਘ ਵਾਲੀ ਥਾਣਾ ਗੁਰੂ ਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ 8 ਨਵੰਬਰ 2024 ਨੂੰ ਗੁਰਚਰਨਜੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਰਾਮ ਸ਼ਰਨਮ ਕਾਲੋਨੀ, ਨੇੜੇ ਰਾਧਾ ਸੁਆਮੀ ਸਤਿਸੰਗ ਘਰ ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ ਨਾਲ ਹੋਇਆ ਸੀ। ਉਸ ਦੇ ਵਿਆਹ ਸਮੇਂ ਉਸ ਦੇ ਮਾਤਾ ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਦਿੱਤਾ ਸੀ, ਪਰ ਉਸ ਦਾ ਪਤੀ ਗੁਰਚਰਨਜੀਤ ਸਿੰਘ ਤੇ ਉਸ ਦੀ ਮਾਤਾ ਦਰਸ਼ਨਾ ਪਤਨੀ ਬਲਵੀਰ ਸਿੰਘ ਅਤੇ ਉਸ ਦਾ ਸਹੁਰਾ ਬਲਵੀਰ ਸਿੰਘ ਇਸ ਦਾਜ ਦਹੇਜ ਤੋਂ ਖ਼ੁਸ਼ ਨਹੀਂ ਸੀ ਤੇ ਉਸ ਕੋਲੋਂ ਹੋਰ ਦਾਜ ਦਹੇਜ ਦੀ ਮੰਗ ਕਰਨ ਲੱਗੇ। ਜਸਵਿੰਦਰ ਕੌਰ ਨੇ ਦੱਸਿਆ ਕਿ ਉਸ ਵੱਲੋਂ ਇਨਕਾਰ ਕਰਨ 'ਤੇ ਉਸ ਦੇ ਪਤੀ ਗੁਰਚਰਨਜੀਤ ਸਿੰਘ ਤੇ ਉਸ ਦੀ ਸੱਸ ਅਤੇ ਸਹੁਰੇ ਨੇ ਉਸ ਦੀ ਕੁੱਟਮਾਰ ਕਰਕੇ ਘਰੋਂ ਕੱਢ ਦਿੱਤਾ। ਇਸ ਮਾਮਲੇ ਦੀ ਪੜਤਾਲ ਕਰ ਰਹੇ ਸਹਾਇਕ ਥਾਣੇਦਾਰ ਬਲਵੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਵਿਆਹੁਤਾ ਜਸਵਿੰਦਰ ਕੌਰ ਦੇ ਪਤੀ ਗੁਰਚਰਨਜੀਤ ਸਿੰਘ, ਸੱਸ ਦਰਸ਼ਨਾ ਤੇ ਸਹੁਰਾ ਬਲਵੀਰ ਸਿੰਘ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਭਾਗਥਲਾ ਲਈ ਪੀਣ ਵਾਲੇ ਪਾਣੀ ਦੀ ਯੋਜਨਾ ਨੂੰ ਮਿਲੀ ਮਨਜ਼ੂਰੀ : ਸੇਖੋਂ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਫਰੀਦਕੋਟ ਵਿਧਾਨ ਸਭਾ ਹਲਕੇ ਦੇ ਭਾਗਥਲਾ ਕਲਾਂ ਤੇ ਭਾਗਥਲਾ ਖੁਰਦ ਪਿੰਡਾਂ ਦੀਆਂ ਸਾਲਾਂ ਪੁਰਾਣੀਆਂ ਪੀਣ ਵਾਲੇ ਪਾਣੀ ਦੀਆਂ ਸਮੱਸਿਆਵਾਂ ਹੁਣ ਜਲਦ ਹੀ ਹੱਲ ਹੋਣਗੀਆਂ, ਕਿਉਂਕਿ ਇਨ੍ਹਾਂ ਪਿੰਡਾਂ ਲਈ ਪਾਣੀ ਸਪਲਾਈ ਨੂੰ ਲੈ ਕੇ ਇੱਕ ਵੱਡੀ ਤੇ ਮਹੱਤਵਪੂਰਨ ਯੋਜਨਾ ਨੂੰ ਮਨਜ਼ੂਰੀ ਮਿਲ ਗਈ ਹੈ।ਇਹ ਜਾਣਕਾਰੀ ਦਿੰਦੇ ਹੋਏ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਣੀ ਸਪਲਾਈ ਦੀ ਇਸ ਯੋਜਨਾ ਨੂੰ ਪਹਿਲ ਦੇ ਅਧਾਰ 'ਤੇ ਮਨਜ਼ੂਰੀ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਭਾਗਥਲਾ ਕਲਾਂ ਤੇ ਭਾਗਥਲਾ ਖੁਰਦ ਪਿੰਡਾਂ ਵਿੱਚ ਪੀਣ ਯੋਗ ਪਾਣੀ ਦੀ ਲਗਾਤਾਰ ਤੇ ਸੁਚੱਜੀ ਸਪਲਾਈ ਯਕੀਨੀ ਬਣਾਉਣ ਲਈ ਇਹ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਯੋਜਨਾ ਨਾਬਾਰਡ ਬੈਂਕ ਦੇ ਗ੍ਰਾਮੀਣ ਬੁਨਿਆਦੀ ਢਾਂਚਾ ਵਿਕਾਸ ਫੰਡ ਤੇ ਪੰਜਾਬ ਸਰਕਾਰ ਦੇ ਸਾਂਝੇ ਯਤਨਾਂ ਨਾਲ ਲਾਗੂ ਹੋਵੇਗੀ।ਸ੍ਰ. ਸੇਖੋਂ ਨੇ ਦੱਸਿਆ ਕਿ ਇਸ ਯੋਜਨਾ ਉਤੇ ਕੁੱਲ 1 ਕਰੋੜ 6 ਲੱਖ 69 ਹਜ਼ਾਰ ਰੁਪਏ ਦੀ ਲਾਗਤ ਆਉਣ ਦੀ ਸੰਭਾਵਨਾ ਹੈ, ਜਿਸ ਵਿੱਚੋਂ 90 ਲੱਖ 77 ਹਜ਼ਾਰ ਰੁਪਏ ਨਾਬਾਰਡ ਵੱਲੋਂ ਤੇ 16 ਲੱਖ 2 ਹਜ਼ਾਰ ਰੁਪਏ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਲੋਕਾਂ ਦੀ ਜ਼ਿੰਦਗੀ ਵਿੱਚ ਬਿਹਤਰੀ ਲਿਆਉਣ ਦੀ ਹੈ। ਉਨ੍ਹਾਂ ਕਿਹਾ ਕਿ ਪੀਣ ਵਾਲੇ ਪਾਣੀ ਦੀ ਸਪਲਾਈ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਪਿੰਡਾਂ ਦੇ ਨਿਵਾਸੀਆਂ ਨੂੰ ਸਿਹਤਮੰਦ ਜੀਵਨ ਜੀਊਣ ਦਾ ਮੌਕਾ ਮਿਲ ਸਕੇ।ਸ੍ਰ. ਸੇਖੋਂ ਨੇ ਭਰੋਸਾ ਦਿੱਤਾ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ ਭਾਗਥਲਾ ਕਲਾਂ ਤੇ ਭਾਗਥਲਾ ਖੁਰਦ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਘਾਟ ਤੋਂ ਛੁਟਕਾਰਾ ਮਿਲੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਤੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਪਿੰਡਾਂ/ਸ਼ਹਿਰਾਂ ਦੇ ਲੋਕਾਂ ਲਈ ਵਿਕਾਸ ਸਬੰਧੀ ਹੋਰ ਯੋਜਨਾਵਾਂ ਲਿਆਂਦੀਆਂ ਜਾਣਗੀਆਂ।

# ਦੇਵ ਸਮਾਜ ਕਾਲਜ ਡਿਸਟ੍ਰਿਕਟ ਗ੍ਰੀਨ ਚੈਂਪੀਅਨਸ਼ਿਪ ਐਵਾਰਡ ਨਾਲ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਅਕਾਦਮਿਕ, ਸਮਾਜਿਕ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ ਏ ਪਲੱਸ ਗ੍ਰੇਡ ਪ੍ਰਾਪਤ ਕਾਲਜ ਹੈ। ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੇ ਅਸ਼ੀਰਵਾਦ, ਡਾ. ਅਗਨੀਜ਼ ਢਿੱਲੋਂ ਸੈਕਟਰੀ ਦੇ ਉਚਿਤ ਦਿਸ਼ਾ ਨਿਰਦੇਸ਼ ਤੇ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਦੀ ਅਗਵਾਈ ਹੇਠ ਕਾਲਜ ਨਿਰੰਤਰ ਪ੍ਰਗਤੀ ਦੇ ਰਾਹ 'ਤੇ ਨਿਰੰਤਰ ਅਗਰਸਰ ਹੈ। ਇਸ ਲੜੀ ਤਹਿਤ ਕਾਲਜ ਨੇ ਇਕ ਵਾਰੀ ਫਿਰ ਸਿੱਖਿਆ ਮਿਆਰੀ ਦੇ ਖੇਤਰ ਵਿਚ ਆਪਣੀ ਉਤਕ੍ਰਿਸ਼ਟਤਾ ਸਾਬਿਤ ਕੀਤੀ ਹੈ। ਕਾਲਜ ਦੀ ਪ੍ਰਿੰਸੀਪਲ ਡਾ. ਸੰਗੀਤਾ ਨੂੰ ਨੈਸ਼ਨਲ ਐਜੂਟਰੱਸਟ ਆਫ ਇੰਡੀਆ ਵਲੋਂ 'ਬੈਸਟ ਪ੍ਰਿੰਸੀਪਲ ਐਵਾਰਡ' ਨਾਲ ਸਨਮਾਨਤ ਕੀਤਾ ਗਿਆ ਹੈ। ਇਨ੍ਹਾਂ ਉਪਲੱਬਧੀਆਂ ਦੀ ਲੜੀ ਵਿਚ, ਜੁਆਲੋਜੀ ਵਿਭਾਗ ਦੀ ਮੁਖੀ ਅਤੇ ਸਹਾਇਕ ਪ੍ਰੋਫੈਸਰ ਡਾ. ਮੋਕਸ਼ੀ ਨੂੰ ਵੀ 'ਬੈਸਟ ਫੈਕਲਟੀ ਐਵਾਰਡ' ਨਾਲ ਨਿਵਾਜਿਆ ਗਿਆ। ਇਹ ਸਨਮਾਨ ਸਮਾਰੋਹ ਆਰਕੀਟੈਕਟ ਜੀਤ ਕੁਮਾਰ ਗੁਪਤਾ ਤੇ ਡਾ. ਮਧੂ ਚਿਤਕਾਰਾ ਵਰਗੀਆਂ ਮਸ਼ਹੂਰ ਹਸਤੀਆਂ ਦੀ ਹਾਜ਼ਰੀ ਵਿੱਚ ਹੋਣ ਕਰਕੇ ਇਹ ਮੌਕਾ ਹੋਰ ਵੀ ਵਿਸ਼ੇਸ਼ ਬਣ ਗਿਆ। ਇਸ ਮੌਕੇ ਪੰਜਾਬ ਤੇ ਚੰਡੀਗੜ੍ਹ ਦੇ 430 ਤੋਂ ਵੱਧ ਸੰਸਥਾਨਾਂ ਵਿੱਚੋਂ ਕੁੱਲ 13 ਪ੍ਰਿੰਸੀਪਲ ਤੇ 7 ਸ਼ਾਨਦਾਰ ਅਧਿਆਪਕਾਂ ਨੂੰ ਸਿੱਖਿਆ ਵਿੱਚ ਨਵੀਨਤਾ, ਵਾਤਾਵਰਣ ਸੁਰੱਖਿਆ ਤੇ ਮਿਆਰੀ ਵਿਕਾਸ ਵਿੱਚ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਨੈਸ਼ਨਲ ਐਜੂਟਰਸਟ ਆਫ ਇੰਡੀਆ ਦੇ ਸੀਈਓ ਸਮਰਥ ਸ਼ਰਮਾ ਨੇ ਕਿਹਾ ਕਿ ਡਾ. ਸੰਗੀਤਾ ਤੇ ਡਾ. ਮੋਕਸ਼ੀ ਦੀਆਂ ਉਪਲਬੱਧੀਆਂ ਸਿੱਖਿਆ ਦੇ ਇਕ ਨਵੇਂ ਯੁੱਗ ਦੀ ਪਛਾਣ ਹਨ।

ਉਨ੍ਹਾਂ ਦੀ ਵਚਨਬੱਧਤਾ ਤੇ ਸਮਰਪਣ ਨੇ ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਸ਼ਹਿਰ ਨੂੰ ਇਕ ਆਦਰਸ਼ ਸੰਸਥਾ ਬਣਾਇਆ ਹੈ। ਡਾ. ਸੰਗੀਤਾ ਦੀ ਦੂਰ ਅੰਦੇਸ਼ੀ ਭਰਪੂਰ ਅਗਵਾਈ ਹੇਠ ਕਾਲਜ ਨੇ ਸਥਿਰਤਾ ਤੇ ਵਾਤਾਵਰਣਿਕ ਜਾਗਰੂਕਤਾ ਨੂੰ ਉਤਸ਼ਾਹਤ ਕੀਤਾ ਹੈ। ਉਨ੍ਹਾਂ ਦੀ ਲਗਾਤਾਰ ਮਿਹਨਤ ਨੇ ਨਾ ਸਿਰਫ਼ ਵਾਤਾਵਰਣ-ਪ੍ਰੇਮੀ ਨੀਤੀਆਂ ਨੂੰ ਉਤਸ਼ਾਹਤ ਕੀਤਾ ਹੈ, ਸਗੋਂ ਸਿੱਖਿਆ ਦੇ ਖੇਤਰ ਵਿੱਚ ਨਵੀਨਤਾ ਨੂੰ ਵੀ ਉਤਸ਼ਾਹਤ ਕੀਤਾ ਹੈ, ਜਿਸ ਕਾਰਨ ਉਨ੍ਹਾਂ ਨੂੰ ਰਾਸ਼ਟਰੀ ਪੱਧਰ 'ਤੇ ਇੱਕ ਆਦਰਸ਼ ਪ੍ਰਿੰਸੀਪਲ ਵਜੋਂ ਮਾਨਤਾ ਮਿਲੀ ਹੈ। ਇਸ ਸ਼ਾਨਦਾਰ ਉਪਲਬਧੀ 'ਤੇ ਕਾਲਜ ਦੇ ਸਮੂਹ ਸਟਾਫ ਤੇ ਵਿਦਿਆਰਥਣਾਂ ਦੀ ਸਾਂਝੀ ਭਾਈਚਾਰਕ ਟੀਮ ਬਹੁਤ ਖ਼ੁਸ਼ੀ ਤੇ ਮਾਣ ਮਹਿਸੂਸ ਕਰਦੀ ਹੈ। ਇਹ ਇਨਾਮ ਕਾਲਜ ਦੀ ਮਿਆਰੀ ਸਿੱਖਿਆ, ਵਾਤਾਵਰਣਿਕ ਵਚਨਬੱਧਤਾ ਤੇ ਭਵਿੱਖਤ ਯੋਗ ਅਗਵਾਈ ਹੇਠ ਦ੍ਰਿੜ੍ਹ ਸੰਕਲਪ ਦਾ ਪ੍ਰਮਾਣ ਹਨ।

## ਤੁੰਗਵਾਲੀ ਵਿਖੇ ਬਿਮਾਰੀਆਂ ਤੋਂ ਬਚਾਅ ਲਈ ਯੋਗਾ ਕੈਂਪ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਨੇੜਲੇ ਪਿੰਡ ਤੁੰਗਵਾਲੀ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਦੁਰਗਾ ਮਾਤਾ ਮੰਦਰ ਵਿੱਚ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਯੋਗਾ ਕੈਂਪ ਸ਼ੁਰੂ ਕੀਤਾ ਗਿਆ। ਇਸ ਮੌਕੇ ਯੋਗ ਅਧਿਆਪਕ ਲਵਪ੍ਰੀਤ ਸਿੰਘ ਤੇ ਮੈਡਮ ਕਿਰਨ ਖਾਨ ਨੇ ਲੋਕਾਂ ਨੂੰ ਯੋਗਾ ਦੀ ਟ੍ਰੇਨਿੰਗ ਦਿੱਤੀ। ਉਨ੍ਹਾਂ ਕਿਹਾ ਕਿ ਯੋਗ ਸਾਡੀ ਪੁਰਾਣੀ ਸੱਭਿਅਤਾ ਹੈ, ਜਦ ਲੋਕ ਯੋਗਾ ਕਰਦੇ ਸਨ ਤਾਂ ਤੰਦਰੁਸਤ ਸਨ। ਅੱਜ ਵੀ ਜੇਕਰ ਬਿਮਾਰੀਆਂ ਤੋਂ ਬਚਾਓ ਕਰਨਾ ਹੈ ਤਾਂ ਯੋਗ ਨੂੰ ਅਪਨਾਓ ਯੋਗ ਨਾਲ ਸਾਡਾ ਸਰੀਰ ਤੰਦਰੁਸਤ ਹੋਵੇਗਾ ਤੇ ਫਾਸਟ ਫੂਡ ਤੋਂ ਪ੍ਰਹੇਜ ਕਰੋ। ਇਸ ਮੌਕੇ ਜਗਸੀਰ ਰਾਮ ਸ਼ਰਮਾ (ਪ੍ਰਧਾਨ ਸ੍ਰੀ ਦੁਰਗਾ ਮਾਤਾ ਮੰਦਰ ਕਮੇਟੀ), ਭਾਜਪਾ ਆਗੂ ਗੁਰਜੀਤ ਸਿੰਘ ਮਾਨ, ਗੁਰਦਿੱਤ ਸਿੰਘ, ਬਲਵੰਤ ਸਿੰਘ, ਭਿੰਦਰਪਾਲ ਸ਼ਰਮਾ ਤੇ ਯਾਦਵਿੰਦਰ ਸ਼ਰਮਾ ਆਦਿ ਹਾਜ਼ਰ ਸਨ।

## ਤਨਖਾਹਾਂ ਦੇ ਬਕਾਏ ਸੰਬੰਧੀ ਖਜ਼ਾਨਾ ਅਫ਼ਸਰ ਨੂੰ ਮਿਲੇ ਟੀਚਰ



**ਸਮਰਾਲਾ (ਸੁਰਜੀਤ ਸਿੰਘ)**-ਲੰਮੇ ਸਮੇਂ ਤੋਂ ਟ੍ਰੇਨਿੰਗ ਸਮੇਂ ਦੀਆਂ ਤਨਖਾਹਾਂ ਦੇ ਬਕਾਏ ਨੂੰ ਲੈ ਕੇ ਮਾਸਟਰ ਕੇਡਰ 4161 ਦਾ ਇੱਕ ਵਫਦ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੀ ਅਗਵਾਈ ਵਿੱਚ ਖਜ਼ਾਨਾ ਅਫ਼ਸਰ ਲੁਧਿਆਣਾ ਨੂੰ ਮਿਲਿਆ।ਡੀ ਟੀ ਐੱਫ ਦੇ ਸੀਨੀਅਰ ਆਗੂ ਰੁਪਿੰਦਰਪਾਲ ਸਿੰਘ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਖਜ਼ਾਨਾ ਅਫ਼ਸਰ ਨੇ ਲੁਧਿਆਣਾ ਵੱਲੋਂ ਕਰੀਬ 200 ਅਧਿਆਪਕਾਂ ਦਾ ਟ੍ਰੇਨਿੰਗ ਸਮੇਂ ਦਾ ਤਨਖਾਹਾਂ ਦੇ ਬਕਾਏ ਦੀ ਅਦਾਇਗੀ ਨਹੀਂ ਕੀਤੀ ਗਈ, ਜਦਕਿ ਸਾਰੇ ਪੰਜਾਬ ਵਿੱਚ ਇਹ ਅਦਾਇਗੀ ਪਹਿਲਾਂ ਹੀ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਹਰ ਇੱਕ ਟੀਚਰ ਦਾ ਕਰੀਬ ਇੱਕ ਲੱਖ ਰੁਪਏ ਬਕਾਇਆ ਬਣਦਾ ਹੈ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਜ਼ਿਲ੍ਹਾ ਖਜ਼ਾਨਾ ਅਫ਼ਸਰ ਨੇ ਯਕੀਨ ਦਿਵਾਇਆ ਕਿ ਉਨ੍ਹਾਂ ਦੇ ਬਿੱਲ ਜਲਦੀ ਪਾਸ ਕਰ ਦਿੱਤੇ ਜਾਣਗੇ।ਮਾਸਟਰ ਕੇਡਰ ਯੂਨੀਅਨ ਦੇ ਸਕੱਤਰ ਜਸਵਿੰਦਰ ਸਿੰਘ ਐਤੀਆਣਾ ਨੇ ਕਿਹਾ ਕਿ ਜੇਕਰ ਉਨ੍ਹਾਂ ਦੇ ਬਕਾਏ ਦੇ ਬਿੱਲ ਜਲਦੀ ਪਾਸ ਨਾ ਕੀਤੇ ਗਏ ਤਾਂ ਉਹ ਸਾਰੀਆਂ ਭਰਾਤਰੀ ਜਥੇਬੰਦੀਆਂ ਤੇ ਡੀ ਟੀ ਐੱਫ ਨਾਲ ਮਿਲ ਕੇ ਪ੍ਰਸ਼ਾਸਨ ਖਿਲਾਫ ਵੱਡਾ ਧਰਨਾ ਦੇਣਗੇ, ਜਿਸ ਵਿੱਚ ਵੱਡੀ ਗਿਣਤੀ 'ਚ ਟੀਚਰ ਭਾਗ ਲੈਣਗੇ।ਇਸ ਮੌਕੇ ਡੈਮੋਕ੍ਰੇਟਿਕ ਟੀਚਰ ਫਰੰਟ ਤੋਂ ਲੁਧਿਆਣਾ ਦੇ ਪ੍ਰਧਾਨ ਰਮਨਜੀਤ ਸਿੰਘ ਸੰਧੂ ਤੇ ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਗਿੱਲ ਵਿਸ਼ੇਸ਼ ਤੌਰ +ਤੇ ਹਾਜ਼ਰ ਸਨ।ਉਨ੍ਹਾਂ ਤੋਂ ਇਲਾਵਾ 4161 ਮਾਸਟਰ ਕੇਡਰ ਦੇ ਗਗਨਦੀਪ ਸਿੰਘ ਵਾਲੀਆ, ਦੀਪਕ ਕੁਮਾਰ, ਗੁਰਸ਼ਰਨ ਸਿੰਘ, ਸੁਖਜੀਤ ਸਿੰਘ ਬੀਰ ਤੇ ਅਜੀਤ ਜੈਨ ਆਦਿ ਹਾਜ਼ਰ ਸਨ।

## ਜੇਠ ਤੇ ਜਠਾਣੀ ਤੋਂ ਤੰਗ ਆ ਕੇ ਕੀਤੀ ਖੁਦਕੁਸ਼ੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਥਾਣਾ ਘੱਲਖੁਰਦ ਅਧੀਨ ਆਉਂਦੇ ਪਿੰਡ ਸ਼ਕੂਰ ਵਿਖੇ ਇਕ ਮਹਿਲਾ ਵੱਲੋਂ ਆਪਣੇ ਜੇਠ ਤੇ ਜਠਾਣੀ ਤੋਂ ਤੰਗ ਆ ਕੇ ਜ਼ਹਿਰੀਲੀ ਦਵਾਈ ਪੀ ਕੇ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਘੱਲਖੁਰਦ ਪੁਲਸ ਨੇ ਮਹਿਲਾ ਦੇ ਜੇਠ ਤੇ ਜਠਾਣੀ ਖਿਲਾਫ 108 ਬੀਐੱਨਐੱਸ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਰਣਜੀਤ ਸਿੰਘ ਪੁੱਤਰ ਗੱਜਣ ਸਿੰਘ ਵਾਸੀ ਪਿੰਡ ਬੰਡਾਲਾ ਨੇ ਦੱਸਿਆ ਕਿ ਜਸਮੇਲ ਸਿੰਘ ਪੁੱਤਰ ਮੇਹਰ ਸਿੰਘ ਵਾਸੀ ਸ਼ਕੂਰ ਤੇ ਭੋਲੀ ਪਤਨੀ ਜਸਮੇਲ ਸਿੰਘ ਤੋਂ ਉਸ ਦੀ ਭੈਣ ਸਰਬਜੀਤ ਕੌਰ ਨੇ ਜੇਠ ਤੇ ਜਠਾਣੀ ਤੋਂ ਦੁਖੀ ਹੋ ਕੇ ਜ਼ਹਿਰੀਲੀ ਦਵਾਈ ਪੀ ਕੇ ਖੁਦਕੁਸ਼ੀ ਕਰ ਲਈ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰੇਸ਼ਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਰਣਜੀਤ ਸਿੰਘ ਦੇ ਬਿਆਨਾਂ 'ਤੇ ਮ੍ਰਿਤਕ ਮਹਿਲਾ ਦੇ ਜੇਠ ਜਸਮੇਲ ਸਿੰਘ ਤੇ ਜਠਾਣੀ ਭੋਲੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਪੜਤਾਲ ਕੀਤੀ ਜਾ ਰਹੀ ਹੈ।

## ਸਵ. ਰੂਪ ਕੌਰ ਬਰਾੜ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਦਿਆਰਥੀ ਇੰਡਕਸ਼ਨ ਸਮਾਗਮ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਨਵੇਂ ਵਿੱਦਿਅਕ ਵਰ੍ਹੇ ਦਾ ਆਗਾਜ਼ ਕਰਦਿਆਂ ਤੇ ਕਾਲਜ ਪ੍ਰਬੰਧਕੀ ਬੋਰਡ ਦੇ ਸਾਬਕਾ ਪ੍ਰਧਾਨ ਸਵ. ਸ਼੍ਰੀਮਤੀ ਰੂਪ ਕੌਰ ਬਰਾੜ ਦੇ ਜਨਮ-ਦਿਹਾੜੇ ਨੂੰ ਸਮਰਪਤ ਵਿਦਿਆਰਥੀ ਇੰਡਕਸ਼ਨ ਸਮਾਗਮ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ ਉਚੇਚੇ ਤੌਰ 'ਤੇ ਇਸ ਸਮਾਰੋਹ ਵਿੱਚ ਸ਼ਾਮਲ ਹੋਏ।ਇਸ ਮੌਕੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ, ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਤੇ ਸਮੂਹ ਸਟਾਫ਼ ਦੁਆਰਾ ਸ਼੍ਰੀਮਤੀ ਰੂਪ ਕੌਰ ਬਰਾੜ ਨੂੰ ਫੁੱਲ ਭੇਟ ਕਰਦਿਆਂ ਸ਼ਰਧਾਂਜਲੀ ਦਿੱਤੀ ਗਈ ਅਤੇ ਸ੍ਰ. ਹਰਪ੍ਰਤਾਪ ਸਿੰਘ ਬਰਾੜ ਨੇ ਕਾਲਜ ਦੇ ਵਿਹੜੇ ਵਿੱਚ ਉਨ੍ਹਾਂ ਦੀ ਯਾਦ ਨੂੰ ਸਮਰਪਤ ਇੱਕ ਪੌਦਾ ਲਗਾਇਆ।ਸਮਾਰੋਹ ਦਾ ਆਰੰਭ ਸ਼ਬਦ ਗਾਇਨ ਨਾਲ਼ ਹੋਇਆ।ਉਪਰੰਤ ਡੀਨ ਪਾਸਾਰ ਗਤੀਵਿਧੀਆਂ ਡਾ. ਲਵਲੀਨ ਬੈਂਸ ਨੇ ਸ਼੍ਰੀਮਤੀ ਰੂਪ ਕੌਰ ਬਰਾੜ ਦੇ ਜੀਵਨ, ਵਿਚਾਰਧਾਰਾ ਤੇ ਦ੍ਰਿਸ਼ਟੀਕੋਣ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮਾਜਿਕ ਯੋਗਦਾਨ ਬਾਰੇ ਜਾਣਕਾਰੀ ਦਿੱਤੀ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸ਼੍ਰੀਮਤੀ ਬਰਾੜ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦਾ ਸਵਾਗਤ ਕੀਤਾ। ਉਨ੍ਹਾਂ ਕਾਲਜ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਚੰਗੀ ਸਿੱਖਿਆ ਪ੍ਰਾਪਤ ਕਰਕੇ ਅੱਗੇ ਵਧਣ ਲਈ ਪ੍ਰੇਰਿਆ।

ਇਸ ਮੌਕੇ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਵਿਦਿਆਰਥੀਆਂ ਨਾਲ਼ ਆਪਣੇ ਵਿਚਾਰ ਸਾਂਝੇ ਕਰਦਿਆਂ ਕਾਲਜ ਦੇ ਸੰਸਥਾਪਕ ਪ੍ਰਧਾਨ ਡਾ. ਈਸ਼ਵਰ ਸਿੰਘ ਦੀ ਸਪੁੱਤਰੀ ਤੇ ਸਾਬਕ ਪ੍ਰਧਾਨ ਸਵ. ਸ਼੍ਰੀਮਤੀ ਰੂਪ ਬਰਾੜ ਦੇ ਜੀਵਨ ਸੰਘਰਸ਼ ਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਬਾਰੇ ਵਿਦਿਆਰਥੀਆਂ ਨੂੰ ਦੱਸਿਆ।ਇਸ ਮੌਕੇ ਸ਼੍ਰੀਮਤੀ ਰੂਪ ਬਰਾੜ ਦੀ ਯਾਦ ਵਿੱਚ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਵੱਲੋਂ ਕਾਲਜ ਦੇ ਮਹਿਲਾ ਸਹਾਇਕ ਸਟਾਫ਼ ਨੂੰ ਸਨਮਾਨਤ ਵੀ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਆਈ ਕਿਊ ਏ ਸੀ ਦੇ ਕੋ-ਆਰਡੀਨੇਟਰ ਡਾ. ਨਿਧੀ ਸਰੂਪ ਨੇ ਵਿਦਿਆਰਥੀਆਂ ਨੂੰ ਕਾਲਜ ਦੇ ਨਿਯਮਾਂ ਤੇ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ।ਮੰਚ ਸੰਚਾਲਨ ਦੀ ਭੂਮਿਕ ਪ੍ਰੋ. ਦੀਪਿਕਾ ਨੇ ਬਾਖ਼ੂਬੀ ਨਿਭਾਈ।ਇਸ ਸਮਾਗਮ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੱਤੀ।

## ਜੀ ਬੀ ਇੰਟਰਨੈਸ਼ਨਲ ਸਕੂਲ ਵਿਖੇ ਗਣਿਤ ਵਰਕਸ਼ਾਪ ਲਗਾਈ



**ਨਾਭਾ (ਵਰਿੰਦਰ ਵਰਮਾ)**-ਨਾਭਾ ਸਥਿਤ ਜੀ ਬੀ ਇੰਟਰਨੈਸ਼ਨਲ ਸਕੂਲ ਵਿੱਚ ਸੀ.ਬੀ.ਐੱਸ.ਈ. ਵੱਲੋਂ ਦੋ ਦਿਨਾ 'ਕੈਪੇਸਿਟੀ ਬਿਲਡਿੰਗ ਪ੍ਰੋਗਰਾਮ ਆਨ ਮੈਥਮੈਟਿਕਸ (ਸੈਕੰਡਰੀ)' ਦਾ ਆਯੋਜਨ ਸਕੂਲ ਚੇਅਰਮੈਨ ਸ੍ਰੀ ਸੰਦੀਪ ਬਾਂਸਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸਫਲਤਾਪੂਰਵਕ ਕੀਤਾ ਗਿਆ।ਇਸ ਵਰਕਸ਼ਾਪ ਵਿੱਚ ਜੀ ਬੀ ਸਕੂਲ ਦੇ ਅਧਿਆਪਕਾਂ ਦੇ ਨਾਲ ਨਾਲ ਹੋਰ ਸਕੂਲਾਂ ਦੇ ਲਗਭਗ 50 ਅਧਿਆਪਕਾਂ ਨੇ ਵੀ ਸਰਗਰਮੀ ਨਾਲ ਭਾਗ ਲਿਆ।ਸ੍ਰੀ ਬਾਂਸਲ ਅਨੁਸਾਰ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਗਣਿਤ ਵਿਸ਼ੇ ਨੂੰ ਬਿਹਤਰ ਢੰਗ ਨਾਲ ਪੜ੍ਹਾਉਣ ਲਈ ਨਵੇਂ ਤਰੀਕਿਆਂ, ਤਕਨੀਕਾਂ ਤੇ ਸੰਕਲਪਾਂ ਨਾਲ ਲੈਸ ਕਰਨਾ ਸੀ।ਵਰਕਸ਼ਾਪ ਦੇ ਪਹਿਲੇ ਦਿਨ ਸੀ.ਬੀ.ਐੱਸ.ਈ. ਰਿਸੋਰਸ ਪਰਸਨ ਸ੍ਰੀਮਤੀ ਰਾਜੀ ਗੋਇਲ ਤੇ ਸ੍ਰੀ ਵੀਨੇਂਦਰ ਪਾਲ ਸਿੰਘ ਨੇ ਅਧਿਆਪਕਾਂ ਨਾਲ ਗਣਿਤ ਨਾਲ ਸਬੰਧਤ ਆਈ.ਸੀ.ਟੀ. ਟੂਲਸ, ਅਨੁਭਵਾਤਮਕ ਸਿੱਖਿਆ, ਲਰਨਿੰਗ ਬਾਈ ਡੂਇੰਗ ਤੇ ਗਰੁੱਪ ਐਕਟੀਵਿਟੀਜ਼ ਰਾਹੀਂ ਦਿਲਚਸਪ ਗਤੀਵਿਧੀਆਂ ਕਰਵਾਈਆਂ। ਦੂਜੇ ਦਿਨ, ਅਧਿਆਪਕਾਂ ਨੂੰ ਬਲੂਮਜ਼ ਟੈਕਸੋਨੋਮੀ, ਬੁਨਿਆਦੀ ਤੇ ਮਿਆਰੀ ਗਣਿਤ ਵਿੱਚ ਅੰਤਰ ਤੇ ਪ੍ਰਸ਼ਨ ਪੱਤਰ ਦੀ ਰਚਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਵਰਕਸ਼ਾਪ ਦੇ ਸਮਾਪਨ ਸਮੇਂ ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਆਏ ਹੋਏ ਰਿਸੋਰਸ ਵਿਅਕਤੀਆਂ ਦਾ ਧੰਨਵਾਦ ਕੀਤਾ ਤੇ ਸਾਰੇ ਅਧਿਆਪਕਾਂ ਨੂੰ ਸਕਾਰਾਤਮਕ ਤੇ ਸਹਿਯੋਗਾਤਮਕ ਰਵੱਈਏ ਨਾਲ ਗਣਿਤ ਨੂੰ ਰੌਚਿਕ ਤੇ ਮਨੋਰੰਜਕ ਵਿਸ਼ੇ ਵਜੋਂ ਪੜ੍ਹਾਉਣ ਲਈ ਉਤਸ਼ਾਹਤ ਕੀਤਾ।

# ਭਾਈ ਘਨੱਈਆ ਵੈੱਲਫੇਅਰ ਸੋਸਾਇਟੀ ਨੇ ਲਾਇਆ ਪੌਦਿਆਂ ਦਾ ਲੰਗਰ

**ਵਾਤਾਵਰਣ ਨੂੰ ਬਚਾਉਣ ਲਈ ਹਰ ਮਨੁੱਖ ਇੱਕ-ਇੱਕ ਪੌਦਾ ਲਾਵੇ : ਭਗਵਾਨ ਸਿੰਘ**



**ਜਲਾਲਾਬਾਦ (ਜੀਤ ਕੁਮਾਰ)**

ਹਰਿਆਲੀ ਲਿਆਉਣ ਲਈ ਹਰੇਕ ਨਾਗਰਿਕ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਲਾਮਬੰਦ ਕਰ ਰਹੀ 'ਭਾਈ ਘਨੱਈਆ ਵੈੱਲਫੇਅਰ ਸੁਸਾਇਟੀ' ਗੁਰਦੁਆਰਾ ਰਾਮਗੜ੍ਹੀਆ ਜਲਾਲਾਬਾਦ ਵੱਲੋਂ ਸਥਾਨਕ ਸ਼ਹੀਦ ਊਧਮ ਸਿੰਘ ਚੌਕ ਨਜ਼ਦੀਕ ਸਥਿਤ ਗੁਰਦੁਆਰਾ ਰਾਮਗੜ੍ਹੀਆ ਵਿਖੇ ਫਲਦਾਰ, ਛਾਂਦਾਰ ਤੇ ਫੁੱਲਾਂ ਵਾਲੇ ਬੂਟਿਆਂ ਦਾ ਲੰਗਰ ਲਗਾਇਆ ਗਿਆ। ਇਥੇ ਅੰਜੀਰ, ਫਾਲਸਾ, ਅੰਗੂਰ, ਆੜੂ, ਸੇਬ, ਪਾਪੀਤਾ, ਅਮਰੂਦ, ਜਾਮਣ, ਆਂਵਲਾ, ਆਨਾਰ, ਸ਼ਤੂਤ, ਆਬਲਤਾਸ਼, ਅਰਜਨ, ਮੋਰਿਗਾ ਕਚਨਾਰ ਸੁਖਚੈਨ, ਨਿੰਮ, ਬੈਕੇਣ, ਟਾਹਲੀ, ਪਿੱਪਲ, ਬੋਹੜ, ਗੁਲਾਬ, ਹੇਵੀਕੱਸ ਚਾਂਦਨੀ, ਬੋਗਨਵਿੱਲਾ, ਸਦਾ ਬਹਾਰ ਇਲਟੇਨਾ, ਹਰੜ ਬੇਹੜਾ ਆਦਿ ਦੇ 1100 ਪੌਦੇ ਵੰਡੇ ਗਏ। ਇਸ ਸਬੰਧੀ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਭਾਈ ਘਨੱਈਆ ਵੈੱਲਫੇਅਰ ਸੁਸਾਇਟੀ ਦੇ ਸੈਕਟਰੀ ਭਗਵਾਨ ਸਿੰਘ ਸੱਗੂ ਨੇ ਕਿਹਾ ਕਿ ਉਨ੍ਹਾਂ ਦੀ ਸੁਸਾਇਟੀ ਵੱਲੋਂ ਗੰਧਲੇ ਤੇ ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਨੂੰ ਬਚਾਉਣ ਤੇ ਹਰਿਆ-ਭਰਿਆ ਬਣਾਉਣ ਲਈ ਹਰੇਕ ਨਾਗਰਿਕ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਉਥੇ ਹੀ ਜਲਾਲਾਬਾਦ ਵਿਚ ਹਰੇਕ ਹਫਤੇ ਸ਼ਨੀਵਾਰ ਨੂੰ ਇਥੇ ਪੌਦੇ ਵੰਡਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਦੀ ਅੱਜ ਸ਼ੁਰੂਆਤ ਕੀਤੀ ਗਈ ਅਤੇ ਅੱਜ ਪਹਿਲੇ ਦਿਨ 1100 ਪੌਦੇ ਵੰਡੇ ਗਏ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਚਾਹੇ ਉਹ ਜਲਾਲਾਬਾਦ ਦਾ ਵਸਨੀਕ ਹੈ ਜਾਂ ਆਲੇ ਦੁਆਲੇ ਪੇਂਡੂ ਖੇਤਰ ਵਿੱਚ ਰਹਿੰਦਾ ਹੈ, ਸਕੂਲਾਂ ਨੂੰ ਫੁੱਲਾਂ, ਫਲ ਤੇ ਛਾਂਦਾਰ ਬੂਟਿਆਂ ਦੀ ਲੋੜ ਹੋਵੇ ਤਾਂ ਹਰ ਸ਼ਨੀਵਾਰ ਗੁਰਦੁਆਰਾ ਸਾਹਿਬ ਜਲਾਲਾਬਾਦ ਤੋਂ ਸਵੇਰੇ 11.00 ਵਜੇ ਆ ਕੇ ਬੂਟੇ ਪ੍ਰਾਪਤ ਕਰ ਸਕਦਾ ਹੈ। ਸੁਸਾਇਟੀ ਪ੍ਰਧਾਨ ਗੁਰਮੁੱਖ ਸਿੰਘ ਨੇ ਕਿਹਾ ਕਿ ਵਾਤਾਵਰਣ ਦੇ ਵਿੱਚ ਵਧਦੇ ਤਾਪਮਾਨ ਨੂੰ ਮੁੱਖ ਰੱਖਦੇ ਹੋਏ ਬੂਟਿਆਂ ਦਾ ਲਗਾਉਣਾ ਤੇ ਉਨ੍ਹਾਂ ਨੂੰ ਪਾਲਣਾ ਸਾਡੇ ਸਮਾਜ ਲਈ ਬਹੁਤ ਜ਼ਰੂਰੀ ਬਣ ਜਾਂਦਾ ਹੈ। ਮਨੁੱਖੀ ਹੋਂਦ ਨੂੰ ਬਚਾਉਣ ਲਈ ਸਾਡੇ ਪੌਣ-ਪਾਣੀ ਦੀ ਸਾਂਭ ਸੰਭਾਲ ਕਰਨਾ ਅਤਿ ਜ਼ਰੂਰੀ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਗੁਰਮੁੱਖ ਸਿੰਘ ਸੱਗੂ, ਸੈਕਟਰੀ ਭਗਵਾਨ ਸਿੰਘ ਸੱਗੂ, ਖਜ਼ਾਨਚੀ ਗੁਰਮੀਤ ਸਿੰਘ ਵਿਰਦੀ, ਹਰਭਜਨ ਸਿੰਘ ਜੰਡੂ, ਨਿਰੰਜਨ ਸਿੰਘ ਜੰਡੂ, ਗੁਰਮੀਤ ਸਿੰਘ ਸੱਗੂ, ਲੱਕੀ ਸਿਡਾਨਾ ਆਦਿ ਮੌਜੂਦ ਸਨ।

## ਚੋਰੀ ਦੇ 2 ਮੋਟਰਸਾਈਕਲਾਂ ਸਮੇਤ ਤਿੰਨ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ 2 ਮੋਟਰਸਾਈਕਲਾਂ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਖਾਈ ਅੱਡਾ ਰੇਲਵੇ ਫਾਟਕ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਪ੍ਰਭਦੀਪ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਭੂਰੇ ਕਲਾਂ ਮਮਦੋਟ, ਅਕਾਸ਼ ਪੁੱਤਰ ਸੋਨੂੰ ਤੇ ਸਨੀ ਪੁੱਤਰ ਵਿਕਰਮ ਵਾਸੀਅਨ ਬਸਤੀ ਮੱਖਣ ਸਿੰਘ ਵਾਲੀ ਦਾਖਲੀ ਖਲਚੀਆਂ ਕਦੀਮ, ਜੋ ਕਿ ਮੋਟਰਸਾਈਕਲ ਚੋਰੀਆਂ ਕਰਨ ਦੇ ਆਦੀ ਹਨ ਤੇ ਇਨ੍ਹਾਂ ਵੱਲੋਂ ਸਿਟੀ ਏਰੀਆ ਫਿਰੋਜ਼ਪੁਰ ਦੇ ਸਿਵਲ ਹਸਪਤਾਲ ਨੇੜੇ, ਬੈਂਕਾਂ ਤੇ ਹੋਰ ਭੀੜ ਵਾਲੀਆਂ ਜਗ੍ਹਾ 'ਤੇ ਚੋਰੀ ਕੀਤੇ ਮੋਟਰਸਾਈਕਲ ਅੱਗੇ ਵੇਚਣ ਲਈ ਬਜਾਜ ਡੇਅਰੀ ਦੇ ਪਿਛਲੇ ਪਾਸੇ ਝਾੜੀਆਂ ਨੂੰ ਜਾਂਦੇ ਕੱਚੇ ਰਸਤੇ ਪਾਸ ਖੜੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ 'ਤੇ ਛਾਪੇਮਾਰੀ ਕਰਕੇ ਚੋਰੀ ਦੇ 2 ਮੋਟਰਸਾਈਕਲ ਬਿਨਾਂ ਨੰਬਰੀ ਬਰਾਮਦ ਹੋਏ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।



**ਨਿਹਾਲ ਸਿੰਘ ਵਾਲਾ ਤੋਂ ਕਾਂਗਰਸ ਆਗੂ ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਇੰਦਰਜੀਤ ਜੌਲੀ ਦੀ ਅਗਵਾਈ ਵਿੱਚ ਮੋਗਾ ਰੈਲੀ 'ਚ ਸ਼ਾਮਲ ਹੋਣ ਲਈ ਰਵਾਨਾ ਹੁੰਦੇ ਹੋਏ ਯੂਥ ਪ੍ਰਧਾਨ ਗੋਪਾਲ ਮਿੱਤਲ, ਪ੍ਰਦੀਪ ਕੁਮਾਰ ਮੱਝੂਕੇ, ਰਮੇਸ਼ ਕੁਮਾਰ ਸੈਦੋਕੇ, ਰੂਪ ਲਾਲ ਸ਼ਹਿਰੀ ਪ੍ਰਧਾਨ, ਸਾਬਕਾ ਮੈਂਬਰ ਮੱਖਣ ਲਾਲ, ਸਮੂਹ ਸ਼ੈਲਰ ਮੁਨੀਮ ਦੇ ਪ੍ਰਧਾਨ ਤੇ ਸਮੂਹ ਮੁਨੀਮ ਹਾਜ਼ਰ ਸਨ।**
(ਫੋਟੋ ਤੇ ਵੇਰਵਾ : ਲਵਲੀ ਮਾਛੀਕੇ, ਨਿਹਾਲ ਸਿੰਘ ਵਾਲਾ)

## ਈ ਟੀ ਓ ਨੇ ਨਿਊ ਅੰਮ੍ਰਿਤਸਰ 'ਚ 40 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਫਲਾਈਓਵਰ ਦਾ ਰੱਖਿਆ ਨੀਂਹ ਪੱਥਰ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਹਲਕਾ ਪੂਰਬੀ ਅਤੇ ਹਲਕਾ ਦੱਖਣੀ ਨੂੰ ਲੱਗਦੇ ਅੰਮ੍ਰਿਤਸਰ ਜਲੰਧਰ ਹਾਈਵੇਅ ਸਥਿਤ ਭਾਈ ਗੁਰਦਾਸ ਜੀ ਨਗਰ ਨਿਊ ਅੰਮ੍ਰਿਤਸਰ ਵਿਖੇ ਨਵੇਂ ਬਣਨ ਵਾਲੇ ਫਲਾਈਓਵਰ ਦਾ ਲੋਕ ਨਿਰਮਾਣ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਨੇ ਅੱਜ ਨੀਂਹ ਪੱਥਰ ਰੱਖਿਆ।ਉਨ੍ਹਾਂ ਦੱਸਿਆ ਕਿ ਇਸ ਪੁਲ ਨੂੰ ਬਣਾਉਣ ਤੇ 39 ਕਰੋੜ 85 ਲੱਖ ਰੁਪਏ ਦੀ ਲਾਗਤ ਆਵੇਗੀ।ਈਟੀਓ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਉਪਰੋਕਤ ਕੰਮ ਲਈ 59.53 ਕਰੋੜ ਰੁਪਏ ਦੀ ਪਰਵਾਨਗੀ ਜਾਰੀ ਕੀਤੀ ਗਈ ਸੀ, ਟੈਂਡਰ ਪ੍ਰਕਿਰਿਆ ਦੌਰਾਨ 28 ਫ਼ੀਸਦੀ ਘੱਟ ਤੇ ਸਬੰਧਤ ਫਰਮ ਨੂੰ ਕੰਮ ਅਲਾਟ ਕਰਕੇ ਕਰੀਬ 20 ਕਰੋੜ ਰੁਪਏ ਦੀ ਬੱਚਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਪੈਸਾ ਆਮ ਲੋਕਾਂ ਦਾ ਪੈਸਾ ਹੈ ਅਤੇ ਇਨ੍ਹਾਂ ਪੈਸਿਆਂ ਦੀ ਦੁਰਵਰਤੋਂ ਨਹੀਂ ਹੋਣ ਦਿੱਤੀ ਜਾਵੇਗੀ।ਉਨ੍ਹਾਂ ਨੇ ਅਪੀਲ ਕਰਦਿਆਂ ਕਿਹਾ ਕਿ ਜਿੱਥੇ ਵੀ ਕੀਤੇ ਤੁਹਾਨੂੰ ਵਿਕਾਸ ਕਾਰਜਾਂ ਵਿਚ ਕੋਈ ਊਣਤਾਈ ਨਜ਼ਰ ਆਉਂਦੀ ਹੈ ਤਾਂ ਸਾਡੇ ਧਿਆਨ ਵਿੱਚ ਲਿਆਓ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿਚ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਹ ਫਲਾਈਓਵਰ ਆਉਂਦੇ 24 ਮਹੀਨਿਆਂ ਵਿਚ ਬਣ ਕੇ ਤਿਆਰ ਹੋ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਫਲਾਈਓਵਰ ਦੀ ਲੰਬਾਈ 540 ਮੀਟਰ ਅਤੇ ਚੌੜਾਈ 21.5 ਮੀਟਰ ਹੋਵੇਗੀ ਅਤੇ ਫਲਾਈਓਵਰ ਦੇ ਦੋਹਾਂ ਪਾਸੇ 10.50 ਮੀਟਰ ਚੌੜੀ ਸਰਵਿਸ ਰੋਡ ਵੀ ਬਣਾਈ ਜਾਵੇਗੀ ਤੇ ਬਰਸਾਤੀ ਪਾਣੀ ਦੇ ਨਿਕਾਸ ਲਈ ਫਲਾਈਓਵਰ ਦੀਆਂ ਦੋਵੇਂ ਪਾਸੇ ਡਰੇਨ ਦੀ ਵਿਵਸਥਾ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਬੰਡਾ ਪੁਲ ਤੋਂ ਚੌਥੀ ਸਾਈਡ ਵੀ ਜਲਦੀ ਸ਼ੁਰੂ ਹੋਣ ਜਾ ਰਹੀ ਹੈ ਜਿਸ ਲਈ 61.50 ਕਰੋੜ ਰੁਪਏ ਦੀ ਰਾਸ਼ੀ ਜਾਰੀ ਹੋ ਚੁੱਕੀ ਹੈ। ਇਸ ਮੌਕੇ ਹਲਕਾ ਵਿਧਾਇਕ ਬਾਬਾ ਬਕਾਲਾ ਸਰਦਾਰ ਦਲਬੀਰ ਸਿੰਘ ਟੌਂਗ, ਨਰੇਸ਼ ਪਾਠਕ, ਸੁਰਿੰਦਰ ਕੌਰ, ਸਤਪਾਲ ਸਿੰਘ ਸੋਖੀ, ਵਿਸ਼ਾਲ ਮੋਨਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

## 25 ਨੂੰ ਨਰੇਗਾ ਕਾਮੇ ਡੀ ਸੀ ਦਫਤਰ ਤਰਨਤਾਰਨ ਅੱਗੇ ਕਰਨਗੇ ਰੋਸ ਪ੍ਰਦਰਸ਼ਨ

ਤਰਨਤਾਰਨ (ਨਜ਼ਮ)-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਡੀ. ਸੀ. ਦਫਤਰ ਤਰਨਤਾਰਨ ਵਿਖੇ 25 ਜੁਲਾਈ ਨੂੰ ਰੋਹ ਭਰਪੂਰ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ। ਇਸ ਮੌਕੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਹਲਕਾ ਤਰਨਤਾਰਨ ਵੇਈਂਪੂਈ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਚੋਹਲਾ ਸਾਹਿਬ, ਜਉਣੇਕੇ, ਦਦੇਹਰ ਸਾਹਿਬ, ਚੋਹਲਾ ਸਾਹਿਬ ਦਾ ਦੌਰਾ ਕਰਦਿਆਂ ਕਿਹਾ ਕਿ ਨਰੇਗਾ ਕਾਨੂੰਨ ਮੁਤਾਬਕ 100 ਦਿਨ ਕੰਮ ਦੀ ਗਰੰਟੀ ਦਿੰਦਾ ਹੈ ਪਰ ਕੇਂਦਰ ਅਤੇ ਪੰਜਾਬ ਸਰਕਾਰਾਂ ਇਸ ਕਾਨੂੰਨ ਦੀਆਂ ਧੱਜੀਆਂ ਉਡਾ ਰਹੀਆਂ ਹਨ। ਨਰੇਗਾ ਤਹਿਤ ਮਿਲਦਾ ਮਜ਼ਦੂਰਾਂ ਨੂੰ ਰੁਜ਼ਗਾਰ ਬੰਦ ਕਰਨਾ ਚਾਹੁੰਦੀਆਂ ਹਨ ਪਰ ਨਰੇਗਾ ਕਾਮੇ ਇਨ੍ਹਾਂ ਸਰਕਾਰਾਂ ਦੇ ਮਨਸੂਬੇ ਕਾਮਯਾਬ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਕੰਮ ਅਰਜ਼ੀ ਦੀ ਰਸੀਦ ਨਾ ਦੇਣ ਵਾਲੇ ਅਧਿਕਾਰੀ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਕੰਮ ਅਰਜ਼ੀ ਦੀ ਰਸੀਦ ਦੇਣਾ ਯਕੀਨੀ ਬਣਾਇਆ ਜਾਵੇ। ਕਾਮਿਆਂ ਨੂੰ ਸਮੇਂ ਸਿਰ ਤੇ ਮੰਗ ਮੁਤਾਬਿਕ ਪੂਰਾ ਕੰਮ ਮਿਲੇ। ਉਪਰੋਕਤ ਮੰਗਾਂ ਨੂੰ ਲੈ ਕੇ ਜ਼ਿਲ੍ਹੇ ਭਰ ਦੇ ਨਰੇਗਾ ਮਜ਼ਦੂਰ ਨੂੰ ਅਪੀਲ ਹੈ ਕਿ 25 ਜੁਲਾਈ ਦੇ ਰੋਸ ਪ੍ਰਦਰਸ਼ਨ ਵਿਚ ਵੱਡੀ ਗਿਣਤੀ ਵਿਚ ਪਹੁੰਚਣ। ਇਹ ਧਰਨਾ ਡੀ ਸੀ ਦਫਤਰ ਤਰਨ ਤਾਰਨ ਵਿਖੇ ਲੱਗਣਾ ਹੈ ਤੇ ਨਰੇਗਾ ਕਾਮੇ ਹਰ ਹਾਲਤ 'ਚ 11 ਵਜੇ ਪਹੁੰਚਣ ਦੀ ਕਿਰਪਾਲਤਾ ਕਰਨ।

## ਪਿੰਡ ਸਰਦਾਰਾਂ, ਮਾੜੇ, ਬਖਤਪੁਰ ਤੇ ਮਹਾਂਦੇਵ ਖੁਰਦ 'ਚ ਹੋਈਆਂ ਨਸ਼ਿਆਂ ਖਿਲਾਫ਼ ਜਾਗਰੂਕਤਾ ਸਭਾਵਾਂ



ਗੁਰਦਾਸਪੁਰ (ਦਿਨੇਸ਼ ਕੁਮਾਰ)- ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਅਵਾਮ ਨੂੰ ਭਰੋਸਾ ਦਿੱਤਾ ਹੈ ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਵਿੱਚ ਆਪਣਾ ਮੋਹਰੀ ਯੋਗਦਾਨ ਪਾਉਣ ਤਾਂ ਜੋ ਸੂਬਾ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਮੁੜ ਰੰਗਲਾ ਪੰਜਾਬ ਬਣਾਇਆ ਜਾ ਸਕੇ।ਚੇਅਰਮੈਨ ਰਮਨ ਬਹਿਲ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਮਾੜੇ, ਨਵਾਂ ਪਿੰਡ ਸਰਦਾਰਾਂ, ਬਖਤਪੁਰ ਅਤੇ ਮਹਾਂਦੇਵ ਖੁਰਦ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਹੋਈਆਂ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਾ ਖਤਮ ਕਰਨ ਲਈ ਜਿੱਥੇ ਨਸ਼ਾ ਤਸਕਰਾਂ ਖਿਲਾਫ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ ਓਥੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਵੀ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ-ਪਿੰਡ ਅਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਦਾ ਹੋਕਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵਿਅਕਤੀ ਨਸ਼ਿਆਂ ਦੀ ਦਲ-ਦਲ ਵਿੱਚ ਫਸ ਗਏ ਸਨ ਉਨ੍ਹਾਂ ਨੂੰ ਨਸ਼ਿਆਂ ਤੋਂ ਮੁਕਤੀ ਦਿਵਾਉਣ ਲਈ ਉਨ੍ਹਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨਸ਼ਾ ਛੱਡ ਰਹੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੀ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਮਾਰਕਿਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ, ਰਾਕੇਸ਼ ਸ਼ਰਮਾ, ਦਵਿੰਦਰ ਸਿੰਘ ਹੈਪੀ, ਨਵਾਂ ਪਿੰਡ ਸਰਦਾਰਾਂ ਦੀ ਸਰਪੰਚ ਗੁਰਸਿਮਰਨ ਕੌਰ, ਸਰਪੰਚ ਮਾੜੇ ਕਮਲਜੀਤ ਸਿੰਘ, ਸਰਪੰਚ ਬਖਤਪੁਰ ਕਸ਼ਮੀਰ ਸਿੰਘ, ਸਰਪੰਚ ਮਹਾਂਦੇਵ ਖੁਰਦ ਹਰਜਿੰਦਰ ਸਿੰਘ ਤੋਂ ਇਲਾਵਾ ਇਲਾਕੇ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।

## ਬੀ ਡੀ ਪੀ ਓ ਦਫ਼ਤਰ ਤਰਸਿੱਕਾ ਅੱਗੇ ਅੱਜ ਲੱਗਣ ਵਾਲਾ ਧਰਨਾ 29 ਤੱਕ ਮੁਲਤਵੀ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ, ਜ਼ਿਲ੍ਹਾ ਆਗੂ ਬਲਦੇਵ ਸਿੰਘ ਬੱਗਾ ਅਤੇ ਬਲਵਿੰਦਰ ਸਿੰਘ ਕੁਲਾਰਾਂ ਦੀ ਅਗਵਾਈ ਵਿੱਚ ਬਲਾਕ ਤਰਸਿੱਕਾ ਅਧੀਨ ਆਉਂਦੇ ਇਲਾਕੇ ਵਿੱਚ ਵਿਕਾਸ ਕਾਰਜਾਂ ਦੀ ਬੁਰੀ ਹਾਲਤ ਨੂੰ ਲੈ ਕੇ ਜ਼ੋਨ ਤਰਸਿੱਕਾ, ਟਾਹਲੀ ਸਾਹਿਬ ਵੱਲੋਂ 21 ਜੁਲਾਈ ਨੂੰ ਲੱਗਣ ਵਾਲਾ ਧਰਨਾ ਜਥੇਬੰਦੀ ਦੇ ਆਗੂਆਂ ਨੇ ਮੀਟਿੰਗ ਕਰਕੇ 29 ਜੁਲਾਈ ਨੂੰ ਲਗਾਉਣ ਦਾ ਫੈਸਲਾ ਕੀਤਾ ਹੈ।ਇਸ ਮੌਕੇ ਜ਼ਿਲ੍ਹਾ ਖਜ਼ਾਨਚੀ ਕੰਧਾਰ ਸਿੰਘ ਭੋਏਵਾਲ ਅਤੇ ਜ਼ਿਲ੍ਹਾ ਆਗੂ ਸੁਖਦੇਵ ਸਿੰਘ ਚਾਟੀਵਿੰਡ ਨੇ ਦੱਸਿਆ ਕਿ ਪਿਛਲੇ ਦਿਨੀਂ ਬਲਾਕ ਤਰਸਿੱਕਾ ਅਧੀਨ ਆਉਂਦੇ ਪਿੰਡ ਚਾਟੀਵਿੰਡ ਲੇਹਲ ਅਤੇ ਕੁਝ ਹੋਰ ਪਿੰਡਾਂ ਵਿੱਚ ਪਿੰਡ ਦੁਆਲੇ ਦੀਆਂ ਫਿਰਨੀਆਂ ਬਹੁਤ ਤਰਸਯੋਗ ਹਾਲਤ ਵਿੱਚ ਹਨ।ਉਨ੍ਹਾਂ ਦੱਸਿਆ ਕਿ ਪਿੰਡ ਚਾਟੀਵਿੰਡ ਤੋਂ ਮਾਂਗਾ ਸਰਾਏ ਨੂੰ ਜਾਣ ਵਾਲੀ ਸੜਕ ਵੀ ਖਸਤਾ ਹਾਲਤ ਵਿਚ ਹੈ। ਪਿਛਲੇ ਦਿਨੀਂ ਬੀਡੀਪੀਓ ਤਰਸਿੱਕਾ ਤੋਂ ਲੈ ਕੇ ਐੱਸਡੀਐੱਮ ਮਜੀਠਾ ਇਸੇ ਦੌਰਾ ਕਰ ਚੁੱਕੇ ਹਨ ਪਰ ਕੋਈ ਹੱਲ ਨਹੀਂ ਕੀਤਾ। ਪ੍ਰਸ਼ਾਸਨ ਵੱਲੋਂ ਕਿਹਾ ਜਾ ਰਿਹਾ ਹੈ ਕਿ 28 ਤੋਂ ਇਸ ਸੜਕ ਲਈ ਟੈਂਡਰ ਮੰਗੇ ਜਾ ਰਹੇ ਹਨ ਪਰ ਮੌਕੇ ਦੀ ਨਜ਼ਾਕਤ ਅਨੁਸਾਰ ਆਸਥਾਈ ਹੱਲ ਲਈ ਕੋਈ ਯਤਨ ਨਹੀਂ ਕੀਤਾ ਜਾ ਰਿਹਾ।23 ਜੁਲਾਈ ਨੂੰ ਡੀਸੀ ਅੰਮ੍ਰਿਤਸਰ ਨੂੰ ਲਿਖਤੀ ਮੰਗ ਪੱਤਰ ਦਿੱਤਾ ਜਾਵੇਗਾ। ਜੇ ਇਨ੍ਹਾਂ ਮੰਗਾਂ 'ਤੇ ਕੋਈ ਠੋਸ ਕਦਮ ਨਹੀਂ ਚੁੱਕੇ ਜਾਂਦੇ ਤਾਂ 29 ਜੁਲਾਈ ਤੋਂ ਬੀਡੀਪੀਓ ਤਰਸਿੱਕਾ ਦੇ ਦਫਤਰ ਅੱਗੇ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

## ਖਾਲਸਾ ਕਾਲਜ ਤੇ ਕਾਲਜੀਏਟ ਸਕੂਲ ਮਹਿਤਾ ਵਿਖੇ ਅੱਠਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਮਨਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜ ਅਤੇ ਕਾਲਜੀਏਟ ਸਕੂਲ ਮਹਿਤਾ ਵਿਖੇ ਅੱਠਵੇਂ ਪਾਤਸ਼ਾਹ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪਵਿੱਤਰ ਜਨਮ ਦਿਹਾੜਾ ਸ਼ਰਧਾ, ਭਾਵਨਾ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਭਾਰੀ ਗਿਣਤੀ ਵਿੱਚ ਹਿੱਸਾ ਲਿਆ।ਇਸ ਦੀ ਸ਼ੁਰੂਆਤ ਪਵਿੱਤਰ ਸ਼ਬਦ ਕੀਰਤਨ ਨਾਲ ਹੋਈ।ਉਪਰੰਤ ਕਵੀਸ਼ਰੀ ਕਵਿਤਾਵਾਂ ਅਤੇ ਭਾਸ਼ਣਾਂ ਨੇ ਪੂਰੇ ਪੰਡਾਲ ਨੂੰ ਰੂਹਾਨੀ ਚਾਨਣ ਨਾਲ ਭਰ ਦਿੱਤਾ।ਇਸ ਪਵਿੱਤਰ ਮੌਕੇ ਕਾਲਜ ਪ੍ਰਿੰਸੀਪਲ ਜਸਲਾਲ ਸਿੰਘ ਉਸਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਗੁਰੂ ਸਾਹਿਬ ਦੀ ਜੀਵਨੀ ਤੋਂ ਜਾਣੂ ਕਰਵਾਇਆ।

ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਨੇ ਬਹੁਤ ਹੀ ਛੋਟੀ ਉਮਰ ਵਿੱਚ ਦਇਆ, ਨਿਮਰਤਾ ਅਤੇ ਮਨੁੱਖਤਾ ਦੀ ਸੇਵਾ ਦੀ ਉਚੀ ਮਿਸਾਲ ਕਾਇਮ ਕੀਤੀ।ਉਨ੍ਹਾਂ ਨੇ ਦਿੱਲੀ ਵਿਚ ਬਿਮਾਰ ਲੋਕਾਂ ਦੀ ਸੇਵਾ ਕਰਕੇ ਸਿੱਖ ਧਰਮ ਦੀ ਮਹਾਨਤਾ ਨੂੰ ਦਰਸਾਇਆ।

ਗੁਰੂ ਸਾਹਿਬ ਸਿਖਾਉਂਦੇ ਹਨ ਕਿ ਜੀਵਨ ਦੀ ਮਹਾਨਤਾ ਉਮਰ ਜਾਂ ਅਹੁਦੇ ਨਾਲ ਨਹੀਂ, ਸੇਵਾ ਅਤੇ ਦਇਆ ਨਾਲ ਨਾਪੀ ਜਾਂਦੀ ਹੈ।ਇਸ ਮੌਕੇ ਸਭ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਸਾਰੇ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦਾ ਯਤਨ ਕਰੀਏ।ਆਪਣੇ ਜੀਵਨ ਵਿੱਚ ਨਿਵੇਕਲੇਪਨ, ਸੱਚਾਈ ਤੇ ਦਿਲੋਂ ਸੇਵਾ ਦਾ ਰਾਸਤਾ ਅਪਣਾਈਏ।ਇਸ ਮੌਕੇ ਪ੍ਰਿੰ. ਹਰਜ਼ਦੀਪ ਸਿੰਘ ਰੰਧਾਵਾ, ਪ੍ਰਿੰ. ਜਤਿੰਦਰ ਸ਼ਰਮਾ, ਮੈਡਮ ਕੁਲਦੀਪ ਕੌਰ ਸੁਖਦੇਵ ਸਿੰਘ, ਰਿਹਿਕਾ ਮੈਡਮ, ਬਲਜੀਤ ਕੌਰ, ਮਨਦੀਪ ਕੌਰ, ਸੁਖਜੀਤ ਸਿੰਘ, ਗੁਰਵਿੰਦਰ ਕੌਰ, ਮਨਜੀਤ ਕੌਰ, ਸੁਪ੍ਰੀਤ ਕੌਰ, ਰੁਪਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪ੍ਰਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਨਵਨੀਤ ਕੌਰ, ਅੰਮ੍ਰਿਤਪਾਲ ਕੌਰ, ਕਾਬਲ ਸਿੰਘ ਪੁਰਬਾ ਅਤੇ ਸਮੂਹ ਸੰਗਤਾਂ ਨੇ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਤਲਬੀਰ ਗਿੱਲ ਵੱਲੋਂ ਨਸ਼ਿਆਂ ਵਿਰੁੱਧ ਲਾਮਬੰਦੀ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਸ਼ਿਆਂ ਦੇ ਕਾਰੋਬਾਰੀਆਂ ਲਈ ਅੰਦਰ ਡੱਕਣ ਤੇ ਸੂਬੇ ਦੀ ਜਵਾਨੀ ਨਸ਼ਿਆਂ ਦੀ ਗ੍ਰਿਫਤ ਵਿੱਚੋਂ ਬਾਹਰ ਕੱਢਣ ਵਿੱਚ ਫੈਸਲਾਕੁੰਨ ਸਾਬਤ ਹੋਵੇਗੀ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਅੱਜ ਹਲਕਾ ਮਜੀਠਾ ਦੇ ਪਿੰਡ ਸਾਧਪੁਰ, ਤਰਫਾਨ, ਭੀਲੋਵਾਲ, ਚੋਗਾਵਾਂ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਰਵਾਏ ਗਏ ਪ੍ਰੋਗਰਾਮਾਂ ਵਿਚ ਸੰਬੋਧਨ ਕਰਦਿਆਂ ਕੀਤਾ। ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਸੌਦਾਗਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜਿਹੜੇ ਨੌਜਵਾਨ ਨਸ਼ਾ ਛੱਡ ਕੇ ਚੰਗੀ ਜ਼ਿੰਦਗੀ ਜਿਊਣਾ ਚਾਹੁੰਦੇ ਹਨ, ਪੰਜਾਬ ਸਰਕਾਰ ਉਨ੍ਹਾਂ ਦੀ ਮਦਦ ਕਰ ਰਹੀ ਹੈ, ਜਿਸ ਵਾਸਤੇ ਜ਼ਿਲ੍ਹੇ ਦੇ ਵਿੱਚ ਸਰਕਾਰੀ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਕਾਰਜਸ਼ੀਲ ਹਨ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ ਜੋ ਜੰਗ ਛੇੜੀ ਹੈ ਉਸ ਵਿਚ ਹਰ ਆਮ ਤੇ ਖਾਸ ਵਿਅਕਤੀ ਨੂੰ ਆਪਣੀ ਮੁੱਢਲੀ ਜ਼ਿੰਮੇਵਾਰੀ ਸਮਝਦਿਆਂ ਹੋਇਆਂ ਇਸ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਮੌਕੇ ਸਰਪੰਚ ਸਰਬਜੀਤ ਸਿੰਘ ਥਾਣੇਦਾਰ, ਮੈਂਬਰ ਪੰਚਾਇਤ ਜਸਵਿੰਦਰ ਕੌਰ, ਨਿਰਮਲਜੀਤ ਕੌਰ, ਪਰਦੁਮਣ ਸਿੰਘ, ਦਲਬੀਰ ਸਿੰਘ ਟੀਟਾ, ਯੂਥ ਆਗੂ ਜੋਗਰਾਜ ਸਿੰਘ ਬਾਠ, ਪਰਮਿੰਦਰ ਸਿੰਘ, ਤਰਵਿੰਦਰ ਸਿੰਘ ਬਲਾਕ ਪ੍ਰਧਾਨ, ਸਰਪੰਚ ਬਲਬੀਰ ਸਿੰਘ ਬੱਧਾਰਾਏ, ਸ਼ਿਵਰਾਜ ਸਿੰਘ ਭੀਲੋਵਾਲ, ਤਰਸੇਮ ਸਿੰਘ ਚਾਚੋਵਾਲੀ, ਪ੍ਰਭਜੋਤ ਸਿੰਘ, ਮਿਲਖਾ ਸਿੰਘ, ਹਰਦੀਪ ਸਿੰਘ ਆਦਿ ਤੋਂ ਇਲਾਵਾ ਬਹੁਤ ਸਾਰੇ ਪਾਰਟੀ ਵਰਕਰ ਤੇ ਪਿੰਡ ਵਾਸੀ ਹਾਜ਼ਰ ਸਨ।

## ਉਮਰਪੁਰਾ ਚੌਕ 'ਚ ਪਬਲਿਕ ਟਾਇਲਟਸ ਬਣਾਉਣ ਦਾ ਕੰਮ ਸ਼ੁਰੂ



**ਬਟਾਲਾ, (ਤਰਲੋਕ ਬੈਂਸ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਇੱਕ ਹੋਰ ਪਹਿਲਕਦਮੀ ਕਰਦਿਆਂ ਉਮਰਪੁਰਾ ਚੌਕ ਬਟਾਲਾ ਦੇ ਦੁਕਾਨਦਾਰਾਂ ਅਤੇ ਲੋਕਾਂ ਦੇ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਪਬਲਿਕ ਟਾਇਲਟਸ ਬਣਾਉਣ ਦੀ ਸ਼ੁਰੂਆਤ ਕਰਵਾਈ ਗਈ ਹੈ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਦੁਕਾਨਦਾਰਾਂ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਪਬਲਿਕ ਟਾਇਲਟ ਬਣਾਏ ਜਾ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਅਤੇ ਵਿਕਾਸ ਪੱਖੋਂ ਨਿਵੇਕਲਾ ਸ਼ਹਿਰ ਬਣਾਉਣ ਲਈ ਯਤਨਸ਼ੀਲ ਹਨ ਅਤੇ ਦੇ ਸਹਿਯੋਗ ਨਾਲ ਇਤਿਹਾਸਕ ਤੇ ਧਾਰਮਿਕ ਸ਼ਹਿਰ ਨੂੰ ਵਿਕਾਸ ਪੱਖੋਂ ਖੂਬਸੂਰਤ ਸ਼ਹਿਰ ਬਣਾਇਆ ਜਾਵੇਗਾ।ਉਨ੍ਹਾਂ ਨੇ ਅੱਗੇ ਕਿਹਾ ਕਿ ਸ਼ਹਿਰ ਵਿਚਲੀਆਂ ਸੜਕਾਂ ਨੂੰ ਚੌੜਾ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸਹੂਲਤਾਂ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਸਦਾ ਜਲਦ ਉਦਘਾਟਨ ਜਲਦ ਕੀਤਾ ਜਾ ਰਿਹਾ ਹੈ।ਸ਼ਹਿਰ ਵਿੱਚ ਆਮ ਆਦਮੀ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ।11 ਕਰੋੜ ਰੁਪਏ ਦੀ ਲਾਗਤ ਨਾਲ ਸਕੂਲ ਆਫ ਐਮੀਨੈਂਸ ਲਈ ਵਿਕਾਸ ਕਾਰਜ ਕਰਵਾਇਆ ਗਿਆ ਹੈ।ਉਮਰਪੁਰਾ ਚੌਕ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਯਾਦ ਵਿੱਚ ਯਾਦਗਾਰੀ ਪਾਰਕ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮਹਿਜ਼ ਤਿੰਨ ਸਾਲਾਂ ਦੇ ਸਮੇਂ ਵਿੱਚ ਬਟਾਲਾ ਸ਼ਹਿਰ ਦੀ ਰਿਕਾਰਡ ਵਿਕਾਸ ਕੰਮ ਕੀਤੇ ਗਏ ਹਨ ਅਤੇ ਜੋ ਨਜ਼ਰ ਵੀ ਆ ਰਹੇ ਹਨ। ਉਨ੍ਹਾਂ ਕਿਹਾ ਕਿ ਬਟਾਲਾ ਵਾਸੀਆਂ ਵੱਲੋਂ ਦਿੱਤੇ ਗਏ ਪਿਆਰ ਸਦਕਾ ਉਹ ਲੋਕਾਂ ਦੀ 24 ਘੰਟੇ ਸੇਵਾ ਕਰਨ ਲਈ ਵਚਨਬੱਧ ਹਨ।

ਇਸ ਮੌਕੇ ਅੰਮ੍ਰਿਤ ਕਲਸੀ, ਚੇਅਰਮੈਨ ਮਾਣਿਕ ਮਹਿਤਾ, ਸੀਨੀਅਰ ਆਗੂ ਮਾਸਟਰ ਤਿਲਕ ਰਾਜ, ਰਣਬੀਰ ਸਿੰਘ ਰਾਣਾ, ਸੀਨੀਅਰ ਆਗੂ ਅਵਤਾਰ ਸਿੰਘ ਕਲਸੀ, ਅਮਿਤ ਸੋਢੀ, ਰਜਿੰਦਰ ਕੁਮਾਰ ਅਤੇ ਪਰਦੀਪ ਕੁਮਾਰ ਸਮੇਤ ਦੁਕਾਨਦਾਰ ਮੌਜੂਦ ਸਨ।

## ਕੀਰਤਨ ਦਰਬਾਰ ਸੁਸਾਇਟੀ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



ਪੱਟੀ (ਬਲਦੇਵ ਸਿੰਘ ਸੰਧੂ)-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ :ਪੱਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਮਹੀਨਾਵਾਰ ਲੋੜਵੰਦ ਪਰਿਵਾਰਾਂ ਅਤੇ ਵਿਧਵਾ ਔਰਤਾਂ ਅਤੇ ਬੇਸਹਾਰਾ ਨੂੰ ਰਾਸ਼ਨ ਦੀ ਸੇਵਾ ਗੁਰਦਵਾਰਾ ਬੀਬੀ ਰਜਨੀ ਜੀ ਪੱਟੀ ਵਿਖੇ ਕੀਤੀ ਗਈ। ਇਹ ਜਾਣਕਾਰੀ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੱਬੂ ਅਤੇ ਸਕੱਤਰ ਜੋਗਾ ਸਿੰਘ ਵੱਲੋ ਦਿੱਤੀ ਗਈ।

ਇਸ ਮੌਕੇ ਪ੍ਰਧਾਨ ਬਲਬੀਰ ਸਿੰਘ ਲੁਹਾਰੀਆ, ਅਵਤਾਰ ਸਿੰਘ, ਭਾਈ ਕੰਵਲਜੀਤ ਸਿੰਘ ਰਾਗੀ ਜਥਾ ਪੱਟੀ, ਅਮਰੀਕ ਸਿੰਘ ਜੇਈ, ਰਜਵੰਤ ਸਿੰਘ ਜੇਈ, ਡੀਐੱਸਪੀ ਬਲਰਾਜ ਸਿੰਘ ਖਹਿਰਾ, ਸੁਰਜੀਤ ਸਿੰਘ ਪ੍ਰਧਾਨ, ਜਸਪਾਲ ਸਿੰਘ ਮੈਡੀਕਲ ਸਟੋਰ ਵਾਲੇ, ਮਨਕੀਰਤ ਸਿੰਘ, ਡਾ, ਸਰਵਪ੍ਰੀਤ ਸਿੰਘ, ਅੰਮ੍ਰਿਤ ਸਿੰਘ, ਸੁਖਚੈਨ ਸਿੰਘ, ਪ੍ਰਭਜੀਤ ਸਿੰਘ, ਨਰਿੰਦਰ ਸਿੰਘ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਕੈਪਟਨ ਮਹਿਲ ਸਿੰਘ ਸਿੱਧੂ, ਮਾਸਟਰ ਸਤਨਾਮ ਸਿੰਘ ਸਿੱਧੂ, ਮਾਸਟਰ ਅਰਸ਼ਦੀਪ ਸਿੰਘ, ਮਾਸਟਰ ਬਿਕਰਮਜੀਤ ਸਿੰਘ, ਮਾਸਟਰ ਅਮਨਦੀਪ ਸਿੰਘ ਕਰੀਰ, ਗੁਰਸੇਵਕ ਸਿੰਘ ਪਟਵਾਰੀ, ਅਵਤਾਰ ਸਿੰਘ ਫੌਜੀ ਚੀਮਾ, ਪਰਮਜੀਤ ਸਿੰਘ ਬੈਂਕ ਵਾਲੇ, ਨਿਰਮਲ ਸਿੰਘ ਕਿਰਪਾਨਾਂ ਵਾਲੇ, ਗੁਰਦੇਵ ਸਿੰਘ ਲੁਹਾਰੀਆ, ਬਲਜਿੰਦਰ ਸਿੰਘ ਬੀਟੀ, ਸੰਨਦੀਪ ਸਿੰਘ, ਜਗਦੀਪ ਸਿੰਘ ਪ੍ਰਿੰਸ, ਜੋਬਨਜੀਤ ਸਿੰਘ, ਜਸਨਪ੍ਰੀਤ ਸਿੰਘ, ਅਮਨ ਕਲਸੀ, ਪ੍ਰਭਜੋਤ ਸਿੰਘ, ਇੰਸਪੈਕਟਰ ਦਰਸ਼ਨ ਸਿੰਘ, ਹਰਚਰਨ ਸਿੰਘ ਵਿਰਦੀ, ਜਗਤਾਰ ਸਿੰਘ ਮੁੱਕਰ, ਅਜੇਪਾਲ ਸਿੰਘ, ਹਰਵੇਲ ਸਿੰਘ ਕੈਰੋਂ, ਪਿੰਟੂ, ਹਰਪ੍ਰੀਤ ਸਿੰਘ, ਨਿਰਮਲ ਸਿੰਘ, ਸ਼ੁਭਦੀਪ ਸਿੰਘ ਤੇ ਕਾਕਾ ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਕੋਟਲੀ ਵਿਖੇ ਵਣ ਵਿਭਾਗ ਵੱਲੋਂ ਬਣਾਈ ਨੇਚਰ ਪਾਰਕ ਜਨਤਾ ਨੂੰ ਸਮਰਪਿਤ

### ਆਜ਼ਾਦ ਗਰੁੱਪ ਨੇ ਝੰਡੀ ਦੀਆਂ ਕੁਸ਼ਤੀਆਂ ਦੇ ਜੇਤੂ ਭਲਵਾਨਾਂ ਨੂੰ ਸਵਾ-ਸਵਾ ਲੱਖ ਦੇ ਦਿੱਤੇ ਵੱਡੇ ਇਨਾਮ



**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਪੱਧਰੀ ਵਣਮਹਾਉਤਸਵ ਸਮਾਗਮ ਦੇ ਤਹਿਤ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਸਥਾਨਾਂ ਤੇ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤੇ ਗਏ ਜਿਸ ਤਹਿਤ ਮਲਿਕਪੁਰ ਚੌਕ, ਪਠਾਨਕੋਟ ਵਿਖੇ ਨਾਨਕ ਬਾਗੀਚੀ ਦਾ ਉਦਘਾਟਨ ਕੀਤਾ ਗਿਆ ਅਤੇ ਕੋਟਲੀ ਵਿਖੇ ਬਣਾਏ ਗਏ ਨੇਚਰ ਪਾਰਕ ਦਾ ਉਦਘਾਟਨ ਕਰਕੇ ਜਨਤਾ ਨੂੰ ਸਮਰਪਿਤ ਕੀਤੀ ਗਈ।ਜ਼ਿਕਰਯੋਗ ਹੈ ਕਿ ਮਾਨਯੋਗ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਵੀਰ ਸਿੰਘ ਵਣ ਮੰਡਲ ਅਫਸਰ ਪਠਾਨਕੋਟ, ਡਾ. ਦਲਜੀਤ ਚੌਹਾਨ, ਡਾ. ਵਿਬੂ ਪ੍ਰਤਾਪ, ਨੀਟੂ ਚੌਹਾਨ, ਡਾ. ਮਨੋਜ ਗੁਪਤਾ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਸੋਹਣ ਲਾਲ ਬਲਾਕ ਪ੍ਰਧਾਨ, ਬਲਜਿੰਦਰ ਕੌਰ ਬਲਾਕ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਹੋਰ ਕਾਰਜਕਰਤਾ ਵੀ ਹਾਜ਼ਰ ਸਨ।ਕਟਾਰੂਚੱਕ ਨੇ ਕੋਟਲੀ ਵਿਖੇ ਨੇਚਰ ਪਾਰਕ ਦਾ ਉਦਘਾਟਨ ਵੀ ਕੀਤਾ। ਉਪਰੰਤ ਪਾਰਕ ਵਿੱਚ ਬਣਾਈ ਗਈ ਨਾਨਕ ਬਗੀਚੀ ਦਾ ਉਦਘਾਟਨ ਕੀਤਾ ਅਤੇ ਪੌਦੇ ਲਗਾ ਕੇ ਲੋਕਾਂ ਨੂੰ ਕੁਦਰਤ ਦੇ ਪ੍ਰਤੀ ਪ੍ਰੇਰਿਤ ਕਰਦਿਆਂ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਉਣ ਲਈ ਜਾਗਰੂਕ ਕੀਤਾ।ਇਸ ਮੌਕੇ ਉਨ੍ਹਾਂ ਨੇ ਤ੍ਰਿਵੇਣੀ (ਬੋਹੜ, ਪੀਪਲ, ਨੀਮ) ਦਾ ਰੁੱਖ ਲਗਾ ਕੇ ਪ੍ਰਾਕਿਰਤਕ ਸੰਤੁਲਨ ਅਤੇ ਵਾਤਾਵਰਨ ਪ੍ਰਤੀ ਸਾਂਝੀ ਜ਼ਿੰਮੇਵਾਰੀ ਨੂੰ ਦਰਸਾਇਆ।ਉਨ੍ਹਾਂ ਕਿਹਾ ਕਿ ਪੰਜਾਬ ਦੇ ਅੰਦਰ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਦਾ ਸੰਪੂਰਨ ਵਿਕਾਸ ਕੀਤਾ ਜਾ ਰਿਹਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਪਿਛਲੇ ਸਾਲ 200 ਨਾਨਕ ਬਾਗੀਚੀਆਂ ਪਠਾਨਕੋਟ ਵਿੱਚ ਵਿਕਸਤ ਕੀਤੀਆਂ ਗਈਆਂ ਸਨ।ਇਸ ਸਾਲ 60 ਹੋਰ ਨਾਨਕ ਬਾਗੀਚੀਆਂ ਬਣਾਈਆਂ ਜਾਣਗੀਆਂ, ਜੋ ਕਿ ਜ਼ਿਆਦਾਤਰ ਸਿੱਖਿਆ ਸੰਸਥਾਵਾਂ ਅਤੇ ਫਾਲਤੂ ਜ਼ਮੀਨਾਂ 'ਤੇ ਬਣਾਈਆਂ ਜਾਣਗੀਆਂ। ਇਸ ਸਾਲ ਵਣ ਵਿਭਾਗ ਨੇ ਕੁੱਲ 6 ਲੱਖ ਰੁੱਖ ਲਉਣ ਅਤੇ ਪੌਦਿਆਂ ਦੀ ਵੰਡ ਵੀ ਜ਼ਿਆਦਾ ਤੋਂ ਜ਼ਿਆਦਾ ਕਰਨ ਦਾ ਟੀਚਾ ਨਿਸ਼ਚਤ ਕੀਤਾ ਗਿਆ ਹੈ, ਜਿਸ ਵਿੱਚੋਂ 3.5 ਲੱਖ ਰੁੱਖ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਕੀਤੇ ਜਾਣਗੇ।ਸਮਾਗਮ ਵਿੱਚ ਵੱਡੀ ਗਿਣਤੀ 'ਚ ਸਥਾਨਕ ਨਾਗਰਿਕਾਂ, ਸਕੂਲੀ ਬੱਚਿਆਂ, ਜ਼ਿਲ੍ਹਾ ਪ੍ਰਸ਼ਾਸਨ ਅਤੇ ਵਣ ਵਿਭਾਗ ਦੇ ਕਰਮਚਾਰੀਆਂ ਨੇ ਹਿੱਸਾ ਲੈ ਕੇ ਵਾਤਾਵਰਣ ਸੰਰਕਸ਼ਣ ਦੀ ਸਾਂਝੀ ਜ਼ਿੰਮੇਵਾਰੀ ਨੂੰ ਨਿਭਾਇਆ।

## ਬੈਂਕ ਆਫ਼ ਬੜੌਦਾ ਕਾਦੀਆਂ ਦੇ ਇੱਕ ਹੀ ਕਰਮਚਾਰੀ 'ਤੇ ਐੱਫ਼ ਆਈ ਆਰ ਦਰਜ ਕਿਉਂ ?



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿਛਲੇ ਸਾਲ ਬੈਂਕ ਆਫ਼ ਬੜੌਦਾ ਕਾਦੀਆਂ ਵਿੱਚ ਇਸ ਦੇ ਖਾਤਾਧਾਰਕਾਂ ਨਾਲ ਵੱਡਾ ਧੋਖਾ ਬੈਂਕ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਹੋਇਆ ਸੀ ਜਿਸ ਵਿੱਚ ਤਲਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਸੰਤ ਨਗਰ ਜੋ ਕਿ ਬੈਂਕ ਆਫ਼ ਬੜੌਦਾ ਵਿੱਚ ਕੈਸ਼ੀਅਰ ਸੀ, ਨੇ ਲੋਕਾਂ ਦੇ ਬੈਂਕ ਖਾਤਿਆਂ ਵਿੱਚ ਪਈ ਰਕਮ ਕਢਵਾ ਲਈ ਅਤੇ ਖਾਤਾਧਾਰਕ ਜੋ ਆਪਣਾ ਪੈਸਾ ਬੈਂਕ ਵਿੱਚ ਜਮ੍ਹਾ ਕਰਵਾਉਣ ਲਈ ਆਉਂਦੇ ਸਨ ਉਨ੍ਹਾਂ ਨੂੰ ਪੈਸੇ ਜਮ੍ਹਾ ਹੋਣ ਦੀ ਰਸੀਦ ਕੱਟ ਕੇ ਦੇ ਦਿੰਦਾ ਸੀ ਪਰ ਇਹ ਪੈਸਾ ਖਾਤਿਆਂ ਵਿੱਚ ਨਹੀਂ ਚੜ੍ਹਾਉਂਦਾ ਸੀ।ਇਹ ਸਿਲਸਿਲਾ ਕਾਫ਼ੀ ਸਮਾਂ ਚਲਦਾ ਰਿਹਾ।ਕਈ ਮਹੀਨਿਆਂ ਬਾਅਦ ਖਾਤਾਧਾਰਕਾਂ ਨੂੰ ਪਤਾ ਚੱਲਿਆ ਕਿ ਉਨ੍ਹਾਂ ਦੇ ਖਾਤੇ ਵਿੱਚ ਪੈਸੇ ਹੀ ਜਮ੍ਹਾ ਨਹੀਂ ਹੋਏ।ਬੈਂਕ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਸੀਂ ਐੱਸਐੱਸਪੀ ਬਟਾਲਾ ਨੂੰ ਇਸ ਮਾਮਲੇ ਬਾਰੇ ਲਿਖਤੀ ਸ਼ਿਕਾਇਤ ਕੀਤੀ ਹੈ।ਕਾਦੀਆਂ ਪੁਲਸ ਨੇ ਗੁਰਮੀਤ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਖਾਰਾ ਅਤੇ ਉਨ੍ਹਾਂ ਦੇ ਸਾਥੀ ਖਾਤਾਧਾਰਕਾਂ ਦੀ ਸਹਿਮਤੀ ਨਾਲ ਦਰਖ਼ਾਸਤ ਦਿੱਤੀ ਸੀ।ਕਾਦੀਆਂ ਪੁਲਸ ਨੇ ਬੈਂਕ ਦੇ ਕਰਮਚਾਰੀ ਤਲਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵਿਰੁੱਧ ਐਫ਼ਆਈਆਰ ਨੰਬਰ 106/19-07-2025 ਨੂੰ ਧਾਰਾ 409 ਆਈਪੀਸੀ ਤਹਿਤ ਕੇਸ ਦਰਜ ਕਰ ਦਿੱਤਾ ਹੈ। ਕਥਿਤ ਦੋਸ਼ੀ ਕਈ ਮਹੀਨਿਆਂ ਤੋਂ ਫ਼ਰਾਰ ਹੈ।ਦੂਜੇ ਪਾਸੇ ਕਾਂਗਰਸੀ ਆਗੂ ਅਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਸਬੀਰ ਸਿੰਘ ਢੀਂਡਸਾ ਦਾ ਕਹਿਣਾ ਹੈ ਕਿ ਉਹ ਇਸ ਕਾਰਵਾਈ ਤੋਂ ਸੰਤੁਸ਼ਟ ਨਹੀਂ ਹਨ।ਐੱਫ਼ਆਈਆਰ ਬੈਂਕ ਦੇ ਬਾਕੀ ਅਧਿਕਾਰੀਆਂ 'ਤੇ ਵੀ ਹੋਣੀ ਚਾਹੀਦੀ ਸੀ।ਪੂਰੇ ਬੈਂਕ ਨੂੰ ਇਸਦਾ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ।ਐੱਫ਼ਆਈਆਰ ਮਹਿਜ਼ ਖਾਤਾਧਾਰਕਾਂ ਦੀਆਂ ਅੱਖਾਂ 'ਚ ਘੱਟਾ ਪਾਉਣ ਲਈ ਕੀਤੀ ਗਈ ਹੈ।ਜਦੋਂ ਇਸ ਸਬੰਧ ਵਿੱਚ ਕਾਦੀਆਂ ਥਾਣਾ ਦੇ ਐੱਸਐੱਚਓ ਗੁਰਮੀਤ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਾਨੂੰ ਖਾਤਾਧਾਰਕਾਂ ਵੱਲੋਂ ਕੇਵਲ ਤਲਜਿੰਦਰ ਸਿੰਘ ਵਿਰੁੱਧ ਹੀ ਸ਼ਿਕਾਇਤ ਮਿਲੀ ਸੀ।ਉਨ੍ਹਾਂ ਕਿਹਾ ਕਿ ਜੋ ਵੀ ਤੱਥ ਸਾਹਮਣੇ ਆਉਂਦੇ ਹਨ ਉਸ ਦੇ ਆਧਾਰ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਬੈਂਕ ਅਧਿਕਾਰੀਆਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਸੰਪਰਕ ਨਹੀਂ ਹੋ ਸਕਿਆ।

## ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਧੂਮ-ਧਾਮ ਨਾਲ ਮਨਾਇਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਆਫ ਕੈਡਿਡ ਸਟੱਡੀਜ਼ ਫਤਿਹਾਬਾਦ ਵਿਖੇ ਹਰ ਸਾਲ ਦੀ ਤਰਾਂ ਇਸ ਸਾਲ ਵੀ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਕੂਲ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਸਕੂਲ ਦੇ ਵਿਦਿਆਰਥੀਆ ਵੱਲੋਂ ਕੀਰਤਨ ਕੀਤਾ ਗਿਆ।ਸਕੂਲ ਸਟਾਫ ਅਤੇ ਸਮੂਹ ਵਿਦਿਆਰਥੀਆਂ ਦੁਆਰਾ ਪਾਠ ਅਤੇ ਕੀਰਤਨ ਸ਼ਰਧਾਪੂਰਵਕ ਸਰਵਣ ਕੀਤਾ ਗਿਆ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਸੰਸਥਾ ਦੇ ਸਰਪ੍ਰਸਤ ਮਾਸਟਰ ਮੰਗਤ ਰਾਮ, ਚੇਅਰਮੈਨ ਰਵਿੰਦਰ ਕੁਮਾਰ, ਪ੍ਰਿੰ. ਅਨੀਤਾ ਚਤਰਥ, ਸੰਤੋਸ਼ ਕੁਮਾਰੀ, ਮਮਤਾ ਮੈਡਮ, ਤੇਜਿੰਦਰ ਸਿੰਘ, ਸੰਦੀਪ ਸਿੰਘ, ਜਸਬੀਰ ਸਿੰਘ, ਸਰਬਜੀਤ ਸਿੰਘ, ਜਸਬੀਰ ਸਿੰਘ, ਅਰਚਨਾ ਮੈਡਮ, ਬਲਜੀਤ ਕੌਰ, ਰਮਨਦੀਪ ਕੌਰ, ਇੰਦੀਪ ਮੈਡਮ, ਰਜਨੀਸ਼ ਮੈਡਮ, ਕਿਰਨਦੀਪਕੌਰ, ਅੰਤਰਪ੍ਰੀਤ ਕੌਰ, ਜਸਪ੍ਰੀਤ ਕੌਰ, ਕੰਵਲਪ੍ਰੀਤ ਕੌਰ, ਕੁਲਵਿੰਦਰ ਮੈਡਮ, ਮਨਜਿੰਦਰ ਕੌਰ, ਹਰਪ੍ਰੀਤ ਮੈਡਮ, ਕੋਮਲਦੀਪ ਕੌਰ ਅਤੇ ਡੌਲੀ ਮੈਡਮ ਹਾਜ਼ਰ ਸਨ।

## ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਵੱਲੋਂ ਸੁੱਖ ਹਸਪਤਾਲ ਦਾ ਉਦਘਾਟਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬਟਾਲਾ-ਕਾਦੀਆਂ ਰੋਡ ਤੇ ਸਥਿਤ ਸੁੱਖ ਹਸਪਤਾਲ ਦਾ ਉਦਘਾਟਨ ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਕੀਤਾ। ਨਵੀਨਤਮ ਸਿਹਤ ਸੁਵਿਧਾਵਾਂ ਨਾਲ ਲੈਸ ਇਸ ਹਸਪਤਾਲ ਨੂੰ ਡਾਕਟਰ ਅਕਸ਼ਦੀਪ ਸਿੰਘ ਜੋਕਿ ਹੱਡੀਆਂ ਜੋੜਾਂ ਦੇ ਮਾਹਿਰ ਡਾਕਟਰ ਹਨ। 24 ਘੰਟੇ ਲੋਕਾਂ ਦੀ ਸੇਵਾ ਲਈ ਉਪਲਬਧ ਰਹਿਣਗੇ।ਡਾਕਟਰ ਦਿਲਪ੍ਰੀਤ ਕੌਰ ਗਾਇਨਾਕੋਲੋਜਿਸਟ ਵੀ ਆਪਣੀਆਂ ਸੇਵਾਵਾਂ ਦੇਣਗੇ।ਮਸ਼ਹੂਰ ਸਰਜਨ ਡਾਕਟਰ ਅਬਦੁਲ ਰਸ਼ੀਦ ਬਦਰ ਵੀ ਇਸ ਹਸਪਤਾਲ ਨਾਲ ਜੁੜੇ ਹਨ। ਇਸ ਮੌਕੇ ਬਾਜਵਾ ਨੇ ਕਿਹਾ ਕਿ ਸ਼ਹਿਰ ਵਿੱਚ ਸੁੱਖ ਹਸਪਤਾਲ ਖੁੱਲ੍ਹਣ ਨਾਲ ਲੋਕਾਂ ਨੂੰ ਮੈਡੀਕਲ ਸਹੂਲਤਾਂ ਮਿਲਣਗੀਆਂ ਅਤੇ ਭਟਕਣਾ ਨਹੀਂ ਪਵੇਗਾ। ਇਸ ਮੌਕੇ ਤੇ ਸੁਖਵਿੰਦਰਪਾਲ ਸਿੰਘ ਸੁੱਖ ਭਾਟੀਆ ਨੇ ਕਿਹਾ ਕਿ ਸ਼ਹਿਰ ਵਿੱਚ ਹੱਡੀਆਂ ਅਤੇ ਜੋੜਾਂ ਦੇ ਡਾਕਟਰ ਦੀ ਘਾਟ ਸੀ।ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਨਰਿੰਦਰ ਕੁਮਾਰ ਭਾਟੀਆ, ਅਮਨਦੀਪ ਕੌਰ, ਸੁਨੀਤਾ, ਪ੍ਰੀਤੀ, ਸਿਮਰਨਜੀਤ ਕੌਰ, ਪ੍ਰੀਤ, ਨੀਤੂ, ਨਿਸ਼ਾ ਗਿੱਲ, ਕਿਰਨਦੀਪ ਕੌਰ, ਚਰਨਜੀਤ ਕੌਰ, ਲਬੀਬਾ, ਖ਼ੁਸ਼ਪ੍ਰੀਤ ਕੌਰ, ਕੋਮਲ ਸਮੇਤ ਸਮੂਹ ਸਟਾਫ਼ ਮੌਜੂਦ ਸੀ।

## ਆਦਰਸ਼ ਬਿਰਧ ਆਸ਼ਰਮ ਨੇ ਦਿੱਤਾ ਇੱਕ ਹੋਰ ਬੇਸਹਾਰਾ ਬਜ਼ੁਰਗ ਬਾਪੂ ਨੂੰ ਸਹਾਰਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਪਠਾਨਕੋਟ ਜੋ ਕਿ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦਿੰਦਾ ਆ ਰਿਹਾ ਹੈ, ਨੇ ਇੱਕ ਹੋਰ ਬੇਸਹਾਰਾ ਬਜ਼ੁਰਗ ਬਾਪੂ ਨੂੰ ਸਹਾਰਾ ਦਿੱਤਾ। ਬਾਪੂ ਪੂਰਨ ਸਿੰਘ ਪੁੱਤਰ ਗਜੈ ਸਿੰਘ ਡਿਫੈਂਸ ਰੋਡ ਮਮੂਨ ਕੈਂਟ ਏਅਰ ਫੋਰਸ ਪਠਾਨਕੋਟ ਦੇ ਨੇੜੇ ਇੱਕ ਕੱਚੀ ਝੌਂਪੜੀ ਵਿੱਚ ਰਹਿੰਦਾ ਸੀ।ਇਸਦੀ ਉਮਰ 95 ਸਾਲ ਹੈ।ਇਸ ਬਾਪੂ ਨੂੰ ਖੁਦ ਏਅਰ ਫੋਰਸ ਦੇ ਗਰੁੱਪ ਕਮਾਂਡਰ ਅਫਸਰ ਗੌਰਵ ਪ੍ਰਤਾਪ ਅਤੇ ਉਨ੍ਹਾਂ ਦੇ ਟੀਮ ਮੈਂਬਰ ਇੱਥੇ ਛੱਡਣ ਆਏ ਸਨ।ਕਮਾਂਡਰ ਨੇ ਦੱਸਿਆ ਕਿ ਇਹ ਬਾਪੂ ਬਹੁਤ ਲੰਬੇ ਸਮੇਂ ਤੋਂ ਸਾਡੇ ਕੈਂਟ ਤੋਂ ਬਾਹਰ ਚਾਹ ਦਾ ਕੰਮ ਕਰਦਾ ਸੀ।ਹੁਣ ਇਹ ਆਪਣੇ ਆਪ ਨੂੰ ਸੰਭਾਲਣ ਵਿੱਚ ਅਸਮਰਥ ਹੈ।ਮੈਂ ਚਾਹੁੰਦਾ ਕਿ ਬਾਪੂ ਨੂੰ ਆਸ਼ਰਮ ਵਿੱਚ ਸਹਾਰਾ ਦਿਓ ।ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਤੇ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਬਜ਼ੁਰਗ ਬਾਪੂ ਨੂੰ ਬਿਰਧ ਆਸ਼ਰਮ ਵਿੱਚ ਰਹਿਣ ਦੀ ਆਗਿਆ ਦੇ ਦਿੱਤੀ।

ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਆਸ਼ਰਮ ਸਮੂਹ ਸਟਾਫ ਸਵਿਤਾ, ਰਾਜ ਰਾਣੀ, ਕਮਲੇਸ਼ ਕੁਮਾਰੀ, ਵਿਜੈ ਕੁਮਾਰੀ, ਜਸਬੀਰ ਕੌਰ, ਵਿਪਨ ਕੁਮਾਰ ਅਤੇ ਰਮੇਸ਼ ਚੰਦਰ ਆਦਿ ਮੌਜੂਦ ਸਨ।

## ਯਾਦਦਾਸ਼ਤ ਦੀ ਬਿਹਤਰੀ ਲਈ ਬੇਅਰ ਵੱਲੋਂ ਸੁਪ੍ਰਾਡਿਨ ਨੈਚੁਰਲਜ਼ ਜਿਨਸੈਂਗ ਲਾਂਚ

ਅੰਮ੍ਰਿਤਸਰ : ਬੇਅਰ ਦੇ ਖਪਤਕਾਰ ਸਿਹਤ ਵਿਭਾਗ ਦੇ ਮਲਟੀਵਿਟਾਮਿਨ ਬ੍ਰਾਂਡ ਸੁਪ੍ਰਾਡਿਨ ਨੇ ਸੁਪ੍ਰਾਡਿਨ ਨੈਚੁਰਲਜ਼ ਜਿਨਸੈਂਗ ਦੀ ਸ਼ੁਰੂਆਤ ਦਾ ਐਲਾਨ ਕੀਤਾ ਜੋ ਇਸਦਾ ਅਜਿਹਾ ਪਹਿਲਾ ਫਾਰਮੂਲਾ ਹੈ ਜੋ ਵਿਸ਼ੇਸ਼ ਤੌਰ ਤੇ ਮਰਦਾਂ ਲਈ ਤਿਆਰ ਕੀਤਾ ਗਿਆ ਹੈ।73% ਮਰਦ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਕੋਲ ਸ਼ਾਮ ਨੂੰ ਲੋੜੀਂਦੀ ਊਰਜਾ ਨਹੀਂ ਹੁੰਦੀ ਅਤੇ 3 ਵਿੱਚੋਂ 2 ਕਹਿੰਦੇ ਹਨ ਕਿ ਉਨ੍ਹਾਂ ਨੂੰ ਯਾਦ ਕਰਨ ਜਾਂ ਯਾਦਦਾਸ਼ਤ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। (ਸੁਪ੍ਰਾਡਿਨ ਥਕਾਵਟ ਸਰਵੇਖਣ 2024 ਦੇ ਅਧਾਰ ਤੇ)।ਭਾਰਤ ਦੇ ਨੰਬਰ 1 ਮਲਟੀਵਿਟਾਮਿਨ ਬ੍ਰਾਂਡ ਦੇ ਤੌਰ ਤੇ, ਸੁਪ੍ਰਾਡਿਨ ਅੱਜ ਦੇ ਆਧੁਨਿਕ ਭਾਰਤੀ ਪੁਰਸ਼ ਲਈ ਊਰਜਾ, ਸਹਿਣਸ਼ੀਲਤਾ ਅਤੇ ਫੋਕਸ ਦਾ ਸਮਰਥਨ ਕਰਨ ਲਈ ਨਿਸ਼ਾਨਾਬੱਧ ਨਵੀਨਤਾ ਨੂੰ ਪੇਸ਼ ਕਰ ਰਿਹਾ ਹੈ।ਬੇਅਰ ਦੀ ਵਿਗਿਆਨਕ ਵਿਰਾਸਤ ਦੇ ਸਮਰਥਨ ਨਾਲ ਇਹ ਫਾਰਮੂਲਾ ਜਿਨਸੈਂਗ, ਗ੍ਰੇਪਸੀਡ ਐਬਸਟਰੈਕਟ 12 ਵਿਟਾਮਿਨ ਅਤੇ 5 ਖਣਿਜਾਂ ਨੂੰ ਸ਼ਾਕਾਹਾਰੀ, ਸ਼ੂਗਰ-ਮੁਕਤ ਫਾਰਮੈਟ ਵਿੱਚ ਮਿਸ਼ਰਤ ਕਰਦਾ ਹੈ।


YES BANK ਰਜਿ: ਦਫਤਰ : ਯੈੱਸ ਬੈਂਕ ਹਾਊਸ, ਆਫ ਦਫਤਰ ਵੈੱਸਟਰਨ ਐੱਕਸਪ੍ਰੈੱਸ ਹਾਈਵੇਅ, ਸਾਂਤਾਕਰੂਜ਼ ਈਸਟ, ਮੁੰਬਈ-400055
ਸ਼ਾਖਾ ਦਫ਼ਤਰ : ਪਾਣੀਪਤ, ਵੈੱਬਸਾਈਟ : www.yesbank.in

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਅਰਥਾਤ ਸਕਿਓਰਡ ਕ੍ਰੈਡੀਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਤੇ ਸਕਿਉਰਡ ਕ੍ਰੈਡਿਟਰ ਵੱਲੋਂ (1) ਮੈਸ: ਬੀਕਾਨੇਰ ਅਲਾਇਜ਼ ਰਾਹੀਂ ਇਸ ਦੇ ਭਾਈਵਾਲਾਂ, ਦਫ਼ਤਰੀ ਪਤਾ : ਅਲੋਰ, ਖੰਨਾ, ਲੁਧਿਆਣਾ ਰਾਜਪੁਰਾ, ਪੰਜਾਬ-140401 (2) ਪੰਕਜ ਸ਼ਰਮਾ ਪੁੱਤਰ ਸ੍ਰੀ ਤੇਜਪਾਲ ਸ਼ਰਮਾ, ਪਤਾ : ਮਕਾਨ ਨੰ: 254, ਸੈਕਟਰ 25-ਬੀ ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ, ਪੰਜਾਬ 147301 (3) ਰਾਮ ਦੇਵ ਸ਼ਰਮਾ ਪੁੱਤਰ ਸ੍ਰੀ ਭਵਾਨੀ ਦਾਸ ਪਤਾ : ਮਕਾਨ ਨੰ: 04, ਗਲੀ ਨੰ: 03, ਚੰਦਰ ਲੋਕ ਕਾਲੋਨੀ, ਸੈਕਟਰ 22-ਏ, ਮੰਡੀ ਗੋਬਿੰਦਗੜ੍ਹ, ਪੰਜਾਬ-147301 (4) ਰਜੀਵ ਤਲਵਾੜ ਪੁੱਤਰ ਸ੍ਰੀ ਪ੍ਰੇਮ ਨਾਥ ਤਲਵਾੜ ਪਤਾ : ਮਕਾਨ ਨੰ: 94, ਗਾਂਧੀ ਨਗਰ, ਸੈਕਟਰ 21-ਸੀ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ, ਪੰਜਾਬ 147301 ਤੋਂ ਠੇਕਾ ਦਰ ਅਤੇ ਹੋਰ ਵਿਆਜ ਅਤੇ ਖਰਚਿਆਂ ਸਮੇਤ ਮਿਤੀ 31 ਮਈ 2024 ਨੂੰ ਬਕਾਇਆ ਨਿਕਲਦੀ ਰਕਮ ਰੁਪਏ 6,71,00,184.7/- (ਛੇ ਕਰੋੜ ਇਕੱਤਰ ਲੱਖ ਇਕ ਸੌ ਚੁਰਾਸੀ ਰੁਪਏ ਅਤੇ ਸੱਤ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 22 ਅਗਸਤ 2025 ਨੂੰ "ਜਿਵੇਂ ਹੈ ਜਿੱਥੇ ਹੈ", "ਜੋ ਵੀ ਹੈ ਜਿਵੇਂ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਰਾਖਵੀਂ ਕੀਮਤ ਰੁਪਏ 1,84,53,000/- (ਇਕ ਕਰੋੜ ਚੁਰਾਸੀ ਲੱਖ ਤਰਵੰਜਾ ਹਜ਼ਾਰ ਰੁਪਏ ਕੇਵਲ) ਹੋਵੇਗੀ ਅਤੇ ਬਿਆਨਾ ਰਕਮ ਜਮ੍ਹਾਂ ਰੁਪਏ 18,45,300/- (ਅਠਾਰਾਂ ਲੱਖ ਪੰਜਤਾਲੀ ਹਜ਼ਾਰ, ਤਿੰਨ ਸੌ ਰੁਪਏ ਕੇਵਲ) ਹੋਵੇਗੀ।

**ਜਾਇਦਾਦ ਦਾ ਵੇਰਵਾ**

ਬੈਨਾਮਾ ਨੰ: 563 ਮਿਤੀ 17.05.2017 ਅਨੁਸਾਰ ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 5 ਕਨਾਲ 10-1/3 ਮਰਲੇ, ਖਸਰਾ ਨੰ: 31//8(8-0), 31//10 (8-0), 31//6/2 (1-8), 6/3 (2-8), 15/2 (2-6), ਖੇਵਟ ਨੰ: 246/242, 247/243, 291/290, ਖਤੌਨੀ ਨੰ: 290, 291, 335, ਜਮ੍ਹਾਂਬੰਦੀ ਸਾਲ 2012-13, ਪਿੰਡ ਅਲੋਰ, ਹਦਬਸਤ ਨੰ: 221, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।

ਈ-ਨਿਲਾਮੀ ਦੀ ਮਿਤੀ ਤੇ ਸਮਾਂ : 22 ਅਗਸਤ 2025 ਸਵੇਰੇ 11.00 ਵਜੇ ਤੋਂ 2.00 ਵਜੇ ਬਾਅਦ ਦੁਪਹਿਰ 5 ਮਿੰਟਾਂ ਦੇ ਹਰੇਕ ਵਾਧੇ ਨਾਲ।
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 21 ਅਗਸਤ 2025 ਸ਼ਾਮ ਦੇ 3.00 ਵਜੇ ਤੱਕ ।
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 18 ਅਗਸਤ 2025, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।
ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਅਮਿਤ ਸ਼ਰਮਾ ਨੂੰ 9996467419 ਜਾਂ ਈ-ਮੇਲ Amit.Sharma62@yesbank ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888
ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ ਅਤੇ ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 19 ਜੁਲਾਈ 2025 ਸਹੀ/-
ਸਥਾਨ : ਮੰਡੀ ਗੋਬਿੰਦਗੜ੍ਹ ਅਧਿਕਾਰਤ ਅਫਸਰ


*ਡਿਪਟੀ ਐਡਵੋਕੇਟ ਜਰਨਲ ਪੰਜਾਬ ਰਜੀਵ ਮੈਦਾਨ ਨੂੰ ਅੰਮ੍ਰਿਤਸਰ ਫੇਰੀ ਦੌਰਾਨ ਸਨਮਾਨਿਤ ਕਰਦੇ ਹੋਏ ਐਡਵੋਕੇਟ ਗੁਰ ਕੰਵਲਦੀਪ ਸਿੰਘ ਪਾਹਵਾ, ਐਡਵੋਕੇਟ ਹਰਪ੍ਰੀਤ ਸਿੰਘ, ਐਡਵੋਕੇਟ ਪ੍ਰਦੀਪ ਮਹਾਜਨ, ਐਡਵੋਕੇਟ ਵਿਸ਼ਾਲ ਖੰਨਾ, ਐਡਵੋਕੇਟ ਰਵਿੰਦਰ ਸਿੰਘ ਮਾਹਲ ਅਤੇ ਗੁਰਸ਼ਰਨ ਸਿੰਘ ਮਾਹਲ (ਲਾਡੀ ਜ਼ੈਲਦਾਰ) ਚੇਅਰਮੈਨ ਲੇਬਰ ਫੈਡ ਅੰਮ੍ਰਿਤਸਰ।*
*( ਫੋਟੋ ਤੇ ਵੇਰਵਾ: ਸੁਖਵੰਤ ਚੇਤਨਪੁਰੀ)*



## ਬਿਜਲੀ ਦੀ ਨਾਕਸ ਸਪਲਾਈ ਤੇ ਲਗਾਤਾਰ ਪੈ ਰਹੇ ਫਾਲਟਾਂ ਤੋਂ ਖਪਤਕਾਰ ਦੁਖੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਅੱਤ ਦੀ ਗਰਮੀ ਅਤੇ ਉਪਰੋਂ ਬਿਜਲੀ ਦੀ ਨਾਕਸ ਸਪਲਾਈ ਨੇ ਖਪਤਕਾਰਾਂ ਨੂੰ ਹਾਲੋਂ ਬੇਹਾਲ ਕਰ ਦਿੱਤਾ ਹੈ।ਪਾਵਰਕਾਮ ਦੀ ਸਬ-ਡਵੀਜ਼ਨ ਕਾਹਨੂੰਵਾਨ ਦੇ ਅਧੀਨ ਪੈਂਦੇ ਸਬ ਸਟੇਸ਼ਨ ਅਧੀਨ ਪੈਂਦੇ ਪਿੰਡਾਂ ਦੀ ਬਿਜਲੀ ਸਪਲਾਈ ਖਪਤਕਾਰਾਂ ਨੂੰ ਨਿਰਵਿਘਨ ਨਾ ਮਿਲਣ ਕਾਰਨ ਇਸ ਇਲਾਕੇ ਦੇ ਅੱਧੀ ਦਰਜਨ ਪਿੰਡਾਂ ਦੇ ਲੋਕ ਬਹੁਤ ਪਰੇਸ਼ਾਨ ਹਨ। ਬਿਜਲੀ ਦੀ ਨਾਕਸ ਸਪਲਾਈ ਤੇ ਲਗਾਤਾਰ ਫਾਲਟ ਤੋਂ ਦੁਖੀ ਹੋਏ ਲੋਕ ਪਿੰਡਾਂ 'ਚ ਲੋਕ ਪਸ਼ੂਆਂ ਨੂੰ ਪਾਣੀ ਪਿਆਉਣ ਤੋਂ ਵੀ ਔਖੇ ਹੋਏ ਹਨ। ਜ਼ਿਕਰਯੋਗ ਹੈ ਕਿ ਕਾਹਨੂੰਵਾਨ ਸਬ ਡਵੀਜ਼ਨ ਦੇ ਅਧੀਨ ਪੈਂਦੇ ਸਾਬ ਸਟੇਸ਼ਨ ਤਿੱਬੜ ਤੋਂ ਪਿੰਡ ਬਖਤਪੁਰ, ਡੱਲਾ ਗੋਰੀਆ, ਸੁਲਤਾਨਪੁਰ, ਸਹਾਇਪੁਰ, ਮਾੜੇ, ਸਿੱਧਵਾਂ ਅਤੇ ਮਾਨ ਵਿਚ ਬਿਜਲੀ ਦੀ ਸਪਲਾਈ ਦੀਆਂ ਲਾਈਨਾਂ ਦਾ ਬਹੁਤ ਮਾੜਾ ਹਾਲ ਹੈ ਜਿਸ ਦੇ ਚਲਦਿਆਂ ਆਏ ਦਿਨ ਹੀ ਲਾਈਨ ਵਿੱਚ ਨੁਕਸ ਪਿਆ ਰਹਿੰਦਾ ਹੈ।ਟੀ. ਆਫ ਕੱਟ ਕੇ ਆਪਣੀ ਲਾਈਨ ਤਾਂ ਜੇਈ ਵੱਲੋਂ ਕਲੀਅਰ ਕਰ ਦਿੱਤੀ ਜਾਂਦੀ ਹੈ ਪਰੰਤੂ ਅੱਗੇ ਪਿੰਡਾਂ ਵਿੱਚ ਬਿਜਲੀ ਨਾ ਪਹੁੰਚਣ ਕਾਰਨ ਅੱਤ ਦੀ ਪੈ ਰਹੀ ਗਰਮੀ 'ਚ ਲੋਕ ਰਾਤਾਂ ਮੱਛਰਾਂ ਦੇ ਰਹਿਮੋ ਕਰਮ 'ਤੇ ਕੱਟਣ ਲਈ ਮਜਬੂਰ ਹਨ। ਵਰਨਣਯੋਗ ਹੈ ਕਿ ਭਾਵੇਂ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਮੁਫ਼ਤ ਬਿਜਲੀ ਸਪਲਾਈ ਦੇਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਲੋਕਾਂ ਨੂੰ ਸਹੀ ਸਮੇਂ ਅਤੇ ਸਹੀ ਢੰਗ ਨਾਲ ਬਿਜਲੀ ਸਪਲਾਈ ਨਾ ਮਿਲਣ ਕਾਰਨ ਲੋਕ ਸਰਕਾਰ ਨੂੰ ਕੋਸ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿੰਘ ਨੇ ਦੱਸਿਆ ਕਿ ਬਿਜਲੀ ਦੇ ਨਿੱਤ ਦਿਨ ਫਾਲਟ ਕਾਰਨ ਆਮ ਲੋਕਾਂ ਦਾ ਜੀਵਨ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਿਜਲੀ ਬੋਰਡ ਦੇ ਅਧਿਕਾਰੀਆਂ ਵੱਲੋਂ ਬਿਜਲੀ ਸਪਲਾਈ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਜਾਰੀ ਫੋਨ ਨੰਬਰ ਜਾਂ ਤਾਂ ਅਕਸਰ ਬੰਦ ਮਿਲਦਾ ਹੈ, ਜਾਂ ਸਬੰਧਿਤ ਕਰਮਚਾਰੀ ਫੋਨ ਚੁੱਕਦੇ ਹੀ ਨਹੀਂ।ਉਨ੍ਹਾਂ ਦੱਸਿਆ ਕਿ ਇਹੋ ਹਾਲ ਬਿਜਲੀ ਵਿਭਾਗ ਵੱਲੋਂ ਜਨਤਕ ਸ਼ਿਕਾਇਤਾਂ ਦਰਜ ਕਰਵਾਉਣ ਲਈ ਜਾਰੀ ਫੋਨ ਨੰਬਰ 1912 ਦੀ ਹੈ।

## ਗੁੱਜਰਾਂ ਦੇ ਡੇਰਿਆਂ 'ਤੇ ਟੀਕਾਕਰਨ, ਡਾਇਰੀਆ, ਡੇਂਗੂ, ਟੀ ਬੀ ਤੇ ਮਲੇਰੀਆ ਬਾਰੇ ਦਿੱਤੀ ਜਾਣਕਾਰੀ



**ਚੋਹਲਾ ਸਾਹਿਬ (ਰਮਨ ਚੱਢਾ)**-ਡੀਸੀ ਤਰਨ ਤਾਰਨ ਰਾਹੁਲ, ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਐਪੀਡੀਮੋਲੋਜਿਸਟ ਡਾ. ਰਾਘਵ ਗੁਪਤਾ, ਡਾ. ਅਵਲੀਨ ਕੌਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ ਗਿੱਲ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਰਹਿਨੁਮਾਈ ਹੇਠ ਸੀਐੱਚਸੀ ਸਰਹਾਲੀ ਅਧੀਨ ਆਉਂਦੇ ਸਲੱਮ ਏਰੀਏ, ਗੁੱਜਰਾਂ ਦੇ ਡੇਰੇ, ਮਾਈਗਰੇਟਰੀ ਪਾਪੂਲੇਸ਼ਨ ਵਿੱਚ ਜਾ ਕੇ ਟੀਕਾਕਰਨ, ਅਨੀਮੀਆ, ਡਾਇਰੀਆ, ਡੇਂਗੂ, ਟੀ ਬੀ ਅਤੇ ਮਲੇਰੀਏ ਦਾ ਨਿਰੀਖਣ ਕੀਤਾ ਗਿਆ। ਸਿਹਤ ਵਿਭਾਗ ਦੀ ਟੀਮ ਵੱਲੋਂ ਛੋਟੇ ਬੱਚਿਆਂ ਦਾ ਟੀਕਾਕਰਨ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ ਅਤੇ ਲੋਕਾਂ ਨੂੰ ਜਾਗਰੂਕ ਕੀਤ ਕਿ ਉਹ ਟੀਕਾਕਰਨ ਸਮੇਂ ਸਿਰ ਕਰਵਾਉਣ। ਉਨ੍ਹਾਂ ਦੱਸਿਆ ਕਿ ਖਾਸ ਕਰਕੇ ਬਰਸਾਤੀ ਦਿਨਾਂ ਅੰਦਰ ਸਾਨੂੰ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਅਤੇ ਗੰਦਾ ਪਾਣੀ ਆਪਣੇ ਆਲੇ ਦੁਆਲੇ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ। ਇਸ ਸਮੇਂ ਬਲਰਾਜ ਸਿੰਘ ਬੀਈਈ ਨੇ ਦੱਸਿਆ ਕਿ ਰਾਤ ਸੌਣ ਸਮੇਂ ਸਾਨੂੰ ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਜੇਕਰ ਕਿਸੇ ਨੂੰ ਹਫਤੇ ਵਿੱਚ ਲਗਾਤਾਰ ਖਾਂਸੀ ਆ ਰਹੀ ਹੈ ਤਾਂ ਉਹ ਤੁਰੰਤ ਆਪਣਾ ਟੀ ਬੀ ਦਾ ਟੈਸਟ ਕਰਵਾਵੇ ਤਾਂ ਜੋ ਬਿਮਾਰੀ ਦਾ ਪਤਾ ਲੱਗਣ ਤੇ ਤੁਰੰਤ ਇਲਾਜ ਕੀਤਾ ਜਾ ਸਕੇ। ਇਸ ਸਮੇਂ ਐੱਲਐੱਚਵੀ ਸਵਿੰਦਰ ਕੌਰ, ਸੀਐੱਚਓ ਸੁਪਰੀਤ ਕੌਰ, ਏਐੱਨਐੱਮ ਜਸਪ੍ਰੀਤ ਕੌਰ, ਐੱਸਆਈ ਬਿਕਰਮਜੀਤ ਸਿੰਘ, ਐੱਸਆਈ ਅੰਗਰੇਜ਼ ਸਿੰਘ, ਜਸਪਿੰਦਰ ਸਿੰਘ ਹੈਲਥ ਵਰਕਰ, ਸੁਖਦੀਪ ਸਿੰਘ ਹੈਲਥ ਵਰਕਰ, ਗੁਰਪਵਿੱਤਰ ਸਿੰਘ ਹੈਲਥ ਵਰਕਰ, ਰਾਜੀਵ ਕੁਮਾਰ ਹੈਲਥ ਵਰਕਰ ਹਾਜ਼ਰ ਸਨ।

21 July Page 12.qxd 7/20/2025 9:50 PM Page 1



# ਦਰਬਾਰਾ ਸਿੰਘ ਬਾਲਾ, ਅਮਰਜੀਤ ਸਿੰਘ ਚਾਵਲਾ ਤੇ ਮੋਹਣ ਸਿੰਘ ਢਾਹੇ ਦਾ ਸਨਮਾਨ



**ਭਲਾਣ (ਹਰਜਸ਼ਨ ਢਿੱਲੋਂ)** ਸ਼੍ਰੋਮਣੀ ਅਕਾਲੀ ਦਲ ਵੱਲੋਂ ਪਿਛਲੇ ਦਿਨੀ ਆਪਣੇ ਜੱਥੇਬੰਦਕ ਢਾਂਚੇ ਦੇ ਕੀਤੇ ਵਿਸਥਾਰ ਮੌਕੇ ਜਿੱਥੇ ਦਰਬਾਰਾ ਸਿੰਘ ਬਾਲਾ ਨੂੰ ਜ਼ਿਲ੍ਹਾ ਰੋਪੜ ਦਾ ਪ੍ਰਧਾਨ ਬਣਾਇਆ ਗਿਆ, ਉਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੂੰ ਪਾਰਟੀ ਦਾ ਕੌਮੀ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸੇ ਤਰ੍ਹਾਂ ਬਜ਼ੁਰਗ ਅਕਾਲੀ ਆਗੂ ਮੋਹਣ ਸਿੰਘ ਢਾਹੇ ਨੂੰ ਅਕਾਲੀ ਦਲ ਦੀ ਵਰਕਿੰਗ ਕਮੇਟੀ 'ਚ ਸਪੈਸ਼ਲ ਇਨਵਾਈਟੀ ਦੇ ਤੌਰ 'ਤੇ ਲਿਆ ਗਿਆ।ਸ਼੍ਰੋਮਣੀ ਅਕਾਲੀ ਦਲ ਦੇ ਤਿੰਨਾ ਆਗੂਆ ਦਾ ਹਰਜੀਤ ਸਿੰਘ ਮਾਨ ਸਹਿਜੋਵਾਲ ਦੇ ਗ੍ਰਹਿ ਵਿਖੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸੀਨੀਅਰ ਮੀਤ ਪ੍ਰਧਾਨ ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਦਰਬਾਰਾ ਸਿੰਘ ਬਾਲਾ ਨੂੰ ਜ਼ਿਲ੍ਹਾ ਪ੍ਰਧਾਨ ਬਣਾਉਣ 'ਤੇ ਜ਼ਿਲ੍ਹੇ ਦੇ ਸਾਰੇ ਅਕਾਲੀ ਵਰਕਰਾਂ ਅੰਦਰ ਬੜੀ ਖੁਸ਼ੀ ਅਤੇ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮੌਕੇ ਮਾਸਟਰ ਕਮਲ ਸਿੰਘ ਮਜਾਰੀ ਸਰਕਲ ਪ੍ਰਧਾਨ, ਹਰਜੀਤ ਸਿੰਘ ਮਾਨ, ਰਘਬੀਰ ਸਿੰਘ ਬੋਲਾ, ਸਤਨਾਮ ਸਿੰਘ ਝੱਜ, ਗੁਰਚਰਨ ਸਿੰਘ ਮਾਨ, ਸੁਰਿੰਦਰ ਸਿੰਘ ਹਾਜੀਪੁਰ, ਬਖਸ਼ੀਸ਼ ਸਿੰਘ ਸ਼ੇਤਰਾ, ਹਰਿੰਦਰ ਕੁਮਾਰ ਕੇਸੋ, ਹਰਦੇਵ ਸਿੰਘ ਐਲਗਰਾਂ, ਕਰਮ ਸਿੰਘ ਬੇਲਾ, ਦਿਲਬਾਗ ਸਿੰਘ ਜੇਈ, ਜਸਪਾਲ ਸਿੰਘ, ਅਮਰਜੀਤ ਸਿੰਘ ਸੰਗਤਪੁਰ, ਰਜਿੰਦਰ ਸਿੰਘ ਕੁਲਗਰਾਂ, ਗਿਆਨੀ ਜਸਵੰਤ ਸਿੰਘ, ਵਰਿੰਦਰ ਕੁਮਾਰ ਰਾਜਾ, ਕੁਲਵਿੰਦਰ ਸਿੰਘ ਸਰਕਲ ਪ੍ਰਧਾਨ, ਗੁਰਬਚਨ ਸਿੰਘ ਭੱਟੋ, ਭਾਗ ਸਿੰਘ ਸੈਹਜੋਵਾਲ, ਮੰਗਲ ਸਿੰਘ ਸੁਖਸਾਲ ਆਦਿ ਹਾਜ਼ਰ ਸਨ।

# 6ਵੀਂ ਜਮਾਤ ਦੇ ਦਾਖ਼ਲੇ ਲਈ ਆਨਲਾਈਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ

**ਜਲੰਧਰ (ਸੁਰਿੰਦਰ ਕੁਮਾਰ)**- ਬੱਚਿਆਂ ਨੂੰ ਉੱਚੇ ਤੇ ਮਿਆਰੀ ਸਿੱਖਿਆ ਦੇਣ ਲਈ ਸਥਾਨਕ ਜਲੰਧਰ 'ਚ ਸਥਿਤ ਭਾਰਤ ਸਰਕਾਰ ਵੱਲੋਂ ਸਥਾਪਤ ਜਵਾਹਰ ਨਵੋਦਿਆ ਵਿਦਿਆਲਿਆ ਤਲਵੰਡੀ ਮਾਧੋ ਵਿੱਚ 6ਵੀਂ ਜਮਾਤ ਲਈ ਸਾਲ 2026-27 ਦੀ ਚੋਣ ਪ੍ਰੀਖਿਆ 13 ਦਸੰਬਰ 2025 ਨੂੰ ਜ਼ਿਲ੍ਹੇ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਹੋਣੀ ਹੈ, ਜਿਸ ਦੇ ਲਈ ਚਾਹਵਾਨ ਅਤੇ ਯੋਗ ਉਮੀਦਵਾਰਾਂ ਤੋਂ ਬਿਨੈ-ਪੱਤਰ ਆਨਲਾਈਨ ਮੰਗੇ ਗਏ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਨੈ ਕਰਨ ਦੀ ਆਖ਼ਰੀ ਮਿਤੀ 29 ਜੁਲਾਈ 2025 ਹੈ ਅਤੇ ਪ੍ਰਾਸਪੈਕਟ ਵਿਦਿਆਲਿਆ ਦੀ ਵੈੱਬਸਾਈਟ https://navodaya.gov.in/nvs/nvsschool/JALANDHAR/en/home 'ਤੇ ਉਪਲਬਧ ਹੈ। ਉਨ੍ਹਾਂ ਦੱਸਿਆ ਕਿ ਚਾਹਵਾਨ ਵਿਦਿਆਰਥੀ ਆਪਣੀ ਮੁਫ਼ਤ ਰਜਿਸਟ੍ਰੇਸ਼ਨ ਪੋਰਟਲ https://navodaya.gov.in ਅਤੇ https://cbseitms.rcil.gov.in/nvs 'ਤੇ ਕਰ ਸਕਦੇ ਹਨ। ਡਾ. ਅਗਰਵਾਲ ਨੇ ਦੱਸਿਆ ਕਿ ਪ੍ਰੀਖਿਆ ਲਈ ਕੇਵਲ ਉਹੀ ਵਿਦਿਆਰਥੀ ਯੋਗ ਹੋਣਗੇ, ਜੋ ਜ਼ਿਲ੍ਹਾ ਜਲੰਧਰ ਦੇ ਸਥਾਈ ਨਿਵਾਸੀ ਹਨ। ਵਿਦਿਆਰਥੀ ਨੂੰ ਆਪਣੇ ਨਵੇਂ ਫੋਟੋ, ਹਸਤਾਖ਼ਰ, ਮਾਤਾ/ਪਿਤਾ ਦੇ ਹਸਤਾਖ਼ਰ ਅਤੇ ਆਧਾਰ ਕਾਰਡ ਦਾ ਵੇਰਵਾ/ਰਿਹਾਇਸ਼ੀ ਪ੍ਰਮਾਣ ਪੱਤਰ ਜੇ.ਪੀ.ਜੀ. ਫਾਰਮੈਟ, ਜਿਸ ਦਾ ਆਕਾਰ 10 ਤੋਂ 100 ਕੇ.ਬੀ. 'ਤੋਂ ਵੱਧ ਨਾ ਹੋਵੇ, ਤਿਆਰ ਕਰਕੇ ਪੋਰਟਲ 'ਤੇ ਅਪਲੋਡ ਕਰਨਾ ਹੋਵੇਗਾ।ਉਨ੍ਹਾਂ ਦੱਸਿਆ ਕਿ ਵਿਦਿਆਰਥੀ ਮੌਜੂਦਾ ਸਾਲ (2025-26) ਵਿੱਚ 5ਵੀਂ ਕਲਾਸ ਵਿੱਚ ਜ਼ਿਲ੍ਹਾ ਜਲੰਧਰ ਵਿੱਚ ਪੜ੍ਹ ਰਿਹਾ ਹੋਵੇ ਅਤੇ ਜ਼ਿਲ੍ਹੇ ਦਾ ਸਥਾਈ ਨਿਵਾਸੀ ਹੋਵੇ। ਉਸ ਨੇ ਪਿਛਲੇ ਸਾਲਾਂ ਵਿੱਚ ਤੀਜੀ ਕਲਾਸ (2023-24) ਅਤੇ ਚੌਥੀ (2024-25) ਨਿਯਮਿਤ ਤੌਰ 'ਤੇ ਨਿਰਵਿਘਨ ਸਰਕਾਰੀ ਅਤੇ ਮਾਨਤਾ ਪ੍ਰਾਪਤ ਸਕੂਲ/ਨੈਸ਼ਨਲ ਓਪਨ ਸਕੂਲਿੰਗ ਜਾਂ ਸਰਵ ਸਿੱਖਿਆ ਅਭਿਆਨ ਤਹਿਤ ਪਾਸ ਕੀਤੀ ਹੋਵੇ।ਉਨ੍ਹਾਂ ਦੱਸਿਆ ਕਿ ਜਿਸ ਵਿਦਿਆਰਥੀ ਨੇ ਪਹਿਲਾਂ ਇਹ ਪ੍ਰੀਖਿਆ ਦਿੱਤੀ ਹੈ, ਉਹ ਪ੍ਰੀਖਿਆ ਵਿੱਚ ਦੂਜੀ ਵਾਰੀ ਬੈਠਣਯੋਗ ਨਹੀਂ ਹੋਵੇਗਾ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਦਾ ਜਨਮ 01.05.2014 ਤੋਂ 31.07.2016 (ਦੋਵੇਂ ਮਿਤੀਆਂ ਸ਼ਾਮਲ) ਦਰਮਿਆਨ ਹੋਇਆ ਹੋਵੇ। ਜੇਕਰ ਕਿਸੇ ਬਿਨੈਕਾਰ ਨੂੰ ਦਾਖ਼ਲਾ ਫਾਰਮ ਭਰਨ 'ਚ ਮੁਸ਼ਕਲ ਆਉਂਦੀ ਹੈ ਤਾਂ ਜਵਾਹਰ ਨਵੋਦਿਆ ਵਿਦਿਆਲਿਆ ਤਲਵੰਡੀ ਮਾਧੋ (ਜਲੰਧਰ) ਨਾਲ ਟੈਲੀਫੋਨ ਨੰਬਰ 79739-04878, 74048-16420, 88472-61859 'ਤੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਕਿਸੇ ਵੀ ਕੰਮ ਵਾਲੇ ਦਿਨ ਸੰਪਰਕ ਕੀਤਾ ਜਾ ਸਕਦਾ ਹੈ।

# ਵਿਦਿਆਰਥੀਆਂ ਨੂੰ ਨਵੀਨਤਾਕਾਰੀ ਵਿਚਾਰਾਂ ਲਈ ਡਿਜ਼ਾਈਨ ਸੋਚ ਦੇ ਨਾਲ ਕੀਤਾ ਸਸ਼ਕਤ

**ਜਲੰਧਰ (ਸ਼ੈਲੀ ਐਲਬਰਟ)** ਇੰਨੋਸੈਂਟ ਹਾਰਟਸ ਸਕੂਲ, ਲੋਹਾਰਾਂ ਨੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਇਨੋਵੇਟਿਵ ਵਿਚਾਰਾਂ ਲਈ ਡਿਜ਼ਾਈਨ ਸੋਚ' 'ਤੇ ਇੱਕ ਸੁਝਵਾਨ ਸੈਸ਼ਨ ਦਾ ਆਯੋਜਨ ਕੀਤਾ। ਇਸ ਸੈਸ਼ਨ ਦਾ ਸੰਚਾਲਨ ਮਾਣਯੋਗ ਡਾ. ਅਸ਼ੀਸ਼ ਅਰੋੜਾ, ਜੋ ਕਿ ਵਿੱਤ, ਰਣਨੀਤਕ ਪ੍ਰਬੰਧਨ ਅਤੇ ਉੱਦਮਤਾ ਦੇ ਪ੍ਰਸਿੱਧ ਮਾਹਰ ਹਨ, ਦੁਆਰਾ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਿਜ਼ਾਈਨ ਸੋਚ ਦੇ ਮਨੁੱਖੀ-ਕੇਂਦ੍ਰਿਤ ਪਹੁੰਚ ਨਾਲ ਜਾਣੂ ਕਰਵਾਇਆ, ਨਵੀਨਤਾ ਨੂੰ ਚਲਾਉਣ ਅਤੇ ਗੁੰਝਲਦਾਰ ਸਮੱਸਿਆਵਾਂ ਨੂੰ ਹੱਲ ਕਰਨ ਦੀ ਇਸਦੀ ਸੰਭਾਵਨਾ ਨੂੰ ਉਜਾਗਰ ਕੀਤਾ। ਸੈਸ਼ਨ ਨੇ ਵਿਦਿਆਰਥੀਆਂ ਨੂੰ ਰਚਨਾਤਮਕ ਤੌਰ 'ਤੇ ਸੋਚਣ ਅਤੇ ਬੁਨਿਆਦੀ ਹੱਲ ਵਿਕਸਤ ਕਰਨ ਲਈ ਪ੍ਰੇਰਿਤ ਕੀਤਾ, ਉਨ੍ਹਾਂ ਨੂੰ ਅਸਲ-ਸੰਸਾਰ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਗਿਆਨ ਅਤੇ ਵਿਸ਼ਵਾਸ ਨਾਲ ਸਸ਼ਕਤ ਬਣਾਇਆ।ਡਾ. ਅਰੋੜਾ ਦੇ ਮਾਰਗਦਰਸ਼ਨ ਦੁਆਰਾ, ਵਿਦਿਆਰਥੀਆਂ ਨੇ ਡਿਜ਼ਾਇਨ ਸੋਚ ਦੇ ਉਪਯੋਗਾਂ ਅਤੇ ਅੱਜ ਦੇ ਤੇਜ਼-ਰਫ਼ਤਾਰ, ਨਵੀਨਤਾ-ਸੰਚਾਲਿਤ ਸੰਸਾਰ ਵਿੱਚ ਇਸਦੀ ਮਹੱਤਤਾ ਦੀ ਡੂੰਘੀ ਸਮਝ ਪ੍ਰਾਪਤ ਕੀਤੀ। ਸਕੂਲ ਦੀ ਆਪਣੇ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਨਵੀਨਤਾ ਅਤੇ ਸਮੱਸਿਆ-ਹੱਲ ਕਰਨ ਦੇ ਹੁਨਰਾਂ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਇਸ ਪਹਿਲਕਦਮੀ ਵਿੱਚ ਸਪੱਸ਼ਟ ਸੀ। ਪ੍ਰਿੰਸੀਪਲ, ਸ਼੍ਰੀਮਤੀ ਸ਼ਾਲੂ ਸਹਿਗਲ ਨੇ ਸੈਸ਼ਨ ਲਈ ਆਪਣੀ ਪ੍ਰਸ਼ੰਸਾ ਪ੍ਰਗਟ ਕਰਦੇ ਹੋਏ ਕਿਹਾ ਕਿ ਅਸੀਂ ਡਾ. ਅਰੋੜਾ ਦੇ ਧੰਨਵਾਦੀ ਹਾਂ ਕਿ ਉਨ੍ਹਾਂ ਨੇ ਸਾਡੇ ਵਿਦਿਆਰਥੀਆਂ ਨਾਲ ਆਪਣੀ ਮੁਹਾਰਤ ਸਾਂਝੀ ਕੀਤੀ। ਇਸ ਸੈਸ਼ਨ ਨੇ ਵਿਦਿਆਰਥੀਆਂ ਲਈ ਸੋਚਣ ਦੇ ਨਵੇਂ ਰਸਤੇ ਪੇਸ਼ ਕੀਤੇ ਹਨ ਅਤੇ ਉਨ੍ਹਾਂ ਨੂੰ ਨਵੇਂ ਦ੍ਰਿਸ਼ਟੀਕੋਣ ਤੇ ਸਮੱਸਿਆਵਾਂ ਨਾਲ ਨਜਿੱਠਣ ਦੇ ਹੁਨਰਾਂ ਨਾਲ ਲੈਸ ਕੀਤਾ ਹੈ। ਸਾਡਾ ਉਦੇਸ਼ ਨਵੀਨਤਾਕਾਰੀ ਦਿਮਾਗਾਂ ਦਾ ਪਾਲਣ ਪੋਸ਼ਣ ਕਰਨਾ ਹੈ, ਅਤੇ ਇਹ ਪਹਿਲਕਦਮੀਆਂ ਉਸ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।



# ਸ਼ਹੀਦ ਬਾਬਾ ਮੱਤੀ ਸਾਹਿਬ ਦੇ ਪ੍ਰਕਾਸ਼ ਦਿਹਾੜੇ ਮੌਕੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ



**ਮੇਹਟੀਆਣਾ, ਆਦਮਪੁਰ (ਜਗਤਾਰ ਸਿੰਘ ਭੁੰਗਰਨੀ, ਪਰਮਜੀਤ ਸਿੰਘ)**- ਪਿੰਡ ਬੱਡਲਾ ਵਿਖੇ ਸ਼ਹੀਦ ਬਾਬਾ ਮੱਤੀ ਸਾਹਿਬ ਦੇ ਪ੍ਰਕਾਸ਼ ਦਿਹਾੜੇ ਮੌਕੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਬੀਤੇ ਦਿਨੀਂ ਮਹਾਨ ਸਿੰਘ ਸ਼ਹੀਦ ਧੰਨ ਧੰਨ ਸ਼ਹੀਦ ਬਾਬਾ ਮੱਤੀ ਸਾਹਿਬ ਜੀ ਦੇ ਪਾਵਨ ਪਵਿੱਤਰ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਬਾਣੀ ਕਥਾ ਕੀਰਤਨ ਦੇ ਪ੍ਰਵਾਹ ਦੇ ਨਾਲ ਨਾਲ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਪ੍ਰਧਾਨ ਜਥੇਦਾਰ ਮਨੋਹਰ ਸਿੰਘ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਡਰੋਲੀ ਕਲਾਂ, ਲੰਬੜਦਾਰ ਜਤਿੰਦਰ ਸਿੰਘ ਘੁੰਮਣ, ਲੰਬੜਦਾਰ ਸੁਰਿੰਦਰ ਸਿੰਘ ਬਾਜਵਾ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਭਾ ਪਿੰਡ ਬੱਡਲਾ ਦੇ ਸਾਂਝੇ ਸਹਿਯੋਗ ਨਾਲ ਲਗਾਇਆ ਗਿਆ। ਜਿਸ ਵਿੱਚ ਤੇਤੀ ਪ੍ਰਾਣੀਆਂ ਨੇ ਵੱਧ ਚੜ੍ਹ ਕੇ ਮਾਨਵਤਾ ਦੀ ਸੇਵਾ ਲਈ ਆਪਣਾ ਬੇਸ਼ਕੀਮਤੀ ਖ਼ੂਨਦਾਨ ਕੀਤਾ।ਇਸ ਬਲੱਡ ਕੈਂਪ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸਵਰਨਜੀਤ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਸਰਵ ਹਿਮੁਨਟੀ ਸਰਵ ਗੌਡ ਟਰੱਸਟ ਰਜਿ ਮਦਨਹੇੜੀ ਅਤੇ ਬਾਬਾ ਰਤਨ ਦੇਵ ਜੀ ਸੇਵਾ ਸੁਸਾਇਟੀ ਪਿੰਡ ਮਰਹਾਣਾ ਜ਼ਿਲ੍ਹਾ ਤਾਰਨ ਤਰਨ ਸਾਹਿਬ ਵੱਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਮਾਣਯੋਗ ਸੈਕਟਰੀ ਮਨਪ੍ਰੀਤ ਸਿੰਘ, ਜੱਥੇਦਾਰ ਮਨੋਹਰ ਸਿੰਘ, ਸਰਪੰਚ ਰਛਪਾਲ ਸਿੰਘ ਵੀਡੀਓ ਡਾਇਰੈਕਟਰ ਸੁੱਖੀ ਦਾਊਦਪੁਰੀਆ ਜੀ, ਸੇਵਾਦਾਰ ਹਰਜਿੰਦਰਪਾਲ ਟੋਨੀ ਕੰਦੋਲਾ ਅਤੇ ਅਨੇਕਾਂ ਨੌਜਵਾਨਾਂ ਦੇ ਨਾਲ ਨਾਲ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਡਰੋਲੀ ਕਲਾਂ ਵੀ ਹਾਜ਼ਰ ਸਨ। ਉਨ੍ਹਾਂ ਹਮੇਸ਼ਾ ਭਰਪੂਰ ਸਾਥ ਦੇਣ ਲਈ ਸਮੁੱਚੇ ਮੀਡੀਆ ਪੱਤਰਕਾਰ ਭਾਈਚਾਰੇ ਦਾ ਵਿਸ਼ੇਸ਼ ਕਰਕੇ ਧੰਨਵਾਦ ਕੀਤਾ।

# ਜਿੰਪਾ ਨੇ ਕੀਤਾ ਚੋਆਂ ਤੇ ਕਾਜਵੇਜ਼ ਦਾ ਨਿਰੀਖਣ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹੇ 'ਚ ਹਾਲ ਹੀ ਵਿਚ ਹੋਈ ਭਾਰੀ ਬਾਰਿਸ਼ ਅਤੇ ਸੰਭਾਵੀ ਹੜ੍ਹਾਂ ਦੇ ਖ਼ਤਰੇ ਦੇ ਮੱਦੇਨਜ਼ਰ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਹੁਸ਼ਿਆਰਪੁਰ ਦੇ ਵੱਖ-ਵੱਖ ਇਲਾਕਿਆਂ ਵਿਚ ਸਥਿਤ ਚੋਆਂ ਅਤੇ ਕਾਜ਼ਵੇਆਂ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਕੁਦਰਤੀ ਜਲ ਮਾਰਗਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਥਾਵਾਂ ਦੀ ਪਛਾਣ ਕੀਤੀ ਜਿਥੇ ਮੀਂਹ ਕਾਰਨ ਕਾਜ਼ਵੇਆਂ ਨੂੰ ਨੁਕਸਾਨ ਪਹੁੰਚਿਆ ਹੈ।ਨਿਰੀਖਣ ਦੌਰਾਨ ਵਿਧਾਇਕ ਜਿੰਪਾ ਨੇ ਸਬੰਧਤ ਵਿਭਾਗਾਂ ਨੂੰ ਨੁਕਸਾਨੀਆਂ ਗਈਆਂ ਪੁਲੀਆਂ ਦੀ ਤੁਰੰਤ ਮੁਰੰਮਤ ਕਰਨ ਅਤੇ ਸਥਾਈ ਅਤੇ ਐਮਰਜੈਂਸੀ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਭਵਿੱਖ ਵਿਚ ਜਨਜੀਵਨ ਪ੍ਰਭਾਵਿਤ ਨਾ ਹੋਵੇ। ਉਨ੍ਹਾਂ ਕਿਹਾ ਕਿ ਉਹ ਇਸ ਮੁੱਦੇ ਸਬੰਧੀ ਪਹਿਲਾਂ ਹੀ ਸੂਬਾ ਸਰਕਾਰ ਦੇ ਕੈਬਨਿਟ ਮੰਤਰੀ ਵਰਿੰਦਰ ਗੋਇਲ ਨੂੰ ਮਿਲ ਚੁੱਕੇ ਹਨ ਅਤੇ ਉਨ੍ਹਾਂ ਨੂੰ ਹੁਸ਼ਿਆਰਪੁਰ ਵਿਚ ਮੀਂਹ ਅਤੇ ਹੜ੍ਹਾਂ ਨਾਲ ਹੋਏ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਹੈ ਅਤੇ ਇਸ ਦੇ ਸਥਾਈ ਹੱਲ ਲਈ ਬੇਨਤੀ ਕੀਤੀ ਹੈ। ਵਿਧਾਇਕ ਨੇ ਕਿਹਾ ਕਿ ਸਬੰਧਤ ਵਿਭਾਗ ਇਸ ਸਬੰਧੀ ਪ੍ਰਸਤਾਵ ਤਿਆਰ ਕਰਕੇ ਵਿਭਾਗ ਨੂੰ ਭੇਜ ਰਿਹਾ ਹੈ, ਤਾਂ ਜੋ ਲੋੜੀਂਦਾ ਬਜਟ ਅਤੇ ਸਰੋਤ ਜਲਦੀ ਉਪਲਬਧ ਕਰਵਾਏ ਜਾ ਸਕਣ। ਉਨ੍ਹਾਂ ਅਧਿਕਾਰੀਆਂ ਨੂੰ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਪਹਿਲਾਂ ਤੋਂ ਤਿਆਰੀਆਂ ਕਰਨ ਅਤੇ ਸੰਵੇਦਨਸ਼ੀਲ ਖੇਤਰਾਂ ਵਿਚ ਵਿਸ਼ੇਸ਼ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਥਾਨਕ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿਚ ਪ੍ਰਸ਼ਾਸਨ ਨਾਲ ਸੰਪਰਕ ਕਰਨ ਅਤੇ ਅਫਵਾਹਾਂ ਤੋਂ ਬਚਣ।ਨਿਰੀਖਣ ਦੌਰਾਨ ਵਿਧਾਇਕ ਦੇ ਨਾਲ ਹੁਸ਼ਿਆਰਪੁਰ ਸਹਿਕਾਰੀ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਗੁਰਮੀਤ ਸਿੰਘ, ਨਾਇਬ ਤਹਿਸੀਲਦਾਰ ਹੁਸ਼ਿਆਰਪੁਰ ਹਿਰਦੇਬੀਰ ਸਿੰਘ ਅਤੇ ਡਰੇਨੇਜ ਵਿਭਾਗ ਦੇ ਅਧਿਕਾਰੀ ਮੌਜੂਦ ਸਨ।



# ਮੰਡਲ ਦਫਤਰ ਅੱਗੇ ਰੋਸ ਰੈਲੀ ਅੱਜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਕਮੇਟੀ ਦੇ ਫੈਸਲੇ ਮੁਤਾਬਕ ਵਣ ਅਤੇ ਜੰਗਲੀ ਜੀਵ ਵਿਭਾਗ ਦੇ ਕਾਮਿਆਂ, ਅਨਪੜ੍ਹ ਕਾਮਿਆਂ 'ਤੇ ਲਗਾਤਾਰ 10 ਸਾਲ ਦੀ ਸ਼ਰਤ ਖਤਮ ਕਰਾਉਣ ਲਈ ਅਤੇ ਵਿਭਾਗ ਵੱਲੋਂ ਕਾਮਿਆਂ ਦਾ ਮੈਡੀਕਲ ਅਤੇ ਪੁਲਸ ਵੈਰੀਫਿਕੇਸ਼ਨ ਕਰਾਉਣ ਉਪਰੰਤ ਨਿਯੁਕਤੀ ਪੱਤਰ ਨਾ ਦੇਣ ਦੇ ਰੋਸ ਵਜੋਂ ਮਿਤੀ 21-22 ਜੁਲਾਈ ਨੂੰ ਵਣ ਮੰਡਲ ਦਫਤਰਾਂ ਅੱਗੇ ਰੋਸ ਧਰਨੇ ਲਾ ਕੇ ਸਮੂਹ ਵਣ ਮੰਡਲ ਅਫਸਰਾਂ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਜਾਣਗੇ ਅਤੇ ਵਣ ਮੰਤਰੀ ਦੇ ਹਲਕੇ ਭੋਆ ਵਿਖੇ 26 ਜੁਲਾਈ 2025 ਨੂੰ ਵੱਡੇ ਪੱਧਰ 'ਤੇ ਪੰਜਾਬ ਸਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਸਹਿਯੋਗ ਨਾਲ ਰੋਸ ਰੈਲੀ ਕੀਤੀ ਜਾਵੇਗੀ।ਇਸੇ ਲੜੀ ਤਹਿਤ ਹੁਸ਼ਿਆਰਪੁਰ ਮੰਡਲ ਦਫਤਰ ਅੱਗੇ 21 ਜੁਲਾਈ ਨੂੰ ਰੋਸ ਰੈਲੀ ਕਰਕੇ ਵਣ ਮੰਡਲ ਅਫਸਰ ਹੁਸ਼ਿਆਰਪੁਰ ਰਾਹੀਂ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ ਜਾਵੇਗਾ।

# ਹਸਪਤਾਲ ਵਿਖੇ ਗੋਡਾ ਬਦਲ ਕੇ ਬਿਰਧ ਮਰੀਜ਼ ਨੂੰ ਦਿੱਤੀ ਨਵੀਂ ਜ਼ਿੰਦਗੀ

**ਬਲਾਚੌਰ (ਜਸਵਿੰਦਰ ਬੈਂਸ)** ਸਥਾਨਕ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਵਿਖੇ ਇਕ ਬਿਰਧ ਮਰੀਜ਼ ਦੇ ਗੋਡੇ ਦਾ ਸਫਲ ਆਪ੍ਰੇਸ਼ਨ ਕੀਤੀ ਗਿਆ। ਜਾਣਕਾਰੀ ਅਨੁਸਾਰ ਖੁਸ਼ੀ ਰਾਮ ਪੁੱਤਰ ਅਮਰਚੰਦ ਵਾਸੀ ਪਿੰਡ ਨਿਆਣਾ ਬੇਟ (72) ਨੂੰ ਓਸਟੀਓ ਆਰਥਰਾਈਟਸ ਦੀ ਸਮੱਸਿਆ ਸੀ। ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ ਡਾ ਸੋਮਬਿਤ ਬੰਧੋਪਾਧਿਆਏ, ਡਾ. ਨਵਦੀਪ ਤੇ ਸਟਾਫ ਨਰਸ ਬਲਜਿੰਦਰ ਕੌਰ 'ਤੇ ਆਧਾਰਿਤ ਟੀਮ ਨੇ ਮਰੀਜ਼ ਦਾ ਗੋਡਾ ਬਦਲਣ ਦਾ ਸਫਲ ਆਪ੍ਰੇਸ਼ਨ ਕੀਤਾ।ਡਾ. ਮਾਨ ਦੱਸਿਆ ਕਿ ਸਾਨੂੰ ਮਾਣ ਹੈ ਕਿ ਸਾਡੇ ਹਸਪਤਾਲ ਦੇ ਸੂਝਵਾਨ ਡਾਕਟਰਾਂ ਦੀ ਟੀਮ ਨੇ ਸਿਵਲ ਹਸਪਤਾਲ, ਬਲਾਚੌਰ ਵਿਖੇ ਲੋੜਵੰਦ ਬਿਰਧ ਮਰੀਜ ਦਾ ਬਿਲਕੁੱਲ ਮੁਫ਼ਤ ਇਲਾਜ ਕਰਕੇ ਸਫਲਤਾਪੂਰਵਕ ਇਕ ਗੋਡਾ ਬਦਲ ਕੇ ਮਰੀਜ਼ ਨੂੰ ਨਵੀਂ ਜ਼ਿੰਦਗੀ ਦਿੱਤੀ ਹੈ।ਡਾ. ਮਾਨ ਨੇ ਦੱਸਿਆ ਕਿ ਲੋਕਾਂ ਨੂੰ ਗੋਡਿਆਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ। ਇਸਦੇ ਲਈ ਪ੍ਰੋਟੀਨ ਅਤੇ ਕੈਲਸ਼ੀਅਮ ਦੀ ਆਪਣੀ ਖੁਰਾਕ 'ਤੇ ਧਿਆਨ ਦੇਣਾ ਚਾਹੀਦਾ ਹੈ। ਸੈਰ ਕਰਨ ਅਤੇ ਕਸਰਤ ਕਰਨ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਕਾਰਬੋਹਾਈਡਰੇਟ ਅਤੇ ਚਰਬੀ ਦੀ ਉਚਿਤ ਮਾਤਰਾ ਲੈਣੀ ਚਾਹੀਦੀ ਹੈ।



# ਪਰਮਜੀਤ ਸਿੰਘ ਪੰਡੋਰੀ ਬੀਬੀ ਜ਼ਿਲ੍ਹਾ ਕੁਸ਼ਤੀ ਸੰਸਥਾ ਦੇ ਪ੍ਰਧਾਨ ਬਣੇ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਕੁਸ਼ਤੀ ਸੰਸਥਾ ਹੁਸ਼ਿਆਰਪੁਰ ਦੀ ਚੋਣ ਕੀਤੀ ਗਈ। ਜਿਸ ਦੇ ਅਬਜ਼ਰਬਰ ਗੁਰਮੀਤ ਸਿੰਘ ਦਿਉਲ ਮੋਗਾ ਤੋਂ ਚੋਣ ਕਰਵਾਉਣ ਪਹੁੰਚੇ। ਜਿਸ ਵਿਚ ਪਰਮਜੀਤ ਸਿੰਘ ਪੰਡੋਰੀ ਬੀਬੀ ਨੂੰ ਸਰਬ ਸੰਮਤੀ ਨਾਲ ਪ੍ਰਧਾਨ, ਜਨਰਲ ਸਕੱਤਰ ਰਾਜਿੰਦਰ ਸਿੰਘ, ਸੀਨੀ. ਮੀਤ ਪ੍ਰਧਾਨ ਪਲਵਿੰਦਰ ਸਿੰਘ ਚੀਮਾ ਅਤੇ ਕੈਸ਼ੀਅਰ ਚਾਂਦ ਸਿੰਘ ਸਿੰਘ ਸਰਬ ਸੰਮਤੀ ਨਾਲ ਚੁਣੇ ਗਏ। ਇਨ੍ਹਾਂ ਚੁਣੇ ਹੋਏ ਅਹੁਦੇਦਾਰਾਂ ਨੂੰ ਆਪਣੀ ਸਹਿਯੋਗੀ ਟੀਮ ਚੁਣਨ ਦਾ ਅਧਿਕਾਰ ਦਿੱਤਾ ਗਿਆ। ਇਸ ਵਾਰੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਨਵੇ ਚੁਣੇ ਸੀਨੀ : ਮੀਤ ਪ੍ਰਧਾਨ ਪਲਵਿੰਦਰ ਸਿੰਘ ਚੀਮਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਚੋਣ ਮੌਕੇ ਉੱਘੀਆਂ ਖੇਡ ਹਸਤੀਆਂ ਅਤੇ ਪੁਰਾਣੇ ਪਹਿਲਵਾਨਾਂ ਨੇ ਹਿੱਸਾ ਲਿਆ। ਇਸ ਚੋਣ ਦੀ ਪੂਰੀ ਕਾਰਵਾਈ ਨੂੰ ਮੁਕੰਮਲ ਕਰਦਿਆਂ ਵਿਸ਼ਵਨਾਥ ਨਾਥ ਬੰਟੀ ਨੂੰ ਚੀਫ ਪੈਟਰਨ, ਮਲਕੀਤ ਸਿੰਘ ਪੈਟਰਨ, ਰੋਸ਼ਨ ਸਿੰਘ ਪੈਟਰਨ, ਜਰਨੈਲ ਸਿੰਘ ਮੀਤ ਪ੍ਰਧਾਨ , ਕਮਲਜੀਤ ਸਿੰਘ ਮੀਤ ਪ੍ਰਧਾਨ , ਮਨਜੀਤ ਸਿੰਘ ਕਾਹਰੀ-ਮੀਤ ਪ੍ਰਧਾਨ, ਹਰਭਜਨ ਸਿੰਘ ਧਾਲੀਵਾਲ ਮੀਤ ਪ੍ਰਧਾਨ, ਨਰਿੰਦਰ ਸਿੰਘ ਚੀਮਾ ਜੁਆਇੰਟ ਸਕੱਤਰ, ਜਆਇੰਟ ਸੋਮ ਪਾਲ, ਸਹਾਇਕ ਖਜ਼ਾਨਚੀ ਬੂਟਾ ਸਿੰਘ, ਪ੍ਰੈਸ ਸਕੱਤਰ ਸੁਖਵਿੰਦਰ ਸਿੰਘ ਚੁਣੇ ਗਏ। ਇਸ ਮੌਕੇ ਹੋਰਨਾਂ ਤੋ ਇਲਾਵਾ ਐਗਜੈਕਟਿਵ ਮੈਂਬਰ ਦੱਤ ਅਸਟਰੇਲੀਆ, ਮਨੀਸ਼ ਪੰਡਿਤ, ਸੁਰਿੰਦਰ ਸਿੰਘ, ਸਾਬੀ ਚੀਮਾ, ਜੋਧ ਸਿੰਘ, ਤਰੁਣ, ਜੀਤੂ ਪੰਡੋਰੀ, ਹਰਬੰਸ ਸਿੰਘ, ਰਾਜਵੀਰ ਸਿੰਘ, ਅਰਮਾਨ ਸਿੰਘ, ਮਨੀ ਗਨੀ ਆਦਿ ਹਾਜ਼ਰ ਸਨ।

# ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਬੱਚਿਆਂ ਨੂੰ ਕੀਤਾ ਨਸ਼ਿਆਂ ਖਿਲਾਫ ਜਾਗਰੂਕ

**ਟਾਂਡਾ (ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਪੰਜਾਬ ਸਰਕਾਰ ਦੇ ਉਪਰਾਲੇ 'ਯੁੱਧ ਨਸ਼ਿਆਂ ਵਿਰੁੱਧ' ਥੀਮ ਨੂੰ ਆਧਾਰ ਲੈ ਕੇ ਨਸ਼ਿਆਂ ਖਿਲਾਫ ਨੌਜਵਾਨ ਵਿਦਿਆਰਥੀਆਂ ਲਈ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਸੰਸਥਾ ਤੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਵਰਕਸ਼ਾਪ ਦੀ ਅਗਵਾਈ ਕੀਤੀ।ਇਸ ਵਰਕਸ਼ਾਪ ਦੌਰਾਨ ਪ੍ਰਿੰਸੀਪਲ ਸੰਗਰ ਨੇ ਬੱਚਿਆਂ ਨੂੰ ਸਮਾਜ ਵਿੱਚ ਫੈਲ ਰਹੇ ਅਲੱਗ ਅਲੱਗ ਤਰ੍ਹਾਂ ਦੇ ਨਸ਼ਿਆਂ ਅਤੇ ਇਹਨਾਂ ਤੋਂ ਦੂਰ ਰਹਿਣ ਬਾਰੇ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਨਸ਼ੇ ਦਾ ਰਾਹ ਸਿਰਫ ਮੌਤ ਵੱਲ ਨੂੰ ਲੈ ਕੇ ਜਾਂਦਾ ਹੈ ਅਤੇ ਸਾਨੂੰ ਅਤੇ ਸਾਡੇ ਨੌਜਵਾਨ ਵਰਗ ਨੂੰ ਇਹ ਚਾਹੀਦਾ ਹੈ ਕਿ ਅਸੀਂ ਨਾ ਕੇਵਲ ਨਸ਼ਿਆਂ ਤੋਂ ਦੂਰ ਰਹੀਏ ਸਗੋਂ ਨਸ਼ੇ ਵੇਚਣ ਵਾਲਿਆਂ ਦੇ ਖਿਲਾਫ ਵੀ ਇੱਕ ਤਰ੍ਹਾਂ ਦਾ ਵਿਰੋਧ ਦਰਜ ਕਰਵਾਈਏ ਅਤੇ ਜੇਕਰ ਸਾਡੇ ਆਲੇ ਦੁਆਲੇ ਕੁਝ ਅਜਿਹਾ ਗਲਤ ਹੋ ਰਿਹਾ ਤਾਂ ਉਸ ਦੀ ਜਾਣਕਾਰੀ ਤੁਰੰਤ ਜ਼ੁੰਮੇਵਾਰ ਵਿਭਾਗਾਂ ਨੂੰ ਪਹੁੰਚਾਈਏ ਤਾਂ ਕਿ ਸਾਡੇ ਸਮਾਜ ਵਿੱਚੋਂ ਇਹ ਕੋੜ ਖਤਮ ਹੋ ਸਕੇ। ਸਕੂਲ ਦੇ ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ ਅਤੇ ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੀ ਬੜੀ ਸਖਤੀ ਦੇ ਨਾਲ ਨਸ਼ਿਆਂ ਦੇ ਖਿਲਾਫ ਐਕਸ਼ਨ ਵਿੱਚ ਆਈ ਹੋਈ ਹੈ ਅਤੇ ਨਸ਼ੇ ਦੇ ਵਪਾਰੀਆਂ ਅਤੇ ਨਸ਼ਾ ਫੈਲਾਉਣ ਵਾਲਿਆਂ ਦੇ ਖਿਲਾਫ ਸਖਤ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ ਸੋ ਸਾਡੀ ਇਹ ਜਿੰਮੇਵਾਰੀ ਬਣਦੀ ਹੈ ਕਿ ਅਸੀਂ ਸਰਕਾਰ ਦਾ ਸਾਥ ਦਈਏ ਅਤੇ ਇਸ ਬੁਰਾਈ ਨੂੰ ਆਪਣੇ ਸਮਾਜ ਵਿੱਚੋਂ ਕੱਢ ਬਾਹਰ ਕਰੀਏ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਜਗਬੰਧਨ ਸਿੰਘ, ਰਾਜਵਿੰਦਰ ਕੌਰ, ਅਮਰਜੀਤ ਕੌਰ ਸੈਣੀ, ਰਾਜਵੀਰ ਕੌਰ, ਵਿਸ਼ਾਲੀ, ਗੁਰਪ੍ਰੀਤ, ਸੁਰੇਸ਼, ਵਿਨੇ, ਸ਼ਿਲਪਾ, ਸੁਸ਼ੀਲ, ਮੋਨਿਕਾ, ਬਲਜੀਤ, ਸੁਮੀਤ, ਹਰਜੀਤ, ਹਰਮਿੰਦਰ, ਗੁਰਦੇਵ, ਅਜੇ, ਇਕਬਾਲ ਅਤੇ ਹੋਰ ਸਟਾਫ ਵੀ ਮੌਜੂਦ ਸੀ।




# ਸਾਬਕਾ ਸਰਪੰਚ ਸੇਵਾ ਸਿੰਘ ਦੁਸਾਂਝ ਦਾ ਦੇਹਾਂਤ



**ਬੰਗਾ (ਅਵਤਾਰ ਕਲੇਰ)**- ਬੀਤੇ ਦਿਨੀਂ ਪਿੰਡ ਦੁਸਾਂਝ ਕਲਾਂ ਦੇ ਸਰਪੰਚ ਸੇਵਾ ਸਿੰਘ ਦੁਸਾਂਝ ਦਾ ਦੇਹਾਂਤ ਹੋ ਗਿਆ। ਉਨ੍ਹਾਂ ਦੀ ਉਮਰ 93 ਸਾਲ ਦੀ ਸੀ। ਉਹ ਆਰ .ਐਮ .ਪੀ. ਆਈ ਦੇ ਸਰਗਰਮ ਆਗੂ ਸਨ। ਸੇਵਾ ਸਿੰਘ ਅੱਜਕੱਲ੍ਹ ਆਪਣੇ ਪਰਵਾਰ ਨਾਲ ਕੈਨੇਡਾ ਦੇ ਸ਼ਹਿਰ ਵੈਨਕੂਵਰ ਵਿਖੇ ਰਹਿ ਰਹੇ ਸਨ। ਸੇਵਾ ਸਿੰਘ 1983 ਵਿਚ ਪਿੰਡ ਦੁਸਾਂਝ ਕਲਾਂ ਦੇ ਸਰਪੰਚ ਬਣੇ ਤੇ ਸਵਾ 9 ਸਾਲ ਪਿੰਡ ਦੀ ਸਰਪੰਚੀ ਕੀਤੀ। ਇਹ 1993 ਵਿਚ ਕੈਨੇਡਾ ਚਲੇ ਗਏ ਸਨ। ਇਨ੍ਹਾਂ ਦਾ ਸਸਕਾਰ 20 ਜੁਲਾਈ ਨੂੰ ਕੈਨੇਡਾ ਵਿਖੇ ਕਰ ਦਿੱਤਾ ਗਿਆ।

# ਭਾਈ ਨੰਦ ਲਾਲ ਪਬਲਿਕ ਸਕੂਲ 'ਚ ਕੁਇਜ਼ ਮੁਕਾਬਲੇ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਨੀਵਾਰ ਕਲਾਸ ਤੀਸਰੀ ਤੋਂ ਪੰਜਵੀਂ ਤੱਕ ਹਾਊਸ ਵਾਈਜ਼ ਸਾਇੰਸ ਕੁਇਜ਼ ਕਰਵਾਈ ਗਈ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਕੁਇਜ਼ ਮੁਕਾਬਲੇ ਵਿੱਚ ਪਹਿਲਾ ਸਥਾਨ ਬਾਬਾ ਜ਼ੋਰਾਵਰ ਸਿੰਘ ਹਾਊਸ (ਟੀਮ ਕਲਾਮ) , ਦੂਜਾ ਸਥਾਨ ਬਾਬਾ ਅਜੀਤ ਸਿੰਘ ਹਾਊਸ (ਟੀਮ ਆਈਨਸਟੀਨ) ਅਤੇ ਤੀਜਾ ਸਥਾਨ ਬਾਬਾ ਫਤਿਹ ਸਿੰਘ ਹਾਊਸ (ਟੀਮ ਰਮਨ) ਨੇ ਹਾਸਲ ਕੀਤਾ। ਇਸ ਕੁਇਜ਼ ਮੁਕਾਬਲੇ ਵਿੱਚ ਸਟੇਜ ਮੈਡਮ ਪੂਜਾ ਚਾਵਲਾ ਅਤੇ ਮੈਡਮ ਲਸੀਨਾ ਚੌਹਾਨ ਨੇ ਸਾਂਭੀ।ਜੱਜ ਦੀ ਭੂਮਿਕਾ ਮੈਡਮ ਸੰਦੀਪ ਕੌਰ ਨੇ ਨਿਭਾਈ। ਟਾਈਮ ਕੀਪਰ ਦੀ ਭੂਮਿਕਾ ਮੈਡਮ ਅਲਕਾ ਨੇ ਨਿਭਾਈ । ਸਕੂਲ ਦੇ ਪ੍ਰਿੰਸੀਪਲ ਸਤਨਾਮ ਸਿੰਘ ਵੱਲੋਂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ।



# ਲੱਕੀ ਦੀ ਅਗਵਾਈ ਹੇਠ ਵਿਸ਼ੇਸ਼ ਕੈਂਪ ਭਲਕੇ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਲਈ ਪਿੰਡ-ਪਿੰਡ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਦੇ ਤਹਿਤ ਇੱਕ ਵਿਸ਼ੇਸ਼ ਸਹਾਇਤਾ ਕੈਂਪ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਅਗਵਾਈ ਹੇਠ ਪਿੰਡ ਗਹੂੰਣ ਵਿਖੇ 22 ਜੁਲਾਈ ਦਿਨ ਮੰਗਲਵਾਰ ਨੂੰ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਆਯੁਸ਼ਮਾਨ ਕਾਰਡ, ਕਿਸਾਨ ਸਨਮਾਨ ਨਿਧੀ ਯੋਜਨਾ, ਈ ਕਾਰਡ, ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਪ੍ਰਧਾਨ ਮੰਤਰੀ ਸੂਰਯਾ ਘਰ ਯੋਜਨਾ, ਟੂਲ ਕਿੱਟ ਆਦਿ ਦਾ ਲਾਭ ਉਠਾਉਣ ਲਈ ਸਹਾਇਤਾ ਕੀਤੀ ਜਾਵੇਗੀ ਅਤੇ ਕਾਰਡ ਵੀ ਮੌਕੇ 'ਤੇ ਹੀ ਬਣਾ ਕੇ ਦਿੱਤੇ ਜਾਣਗੇ। ਸਬੰਧਿਤ ਵਿਅਕਤੀ ਆਪਣਾ ਆਧਾਰ ਕਾਰਡ, ਪੈਨ ਕਾਰਡ, ਬੈਂਕ ਖਾਤੇ ਵਾਲੀ ਕਾਪੀ ਅਤੇ ਦੋ ਪਾਸਪੋਰਟ ਸਾਈਜ਼ ਫੋਟੋਆਂ ਆਦਿ ਨਾਲ ਲੈ ਕੇ ਆਉਣ।

# ਪੰਜਾਬ ਸਰਕਾਰ ਈਸਾਈ ਭਾਈਚਾਰੇ ਪ੍ਰਤੀ ਪੱਖਪਾਤ ਕਰ ਰਹੀ ਹੈ : ਭੱਟੀ



**ਜਲੰਧਰ (ਸ਼ੈਲੀ ਐਲਬਰਟ)** ਯੂਨਾਈਟਿਡ ਪੀਪਲਜ਼ ਲੀਗ ਦੇ ਪ੍ਰਧਾਨ ਸਨਾਵਰ ਭੱਟੀ ਨੇ ਸ਼ੁੱਕਰਵਾਰ ਨੂੰ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਈਸਾਈ ਭਾਈਚਾਰੇ ਨੂੰ ਨਜ਼ਰਅੰਦਾਜ਼ ਕਰਨ ਦਾ ਦੋਸ਼ ਲਗਾਇਆ। ਸਨਾਵਰ ਭੱਟੀ ਨੇ ਕ੍ਰਿਸ਼ਚੀਅਨ ਯੂਨਾਈਟਿਡ ਫੈਡਰੇਸ਼ਨ ਦੇ ਪ੍ਰਧਾਨ ਐਲਬਰਟ ਦੁਆ, ਸੁਖਪਾਲ ਰਾਣਾ ਮਨਿਸਟਰੀ ਪ੍ਰਧਾਨ ਜੌਨ ਕੋਟਲੀ, ਯੂਪੀਐਲ ਪ੍ਰਧਾਨ ਐਂਥਨੀ ਮਸੀਹ, ਯੂਪੀਐਲ ਜਨਰਲ ਸਕੱਤਰ ਜੌਨ ਮਸੀਹ, ਤਰਸੇਮ ਮਸੀਹ ਕਾਹਨੂਵਾਨ, ਸੋਰਾਬ ਨਾਲ ਮਿਲ ਕੇ ਇੱਥੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਤੱਕ ਸੂਬੇ ਵਿੱਚ ਸੱਤਾ ਵਿੱਚ ਆਈਆਂ ਸਾਰੀਆਂ ਸਰਕਾਰਾਂ ਨੇ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਦੇ ਅਹੁਦੇ 'ਤੇ ਈਸਾਈ ਭਾਈਚਾਰੇ ਦੇ ਮੈਂਬਰ ਨੂੰ ਸ਼ਾਮਲ ਕਰਨ ਦੀ ਪਰੰਪਰਾ ਨੂੰ ਕਾਇਮ ਰੱਖਿਆ ਹੈ। ਪਰ ਹੁਣ ਜਦੋਂ ਮੌਜੂਦਾ ਸਰਕਾਰ ਸੱਤਾ ਵਿੱਚ ਆਈ ਹੈ, ਤਾਂ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਦਾ ਅਹੁਦਾ ਈਸਾਈ ਭਾਈਚਾਰੇ ਤੋਂ ਖੋਹ ਲਿਆ ਗਿਆ ਹੈ।ਭੱਟੀ ਨੇ ਕਿਹਾ ਕਿ ਪੰਜਾਬ ਵਿੱਚ ਜੋ ਵੀ ਪਾਰਟੀ ਸੱਤਾ ਵਿੱਚ ਆਈ ਹੈ, ਉਸਨੇ ਕਦੇ ਵੀ ਸੂਬਾ ਪੱਧਰ 'ਤੇ ਕ੍ਰਿਸਮਸ ਮਨਾਉਣਾ ਬੰਦ ਨਹੀਂ ਕੀਤਾ, ਪਰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਵਿੱਚ ਕਦੇ ਵੀ ਸੂਬਾ ਪੱਧਰ 'ਤੇ ਕ੍ਰਿਸਮਸ ਦਾ ਤਿਉਹਾਰ ਨਹੀਂ ਮਨਾਇਆ। ਉਨ੍ਹਾਂ ਕਿਹਾ ਕਿ ਸਰਕਾਰ ਈਸਾਈ ਭਾਈਚਾਰੇ ਨੂੰ ਕਬਰਸਤਾਨ ਦੀ ਜ਼ਮੀਨ ਦੇਣ ਵਿੱਚ ਅਸਫਲ ਰਹੀ ਹੈ। ਅਕਸਰ ਦੇਖਿਆ ਜਾਂਦਾ ਹੈ ਕਿ ਕਬਰਸਤਾਨ ਨਾ ਹੋਣ ਕਾਰਨ ਮੁਰਦਿਆਂ ਨੂੰ ਸੜਕ ਕਿਨਾਰੇ ਦਫ਼ਨਾਇਆ ਜਾਂਦਾ ਹੈ। ਭਾਵੇਂ ਅਕਾਲੀ ਸਰਕਾਰ ਦੌਰਾਨ ਕਬਰਸਤਾਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਪਰ ਅੱਜ ਤੱਕ ਇਸ ਮਾਮਲੇ ਵਿੱਚ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਨ੍ਹਾਂ ਮੰਗਾਂ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ।

# ਵਧੀਆ ਸਿਹਤ ਸਹੂਲਤਾਂ ਲਈ ਤੁਰੰਤ ਆਭਾ ਆਈ ਡੀ ਬਣਾਓ : ਡਾ ਪ੍ਰਮਿੰਦਰ ਕੌਰ

**ਫਗਵਾੜਾ (ਜਸਵਿੰਦਰ ਢੱਡਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹ ਤੈ ਡਾ. ਹਰਪਾਲ ਸਿੰਘ ਸਿਵਲ ਸਰਜਨ ਕਪੂਰਥਲਾ ਦੀ ਉਚੇਚੀ ਅਗਵਾਈ ਵਿੱਚ ਜਿੱਥੇ ਸਬ ਡਵੀਜ਼ਨ ਫਗਵਾੜਾ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਾਹਰ ਡਾਕਟਰਾਂ ਵੱਲੋਂ ਵਧੀਆ ਇਲਾਜ ਕੀਤਾ ਜਾ ਰਿਹਾ ਹੈ, ਉਥੇ ਇਸ ਇਲਾਜ ਲਈ ਇੱਕ ਹੋਰ ਕਦਮ ਵਧਾਉਂਦਿਆਂ ਇਸ ਇਲਾਜ ਨੂੰ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਯੋਜਨਾ ਤਹਿਤ ਆਯੁਸ਼ਮਾਨ ਭਾਰਤ ਹੈਲਥ ਅਕਾਊਂਟ (ਆਭਾ) ਬਣਾ ਕੇ ਆਨਲਾਈਨ ਕੀਤਾ ਜਾ ਰਿਹਾ ਹੈ ।ਇਸ ਸਬੰਧੀ ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰਮਿੰਦਰ ਕੌਰ ਵਲੋਂ ਏ ਐਨ ਐਮ ਅਤੇ ਸਮੂਹ ਆਸ਼ਾ ਵਰਕਰਾਂ ਨਾਲ ਆਭਾ ਆਈ ਡੀ ਕਾਰਡ ਬਣਾਉਣ ਸੰਬੰਧੀ ਟ੍ਰੇਨਿੰਗ ਸਿਵਲ ਹਸਪਤਾਲ ਵਿਖੇ ਦਿੱਤੀ ਗਈ। ਇਸ ਟ੍ਰੇਨਿੰਗ ਦੌਰਾਨ ਡਾ. ਪ੍ਰਮਿੰਦਰ ਕੌਰ ਨੇ ਆਖਿਆ ਕਿ ਸਰਕਾਰੀ ਹਸਪਤਾਲ ਵਿੱਚ ਓ ਪੀ ਡੀ ਦੀਆਂ ਲੰਮੀਆਂ ਲਾਈਨਾਂ ਤੋਂ ਬਚਣ ਲਈ ਸਮੂਹ ਸਬ ਡਵੀਜ਼ਨ ਫਗਵਾੜਾ ਨਿਵਾਸੀਆਂ ਨੂੰ ਤੁਰੰਤ ਆਭਾ ਆਈ ਡੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਨੇ ਦੱਸਿਆ ਕਿ ਆਪਣੀ ਆਭਾ ਆਈ.ਡੀ ਬਣਾਉਣ ਨਾਲ ਮਰੀਜ਼ ਨੂੰ ਇੱਕ ਹਸਪਤਾਲ ਤੋਂ ਦੂਸਰੇ ਹਸਪਤਾਲ ਵਿੱਚ ਇਲਾਜ ਕਰਵਾਉਣ ਸਮੇਂ ਕਿਸੇ ਤਰ੍ਹਾਂ ਦੇ ਕਾਗਜ਼ਾਤ ਜਿਵੇਂ ਮੈਡੀਕਲ ਰਿਪੋਰਟਾਂ, ਐਕਸਰੇ ਆਦਿ ਕੋਈ ਵੀ ਦਸਤਾਵੇਜ਼ ਨਾਲ ਚੁੱਕਣ ਦੀ ਜ਼ਰੂਰਤ ਨਹੀਂ ਰਹੇਗੀ ਕਿਉਂਕਿ ਸਬੰਧਤ ਡਾਕਟਰ ਇਹ ਸਾਰਾ ਡਾਟਾ ਆਭਾ ਆਈ.ਡੀ ਤੋਂ ਚੈੱਕ ਕਰਨ ਦੇ ਸਮਰੱਥ ਹੋਣਗੇ ਅਤੇ ਮਰੀਜ਼ ਨੂੰ ਇੱਕ ਤੋਂ ਦੂਸਰੇ ਡਾਕਟਰ ਕੋਲ ਇਲਾਜ ਕਰਵਾਉਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਏ ਐਨ ਐਮ ਸੋਨਾ , ਗੁਰਪ੍ਰੀਤ , ਊਸ਼ਾ , ਦਲਵੀਰ , ਏਕਤਾ , ਅਨੀਤਾ, ਕੁਲਦੀਪ ਤੋਂ ਇਲਾਵਾ ਆਸ਼ਾ ਵਰਕਰ ਗੁਰਜੀਤ ਦੇਵੀ , ਪ੍ਰਮਜੀਤ ਕੌਰ , ਹਰਦੀਪ ਕੌਰ , ਸਵਿਤਾ , ਸੰਤੋਖ ਕੁਮਾਰੀ , ਗੀਨਾ ਦੇਵੀ, ਪੂਨਮ ਕੁਮਾਰੀ , ਅਮਨਦੀਪ ਕੌਰ , ਇੰਦਰਜੀਤ ਕੌਰ , ਸ਼ਸ਼ੀ ਰਾਣੀ , ਸੰਦੀਪ , ਪਿੰਕੀ ਖੁਰਾਨਾ , ਗੁਰਪ੍ਰੀਤ ਕੌਰ , ਰੇਨੂ ਬਾਲਾ , ਸੰਦੀਪ ਕੌਰ , ਬਲਵੀਰ ਕੌਰ , ਸੀਮਾ ਦੇਵੀ , ਮੋਨਿਕਾ , ਸੁਖਦੇਵ ਕੌਰ , ਜੋਤੀ , ਜਸਵਿੰਦਰ ਕੌਰ , ਵਿਦਿਆ, ਮਨਜੀਤ ਕੌਰ , ਰੇਖਾ ਰਾਣੀ , ਖੁਸ਼ਦੀਪ ਕੌਰ , ਪ੍ਰਮਜੀਤ ਕੌਰ , ਕਮਲਜੀਤ ਰਾਣੀ, ਮਨਜੀਤ ਕੌਰ , ਆਸ਼ਾ , ਨਿਸ਼ਾ ਕੁਮਾਰੀ , ਕੁਲਵਿੰਦਰ ਕੌਰ , ਰਜਨੀ ਦੇਵੀ , ਮੀਨਾ ਕੁਮਾਰੀ , ਆਰਤੀ , ਪੂਜਾ , ਆਸ਼ਾ ਰਾਣੀ , ਚੰਦਨ , ਸੰਦੀਪ , ਮਮਤਾ, ਨਿਰਮਲ ਕੌਰ , ਸੁਮਨ , ਰਾਮਲਾ ਦੇਵੀ , ਅਮਰਜੀਤ ਕੌਰ , ਰਜਿੰਦਰ ਪਾਲ ਕੌਰ , ਨਸਰੀਨ , ਅਰਚਣਾ ਯਾਦਵ , ਸੀਮਾ , ਅੰਕਿਤਾ , ਨੀਤੂ ਬਾਲਾ ,ਮੀਨਾ ਕੁਮਾਰੀ , ਮੰਜੂ ਸਾਗਰ ਆਦਿ ਮੌਜੂਦ ਸਨ।




# ਨੂਰਮਹਿਲ ਭਾਜਪਾ ਮੰਡਲ ਦੇ ਪ੍ਰਧਾਨ ਸ਼ੁਕਲਾ ਦੂਜੀ ਵਾਰ ਪ੍ਰਧਾਨ ਬਣੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਨੂਰਮਹਿਲ ਵਿਖੇ ਭਾਜਪਾ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਹੋਈ।ਜਿਸ ਵਿਚ ਮਨਦੀਪ ਕੁਮਾਰ ਸ਼ੁਕਲਾ ਨੂੰ ਦੂਜੀ ਵਾਰ ਨੂਰਮਹਿਲ ਮੰਡਲ ਦਾ ਮੰਡਲ ਪ੍ਰਧਾਨ ਚੁਣਿਆ ਗਿਆ।ਚੋਣ ਪ੍ਰਕ੍ਰਿਆ ਵਿਚ ਜਿਲ੍ਹਾ ਪ੍ਰਧਾਨ ਮੁਨੀਸ਼ ਧੀਰ ਜਲੰਧਰ ਦੱਖਣੀ, ਪੁਨੀਤ ਸ਼ੁਕਲਾ ਰਿਟਰਨਿੰਗ ਅਫਸਰ, ਰਾਣਾ ਹਰਦੀਪ ਸਿੰਘ ਪ੍ਰਭਾਰੀ, ਸੁਰਦਰਸ਼ਨ ਸੋਪਤੀ ਪ੍ਰਦੇਸ਼ ਮੈਂਬਰ, ਦਵਿੰਦਰ ਕਲੇਰ ਕੈਸ਼ੀਅਰ, ਅਸ਼ਵਨੀ ਸੋਢੀ ਉਪ ਅਧਿਅੱਕਸ਼, ਅਨਿਲ ਮਿਸ਼ਰ, ਹਰੀਦੇਵ ਸੰਗਰ, ਸ਼ਕਤੀ ਮਹਿੰਦਰੂ, ਅਵਿਨਾਸ ਪਾਠਕ, ਚੇਤਨ ਤਿਵਾੜੀ, ਨਰੇਸ਼ ਕੁਮਾਰ, ਦੀਪੂ ਤਕਿਆਰ, ਓਮਾ ਸ਼ੰਕਰ, ਕੁਲਦੀਪ ਸ਼ਰਮਾ, ਅਸ਼ੋਕ ਜੌਹਰ, ਪੁਨੀਤ ਕਾਲੀਆਂ, ਅਸ਼ੋਕ ਵਿਆਸ, ਸਨੀ ਡੋਲ, ਲਲਿਤ ਨਈਅਰ, ਰਾਮ ਲੁਭਾਇਆ, ਬਲਜਿੰਦਰ, ਜੋਗਿੰਦਰ ਪਾਲ, ਸੁਨੀਲ ਲਖਨ ਪਾਲ, ਅਸ਼ਨੀ ਸ਼ਰਮਾ, ਪਵਨ ਕੁਮਾਰ, ਡਾ. ਨਰੇਸ਼ ਤਿਵਾੜੀ ਅਤੇ ਹੋਰ ਭਾਜਪਾ ਆਗੂ ਸ਼ਾਮਲ ਸਨ।



# ਮੰਗਾਂ ਨੂੰ ਲੈ ਕੇ ਡੀ ਸੀ ਨੂੰ ਮੰਗ ਪੱਤਰ 23 ਨੂੰ

**ਹੁਸ਼ਿਆਰਪੁਰ, ਮਾਹਿਲਪੁਰ (ਬਲਵੀਰ ਸਿੰਘ ਸੈਣੀ, ਸਫਰੀ)** ਪਿੰਡ ਸਤਨੌਰ ਵਿਖੇ ਮਜ਼ਦੂਰਾਂ ਦੀ ਮੀਟਿੰਗ ਕੀਤੀ ਗਈ ਇਸ ਦੀ ਪ੍ਰਧਾਨਗੀ ਬਲਦੇਵ ਰਾਜ ਸਤਨੌਰ ਨੇ ਕੀਤੀ।ਇਸ ਮੌਕੇ ਪੰਜਾਬ ਸੀਟੂ ਦੇ ਵਾਇਸ ਪ੍ਰਧਾਨ ਅਤੇ ਜਿਲ੍ਹਾ ਜਨਰਲ ਸਕੱਤਰ ਮਹਿੰਦਰ ਕੁਮਾਰ ਬੱਡੋਆਣ ਨੇ ਸਬੋਧਨ ਕਰਦੇ ਹੋਏ ਕਿਹਾ ਕਿ ਪਿੰਡਾਂ ਅੰਦਰ ਮਨਰੇਗਾ ਦਾ ਕੰਮ ਬੰਦ ਪਿਆ ਹੈ ਜੇ ਕਿਤੇ ਚਲਦਾ ਹੈ ਸਾਲ ਵਿੱਚ 20 ਦਿਨ ਵੀ ਨਹੀਂ ਮਿਲਦਾ ਕਿਸਾਨਾਂ ਦੀਆਂ ਜ਼ਮੀਨਾਂ ਧੱਕੇ ਨਾਲ ਇੱਕਵਾਇਰ ਕੀਤੀਆਂ ਜਾ ਰਹੀਆਂ ਹਨ ਪਿੰਡਾਂ ਸ਼ਹਿਰਾਂ ਵਿੱਚ ਚਿੱਪ ਵਾਲੇ ਮੀਟਰ ਲਾਏ ਜਾ ਰਹੇ ਹਨ ਲੋਕਾਂ ਵਲੋਂ ਇਸ ਦਾ ਵਿਰੋਧ ਕੀਤਾ ਜਾ ਰਿਹਾ ਹੈ।ਇਸ ਦੇ ਵਿਰੋਧ ਵਿੱਚ 23 ਜੁਲਾਈ ਨੂੰ ਡੀ ਸੀ ਹੁਸ਼ਿਆਰਪੁਰ ਨੂੰ ਸੀ ਪੀ ਆਈ ਐਮ ਵੱਲੋਂ ਮੰਗ ਪੱਤਰ ਦਿੱਤਾ ਜਾਵੇਗਾ।ਇਸੇ ਤਰ੍ਹਾਂ ਬਿਹਾਰ ਅੰਦਰ ਵੋਟਾਂ ਦੀ ਸੁਧਾਈ ਵਿੱਚ ਭਾਜਪਾ ਵੱਲੋਂ ਧੱਕਾ ਕੀਤਾ ਜਾ ਰਿਹਾ ਹੈ ਇਸ ਦੇ 8 ਅਗਸਤ ਨੂੰ ਸਾਰੇ ਦੇਸ਼ ਅੰਦਰ ਵਿਰੋਧ ਦਿਵਸ ਮਨਾਇਆ ਜਾਵੇਗਾ।ਇਸੇ ਤਰ੍ਹਾਂ ਸੀਟੂ ਵਲੋਂ ਸਹਾਇਕ ਕਿਰਤ ਕਮਿਸ਼ਨਰ ਜਸ਼ਨ ਕੰਗ ਜੀ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਮੋਦ ਕੁਮਾਰ, ਸ਼ਨੀ ਬੰਗੜ, ਰਾਜ ਕੁਮਾਰ ਨੇ ਵੀ ਸੰਬੋਧਨ ਕੀਤਾ।



# ਬਚਿੱਤਰ ਸਿੰਘ ਕੋਹਾੜ ਨੂੰ ਦਿਹਾਤੀ ਦਾ ਪ੍ਰਧਾਨ ਲਗਾਉਣਾ ਸ਼ਲਾਘਾਯੋਗ ਕਾਰਜ : ਮਨੋਹਰ ਸਿੰਘ

**ਆਦਮਪੁਰ (ਪਰਮਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਵੱਲੋਂ ਬੀਤੇ ਦਿਨੀਂ ਕੀਤੀਆਂ ਗਈਆਂ ਨਿਯੁਕਤੀਆਂ ਦੇ ਨਾਲ ਅਕਾਲੀ ਦਲ ਹੋਰ ਮਜ਼ਬੂਤ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਮਨੋਹਰ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਨੇ ਕਿਹਾ ਕਿ ਬਚਿੱਤਰ ਸਿੰਘ ਕੋਹਾੜ ਨੂੰ ਦਿਹਾਤੀ ਦਾ ਪ੍ਰਧਾਨ ਲਾਉਣ 'ਤੇ ਵਰਕਰਾਂ ਵਿੱਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ। ਬਚਿੱਤਰ ਸਿੰਘ ਦੇ ਪ੍ਰਧਾਨ ਲੱਗਣ ਨਾਲ ਜਲੰਧਰ ਸ਼ਹਿਰੀ ਤੇ ਜਲੰਧਰ ਦਿਹਾਤੀ ਵਿੱਚ ਅਕਾਲੀ ਦਲ ਹੋਰ ਮਜ਼ਬੂਤ ਹੋਵੇਗਾ ਤੇ ਇਹ ਸ਼ਲਾਘਾਯੋਗ ਕਾਰਜ ਹੈ। ਵਰਕਰਾਂ ਨੇ ਮਨ ਬਣਾ ਲਿਆ ਹੈ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣੀ ਹੈ। ਇਸ ਮੌਕੇ ਪ੍ਰਧਾਨ ਮਨੋਹਰ ਸਿੰਘ, ਡਾਕਟਰ ਰਣਧੀਰ ਸਿੰਘ ਰੰਧਾਵਾ, ਦਲਜੀਤ ਸਿੰਘ ਭੱਟੀ ਸਮੇਤ ਪਾਰਟੀ ਵਰਕਰ ਹਾਜ਼ਰ ਹੋਏ।



# 'ਚੜ੍ਹਦਾ ਸੂਰਜ' ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਮਿਲਿਆ ਸਨਮਾਨ, ਸਮਾਜ ਸੇਵਾ ਦੀ ਚੁਕਾਈ ਸਹੁੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਜ਼ਿਲ੍ਹਾ ਪ੍ਰਸ਼ਾਸਨ ਅਤੇ ਰੈੱਡ ਕ੍ਰਾਸ ਸੋਸਾਇਟੀ ਹੁਸ਼ਿਆਰਪੁਰ ਦੇ ਸਾਂਝੇ ਸਹਿਯੋਗ ਨਾਲ ਜੈਮਸ ਕੈਂਬਰਿਜ ਇੰਟਰਨੈਸ਼ਨਲ ਸਕੂਲ ਵਿਖੇ 'ਚੜ੍ਹਦਾ ਸੂਰਜ' ਮੁਹਿੰਮ ਤਹਿਤ 'ਰਾਈਜ਼ਿੰਗ ਰੇਜ਼ - ਦਿ ਯੰਗ ਚੇਂਜਮੇਕਰ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੇ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਮੌਜੂਦ ਰਹੇ, ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਕੁਮਾਰ, ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਵੱਖ-ਵੱਖ ਉਦਯੋਗਾਂ ਦੇ ਸੀ.ਐਸ.ਆਰ ਮੁਖੀ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ, ਐਨ.ਜੀ.ਓਜ਼ ਦੇ ਮੈਂਬਰ, ਸਕੂਲ ਪ੍ਰਬੰਧਕ, ਸਿੱਖਿਆ ਵਰਗ ਅਤੇ ਵਿਦਿਆਰਥੀ-ਵਿਦਿਆਰਥਣਾਂ ਮੌਜੂਦ ਸਨ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾ ਰੋਸ਼ਨ ਨਾਲ ਹੋਈ ਅਤੇ ਇਸ ਤੋਂ ਬਾਅਦ ਜੈਮਸ ਕੈਂਬਰਿਜ ਸਕੂਲ ਦੇ ਵਿਦਿਆਰਥੀਆਂ ਨੇ ਗਣੇਸ਼ ਵੰਦਨਾ ਪੇਸ਼ ਕਰਕੇ ਅਧਿਆਤਮਿਕ ਊਰਜਾ ਨਾਲ ਭਰਪੂਰ ਮਾਹੌਲ ਪੇਸ਼ ਕੀਤਾ। ਅੰਕੁਰ ਥਿਏਟਰ ਦੇ ਕਲਾਕਾਰਾਂ ਨੇ 'ਚੜ੍ਹਦਾ ਸੂਰਜ' ਮੁਹਿੰਮ ਤਹਿਤ ਇਕ ਨੁੱਕੜ ਨਾਟਕ ਰਾਹੀਂ ਸਮਾਜ ਵਿਚ ਸਕਾਰਾਤਮਕ ਬਦਲਾਅ ਦੀ ਜ਼ਰੂਰਤ 'ਤੇ ਇਕ ਪ੍ਰੇਰਨਾਦਾਇਕ ਪੇਸ਼ਕਾਰੀ ਦਿੱਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ 'ਚੜ੍ਹਦਾ ਸੂਰਜ' ਮੁਹਿੰਮ ਤਹਿਤ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵੱਖ-ਵੱਖ ਸਮਾਜਿਕ ਖੇਤਰਾਂ ਵਿਚ ਯੋਗਦਾਨ ਪਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਵਾਤਾਵਰਨ ਖੇਤਰ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਹਿਬਲ ਮੰਜ ਦੀਆਂ ਲਵਪ੍ਰੀਤ ਕੌਰ ਅਤੇ ਨਵਨੀਤ ਕੌਰ, ਰਹਿੰਦ-ਖੂੰਹਦ ਪ੍ਰਬੰਧਨ ਵਿਚ ਸੇਂਟ ਜੋਸਫ਼ ਕਾਨਵੈਂਟ ਸਕੂਲ ਦੇ ਅਮਾਨਤ ਮਹਿਤਾ, ਪਾਣੀ ਸੰਭਾਲ ਵਿਚ ਕੈਂਬਰਿਜ ਓਵਰਸੀਜ਼ ਸਕੂਲ ਦੇ ਵਿਸ਼ਵਦੀਪ ਸ਼ਰਮਾ, ਸਫ਼ਾਈ ਵਿਚ ਦਸਮੇਸ਼ ਪਬਲਿਕ ਸਕੂਲ ਦੀ ਇਸ਼ਾਨਵੀ, ਹਾਸ਼ੀਏ 'ਤੇ ਚੱਲ ਰਹੇ ਭਾਈਚਾਰੇ ਦੀ ਭਲਾਈ ਵਿਚ ਮਾਊਂਟ ਕਾਰਮਲ ਦੀ ਚਰਨਪ੍ਰੀਤ ਕੌਰ, ਰਾਹਤ ਕਾਰਜ ਵਿਚ ਦਿੱਲੀ ਇੰਟਰਨੈਸ਼ਨਲ ਸਕੂਲ ਦੀ ਸ਼੍ਰੀਸ਼ਾ ਗੁਪਤਾ, ਸਿੱਖਿਆ ਵਿਚ ਮਨਕਰਨ ਕੌਰ, ਪਸ਼ੂ ਅਤੇ ਪੰਛੀਆਂ ਦੀ ਦੇਖਭਾਲ ਵਿਚ ਸਰਕਾਰੀ ਹਾਈ ਸਕੂਲ ਭੀਖੋਵਾਲ ਦੀਆਂ ਸੁਖਵਿੰਦਰ ਕੌਰ, ਅੰਜਲੀ ਅਤੇ ਦਿਲਪ੍ਰੀਤ ਅਤੇ ਆਲਰਾਊਂਡਰ ਸ਼੍ਰੇਣੀ ਵਿਚ ਸੇਂਟ ਜੋਸਫ਼ ਕਾਨਵੈਂਟ ਸਕੂਲ ਦੇ ਜ਼ੋਰਾਵਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।ਆਪਣੇ ਸੰਬੋਧਨ ਵਿਚ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਛੋਟੇ-ਛੋਟੇ ਯਤਨ ਸਮਾਜ ਵਿਚ ਵੱਡੇ ਬਦਲਾਅ ਲਿਆ ਸਕਦੇ ਹਨ। ਸਮਾਜਿਕ ਗਤੀਵਿਧੀਆਂ ਵਿਚ ਵਿਦਿਆਰਥੀਆਂ ਦੀ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਰਾਹੀਂ ਨੌਜਵਾਨ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਦੇ ਹਨ ਅਤੇ ਸਮਾਜ ਪ੍ਰਤੀ ਸੰਵੇਦਨਸ਼ੀਲ ਬਣਦੇ ਹਨ। ਉਨ੍ਹਾਂ ਕਿਹਾ ਕਿ 'ਚੜ੍ਹਦਾ ਸੂਰਜ' ਮੁਹਿੰਮ ਦਾ ਉਦੇਸ਼ ਸਮਾਜ ਵਿਚ ਸਕਾਰਾਤਮਕ ਬਦਲਾਅ ਲਿਆਉਣ ਵਾਲੇ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਇਕ ਸਾਂਝਾ ਪਲੇਟਫਾਰਮ ਪ੍ਰਦਾਨ ਕਰਨਾ ਹੈ। ਇਹ ਮੁਹਿੰਮ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਰੈੱਡ ਕ੍ਰਾਸ ਸੋਸਾਇਟੀ ਦੇ ਸਹਿਯੋਗ ਨਾਲ ਇਕ ਡਿਜੀਟਲ ਅਤੇ ਸਮਾਜਿਕ ਪਲੇਟਫਾਰਮ ਵਜੋਂ ਚਲਾਈ ਜਾ ਰਹੀ ਹੈ, ਜੋ ਵਾਤਾਵਰਨ, ਸਿਹਤ, ਸਿੱਖਿਆ, ਪਸ਼ੂ-ਪੰਛੀ ਭਲਾਈ ਅਤੇ ਸਮਾਜਿਕ ਨਿਆਂ ਵਰਗੇ ਖੇਤਰਾਂ ਵਿਚ ਕੰਮ ਕਰਨ ਵਾਲੇ ਲੋਕਾਂ ਨੂੰ ਮਾਨਤਾ ਦੇਣ ਲਈ ਕੰਮ ਕਰ ਰਹੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ 'ਚੜ੍ਹਦਾ ਸੂਰਜ' ਮੁਹਿੰਮ ਦੇ ਅਗਲੇ ਪੜਾਅ ਵਿਚ, ਮਾਤਾ ਚਿੰਤਪੁਰਨੀ ਮੇਲੇ ਨੂੰ ਸਿੰਗਲ-ਯੂਜ਼ ਪਲਾਸਟਿਕ ਤੋਂ ਮੁਕਤ ਬਣਾਉਣ ਅਤੇ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਦੇ ਪ੍ਰਬੰਧਨ ਲਈ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਨੇ ਹਾਜ਼ਰ ਵਿਦਿਆਰਥੀਆਂ ਅਤੇ ਸਮਾਜਿਕ ਸੰਗਠਨਾਂ ਨੂੰ ਇਸ ਦਿਸ਼ਾ ਵਿਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ।ਪ੍ਰੋਗਰਾਮ ਵਿਚ 'ਵਿੰਗਜ਼' ਗਰੁੱਪ ਦੇ ਵਿਸ਼ੇਸ਼ ਵਿਦਿਆਰਥੀਆਂ ਨੇ ਸੱਭਿਆਚਾਰਕ ਪੇਸ਼ਕਾਰੀ ਦਿੱਤੀ ਜਿਸ ਦੀ ਦਰਸ਼ਕਾਂ ਵੱਲੋਂ ਬਹੁਤ ਪ੍ਰਸ਼ੰਸਾ ਕੀਤੀ ਗਈ। ਇਸ ਤੋਂ ਬਾਅਦ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਥੀਮ ਗੀਤ 'ਚੜ੍ਹਦਾ ਸੂਰਜ' ਐਲ.ਈ.ਡੀ ਦੀਵਾਰ 'ਤੇ ਲਾਂਚ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਹਾਜ਼ਰ ਸਾਰੇ ਲੋਕਾਂ ਨੂੰ ਸਮਾਜ ਸੇਵਾ ਦੀ ਸਹੁੰ ਚੁਕਾਈ। ਪ੍ਰੋਗਰਾਮ ਦਾ ਅੰਤ 'ਜੈਮਜ਼ ਬੈਂਡ' ਦੇ ਸ਼ਾਨਦਾਰ ਪ੍ਰਦਰਸ਼ਨ ਨਾਲ ਹੋਇਆ, ਜਿਸ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਮੌਕੇ ਡੀ.ਐਸ.ਪੀ ਮਨਪ੍ਰੀਤ ਸ਼ੀਮਾਰ, ਸਿਵਲ ਸਰਜਨ ਡਾ. ਪਵਨ ਕੁਮਾਰ, ਡੀ.ਡੀ.ਐਫ ਜ਼ੋਇਆ ਸਿਦੀਕੀ, ਜ਼ਿਲ੍ਹਾ ਸਿੱਖਿਆ ਅਫ਼ਸਰ ਲਲਿਤਾ ਅਰੋੜਾ, ਰੈੱਡ ਕ੍ਰਾਸ ਸਕੱਤਰ ਮੰਗੇਸ਼ ਸੂਦ, ਸੰਯੁਕਤ ਸਕੱਤਰ ਅਦਿੱਤਿਆ ਰਾਣਾ ਸਮੇਤ ਸੋਨਾਲੀਕਾ, ਵਾਸਲ ਐਜੂਕੇਸ਼ਨ ਸੁਸਾਇਟੀ, ਲੁਧਿਆਣਾ ਬ੍ਰੇਵਰੇਜਜ਼, ਵਰਧਮਾਨ ਯਾਰਨਸ, ਸੈਂਚੁਰੀ ਪਲਾਈਵੁੱਡ, ਕੁਆਂਟਮ ਪੇਪਰ ਮਿਲ, ਜੀ ਐਨ.ਏ ਐਕਸਲ, ਹਾਕਿੰਗਜ਼, ਰਿਲਾਇੰਸ ਇੰਡਸਟਰੀ, ਊਸ਼ਾ ਮਾਰਟਿਨ, ਉੱਨਤੀ ਕੋਆਪ੍ਰੇਟਿਵ ਸੁਸਾਇਟੀ ਦੇ ਨੁਮਾਇੰਦੇ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

